@Qpatrika
@qaumipatrika punjabi
instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Saturday, 5 July 2025

Punjabi National Daily

Qaumi Patrika NO.1

VISIT:
www.qaumipatrika.org
Email: qpatrika@gmail.com

ਨਵੀਂ ਦਿੱਲੀ: ਸ਼ਨੀਵਾਰ 5 ਜੁਲਾਈ 2025, 21 ਹਾੜ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 43, ਅੰਕ 235, qpatrika@gmail.com ਫੋਨ : 9971359517 www.qaumipatrika.org

## ਅਮਰਨਾਥ ਯਾਤਰਾ ਦੌਰਾਨ ਵਾਪਰਿਆ ਵੱਡਾ ਹਾਦਸਾ

**ਕੌਮੀ ਪਤ੍ਰਿਕਾ**

ਸ੍ਰੀਨਗਰ 4 ਜੁਲਾਈ। ਸ੍ਰੀ ਅਮਰਨਾਥ ਯਾਤਰਾ ਦੌਰਾਨ ਇੱਕ ਦੁਖਦਾਈ ਘਟਨਾ ਸਾਹਮਣੇ ਆਈ ਹੈ। ਅਧਿਕਾਰੀਆਂ ਤੋਂ ਮਿਲੀ ਜਾਣਕਾਰੀ ਅਨੁਸਾਰ, ਇੱਥੇ ਯਾਤਰਾ ਮਾਰਗ 'ਤੇ ਸ਼ੇਸ਼ਨਾਗ ਵਿਖੇ ਇੱਕ ਸ਼ਰਧਾਲੂ ਦੀ ਦਿਲ ਦਾ ਦੌਰਾ ਪੈਣ ਨਾਲ ਮੌਤ ਹੋ ਗਈ ਹੈ। ਮ੍ਰਿਤਕ ਦੀ ਪਛਾਣ 39 ਸਾਲਾ ਦਿਲੀਪ ਸ੍ਰੀਵਾਸਤਵ ਵਜੋਂ ਹੋਈ ਹੈ, ਜੋ ਕਿ ਉੱਤਰ ਪ੍ਰਦੇਸ਼ ਦੇ ਰਹਿਣ ਵਾਲੇ ਗਜਰਾਜ ਸ੍ਰੀਵਾਸਤਵ ਦਾ ਪੁੱਤਰ ਹੈ। ਜਾਣਕਾਰੀ ਦਿੰਦੇ ਹੋਏ ਅਧਿਕਾਰੀਆਂ ਨੇ ਦੱਸਿਆ ਕਿ ਸ਼ਰਧਾਲੂ ਦੀ ਮੌਤ ਸ਼ੁੱਕਰਵਾਰ ਨੂੰ ਅਮਰਨਾਥ ਯਾਤਰਾ ਮਾਰਗ 'ਤੇ ਸ਼ੇਸ਼ਨਾਗ ਵਿਖੇ ਦਿਲ ਦਾ ਦੌਰਾ ਪੈਣ ਨਾਲ ਹੋਈ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਉਨ੍ਹਾਂ ਨੂੰ ਦਿਲ ਦਾ ਦੌਰਾ ਪਿਆ ਅਤੇ ਮੌਕੇ 'ਤੇ ਮੌਜੂਦ ਡਾਕਟਰੀ ਕਰਮਚਾਰੀਆਂ ਦੀਆਂ ਤੁਰੰਤ ਕੋਸ਼ਿਸ਼ਾਂ ਦੇ ਬਾਵਜੂਦ ਉਨ੍ਹਾਂ ਨੂੰ ਬਚਾਇਆ ਨਹੀਂ ਜਾ ਸਕਿਆ। ਉਨ੍ਹਾਂ ਕਿਹਾ ਕਿ ਕਾਨੂੰਨੀ ਰਸਮਾਂ ਅਤੇ ਹੋਰ ਪ੍ਰਕਿਰਿਆਵਾਂ ਲਈ ਲਾਸ਼ ਨੂੰ ਨੇੜਲੇ ਮੈਡੀਕਲ ਸੈਂਟਰ ਲਿਜਾਇਆ ਗਿਆ ਹੈ।

## ਦਿਲਜੀਤ ਦੁਸਾਂਝ 'ਤੇ ਬਾਬਾ ਰਾਮਦੇਵ ਦਾ ਵੱਡਾ ਬਿਆਨ

**ਕੌਮੀ ਪਤ੍ਰਿਕਾ**

ਐਂਟਰਟੇਨਮੈਂਟ ਡੈਸਕ 4 ਜੁਲਾਈ। ਫਿਲਮ 'ਸਰਦਾਰ ਜੀ 3' ਕਾਰਨ ਵਿਵਾਦਾਂ ਵਿਚ ਘਿਰੇ ਮਸ਼ਹੂਰ ਪੰਜਾਬੀ ਗਾਇਕ ਦਿਲਜੀਤ ਦੋਸਾਂਝ ਨੂੰ ਲੈ ਕੇ ਯੋਗ ਗੁਰੂ ਬਾਬਾ ਰਾਮਦੇਵ ਨੇ ਵੱਡਾ ਬਿਆਨ ਦਿੱਤਾ ਹੈ। ਦਰਅਸਲ ਇਕ ਨਿੱਜੀ ਚੈਨਲ ਵੱਲੋਂ ਇੰਟਰਵਿਊ ਦੌਰਾਨ ਬਾਬਾ ਰਾਮਦੇਵ ਕੋਲੋਂ ਦਿਲਜੀਤ ਨਾਲ ਜੁੜੇ ਵਿਵਾਦ ਬਾਰੇ ਸਵਾਲ ਕੀਤਾ ਗਿਆ ਸੀ, ਜਿਸ 'ਤੇ ਉਨ੍ਹਾਂ ਕਿਹਾ ਕਿ ਦਿਲਜੀਤ ਦੋਸਾਂਝ ਵਧੀਆ ਇਨਸਾਨ ਹਨ



ਪਰ ਉਨ੍ਹਾਂ ਨੂੰ ਪਾਕਿਸਤਾਨੀ ਕਲਾਕਾਰਾਂ ਨਾਲ ਕੰਮ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਹਾਲਾਂਕਿ ਉਨ੍ਹਾਂ ਕਿਹਾ ਕਿ ਕਿਸੇ ਦੇ ਹੁਨਰ 'ਤੇ ਸਵਾਲ ਨਹੀਂ ਚੁੱਕਣਾ ਚਾਹੀਦਾ ਪਰ ਉਨ੍ਹਾਂ ਕਿਹਾ ਕਿ ਪਾਕਿਸਤਾਨ ਭਾਰਤ ਪ੍ਰਤੀ ਨਫਰਤ ਨਾਲ ਭਰਿਆ ਹੋਇਆ ਹੈ। ਇਸ ਲਈ ਉਨ੍ਹਾਂ ਨਾਲ ਕੰਮ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਸੀ। ਦੱਸ ਦੇਈਏ ਕਿ ਪੰਜਾਬੀ ਸਿੰਗਰ ਦਿਲਜੀਤ ਦੋਸਾਂਝ ਦੀ ਫਿਲਮ 'ਸਰਦਾਰ ਜੀ 3' ਇਸ ਸਮੇਂ ਵੱਡੇ ਵਿਵਾਦ ਦਾ ਕੇਂਦਰ ਬਣੀ ਹੋਈ ਹੈ। ਇਸ ਫਿਲਮ ਵਿੱਚ ਪਾਕਿਸਤਾਨੀ ਅਦਾਕਾਰਾ ਹਾਨੀਆ ਆਮਿਰ ਨੂੰ ਕਾਸਟ ਕਰਨ ਕਰਕੇ ਦਿਲਜੀਤ ਦੀ ਭਾਰੀ ਆਲੋਚਨਾ ਹੋ ਰਹੀ ਹੈ। ਮਾਮਲਾ ਇੱਥੋ ਤੱਕ ਭੱਖ ਗਿਆ ਉਨ੍ਹਾਂ ਨੂੰ ਬੈਨ ਕਰਨ ਦੀ ਮੰਗ ਕੀਤੀ ਜਾਣ ਲੱਗੀ। ਅਜਿਹਾ ਇਸ ਲਈ ਕਿਉਂਕਿ ਪਹਿਲਗਾਮ ਹਮਲੇ ਤੋਂ ਬਾਅਦ, ਭਾਰਤ ਵਿੱਚ ਪਾਕਿਸਤਾਨੀ ਕਲਾਕਾਰਾਂ 'ਤੇ ਪਾਬੰਦੀ ਲੱਗੀ ਹੋਈ ਹੈ। ਉਥੇ ਹੀ ਇਸ ਵਿਵਾਦ ਨੂੰ ਵੇਖਦਿਆਂ ਫਿਲਮ ਨੇ ਨਿਰਮਾਤਾਵਾਂ ਵੱਲੋਂ ਇਹ ਫਿਲਮ ਭਾਰਤ ਨੂੰ ਛੱਡ ਕੇ ਵਿਦੇਸ਼ਾਂ ਵਿਚ 27 ਜੂਨ ਨੂੰ ਰਿਲੀਜ਼ ਕਰ ਦਿੱਤੀ ਗਈ। ਉਥੇ ਹੀ ਇਸ ਮਗਰੋਂ ਖਬਰਾਂ ਆ ਰਹੀਆਂ ਸਨ ਇਸ ਵਿਵਾਦ ਕਾਰਨ ਦਿਲਜੀਤ ਦੋਸਾਂਝ ਨੂੰ 'ਬਾਰਡਰ 2' ਫਿਲਮ ਵਿਚੋਂ ਕੱਢ ਦਿੱਤਾ ਗਿਆ ਹੈ ਪਰ ਹੁਣ ਦਿਲਜੀਤ ਨੇ ਇਕ ਵੀਡੀਓ ਸਾਂਝੀ ਕੀਤੀ ਹੈ, ਜੋ ਬਾਰਡਰ 2 ਫਿਲਮ ਦੀ ਸ਼ੂਟਿੰਗ ਦੌਰਾਨ ਦੀ ਹੈ, ਜਿਸ ਤੋਂ ਇਹ ਸਾਫ ਹੋ ਗਿਆ ਹੈ ਕਿ ਉਹ ਅਜੇ ਵੀ ਫਿਲਮ ਦਾ ਹਿੱਸਾ ਹਨ।

# ਤ੍ਰਿਨੀਦਾਦ-ਟੋਬੈਗੋ ਪਹੁੰਚੇ ਮੋਦੀ ਨੂੰ ਦਿੱਤਾ ਗਿਆ ਗਾਰਡ ਆਫ ਆਨਰ

**ਕੌਮੀ ਪਤ੍ਰਿਕਾ**
**ਸਿੰਮੀ ਕੌਰ ਬੱਬਰ**

ਪੋਰਟ ਆਫ਼ ਸਪੇਨ/ਨਵੀਂ ਦਿੱਲੀ 4 ਜੁਲਾਈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਪਣੇ ਪੰਜ ਦੇਸ਼ਾਂ ਦੇ ਦੌਰੇ ਦੇ ਦੂਜੇ ਪੜਾਅ ਵਿੱਚ ਵੀਰਵਾਰ ਦੇਰ ਰਾਤ ਘਾਨਾ ਤੋਂ ਤ੍ਰਿਨੀਦਾਦ ਅਤੇ ਟੋਬੈਗੋ ਪਹੁੰਚੇ। ਤ੍ਰਿਨੀਦਾਦ ਅਤੇ ਟੋਬੈਗੋ ਦੇ ਪ੍ਰਧਾਨ ਮੰਤਰੀ ਕਮਲਾ ਪ੍ਰਸਾਦ ਬਿਸੇਸਰ ਅਤੇ ਉਨ੍ਹਾਂ ਦੇ ਮੰਤਰੀ ਮੰਡਲ ਦੇ ਕਈ ਮੈਂਬਰ ਅਤੇ ਪਤਵੰਤੇ ਪੋਰਟ ਆਫ਼ ਸਪੇਨ ਹਵਾਈ ਅੱਡੇ 'ਤੇ ਮੋਦੀ ਦਾ ਸਵਾਗਤ ਕਰਨ ਲਈ ਮੌਜੂਦ ਸਨ। ਸ਼੍ਰੀਮਤੀ ਬਿਸੇਸਰ ਨੇ ਗੂੜ੍ਹੇ ਨੀਲੇ ਰੰਗ ਦੀ ਸਾੜ੍ਹੀ ਪਹਿਨੀ ਹੋਈ ਸੀ ਅਤੇ ਫੁੱਲ ਭੇਟ ਕਰਕੇ ਮੋਦੀ ਦਾ ਸਵਾਗਤ ਕੀਤਾ। ਵਿਸ਼ੇਸ਼ ਜਹਾਜ਼ ਤੋਂ ਉਤਰਨ ਤੋਂ ਬਾਅਦ ਮੋਦੀ ਨੂੰ ਉਨ੍ਹਾਂ ਦੇ ਸਨਮਾਨ ਵਿੱਚ ਗਾਰਡ ਆਫ਼ ਆਨਰ ਦਿੱਤਾ ਗਿਆ। ਪ੍ਰਧਾਨ ਮੰਤਰੀ ਦੇ ਸਵਾਗਤ ਲਈ ਉੱਥੇ ਇੱਕ ਸੱਭਿਆਚਾਰਕ ਪ੍ਰੋਗਰਾਮ ਦਾ ਵੀ ਵਿਸ਼ੇਸ਼ ਤੌਰ 'ਤੇ ਆਯੋਜਨ ਕੀਤਾ ਗਿਆ ਸੀ। ਤ੍ਰਿਨੀਦਾਦ ਅਤੇ ਟੋਬੈਗੋ ਵਿੱਚ ਰਹਿਣ ਵਾਲੇ ਭਾਰਤੀ ਭਾਈਚਾਰੇ ਦੇ ਵੱਡੀ ਗਿਣਤੀ ਵਿੱਚ ਲੋਕ ਮੋਦੀ ਦਾ ਉਸ ਹੋਟਲ ਵਿੱਚ ਸਵਾਗਤ ਕਰਨ ਲਈ ਮੌਜੂਦ ਸਨ



ਜਿੱਥੇ ਉਹ ਠਹਿਰੇ ਹੋਏ ਹਨ। ਤ੍ਰਿਨੀਦਾਦ-ਟੋਬੈਗੋ ਦੇ ਕਈ ਸੀਨੀਅਰ ਮੰਤਰੀ ਵੀ ਪ੍ਰਧਾਨ ਮੰਤਰੀ ਨੂੰ ਮਿਲਣ ਲਈ ਉੱਥੇ ਮੌਜੂਦ ਸਨ। ਪ੍ਰਧਾਨ ਮੰਤਰੀ ਬਿਸੇਸਰ ਨੇ ਪ੍ਰਧਾਨ ਮੰਤਰੀ ਮੋਦੀ ਦੁਆਰਾ ਲਿਖੀ ਇੱਕ ਕਵਿਤਾ ਵੀ ਪੜ੍ਹੀ। ਪ੍ਰਧਾਨ ਮੰਤਰੀ ਮੋਦੀ ਤ੍ਰਿਨੀਦਾਦ ਅਤੇ ਟੋਬੈਗੋ ਦੀ ਪ੍ਰਧਾਨ ਮੰਤਰੀ ਕਮਲਾ ਪ੍ਰਸਾਦ-ਬਿਸੇਸਰ ਦੇ ਸੱਦੇ 'ਤੇ 3 ਤੋਂ 4 ਜੁਲਾਈ ਤੱਕ ਤ੍ਰਿਨੀਦਾਦ ਅਤੇ ਟੋਬੈਗੋ ਦੇ ਸਰਕਾਰੀ ਦੌਰੇ 'ਤੇ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਵੱਲੇ ਸਬੰਧਾਂ ਨੂੰ ਹੋਰ ਮਜ਼ਬੂਤ ??ਕਰਨ ਲਈ ਤ੍ਰਿਨੀਦਾਦ ਅਤੇ ਟੋਬੈਗੋ ਦੀ ਉੱਚ ਲੀਡਰਸ਼ਿਪ ਨਾਲ ਗੱਲਬਾਤ ਕਰਨਗੇ। ਪ੍ਰਧਾਨ ਮੰਤਰੀ ਵਜੋਂ ਇਹ ਉਨ੍ਹਾਂ ਦਾ ਪਹਿਲਾ ਦੌਰਾ ਹੋਵੇਗਾ ਅਤੇ 1999 ਤੋਂ ਬਾਅਦ ਪ੍ਰਧਾਨ ਮੰਤਰੀ ਪੱਧਰ 'ਤੇ ਤ੍ਰਿਨੀਦਾਦ ਅਤੇ ਟੋਬੈਗੋ ਦਾ ਪਹਿਲਾ ਦੁਵੱਲਾ ਦੌਰਾ ਹੋਵੇਗਾ। ਪ੍ਰਧਾਨ ਮੰਤਰੀ ਮੋਦੀ ਰਾਸ਼ਟਰਪਤੀ ਕ੍ਰਿਸਟੀਨ ਕਾਰਲਾ ਕੰਗਾਲੂ ਅਤੇ ਤ੍ਰਿਨੀਦਾਦ ਅਤੇ ਟੋਬੈਗੋ ਦੀ ਪ੍ਰਧਾਨ ਮੰਤਰੀ ਕਮਲਾ ਪ੍ਰਸਾਦ-ਬਿਸੇਸਰ ਨਾਲ ਗੱਲਬਾਤ ਕਰਨਗੇ।

## ਸਾਕੇਤ ਜ਼ਿਲ੍ਹਾ ਅਦਾਲਤ ਕੰਪਲੈਕਸ 'ਚ 200 ਤੋਂ ਵੱਧ ਸੀਸੀਟੀਵੀ ਕੈਮਰੇ ਲਗਾਏਗੀ ਦਿੱਲੀ ਸਰਕਾਰ

ਨਵੀਂ ਦਿੱਲੀ 4 ਜੁਲਾਈ। ਲੋਕ ਨਿਰਮਾਣ ਵਿਭਾਗ (ਪੀਡਬਲਯੂਡੀ) ਸੁਰੱਖਿਆ ਅਤੇ ਨਿਗਰਾਨੀ ਨੂੰ ਮਜ਼ਬੂਤ ਕਰਨ ਲਈ ਸਾਕੇਤ ਜ਼ਿਲ੍ਹਾ ਅਦਾਲਤ ਕੰਪਲੈਕਸ ਵਿੱਚ 200 ਤੋਂ ਵੱਧ ਉੱਨਤ ਸੀਸੀਟੀਵੀ ਕੈਮਰੇ ਲਗਾਏਗਾ। ਅਧਿਕਾਰੀਆਂ ਨੇ ਸ਼ੁੱਕਰਵਾਰ ਨੂੰ ਇਸ ਸਬੰਧੀ ਜਾਣਕਾਰੀ ਦਿੱਤੀ। ਇਹ ਕਦਮ ਸੁਰੱਖਿਆ ਨੂੰ ਲੈ ਕੇ ਵਧਦੀਆਂ ਚਿੰਤਾਵਾਂ ਦੇ ਮੱਦੇਨਜ਼ਰ ਚੁੱਕਿਆ ਗਿਆ ਹੈ। ਅਧਿਕਾਰੀਆਂ ਨੇ ਕਿਹਾ ਕਿ ਸਰਕਾਰ ਮੌਜੂਦਾ ਸੁਰੱਖਿਆ ਬੁਨਿਆਦੀ ਢਾਂਚੇ ਨੂੰ ਆਧੁਨਿਕ ਬਣਾਉਣ ਲਈ 2.4 ਕਰੋੜ ਰੁਪਏ ਦਾ ਨਿਵੇਸ਼ ਕਰੇਗੀ ਤਾਂ ਜੋ 24 ਘੰਟੇ ਨਿਗਰਾਨੀ ਯਕੀਨੀ ਬਣਾਈ ਜਾ ਸਕੇ ਅਤੇ ਭਵਿੱਖ ਵਿੱਚ ਵਾਪਰਨ ਵਾਲੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਯੋਜਨਾ ਅਨੁਸਾਰ ਅਦਾਲਤ ਦੀ ਇਮਾਰਤ ਅਤੇ ਰਿਹਾਇਸ਼ੀ ਕੰਪਲੈਕਸ ਵਿੱਚ 168 ਬੁਲੇਟ ਕੈਮਰੇ ਅਤੇ 101 ਅੱਠ ਮੈਗਾ ਪਿਕਸਲ ਡੋਮ ਕੈਮਰੇ ਲਗਾਏ ਜਾਣਗੇ। ਅਧਿਕਾਰੀਆਂ ਨੇ ਦੱਸਿਆ ਕਿ ਸੀਸੀਟੀਵੀ ਕੈਮਰਿਆਂ ਦੇ ਨਾਲ-ਨਾਲ, ਜ਼ਿਲ੍ਹਾ ਅਦਾਲਤ ਕੰਪਲੈਕਸ ਵਿੱਚ ਚੌਵੀ ਘੰਟੇ ਨਿਗਰਾਨੀ ਰੱਖਣ ਲਈ ਇੱਕ ਰਿਕਾਰਡ ਰੂਮ ਅਤੇ ਇੰਟਰਨੈੱਟ ਪ੍ਰੋਟੋਕੋਲ (ਆਈਪੀ) ਅਧਾਰਤ ਨਿਗਰਾਨੀ ਪ੍ਰਣਾਲੀ ਦੀ ਯੋਜਨਾ ਬਣਾਈ ਜਾ ਰਹੀ ਹੈ। 5 ਜੂਨ ਨੂੰ ਅਦਾਲਤ ਕੰਪਲੈਕਸ ਦੇ ਤਾਲਾਬੰਦੀ ਦੇ ਅੰਦਰ ਪੁਰਾਣੀ ਰੰਜਿਸ਼ ਕਾਰਨ ਦੋ ਹੋਰ ਕੈਦੀਆਂ ਦੁਆਰਾ ਇੱਕ ਅੰਡਰਟਰਾਇਲ ਕੈਦੀ ਦੀ ਕਥਿਤ ਤੌਰ 'ਤੇ ਹੱਤਿਆ ਕਰ ਦਿੱਤੀ ਗਈ ਸੀ।

# ਵਾਤਾਵਰਣ ਮੰਤਰੀ ਸਿਰਸਾ ਨੇ ਵਾਤਾਵਰਣ ਸੁਰੱਖਿਆ 'ਤੇ TERI ਮਾਸਟਰ ਟਰੇਨਰਜ਼ ਵਰਕਸ਼ਾਪ ਵਿੱਚ ਹਿੱਸਾ ਲਿਆ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ, 4 ਜੁਲਾਈ: ਦਿੱਲੀ ਵਿੱਚ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਵੱਲ ਇੱਕ ਹੋਰ ਵੱਡੀ ਪ੍ਰਾਪਤੀ ਹੋਈ ਹੈ। ਅੱਜ ਲਗਾਤਾਰ 9ਵਾਂ ਦਿਨ ਹੈ ਜਦੋਂ ਦਿੱਲੀ ਦਾ ਹਵਾ ਗੁਣਵੱਤਾ ਸੂਚਕਾਂਕ (AQI) 'ਸੰਤੁਸ਼ਟੀਜਨਕ' ਸ਼੍ਰੇਣੀ ਵਿੱਚ ਦਰਜ ਕੀਤਾ ਗਿਆ ਹੈ। ਅੱਜ ਦਾ AQI ਪੱਧਰ 78 ਸੀ, ਜੋ ਦਰਸਾਉਂਦਾ ਹੈ ਕਿ ਦਿੱਲੀ ਦੀ ਹਵਾ ਸਾਫ਼ ਹੋਣ ਵੱਲ ਵਧ ਰਹੀ ਹੈ। ਵਾਤਾਵਰਣ ਮੰਤਰੀ ਸ੍ਰੀ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ ਇਹ ਸੁਧਾਰ ਜ਼ਮੀਨੀ ਪੱਧਰ 'ਤੇ ਕੀਤੇ ਗਏ ਕਈ ਯਤਨਾਂ ਦਾ ਨਤੀਜਾ ਹੈ - ਜਿਵੇਂ ਕਿ ਪੁਰਾਣੇ ਕੂੜੇ ਦੀ ਸਫਾਈ, ਸੜਕ ਦੀ ਧੂੜ ਕੰਟਰੋਲ, ਵਾਹਨਾਂ ਦੀ ਨਿਗਰਾਨੀ ਅਤੇ ਜਨਤਕ ਭਾਗੀਦਾਰੀ। ਅਸੀਂ ਦਿੱਲੀ ਦੀ ਹਵਾ, ਜ਼ਮੀਨ ਅਤੇ ਸੜਕਾਂ ਨੂੰ ਸਾਫ਼ ਕਰਨ ਲਈ ਦਿਨ ਰਾਤ ਕੰਮ ਕਰ ਰਹੇ ਹਾਂ। ਹਰ ਰੋਜ਼ ਲੈਂਡਫਿਲ ਸਫਾਈ, ਹਰ ਸਾਫ਼ ਹਵਾ ਦਿਵਸ ਇਸ ਗੱਲ ਦਾ ਸਬੂਤ ਹੈ ਕਿ ਸਾਡਾ ਇਰਾਦਾ ਅਤੇ ਸਖ਼ਤ ਮਿਹਨਤ ਕੰਮ ਕਰ ਰਹੀ ਹੈ, ਵਾਤਾਵਰਣ ਮੰਤਰੀ ਸ਼੍ਰੀ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ।

ਵਿਰਾਸਤੀ ਰਹਿੰਦ-ਖੂੰਹਦ ਬਾਇਓ-ਮਾਈਨਿੰਗ ਮੁਹਿੰਮ ਤੇਜ਼ੀ ਨਾਲ ਵਧ ਰਹੀ ਹੈ

3-4 ਜੁਲਾਈ ਦੇ ਵਿਚਕਾਰ, ਦਿੱਲੀ ਦੀਆਂ ਤਿੰਨ ਪ੍ਰਮੁੱਖ ਲੈਂਡਫਿਲ ਸਾਈਟਾਂ ਤੋਂ 28,660 ਮੀਟ੍ਰਿਕ ਟਨ ਕੂੜਾ ਹਟਾਇਆ ਗਿਆ:

- ਭਲਸਵਾ: 15,177 ਮੀਟ੍ਰਿਕ ਟਨ



- ਓਖਲਾ: 4,439 ਮੀਟ੍ਰਿਕ ਟਨ
- ਗਾਜ਼ੀਪੁਰ: 9,043 ਮੀਟ੍ਰਿਕ ਟਨ

ਇਸ ਤੋਂ ਇਲਾਵਾ, 24,108 ਮੀਟ੍ਰਿਕ ਟਨ ਅਯੋਗ ਰਹਿੰਦ-ਖੂੰਹਦ, 1,814 ਮੀਟ੍ਰਿਕ ਟਨ ਸੀ ਐਂਡ ਡੀ (ਨਿਰਮਾਣ ਅਤੇ ਢਾਹੁਣ) ਰਹਿੰਦ-ਖੂੰਹਦ, ਅਤੇ 2,737 ਮੀਟ੍ਰਿਕ ਟਨ ਆਰਡੀਐਫ (ਈਂਧਨ) ਨੂੰ ਵੀ ਪ੍ਰੋਸੈਸ ਕੀਤਾ ਗਿਆ - ਜੋ ਇਸਨੂੰ ਦਿੱਲੀ ਵਿੱਚ ਹੁਣ ਤੱਕ ਦੇ ਸਭ ਤੋਂ ਤੇਜ਼ ਅਤੇ ਸਭ ਤੋਂ ਪ੍ਰਭਾਵਸ਼ਾਲੀ ਸਫਾਈ ਮੁਹਿੰਮਾਂ ਵਿੱਚੋਂ ਇੱਕ ਬਣਾਉਂਦਾ ਹੈ।

ਪ੍ਰਦੂਸ਼ਣ ਕੰਟਰੋਲ ਅਤੇ ਸਫਾਈ ਦਾ ਕੰਮ (3-4 ਜੁਲਾਈ):

- 10,795 ਮੀਟ੍ਰਿਕ ਟਨ ਕੂੜਾ ਸਾਫ਼ ਕੀਤਾ ਗਿਆ।
- ਮਸ਼ੀਨਾਂ ਦੁਆਰਾ 6,419 ਕਿਲੋਮੀਟਰ ਸੜਕਾਂ ਦੀ ਸਫਾਈ ਕੀਤੀ ਗਈ।
- 1,363 ਕਿਲੋਮੀਟਰ ਸੜਕਾਂ 'ਤੇ 748 ਕਿਲੋਲੀਟਰ ਟ?ਰੀਟਡ ਪਾਣੀ ਦਾ ਛਿੜਕਾਅ ਕੀਤਾ ਗਿਆ।
- 2,268 ਮੀਟ੍ਰਿਕ ਟਨ ਨਿਰਮਾਣ ਸਮੱਗਰੀ ਦਾ ਨਿਪਟਾਰਾ ਕੀਤਾ ਗਿਆ।

ਸਿਰਸਾ ਨੇ ਅੱਜ ਵਾਤਾਵਰਣ ਸੰਭਾਲ ਬਾਰੇ TERI ਮਾਸਟਰ ਟਰੇਨਰਜ਼ ਵਰਕਸ਼ਾਪ ਨੂੰ ਸੰਬੋਧਨ ਕੀਤਾ। ਇਸ ਵਰਕਸ਼ਾਪ ਦਾ ਉਦੇਸ਼ ਲੋਕਾਂ ਵਿੱਚ ਵਾਤਾਵਰਣ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਅਤੇ ਅਜਿਹੇ ਮਾਸਟਰ ਟ?ਰੇਨਰ ਤਿਆਰ ਕਰਨਾ ਸੀ ਜੋ ਵਣ ਮਹੋਤਸਵ ਤਹਿਤ ਟਿਕਾਊ ਜੀਵਨ ਸ਼ੈਲੀ ਅਤੇ ਰੁੱਖ ਲਗਾਉਣ ਦੇ ਸੰਦੇਸ਼ ਨੂੰ ਸਮਾਜ ਦੇ ਹਰ ਵਰਗ ਤੱਕ ਲੈ ਜਾ ਸਕਣ। ਸ੍ਰੀ ਸਿਰਸਾ ਨੇ ਕਿਹਾ, "ਇਸ ਵਰਕਸ਼ਾਪ ਦਾ ਉਦੇਸ਼ ਸਿਰਫ਼ ਜਾਗਰੂਕਤਾ ਫੈਲਾਉਣਾ ਹੀ ਨਹੀਂ ਹੈ, ਸਗੋਂ ਅਜਿਹੇ ਟ?ਰੇਨਰ ਤਿਆਰ ਕਰਨਾ ਵੀ ਹੈ ਜੋ ਵਾਤਾਵਰਣ ਨੂੰ ਬਚਾਉਣ ਲਈ ਜ਼ਰੂਰੀ ਉਪਾਵਾਂ ਨੂੰ ਸਮਾਜ ਦੇ ਹਰ ਕੋਨੇ ਤੱਕ ਪਹੁੰਚਾ ਸਕਣ। ਉਨ੍ਹਾਂ ਅੱਗੇ ਕਿਹਾ, ਅਸੀਂ ਸਿਰਫ਼ ਦਿੱਲੀ ਨੂੰ ਸਾਫ਼ ਅਤੇ ਸਿਹਤਮੰਦ ਨਹੀਂ ਬਣਾ ਰਹੇ - ਅਸੀਂ ਹਰ ਨਾਗਰਿਕ ਨੂੰ ਇਸ ਤਬਦੀਲੀ ਦਾ ਹਿੱਸਾ ਬਣਾ ਰਹੇ ਹਾਂ। ਇਹ ਸਾਰੇ ਤਾਲਮੇਲ ਵਾਲੇ ਯਤਨ ਮਾਨਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਵਿਕਸਤ ਦਿੱਲੀ ਦੇ ਦ੍ਰਿਸ਼ਟੀਕੋਣ ਤੋਂ ਪ੍ਰੇਰਿਤ ਹਨ ਅਤੇ ਮੁੱਖ ਮੰਤਰੀ ਸ਼੍ਰੀਮਤੀ ਰੇਖਾ ਗੁਪਤਾ ਦੀ ਅਗਵਾਈ ਹੇਠ ਜ਼ਮੀਨੀ ਪੱਧਰ 'ਤੇ ਤੇਜ਼ੀ ਨਾਲ ਲਾਗੂ ਕੀਤੇ ਜਾ ਰਹੇ ਹਨ। ਭਾਵੇਂ ਇਹ ਲੈਂਡਫਿਲ ਨੂੰ ਹਟਾਉਣਾ ਹੋਵੇ, AQI ਵਿੱਚ ਸੁਧਾਰ ਕਰਨਾ ਹੋਵੇ ਜਾਂ ਜਨਤਕ ਭਾਗੀਦਾਰੀ ਨੂੰ ਉਤਸ਼ਾਹਿਤ ਕਰਨਾ ਹੋਵੇ - ਦਿੱਲੀ ਇੱਕ ਸਾਫ਼, ਹਰੀ ਅਤੇ ਸਸ਼ਕਤ ਰਾਜਧਾਨੀ ਵੱਲ ਵਧ ਰਹੀ ਹੈ।

# ਚੀਨ ਨੇ ਭਾਰਤ-ਪਾਕਿਸਤਾਨ ਸੰਘਰਸ਼ ਨੂੰ 'ਪ੍ਰਯੋਗਸ਼ਾਲਾ' ਦੀ ਤਰ੍ਹਾਂ ਕੀਤਾ ਇਸਤੇਮਾਲ : ਉੱਪ ਸੈਨਾ ਮੁਖੀ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 4 ਜੁਲਾਈ। ਉਪ ਸੈਨਾ ਮੁਖੀ ਲੈਫਟੀਨੈਂਟ ਜਨਰਲ ਰਾਹੁਲ ਆਰ. ਸਿੰਘ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਚੀਨ ਨੇ ਭਾਰਤ ਨੂੰ ਪਰੇਸ਼ਾਨ ਕਰਨ ਲਈ ਪਾਕਿਸਤਾਨ ਦੀ ਵਰਤੋਂ ਕੀਤੀ ਅਤੇ ਮਈ 'ਚ ਭਾਰਤ ਅਤੇ ਪਾਕਿਸਤਾਨੀ ਫੌਜਾਂ ਵਿਚਕਾਰ ਚਾਰ ਦਿਨਾਂ ਦੀ ਝੜਪ ਦੌਰਾਨ ਆਪਣੇ ਸਹਿਯੋਗੀ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰ ਰਿਹਾ ਸੀ। ਉਦਯੋਗ ਚੈਂਬਰ '69339' ਨੂੰ ਸੰਬੋਧਨ ਕਰਦੇ ਹੋਏ, ਸੀਨੀਅਰ ਸੈਨਾ ਅਧਿਕਾਰੀ ਨੇ ਕਿਹਾ ਕਿ ਚੀਨ ਨੇ ਭਾਰਤ-ਪਾਕਿ ਟਕਰਾਅ ਨੂੰ ਵੱਖ-ਵੱਖ ਹਥਿਆਰ ਪ੍ਰਣਾਲੀਆਂ ਦੀ ਜਾਂਚ ਕਰਨ ਲਈ ਇਕ ਪ੍ਰਯੋਗਸ਼ਾਲਾ ਵਜੋਂ ਵਰਤਿਆ। ਲੈਫਟੀਨੈਂਟ ਜਨਰਲ ਸਿੰਘ ਨੇ ਚੀਨ ਦੀ 36 ਚਾਲਾਂ ਦੀ ਪ੍ਰਾਚੀਨ ਫ਼ੌਜ ਰਣਨੀਤੀ ਅਤੇ ਉਧਾਰ ਲਏ ਚਾਕੂ ਨਾਲ ਦੁਸ਼ਮਣ ਨੂੰ ਮਾਰਨ ਦੀ ਰਣਨੀਤੀ ਦਾ ਜ਼ਿਕਰ ਕਰਦੇ ਹੋਏ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਬੀਜਿੰਗ ਨੇ ਭਾਰਤ ਨੂੰ ਨੁਕਸਾਨ ਪਹੁੰਚਾਉਣ ਲਈ ਪਾਕਿਸਤਾਨ ਨੂੰ ਹਰ ਸੰਭਵ ਸਮਰਥਨ ਕੀਤਾ। 'ਉਧਾਰ ਦੇ ਚਾਕੂ ਨਾਲ ਮਾਰਨ' ਦਾ ਮਤਲਬ ਹੈ ਕਿ ਦੁਸ਼ਮਣ ਨੂੰ ਹਰਾਉਣ ਲਈ ਕਿਸੇ ਤੀਜੇ ਪੱਖ ਦਾ ਇਸਤੇਮਾਲ ਕਰਨਾ, ਯਾਨੀ ਚੀਨ ਨੇ ਪਾਕਿਸਤਾਨ ਨੂੰ ਭਾਰਤ ਖ਼?ਲਾਫ਼ ਇਸਤੇਮਾਲ ਕੀਤਾ। ਉਨ੍ਹਾਂ ਕਿਹਾ ਕਿ ਭਾਰਤ ਅਸਲ 'ਚ ਤਿੰਨ ਦੁਸ਼ਮਣਾਂ ਦਾ ਸਾਹਮਣਾ ਕਰ ਰਿਹਾ ਸੀ। ਉਨ੍ਹਾਂ ਕਿਹਾ ਕਿ



ਪਾਕਿਸਤਾਨ ਅਤੇ ਚੀਨ ਤੋਂ ਇਲਾਵਾ ਤੁਰਕੀ ਵੀ ਇਸਲਾਮਾਬਾਦ ਨੂੰ ਫ਼ੌਜੀ ਉਪਕਰਣਾਂ ਦੀ ਸਪਲਾਈ 'ਚ ਮੁੱਖ ਭੂਮਿਕਾ ਨਿਭਾ ਰਿਹਾ ਸੀ। ਭਾਰਤੀ ਫ਼ੌਜ ਦੀ ਸਮਰੱਥਾ ਵਿਕਾਸ ਅਤੇ ਸਾਂਭ-ਸੰਭਾਲ ਸੰਬੰਧੀ ਕੰਮ ਦੇਖਣ ਵਾਲੇ ਉੱਪ ਸੈਨਾ ਮੁਖੀ ਨੇ ਕਿਹਾ ਕਿ ਇਸਲਾਮਾਬਾਦ ਨੂੰ ਬੀਜਿੰਗ ਦਾ ਸਮਰਥਨ ਹੈਰਾਨੀਜਨਕ ਨਹੀਂ ਹੈ, ਕਿਉਂਕਿ ਪਾਕਿਸਤਾਨੀ ਹਥਿਆਰਬੰਦ ਫ਼ੋਰਸਾਂ ਦਾ 81 ਫੀਸਦੀ ਫ਼ੌਜ ਸਾਜ਼ੋ-ਸਾਮਾਨ ਚੀਨ ਤੋਂ ਆਉਂਦਾ ਹੈ। ਲੈਫਟੀਨੈਂਟ ਜਨਰਲ ਸਿੰਘ ਨੇ ਕਿਹਾ,"ਉਹ (ਚੀਨ) ਉੱਤਰੀ ਸਰਹੱਦ 'ਤੇ ਖ਼ੁਦ ਸਿੱਧੇ ਟਕਰਾਅ 'ਚ ਪੈਣ ਦੀ ਬਜਾਏ ਭਾਰਤ ਨੂੰ ਨੁਕਸਾਨ ਪਹੁੰਚਾਉਣ ਲਈ ਗੁਆਂਢੀ ਦੇਸ਼ ਦਾ ਇਸਤੇਮਾਲ ਕਰਨਾ ਜ਼ਿਆਦਾ ਪਸੰਦ ਕਰਦਾ ਹੈ।" ਉਨ੍ਹਾਂ ਕਿਹਾ,"ਭਾਰਤ ਖ਼?ਲਾਫ਼ ਪਾਕਿਸਤਾਨ ਸਿਰਫ਼ ਸਾਹਮਣੇ ਦਾ ਚਿਹਰਾ ਸੀ, ਜਦੋਂ ਕਿ ਅਸਲੀ ਸਮਰਥਨ ਚੀਨ ਤੋਂ ਮਿਲ ਰਿਹਾ ਸੀ। ਸਾਨੂੰ ਇਸ 'ਚ ਕੋਈ ਹੈਰਾਨੀ ਨਹੀਂ ਹੋਈ, ਕਿਉਂਕਿ ਜੇਕਰ ਤੁਸੀਂ ਪਿਛਲੇ 5 ਸਾਲਾਂ ਦੇ ਅੰਕੜੇ ਦੇਖੀਏ ਤਾਂ ਪਤਾ ਲੱਗਦਾ ਹੈ ਕਿ ਪਾਕਿਸਤਾਨ ਨੂੰ ਮਿਲਣ ਵਾਲੇ ?ੈਜ ਉਪਕਰਣਾਂ 'ਚੋਂ 81 ਫੀਸਦੀ ਚੀਨ ਤੋਂ ਆ ਰਹੇ ਹਨ।"

## ਲਾਪਰਵਾਹੀ ਨਾਲ ਵਾਹਨ ਚਲਾਉਣ ਵਾਲੇ ਵਿਅਕਤੀ ਦੀ ਮੌਤ 'ਤੇ ਬੀਮਾ ਕੰਪਨੀ ਨਹੀਂ ਦੇਵੇਗੀ ਮੁਆਵਜ਼ਾ : ਸੁਪਰੀਮ ਕੋਰਟ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 4 ਜੁਲਾਈ। ਸੁਪਰੀਮ ਕੋਰਟ ਵਲੋਂ ਅੱਜ ਇਕ ਵੱਡਾ ਫ਼ੈਸਲਾ ਲਿਆ ਗਿਆ ਹੈ, ਜਿਸ ਵਿਚ ਉਹਨਾਂ ਕਿਹਾ ਹੈ ਕਿ ਬੀਮਾ ਕੰਪਨੀਆਂ ਉਨ੍ਹਾਂ ਲੋਕਾਂ ਦੇ ਪਰਿਵਾਰਾਂ ਨੂੰ ਮੁਆਵਜ਼ਾ ਦੇਣ ਲਈ ਜ਼ਿੰਮੇਵਾਰ ਨਹੀਂ ਹਨ, ਜਿਨ੍ਹਾਂ ਦੀ ਮੌਤ ਉਨ੍ਹਾਂ ਦੇ ਤੇਜ਼ੀ ਅਤੇ ਲਾਪਰਵਾਹੀ ਨਾਲ ਵਾਹਨ ਚਲਾਉਣ ਕਾਰਨ ਹੋਈ ਹੋਵੇ। ਕੋਰਟ ਦੇ ਇਸ ਫ਼ੈਸਲੇ ਤੋਂ ਬਾਅਦ ਜਸਟਿਸ ਪੀ. ਐੱਸ. ਨਰਸਿਮ?ਹਾ ਅਤੇ ਜਸਟਿਸ ਆਰ. ਮਹਾਦੇਵਨ ਦੀ ਬੈਂਚ ਨੇ ਤੇਜ਼ ਰਫ਼ਤਾਰ ਨਾਲ ਕਾਰ ਚਲਾਉਂਦੇ ਸਮੇਂ ਮਾਰੇ ਗਏ ਇਕ ਵਿਅਕਤੀ ਦੀ ਪਤਨੀ, ਬੇਟੇ ਅਤੇ ਮਾਤਾ-ਪਿਤਾ ਵੱਲੋਂ ਮੰਗੇ ਗਏ 80 ਲੱਖ ਰੁਪਏ ਦੇ ਮੁਆਵਜ਼ੇ ਨੂੰ ਦੇਣ ਤੋਂ ?ਸਾਫ਼ ਮਨ੍ਹਾ ਕਰ ਦਿੱਤਾ। ਦੂਜੇ ਪਾਸੇ ਸੁਪਰੀਮ ਕੋਰਟ ਨੇ ਕਰਨਾਟਕ ਹਾਈ ਕੋਰਟ ਦੇ ਪਿਛਲੇ ਸਾਲ 23 ਨਵੰਬਰ ਦੇ ਉਸ ਹੁਕਮ 'ਚ ਦਖ਼ਲ-ਅੰਦਾਜ਼ੀ ਕਰਨ ਤੋਂ ਮਨ੍ਹਾ ਕਰ ਦਿੱਤਾ, ਜਿਸ 'ਚ ਮ੍ਰਿਤਕ ਦੇ ਕਾਨੂੰਨੀ ਵਾਰਸਾਂ ਵੱਲੋਂ ਮੁਆਵਜ਼ੇ ਦਾ ਦਾਅਵਾ ਕਰਨ ਵਾਲੀ ਪਟੀਸ਼ਨ ਨੂੰ ਖਾਰਿਜ ਕਰ ਦਿੱਤਾ ਗਿਆ ਸੀ। ਬੈਂਚ ਨੇ ਬੁੱਧਵਾਰ ਨੂੰ ਪਾਸ ਹੁਕਮ 'ਚ ਕਿਹਾ, "ਅਸੀਂ ਹਾਈ ਕੋਰਟ ਵੱਲੋਂ ਪਾਸ ਫ਼ੈਸਲੇ 'ਚ ਦਖ਼ਲ-ਅੰਦਾਜ਼ੀ ਕਰਨ ਦੇ ਇੱਛੁਕ ਨਹੀਂ ਹਾਂ, ਇਸ



ਲਈ ਵਿਸ਼ੇਸ਼ ਆਗਿਆ ਪਟੀਸ਼ਨ ਖਾਰਿਜ ਕੀਤੀ ਜਾਂਦੀ ਹੈ।" ਮਾਮਲੇ ਅਨੁਸਾਰ 18 ਜੂਨ 2014 ਨੂੰ ਐੱਨ. ਐੱਸ. ਰਵੀਸ਼ ਨਾਮਕ ਵਿਅਕਤੀ ਮੱਲਾਸਾਂਦਰਾ ਪਿੰਡ ਤੋਂ ਅਰਸੀਕੇਰੇ ਸ਼ਹਿਰ ਜਾ ਰਿਹਾ ਸੀ, ਉਦੋਂ ਇਹ ਹਾਦਸਾ ਹੋਇਆ।

## ਅੱਤਵਾਦੀਆਂ ਦਾ ਸਫਾਇਆ ਕਰਨ 'ਚ ਕੋਈ ਝਿਜਕ ਨਹੀਂ : ਰਾਜਨਾਥ

**ਕੌਮੀ ਪਤ੍ਰਿਕਾ**

ਪਟਨਾ, 4 ਜੁਲਾਈ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਹੈ ਕਿ ਅੱਤਵਾਦੀ ਭਾਵੇਂ ਕਿਤੇ ਵੀ ਹੋਣ, ਨਰਿੰਦਰ ਮੋਦੀ ਸਰਕਾਰ ਉਨ੍ਹਾਂ ਦਾ ਸਫਾਇਆ ਕਰਨ ਤੋਂ ਨਹੀਂ ਝਿਜਕੇਗੀ। ਮਾਸਟਰਮਾਈਂਡ ਤੇ ਉਨ੍ਹਾਂ ਨੂੰ ਸਪਾਂਸਰ ਕਰਨ ਵਾਲੀਆਂ ਸਰਕਾਰਾਂ 'ਚ ਕੋਈ ਫਰਕ ਨਹੀਂ ਕੀਤਾ ਜਾਵੇਗਾ। ਬੁੱਧਵਾਰ ਬਿਹਾਰ 'ਚ ਭਾਰਤੀ ਜਨਤਾ ਪਾਰਟੀ ਦੀ ਸੂਬਾ ਕਾਰਜਕਾਰਨੀ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਰਾਜਨਾਥ ਸਿੰਘ ਨੇ ਗੁਆਂਢੀ ਦੇਸ਼ ਦਾ ਨਾਂ ਲਏ ਬਿਨਾਂ ਪਾਕਿਸਤਾਨ ਨੂੰ ਇਹ ਸਖ਼ਤ ਸੰਦੇਸ਼ ਦਿੱਤਾ। ਰੱਖਿਆ ਮੰਤਰੀ ਨੇ ਕਿਹਾ ਕਿ ਮੋਦੀ ਦੀ ਅਗਵਾਈ ਹੇਠ 'ਸਰਜੀਕਲ ਸਟ?ਰਾਈਕ' ਅਤੇ ਬਾਲਾਕੋਟ ਹਵਾਈ ਹਮਲੇ ਵਰਗੇ ਕਦਮਾਂ ਨਾਲ ਦੇਸ਼ ਦੀ ਸੁਰੱਖਿਆ ਨੀਤੀ ਬਦਲ ਗਈ ਹੈ। ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਸ਼ੁਰੂ ਕੀਤੇ ਗਏ ਫੌਜੀ ਆਪ੍ਰੇਸ਼ਨ ਦਾ ਹਵਾਲਾ ਦਿੰਦੇ ਹੋਏ ਰਾਜਨਾਥ ਨੇ ਕਿਹਾ ਕਿ ਆਪ੍ਰੇਸ਼ਨ ਸਿੰਧੂਰ ਅਧੀਨ ਪਹਿਲੀ ਵਾਰ ਅਸੀਂ ਆਪਣੀ ਸਰਹੱਦ ਤੋਂ 100 ਕਿਲੋਮੀਟਰ ਦੂਰ ਸਥਿਤ ਅੱਤਵਾਦੀ ਟਿਕਾਣਿਆਂ 'ਤੇ ਹਮਲਾ ਕੀਤਾ। ਅਸੀਂ ਸਿਰਫ਼ ਉਨ੍ਹਾਂ 'ਤੇ ਹਮਲਾ ਕੀਤਾ ਜਿਨ੍ਹਾਂ ਨੇ ਸਾਡੇ 'ਤੇ ਹਮਲਾ ਕੀਤਾ ਸੀ। ਕਿਸੇ ਵੀ ਨਾਗਰਿਕ ਨੂੰ ਨਿਸ਼ਾਨਾ ਨਹੀਂ ਬਣਾਇਆ ਗਿਆ। ਰਾਜਨਾਥ ਨੇ ਕਿਹਾ ਕਿ ਮੋਦੀ ਦੇ 'ਸਵਦੇਸ਼ੀਕਰਨ' ਅਤੇ 'ਸਵੈ-ਨਿਰਭਰ ਭਾਰਤ' 'ਤੇ ਜ਼ੋਰ ਦੇਣ ਕਾਰਨ ਦੇਸ਼ ਦੀ ਰੱਖਿਆ ਬਰਾਮਦ ਚ ਤੇਜ਼ੀ ਨਾਲ ਵਾਧਾ ਹੋਇਆ ਹੈ। ਕੇਂਦਰੀ ਮੰਤਰੀ ਨੇ ਕਿਹਾ ਕਿ 'ਮੋਦੀ ਸਰਕਾਰ ਇਕ ਲੰਬੇ ਸਮੇਂ ਦੇ ਦ੍ਰਿਸ਼ਟੀਕੋਣ ਨਾਲ ਕੰਮ ਕਰਦੀ ਹੈ, ਜੋ ਕਾਂਗਰਸ ਦੀ ਅਗਵਾਈ ਵਾਲੀਆਂ ਪਿਛਲੀਆਂ ਸਰਕਾਰਾਂ ਤੋਂ ਬਿਲਕੁਲ ਵੱਖ ਹੈ। ਪਹਿਲੀਆਂ ਸਰਕਾਰਾਂ ਦਿਸ਼ਾਹੀਣ ਸਨ ਤੇ ਵੋਟ ਬੈਂਕ ਦੀਆਂ ਚਿੰਤਾਵਾਂ ਤੋਂ ਪ੍ਰੇਰਿਤ ਸਨ।

# ਗੰਗੂ ਬਿਰਤੀ ਨਾਲ ਕਮੇਟੀ ਪ੍ਰਬੰਧਕਾਂ ਨੇ ਕਚਹਿਰੀ 'ਚ ਸਾਡੀ ਮੁਖਬਰੀ ਕੀਤੀ : ਜੀ.ਕੇ.

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 4 ਜੁਲਾਈ: ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਜਾਇਦਾਦਾਂ ਦੀ ਮਾੜੀ ਸੰਭਾਲ, ਨੀਲਾਮੀ ਪ੍ਰਕਿਰਿਆ ਅਤੇ ਅਦਾਲਤਾਂ 'ਚ ਗਲਤ ਬਿਆਨੀ ਨੂੰ ਲੈਕੇ ਅੱਜ ਅਕਾਲੀ ਆਗੂਆਂ ਨੇ ਕਮੇਟੀ ਪ੍ਰਬੰਧਕਾਂ ਉਤੇ ਸ਼ਬਦੀ ਹਮਲਾ ਕੀਤਾ। ਮੀਡੀਆ ਨਾਲ ਗੱਲਬਾਤ ਕਰਦਿਆਂ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਸਰਨਾ ਅਤੇ ਮਨਜੀਤ ਸਿੰਘ ਜੀ.ਕੇ. ਨੇ ਇਲਜ਼ਾਮ ਲਾਇਆ ਕਿ ਕੌਮੀ ਜਾਇਦਾਦਾਂ ਦੀ ਸੰਭਾਲ ਦੇ ਮਾਮਲੇ 'ਚ ਕਮੇਟੀ ਨਕਾਰਾ ਸਾਬਤ ਹੋਈ ਹੈ। ਪਰ ਆਪਣੀਆਂ ਨਾਕਾਮੀਆਂ ਤੋਂ ਧਿਆਨ ਭਟਕਾਉਣ ਲਈ ਨਵੇਂ ਮਸਲੇ ਉਭਾਰ ਕੇ ਵਿਰੋਧੀ ਧਿਰ ਆਗੂਆਂ ਨੂੰ ਧਮਕਾਉਣ ਅਤੇ ਬਦਨਾਮ ਕਰਨ ਦਾ ਏਜੰਡਾ ਤੋਰਿਆ ਗਿਆ ਹੈਂ। ਸਰਨਾ ਨੇ ਕਿਹਾ ਕਿ ਕੱਲ੍ਹ ਸਾਡਾ ਇੱਕ ਵਫਦ ਹਰਿਆਣਾ ਦੇ ਬੀਘੜ ਵਿਖੇ ਸਥਿਤ ਕਮੇਟੀ ਦੀ 283 ਏਕੜ ਜ਼ਮੀਨ ਦੀ ਦੁਰਵਰਤੋਂ ਤੇ ਬਦਹਾਲੀ ਦਾ ਜਾਇਜ਼ਾ ਲੈਕੇ ਆਇਆ ਹੈਂ। ਮੇਰੇ ਪ੍ਰਧਾਨਗੀ ਕਾਲ ਦੌਰਾਨ ਦਿੱਲੀ ਕਮੇਟੀ ਨੇ ਇੱਥੇ 11 ਜੁਲਾਈ 1996 ਨੂੰ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਤੋਂ ਸ੍ਰੀ ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਦਾ ਨੀਂਹ ਪੱਥਰ ਰਖਵਾਇਆ ਸੀ। ਪਰ 2018-19 ਤੋਂ ਬਾਅਦ ਇਹ ਸਕੂਲ ਬੰਦ ਹੈ, ਜਦੋਂਕਿ ਇਸ ਸਕੂਲ 'ਚ 900 ਬੱਚੇ ਪੜ੍ਹਦੇ ਸਨ। ਪਰ ਹੁਣ ਸਕੂਲ ਦੇ ਨਾਲ ਹੀ ਇੱਥੇ ਨਿਰਮਾਣ ਅਧੀਨ ਇੰਜੀਨੀਅਰਿੰਗ ਕਾਲਜ ਦੀ ਬਿਲਡਿੰਗ ਖੰਡਰ ਹੋ ਗਈ ਹੈ। ਸਥਾਨਕ ਲੋਕਾਂ ਨੇ ਸਾਨੂੰ ਦੱਸਿਆ ਕਿ ਇਸ ਸਥਾਨ ਉਤੇ ਇਸ ਵੇਲੇ 10 ਕਰੋੜ ਰੁਪਏ ਏਕੜ ਜ਼ਮੀਨ ਦਾ ਭਾਅ ਹੈ। ਜਦੋਂਕਿ ਇਸ ਸਥਾਨ ਤੋਂ 2 ਕਿਲੋਮੀਟਰ ਦੂਰ ਹੂਡਾ ਸਿਟੀ 'ਚ 16 ਕਰੋੜ ਰੁਪਏ ਏਕੜ ਦਾ ਭਾਅ ਹੈ। ਇੱਕ ਪਾਸੇ ਦਿੱਲੀ ਹਾਈਕੋਰਟ 'ਚ ਇਸ ਜ਼ਮੀਨ ਨੂੰ ਵੇਚ ਕੇ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ ਨੂੰ ਤਨਖਾਹਾਂ ਦੇਣ ਦਾ ਮਾਮਲਾ ਚਲ ਰਿਹਾ ਹੈ। ਦੂਜੇ ਪਾਸੇ ਕੌਮੀ ਜਾਇਦਾਦਾਂ ਦੀ ਬਦਹਾਲੀ ਚਿੰਤਾ ਦਾ ਕਾਰਨ ਹੈ। ਸਥਾਨਕ ਸਿੱਖ ਸੰਗਤ ਇਸ ਸਕੂਲ ਨੂੰ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਮੌਕੇ ਮੁੜ ਕਰਵਾਉਣ ਲਈ ਸੰਘਰਸ਼ ਕਰ ਰਹੀ ਹੈ। ਸਰਨਾ ਨੇ ਇੱਥੇ ਬੰਦ ਪਏ ਸਕੂਲ ਦੀਆਂ ਬੱਸਾਂ, ਜਰਨੇਟਰਾਂ ਤੇ ਸਰੀਏ ਆਦਿਕ ਗਾਇਬ ਹੋਣ ਦਾ ਠੀਕਰਾ ਸਿਰਸਾ ਪਰਿਵਾਰ ਉਤੇ ਭੰਨਿਆ। ਸਰਨਾ ਨੇ ਦੇਸ਼ ਦੇ ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਨੂੰ ਮੁਖ਼ਾਤਿਬ ਹੁੰਦਿਆਂ ਕਿਹਾ ਕਿ ਅਦਾਲਤ ਜਾਂ ਕਿਸੇ ਹੋਰ ਕਾਰਨ ਰਾਹੀਂ ਕੌਮ ਦੀ ਜਾਇਦਾਦਾਂ ਵੇਚਣ




ਦੀ ਜੇਕਰ ਸਿਰਸਾ, ਕਾਲਕਾ ਤੇ ਕਾਹਲੋਂ ਨੇ ਕੋਸ਼ਿਸ਼ ਕੀਤੀ, ਤਾਂ ਕੌਮ ਬਰਦਾਸ਼ਤ ਨਹੀਂ ਕਰੇਗੀ। ਕੌਮ ਦੀਆਂ ਜਾਇਦਾਦਾਂ ਨੂੰ ਵੇਚਣਾ ਤਾਂ ਦੂਰ ਦੀ ਗੱਲ ਗੁਰੂ ਤੇਗ ਬਹਾਦਰ ਸਾਹਿਬ ਦੀ ਜਾਇਦਾਦਾਂ ਉਤੇ ਕੋਈ ਨੌਂਹ ਰੱਖਣ ਦੀ ਹਿੰਮਤ ਵੀ ਨਾ ਕਰੇਂ। ਦਿੱਲੀ ਹਾਈਕੋਰਟ 'ਚ 10 ਜੁਲਾਈ ਦੀ ਸੁਣਵਾਈ ਤੋਂ ਪਹਿਲਾਂ ਦਿੱਲੀ ਕਮੇਟੀ ਵੱਲੋਂ 2 ਮਈ 2025 ਦੇ ਆਦੇਸ਼ ਦੀ ਵਾਪਸੀ ਲਈ ਲਗਾਈ ਗਈ ਅਰਜ਼ੀ ਦਾ ਜ਼ਿਕਰ ਕਰਦਿਆਂ ਜੀ.ਕੇ. ਨੇ ਕਿਹਾ ਕਿ ਇੱਕ ਪਾਸੇ 2 ਅਤੇ 21 ਮਈ ਨੂੰ ਕਮੇਟੀ ਦੇ ਵਕੀਲਾਂ ਨੇ ਹਾਈਕੋਰਟ 'ਚ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ਼ ਦੀਆਂ ਤਨਖਾਹ ਬਕਾਇਆ ਮਾਮਲੇ 'ਚ ਕੌਮ ਦੀਆਂ ਜਾਇਦਾਦਾਂ ਦੀ ਕੀਮਤ ਤਹਿ ਕਰਨ ਲਈ ਨਿਯੁਕਤ ਕੀਤੇ ਗਏ ਮੁਲਾਂਕਣ ਕਰਤਾ ਨੂੰ ਸਹਿਯੋਗ ਦੇਣ ਦੀ ਗੱਲ ਕਹੀ ਸੀ। ਪਰ ਹੁਣ ਕਮੇਟੀ ਨੇ ਮੇਰੀ ਅਤੇ ਸਰਨਾ ਸਾਬ ਦੀਆਂ ਪੰਜਾਬੀ ਭਾਸ਼ਾ ਦੀਆਂ ਵੀਡੀਓਜ਼ ਦਾ ਅੰਗਰੇਜ਼ੀ ਅਨੁਵਾਦ ਨੱਥੀ ਕਰਕੇ ਮੁਲਾਂਕਣ ਕਰਤਾ ਦੀ ਨਿਯੁਕਤੀ ਕਰਕੇ ਕੌਮ 'ਚ ਗੁੱਸਾ ਹੋਣ ਦਾ ਕੋਰਟ ਨੂੰ ਹਵਾਲਾ ਦਿੱਤਾ ਹੈ। ਪਰ ਕਮਾਲ ਦੀ ਗੱਲ ਇਹ ਹੈ ਕਿ ਇਹ ਮੁਲਾਂਕਣ ਕਰਤਾ ਦੀ ਨਿਯੁਕਤੀ ਦਾ ਇਹ ਹੁਣ ਸਾਡੇ ਬਿਆਨਾਂ ਦੇ ਹਵਾਲੇ ਰਾਹੀਂ ਵਿਰੋਧ ਕਰ ਰਹੇ ਹਨ, ਪਰ ਨੀਲਾਮੀ ਦੇ ਆਦੇਸ਼ ਨੂੰ ਚੁਨੌਤੀ ਨਹੀਂ ਦੇ ਰਹੇ।

# ਇਕ ਵਾਰ ਫ਼ਿਰ 'ਕਾਲ' ਬਣ ਗਈ ਚਾਈਨੀਜ਼ ਡੋਰ, 22 ਸਾਲਾ ਨੌਜਵਾਨ ਨੂੰ ਦਿੱਤੀ ਦਰਦਨਾਕ ਮੌਤ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 4 ਜੁਲਾਈ। ਜਾਨਲੇਵਾ ਚਾਈਨੀਜ਼ ਡੋਰ ਨੇ ਇਕ ਪਰਿਵਾਰ ਦੀਆਂ ਖੁਸ਼ੀਆਂ ਖੋਹ ਲਈਆਂ। ਡੋਰ ਨੇ ਇਕ 22 ਸਾਲਾ ਨੌਜਵਾਨ ਦੀ ਜ਼ਿੰਦਗੀ ਖੋਹ ਗਈ। ਇਹ ਘਟਨਾ ਉੱਤਰੀ ਦਿੱਲੀ ਦੇ ਰਾਨੀ ਝਾਂਸੀ ਫਲਾਈਓਵਰ ਦੀ ਹੈ, ਦਰਦਨਾਕ ਹਾਦਸੇ ਵਿਚ 22 ਸਾਲਾ ਨੌਜਵਾਨ ਯਸ਼ ਗੋਸਵਾਮੀ ਦੀ ਮੌਤ ਹੋ ਗਈ। ਹਾਦਸੇ ਦੇ ਸਮੇਂ ਨੌਜਵਾਨ ਸਕੂਟਰ ਚੱਲਾ ਰਿਹਾ ਸੀ। ਗਲੇ ਵਿਚ ਚਾਈਨੀਜ਼ ਡੋਰ ਫਸਣ ਦੌਰਾਨ ਯਸ਼ ਨੂੰ ਸੰਭਲਣ ਦਾ ਮੌਕਾ ਹੀ ਨਹੀਂ ਮਿਲਿਆ। ਇਹ ਹਾਦਸਾ ਸ਼ੁੱਕਰਵਾਰ ਸ਼ਾਮ ਨੂੰ ਵਾਪਰਿਆ। ਯਸ਼ ਸਪੇਅਰ ਪਾਰਟਸ ਦਾ ਕਾਰੋਬਾਰ ਕਰਦੇ ਸਨ। ਉਹ ਆਪਣੇ ਪਰਿਵਾਰ ਨਾਲ ਉੱਤਰੀ-ਪੱਛਮੀ ਦਿੱਲੀ ਦੇ ਕਰਾਵਲ ਨਗਰ ਵਿਚ ਰਹਿੰਦੇ ਸਨ। ਪੁਲਸ ਨੇ ਇਸ ਘਟਨਾ ਦੇ ਸਬੰਧ ਵਿਚ ਦਰਜ ਕਰ ਲਈ ਹੈ ਪਰ ਪਤੰਗ ਉਡਾਣ ਵਾਲੇ ਦੀ ਪਛਾਣ ਅਜੇ ਤੱਕ ਨਹੀਂ ਹੋ ਸਕੀ ਹੈ। ਚਾਈਨੀਜ਼ ਡੋਰ ਦੀ ਧਾਰ ਇੰਨੀ ਤੇਜ਼ ਸੀ ਕਿ ਯਸ਼ ਦੀ ਗਰਦਨ 'ਤੇ ਡੂੰਘਾ ਜ਼ਖਮ ਹੋ ਗਿਆ ਅਤੇ ਉਹ ਤੁਰੰਤ ਸਕੂਟਰ ਤੋਂ ਡਿੱਗ ਗਿਆ। ਆਲੇ-ਦੁਆਲੇ ਮੌਜੂਦ ਰਾਹਗੀਰਾਂ ਨੇ ਤੁਰੰਤ ਉਸ ਨੂੰ ਹਿੰਦੂ ਰਾਵ ਹਸਪਤਾਲ ਪਹੁੰਚਾਇਆ। ਡਾਕਟਰਾਂ ਨੇ ਯਸ਼ ਨੂੰ ਮ੍ਰਿਤਕ ਐਲਾਨ ਕਰ ਦਿੱਤਾ। ਮੰਨਿਆ ਜਾ ਰਿਹਾ ਹੈ ਕਿ ਜ਼ਿਆਦਾ ਖੂਨ ਵਹਿਣ ਕਾਰਨ ਯਸ਼ ਦੀ ਮੌਤ ਹੋ ਗਈ। ਯਸ਼ ਦੀ ਪਛਾਣ ਉਨ੍ਹਾਂ ਤੋਂ ਮੌਜੂਦ ਕਾਗਜਾਤ ਤੋਂ ਹੋਈ। ਪੁਲਸ ਨੇ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਕ ਪੁਲਸ ਅਧਿਕਾਰੀ ਨੇ ਕਿਹਾ ਕਿ ਮ੍ਰਿਤਕ ਕਰੋਲ ਬਾਗ ਵਿਚ ਆਪਣੀ ਦੁਕਾਨ ਬੰਦ ਕਰਕੇ ਘਰ ਪਰਤ ਰਿਹਾ ਸੀ। ਫਲਾਈਓਵਰ 'ਤੇ ਆਪਣੇ ਸਕੂਟਰ 'ਤੇ ਸਵਾਰ ਹੁੰਦੇ ਹੋਏ, ਉਹ ਚਾਈਨੀਜ਼ ਡੋਰ ਵਿਚ ਫਸ ਗਿਆ। ਚਸ਼ਮਦੀਦਾਂ ਨੇ ਕਿਹਾ ਕਿ ਉਨ੍ਹਾਂ ਨੇ ਗੋਸਵਾਮੀ ਨੂੰ ਜ਼ਖਮੀ ਹੁੰਦੇ ਦੇਖਿਆ। ਉਸ ਨੂੰ ਆਪਣੀ ਦੋਪਹੀਆ ਵਾਹਨ ਦੀ ਰਫ਼ਤਾਰ ਘਟਾਉਣ ਅਤੇ ਰੋਕਣ ਦਾ ਮੌਕਾ ਵੀ ਨਹੀਂ ਮਿਲਿਆ। ਉਹ ਬਸ ਡਿੱਗ ਪਿਆ ਅਤੇ ਬੇਹੋਸ਼ ਹੋ ਗਿਆ। ਦੱਸ ਦੇਈਏ ਕਿ ਦਿੱਲੀ ਵਿਚ ਚਾਈਨੀਜ਼ ਡੋਰ 'ਤੇ ਸਖ਼ਤ ਪਾਬੰਦੀ ਲਾਈ ਜਾ ਚੁੱਕੀ ਹੈ। ਬਾਵਜੂਦ ਇਸ ਦੇ ਇਸ ਦਾ ਖੁੱਲ੍ਹੇਆਮ ਇਸਤੇਮਾਲ ਹੋ ਰਿਹਾ ਹੈ। ਇਸ ਤੋਂ ਪਹਿਲਾਂ ਵੀ ਕਈ ਦਰਦਨਾਕ ਹਾਦਸੇ ਇਸੇ ਕਾਰਨ ਵਾਪਰ ਚੁੱਕੇ ਹਨ। ਇਸ ਦੀ ਨਾ ਤਾਂ ਬਜ਼ਾਰਾਂ ਵਿਚ ਵਿਕਰੀ ਰੁੱਕੀ ਹੈ ਅਤੇ ਨਾ ਹੀ ਪੁਲਸ ਪ੍ਰਸ਼ਾਸਨ ਦੀ ਨਿਗਰਾਨੀ ਵਿਚ ਕੋਈ ਸਖ਼ਤੀ ਦਿੱਸਦੀ ਹੈ। ਚਾਈਨੀਜ਼ ਡੋਰ ਇਕ ਸਿੰਥੈਟਿਕ ਪਤੰਗ ਦੀ ਡੋਰ ਹੈ। ਇਹ ਕੱਚ, ਧਾਤ ਅਤੇ ਹੋਰ ਘਸਾਉਣ ਵਾਲੀਆਂ ਸਮੱਗਰੀਆਂ ਨਾਲ ਲੇਪਿਆ ਹੋਇਆ ਹੈ। ਇਹ ਪੰਛੀਆਂ, ਜਾਨਵਰਾਂ ਅਤੇ ਵਿਅਕਤੀਆਂ ਲਈ ਬਹੁਤ ਖ਼ਤਰਨਾਕ ਹੈ। ਇਸ ਦੇ ਸੰਪਰਕ ਵਿਚ ਆਉਣ ਨਾਲ ਕੱਟ ਲੱਗ ਸਕਦੇ ਹਨ, ਰਾਜਧਾਨੀ ਵਿਚ ਅਜਿਹੀਆਂ ਡੋਰਾਂ ਦੀ ਵਿਕਰੀ, ਉਤਪਾਦਨ ਅਤੇ ਵਰਤੋਂ 'ਤੇ ਪਾਬੰਦੀ ਹੈ। ਹਾਲਾਂਕਿ ਇਨ੍ਹਾਂ ਦੀ ਵਿਕਰੀ ਅਤੇ ਵਰਤੋਂ ਜਾਰੀ ਹੈ। ਇਸ ਨਾਲ ਹਾਦਸੇ, ਸੱਟਾਂ ਅਤੇ ਮੌਤਾਂ ਵੀ ਹੋਈਆਂ ਹਨ। ਅਜਿਹੀਆਂ ਘਟਨਾਵਾਂ ਖਾਸ ਕਰਕੇ ਪਤੰਗ ਉਡਾਉਣ ਦੇ ਮੌਸਮ ਦੌਰਾਨ ਵਧੇਰੇ ਆਮ ਹੁੰਦੀਆਂ ਹਨ। ਚਾਈਨੀਜ਼ ਡੋਰ ਘਾਤਕ ਸਾਬਤ ਹੋ ਰਹੀ ਹੈ।

## ਕੁੜੀਆਂ ਤੋਂ ਕਰਵਾ ਰਹੇ ਸੀ ਜਿਸਮਫਰੋਸ਼ੀ ਦਾ ਧੰਦਾ, ਗਾਹਕ ਸਣੇ 3 ਲੋਕ ਗ੍ਰਿਫ਼ਤਾਰ

ਮੋਹਾਲੀ 4 ਜੁਲਾਈ। ਮੋਹਾਲੀ ਪੁਲਸ ਵੱਲੋਂ ਜਿਸਮਫਰੋਸ਼ੀ ਦਾ ਰੈਕਟ ਚਲਾਉਣ ਵਾਲਿਆਂ ਤੋਂ ਇਲਾਵਾ ਇਕ ਗਾਹਕ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਕਤ ਮਾਮਲੇ ਦਾ ਖ਼ੁਲਾਸਾ ਉਸ ਸਮੇਂ ਹੋਇਆ, ਜਦੋਂ ਨਾਹਿਦ ਆਲਮ ਨਾਂ ਦੇ ਨੌਜਵਾਨ ਨੇ ਪੁਲਸ ਕੰਟਰੋਲ ਰੂਮ 112 'ਤੇ ਆਪਣੇ ਨਾਲ ਤਿੰਨ ਹਜ਼ਾਰ ਰੁਪਏ ਦੀ ਲੁੱਟ ਹੋਣ ਦੀ ਸੂਚਨਾ ਦਿੱਤੀ। ਪੁਲਸ ਦੇ ਪਹੁੰਚਣ ਤੋਂ ਪਹਿਲਾਂ ਉਸ ਨੇ ਆਪਣਾ ਫੋਨ ਬੰਦ ਕਰ ਲਿਆ। ਪੁਲਸ ਦਾ 112 'ਤੇ ਕਾਲ ਕਰਨ ਵਾਲੇ ਨਾਲ ਜਿਵੇਂ ਹੀ ਸੰਪਰਕ ਹੋਇਆ ਤਾਂ ਸਾਹਮਣੇ ਆਇਆ ਕਿ ਨਾਹਿਦ ਨੇ ਪੁਲਸ ਨੂੰ ਝੂਠੀ ਕਹਾਣੀ ਦੱਸ ਕੇ ਗੁੰਮਰਾਹ ਕੀਤਾ ਹੈ। ਪੁਲਸ ਨੇ ਜਦੋਂ ਇਸ ਮਾਮਲੇ ਦੀ ਪੜਤਾਲ ਕੀਤੀ ਤਾਂ ਪਤਾ ਲੱਗਾ ਕਿ ਨਾਹਿਦ ਨੇ ਆਨਲਾਈਨ ਐਪ ਰਾਹੀਂ ਕੁੜੀ ਦੀ ਮੰਗ ਕੀਤੀ ਸੀ। ਮੌਕੇ 'ਤੇ ਜਿਹੜੀ ਕੁੜੀ ਆਈ, ਉਸ ਦਾ ਨਾਹਿਦ ਨਾਲ ਕਿਸੇ ਗੱਲ ਨੂੰ ਲੈ ਕੇ ਝਗੜਾ ਹੋ ਗਿਆ ਅਤੇ ਕੁੜੀ ਪਹਿਲਾਂ ਤੋਂ ਹਾਸਲ ਕੀਤੇ ਗਏ ਪੈਸੇ ਨੂੰ ਲੈ ਕੇ ਚਲੀ ਗਈ। ਪੁਲਸ ਇਸ ਮਾਮਲੇ ਦੀ ਤੈਅ ਤੱਕ ਪਹੁੰਚੀ ਅਤੇ ਕੁੜੀ ਨੂੰ ਲੈ ਕੇ ਆਉਣ ਵਾਲਿਆਂ ਤੱਕ ਪਹੁੰਚ ਕੀਤੀ, ਜਿਨ੍ਹਾਂ ਦੀ ਪਛਾਣ ਪਵਨ ਕੁਮਾਰ ਤੇ ਗੁਰਲਾਲ ਸਿੰਘ ਉਰਫ਼ ਲਾਲੀ ਵਜੋਂ ਹੋਈ ਹੈ। ਜਾਂਚ 'ਚ ਆਇਆ ਕਿ ਦੋਵੇਂ ਮੁਲਜ਼ਮ ਕੁੜੀਆਂ ਨੂੰ ਹੋਰਨਾਂ ਸੂਬਿਆਂ ਤੋਂ ਲਿਆ ਕੇ ਵੱਧ ਪੈਸੇ ਕਮਾਉਣ ਦਾ ਲਾਲਚ ਦੇ ਕੇ ਜਿਸਮਫਰੋਸ਼ੀ ਲਈ ਮਜਬੂਰ ਕਰਦੇ ਹਨ। ਇਸ ਸਬੰਧੀ ਡੀ.ਐੱਸ.ਪੀ. ਸਿਟੀ-2 ਹਰਸਿਮਰਨ ਸਿੰਘ ਬੱਲ ਨੇ ਦੱਸਿਆ ਕਿ ਥਾਣਾ ਫ਼ੇਜ਼-11 ਦੇ ਮੁਖੀ ਇੰਸਪੈਕਟਰ ਅਮਨ ਬੈਦਵਾਣ ਦੀ ਨਿਗਰਾਨੀ ਹੇਠ ਜਾਂਚ ਟੀਮ ਵੱਲੋਂ ਨਾਹਿਦ ਆਲਮ ਹਾਲ ਵਾਸੀ ਪਿੰਡ ਮੌਲੀ ਬੈਦਵਾਣ, ਪਵਨ ਕੁਮਾਰ ਹਾਲ ਵਾਸੀ ਪਿੰਡ ਕੁੰਭੜਾ ਤੇ ਗੁਰਲਾਲ ਸਿੰਘ ਉਰਫ਼ ਲਾਲੀ ਹਾਲ ਵਾਸੀ ਕੁੰਭੜਾ ਖ਼?ਲਾਫ਼ ਪਰਚਾ ਦਰਜ ਕਰਕੇ ਤਿੰਨਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਮੰਗਲਵਾਰ ਨੂੰ ਤਿੰਨਾਂ ਮੁਲਜ਼ਮਾਂ ਨੂੰ ਅਦਾਲਤ 'ਚ ਪੇਸ਼ ਕੀਤਾ ਜਾਵੇਗਾ।

## ਓਵਰਸਪੀਡ ਕ੍ਰੇਟਾ ਅਤੇ ਸਵਿਫਟ ਵਿਚਾਲੇ ਭਿਆਨਕ ਟੱਕਰ, ਡਾਕਟਰ ਦੀ ਹੋਈ ਮੌਤ

**ਕੌਮੀ ਪਤ੍ਰਿਕਾ**

ਲੁਧਿਆਣਾ 4 ਜੁਲਾਈ। ਫਿਰੋਜ਼ਪੁਰ ਰੋਡ 'ਤੇ ਵੇਰਕਾ ਮਿਲਕ ਪਲਾਂਟ ਨੇੜੇ ਓਵਰਸਪੀਡ ਕ੍ਰੇਟਾ ਅਤੇ ਸਵਿਫਟ ਕਾਰ ਦੀ ਟੱਕਰ ਹੋ ਗਈ। ਟੱਕਰ ਕਾਰਨ ਕ੍ਰੇਟਾ ਕਾਰ ਪੂਰੀ ਤਰ੍ਹਾਂ ਚਕਨਾਚੂਰ ਹੋ ਗਈ। ਹਾਦਸੇ 'ਚ ਇਕ ਵਿਅਕਤੀ ਦੀ ਮੌਤ ਹੋ ਗਈ। ਜਦੋਂਕਿ ਸਵਿਫਟ 'ਚ ਸਵਾਰ 5 ਲੋਕਾਂ ਨੂੰ ਮਾਮੂਲੀ ਸੱਟਾਂ ਲੱਗੀਆਂ। ਉਨ੍ਹਾਂ ਨੂੰ ਇਲਾਜ ਤੋਂ ਬਾਅਦ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ। ਸੂਚਨਾ ਮਿਲਣ ਤੋਂ ਬਾਅਦ ਸਰਾਭਾ ਨਗਰ ਥਾਣਾ ਦੀ ਪੁਲਸ ਮੌਕੇ 'ਤੇ ਪਹੁੰਚੀ। ਮ੍ਰਿਤਕ ਦੀ ਪਛਾਣ ਗਗਨਦੀਪ ਸਿੰਘ ਵਜੋਂ ਹੋਈ ਹੈ। ਜੋ ਕਿ ਪੇਸ਼ੇ ਤੋਂ ਡਾਕਟਰ ਸੀ। ਪੁਲਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਸਿਵਲ ਹਸਪਤਾਲ 'ਚ ਰੱਖਵਾ ਦਿੱਤਾ ਹੈ। ਜਾਣਕਾਰੀ ਦਿੰਦੇ ਹੋਏ ਐੱਸ. ਐੱਚ. ਓ. ਮਧੂਬਾਲਾ ਨੇ ਦੱਸਿਆ ਕਿ ਮ੍ਰਿਤਕ ਡਾਕਟਰ ਗਗਨਦੀਪ ਸਿੰਘ ਜਗਰਾਓਂ ਕਿਸੇ ਕੰਮ ਲਈ ਘਰੋਂ ਨਿਕਲਿਆ ਸੀ ਅਤੇ ਖੁਦ ਆਪਣੀ ਕਾਰ ਚਲਾ ਰਿਹਾ ਸੀ। ਇਸ ਦੌਰਾਨ ਵੇਰਕਾ ਮਿਲਕ ਪਲਾਂਟ ਨੇੜੇ ਉਸ ਦੀ ਕਾਰ ਅਚਾਨਕ ਬੇਕਾਬੂ ਹੋ ਗਈ ਅਤੇ ਪਹਿਲਾਂ ਇਕ ਬਾਈਕ ਨਾਲ ਟਕਰਾਅ ਗਈ ਅਤੇ ਫਿਰ ਸਾਹਮਣੇ ਤੋਂ ਆ ਰਹੀ ਇਕ ਸਵਿਫਟ ਕਾਰ ਨਾਲ ਟਕਰਾਅ ਗਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਕ੍ਰੇਟਾ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ। ਆਲੇ-ਦੁਆਲੇ ਦੇ ਲੋਕ ਇਕੱਠੇ ਹੋ ਗਏ ਅਤੇ ਜਦੋਂ ਉਨ੍ਹਾਂ ਨੇ ਡਾਕਟਰ ਗਗਨਦੀਪ ਨੂੰ ਕ੍ਰੇਟਾ ਕਾਰ ਤੋਂ ਬਾਹਰ ਕੱਢਿਆ ਤਾਂ ਉਹ ਪਹਿਲਾਂ ਹੀ ਮਰ ਚੁੱਕਾ ਸੀ। ਸਵਿਫਟ ਦੇ ਦੋਵੇਂ ਪਿਛਲੇ ਟਾਇਰ ਫਟ ਗਏ ਅਤੇ ਕਾਰ ਪੂਰੀ ਤਰ੍ਹਾਂ ਨੁਕਸਾਨੀ ਗਈ। ਇਸ 'ਚ



ਸਵਾਰ ਸਾਰੇ 5 ਲੋਕ ਜ਼ਖਮੀ ਹੋ ਗਏ। ਲੋਕਾਂ ਨੇ ਉਨ੍ਹਾਂ ਨੂੰ ਇਲਾਜ ਲਈ ਹਸਪਤਾਲ ਪਹੁੰਚਾਇਆ, ਜਿੱਥੇ ਮਾਮੂਲੀ ਸੱਟਾਂ ਕਾਰਨ ਉਨ੍ਹਾਂ ਨੂੰ ਇਲਾਜ ਤੋਂ ਤੁਰੰਤ ਬਾਅਦ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ। ਸਵਿਫਟ 'ਚ ਸਵਾਰ ਸਾਰੇ ਲੋਕ ਫਤਿਹਾਬਾਦ ਤੋਂ ਜਲੰਧਰ 'ਚ ਇਕ ਸਮਾਗਮ 'ਚ ਗਏ ਹੋਏ ਸਨ। ਰਾਤ ਹੋਣ ਕਰ ਕੇ ਉਹ ਲੁਧਿਆਣਾ ਰੁਕੇ। ਅੱਜ ਉਹ ਫਤਿਹਾਬਾਦ ਵਾਪਸ ਜਾ ਰਹੇ ਸਨ, ਜਦੋਂ ਇਹ ਹਾਦਸਾ ਵਾਪਰਿਆ। ਟ?ਰੈਫਿਕ ਟੋ ਵੈਨ ਦੀ ਮਦਦ ਨਾਲ ਵਾਹਨਾਂ ਨੂੰ ਸੜਕ ਤੋਂ ਹਟਾ ਦਿੱਤਾ ਗਿਆ।

## ਰਣਜੀਤ ਸਿੰਘ ਢੱਡਰੀਆਂ ਵਾਲਾ ਦੀਆਂ ਵਧੀਆਂ ਮੁਸ਼ਕਿਲਾਂ, ਜਾਣੋ ਕਿਉਂ

ਚੰਡੀਗੜ੍ਹ 4 ਜੁਲਾਈ। ਰਣਜੀਤ ਸਿੰਘ ਢੱਡਰੀਆਂ ਵਾਲਾ ਵਿਰੁੱਧ ਚੱਲ ਰਹੇ ਜਬਰ-ਜ਼ਿਨਾਹ ਅਤੇ ਕਤਲ ਮਾਮਲੇ ਵਿੱਚ ਉਨ੍ਹਾਂ ਦੀਆਂ ਮੁਸ਼ਕਿਲਾਂ ਹੋਰ ਵਧ ਗਈਆਂ ਹਨ। ਮੈਜਿਸਟ?ਰੇਟ ਵੱਲੋਂ ਪੁਲਸ ਦੀ ਕਲੋਜ਼ਰ ਰਿਪੋਰਟ 'ਤੇ ਅਸੰਤੁਸ਼ਟੀ ਜਤਾਈ ਗਈ ਹੈ ਅਤੇ ਇਹ ਮਾਮਲਾ ਹੁਣ ਪੰਜਾਬ ਹਰਿਆਣਾ ਹਾਈਕੋਰਟ 'ਚ ਪਹੁੰਚ ਗਿਆ ਹੈ। ਹਾਈਕੋਰਟ ਨੇ ਮਾਮਲੇ ਦੀ ਅਗਲੀ ਸੁਣਵਾਈ 4 ਅਗਸਤ ਨੂੰ ਮੁਕਰਰ ਕੀਤੀ ਹੈ। ਐਡਵੋਕੇਟ ਨਵਨੀਤ ਕੌਰ ਵੜੈਚ ਨੇ ਦੱਸਿਆ ਕਿ 2012 ਵਿੱਚ ਪਟਿਆਲਾ ਸਥਿਤ ਆਸ਼ਰਮ 'ਚ ਇਕ ਕੁੜੀ ਨਾਲ ਜਬਰ-ਜ਼ਿਨਾਹ ਅਤੇ ਉਸ ਦੇ ਕਤਲ ਦੇ ਦੋਸ਼ ਲਗੇ ਸਨ। ਮ੍ਰਿਤਕ ਦੇ ਭਰਾ ਵੱਲੋਂ ਪਟੀਸ਼ਨ ਦਾਇਰ ਕਰਕੇ ਮਾਮਲੇ ਦੀ ਜਾਂਚ ਸੀ. ਬੀ. ਆਈ. ਜਾਂ ਐੱਸ. ਆਈ. ਟੀ. ਰਾਹੀਂ ਕਰਵਾਉਣ ਦੀ ਮੰਗ ਕੀਤੀ ਗਈ ਸੀ। ਹਾਈਕੋਰਟ ਨੇ ਪਹਿਲਾਂ ਸੀ. ਬੀ. ਆਈ. ਜਾਂਚ ਤੋਂ ਇਨਕਾਰ ਕਰ ਦਿੱਤਾ ਸੀ ਅਤੇ ਸਥਾਨਕ ਪੁਲਸ ਨੂੰ ਜਾਂਚ ਕਰਕੇ ਰਿਪੋਰਟ ਮੈਜਿਸਟ?ਰੇਟ ਕੋਲ ਪੇਸ਼ ਕਰਨ ਦੇ ਹੁਕਮ ਦਿੱਤੇ ਸਨ। ਉਥੇ ਹੀ ਮੈਜਿਸਟ?ਰੇਟ ਨੇ ਪੁਲਸ ਦੀ ਜਾਂਚ ਰਿਪੋਰਟ 'ਤੇ ਅਸੰਤੁਸ਼ਟੀ ਜਤਾਉਂਦੇ ਹੋਏ ਮਾਮਲਾ ਹਾਈਕੋਰਟ ਨੂੰ ਭੇਜ ਦਿੱਤਾ ਹੈ। ਹੁਣ ਹਾਈਕੋਰਟ ਨੇ ਪਟੀਸ਼ਨਰ ਨੂੰ ਅਗਲੀ ਸੁਣਵਾਈ 'ਤੇ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਹੈ। ਪਟੀਸ਼ਨ ਵਿੱਚ ਦੱਸਿਆ ਗਿਆ ਹੈ ਕਿ 22 ਅਪ੍ਰੈਲ 2012 ਨੂੰ ਰਣਜੀਤ ਸਿੰਘ ਢੱਡਰੀਆਂ ਵਾਲਾ ਦੇ ਡੇਰੇ 'ਤੇ ਕੁੜੀ ਨੂੰ ਜ਼ਹਿਰੀਲਾ ਪਦਾਰਥ ਦੇ ਕੇ ਜਬਰ-ਜ਼ਿਨਾਹ ਕੀਤਾ ਗਿਆ ਸੀ। ਕੁੜੀ 2002 ਤੋਂ ਢੱਡਰੀਆਂ ਵਾਲਾ ਦੀ ਪੈਰੋਕਾਰ ਸੀ। ਇਸ ਮਾਮਲੇ ਦੀ ਅਗਲੀ ਸੁਣਵਾਈ 4 ਅਗਸਤ ਨੂੰ ਹੋਵੇਗੀ ਅਤੇ ਹੁਣ ਹਾਈਕੋਰਟ ਵੱਲੋਂ ਆਉਣ ਵਾਲੇ ਹੁਕਮਾਂ 'ਤੇ ਸਭ ਦੀ ਨਜ਼ਰ ਟਿਕੀ ਹੋਈ ਹੈ।

# ਭੁਲੱਥ ਪੁਲਸ ਨੇ ਦੋ ਚੈਨ ਸਨੈਚਰਾਂ ਸਮੇਤ ਇਕ ਸੁਨਿਆਰੇ ਨੂੰ ਕੀਤਾ ਗ੍ਰਿਫ਼ਤਾਰ

**ਕੌਮੀ ਪਤ੍ਰਿਕਾ**

ਭੁਲੱਥ 4 ਜੁਲਾਈ। ਥਾਣਾ ਭੁਲੱਥ ਦੀ ਪੁਲਸ ਨੇ ਦੋ ਚੈਨ ਸਨੈਚਰਾਂ ਅਤੇ ਖੋਹ ਕੀਤੀ ਸੋਨੇ ਦੀ ਚੈਨ ਨੂੰ ਖ਼ਰੀਦਣ ਵਾਲੇ ਸੁਨਿਆਰੇ ਨੂੰ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਸ. ਐੱਚ. ਓ. ਭੁਲੱਥ ਰਣਜੀਤ ਸਿੰਘ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਸੁਖਵਿੰਦਰ ਕੌਰ ਪਤਨੀ ਸੁਰਿੰਦਰ ਸਿੰਘ ਵਾਸੀ ਕਮਰਾਵਾਂ ਆਪਣੀ ਛੋਟੀ ਬੱਚੀ ਅਤੇ ਸੱਸ ਸਮੇਤ ਐਕਟਿਵਾ 'ਤੇ ਸਵਾਰ ਹੋ ਕੇ ਭੁਲੱਥ ਬਾਜ਼ਾਰ ਘਰੇਲੂ ਸਾਮਾਨ ਲੈਣ ਲਈ ਆਈ ਸੀ। ਜਦੋਂ ਉਹ ਘਰ ਨੂੰ ਵਾਪਸ ਜਾ ਰਹੀ ਸੀ ਤਾਂ ਉਹ ਹਾਲੇ ਕਮਰਾਵਾ ਅੱਡੇ 'ਤੇ ਮਠਿਆਈ ਦੀ ਦੁਕਾਨ ਕੋਲ ਪਹੁੰਚੀ ਤਾਂ ਪਿੱਛੋਂ 2 ਨੌਜਵਾਨ ਮੋਟਰਸਾਈਕਲ 'ਤੇ ਆਏ, ਜਿਨ੍ਹਾਂ ਵਿਚੋਂ ਮੋਟਰਸਾਈਕਲ ਦੇ ਪਿੱਛੇ ਬੈਠੇ ਨੌਜਵਾਨ ਨੇ ਉਸਦੇ ਗਲੇ ਵਿਚ ਪਾਈ ਸੋਨੇ ਦੀ ਚੈਨ ਝਪਟ ਮਾਰ ਕੇ ਖੋਹ ਲਈ ਅਤੇ ਪਿੰਡ ਅਖਾੜਾ ਵੱਲ ਨੂੰ ਚਲੇ ਗਏ। ਜਿਸ ਦੀ ਉਨ੍ਹਾਂ ਨੇ ਆਪਣੇ ਤੌਰ 'ਤੇ ਭਾਲ ਕੀਤੀ, ਜਿਸ ਤੋਂ ਬਾਅਦ ਪਤਾ ਲੱਗਾ ਕਿ ਉਕਤ ਖੋਹ ਵਰਿੰਦਰ ਉਰਫ਼ ਸੰਨੀ ਪੁੱਤਰ ਬਿੱਟੂ ਅਤੇ ਦੀਪਕ



ਕੁਮਾਰ ਪੁੱਤਰ ਸੁਰਿੰਦਰ ਕੁਮਾਰ ਦੋਵੇਂ ਵਾਸੀ ਅੰਬਗੜ੍ਹ ਥਾਣਾ ਕਰਤਾਰਪੁਰ ਨੇ ਕੀਤੀ ਹੈ। ਜਿਨ੍ਹਾਂ ਖ਼?ਲਾਫ਼ ਥਾਣਾ ਭੁਲੱਥ ਵਿਖੇ ਮੁਕੱਦਮਾ ਦਰਜ ਕੀਤਾ ਗਿਆ। ਐੱਸ. ਐੱਚ. ਓ. ਭੁਲੱਥ ਨੇ ਦਸਿਆ ਕਿ ਏ. ਐੱਸ. ਆਈ. ਮਨਜੀਤ ਸਿੰਘ ਵੱਲੋਂ ਦੋਵੇ ਦੋਸ਼ੀਆ ਨੂੰ ਗ੍ਰਿਫ਼ਤਾਰ ਕੀਤਾ ਗਿਆ। ਜਿਨ੍ਹਾਂ ਨੇ ਰਿਮਾਂਡ ਦੌਰਾਨ ਆਪਣੀ ਪੁੱਛਗਿੱਛ ਵਿਚ ਦੱਸਿਆ ਕਿ ਖੋਹਸ਼ੁਦਾ ਚੈਨੀ ਉਨ੍ਹਾਂ ਨੇ ਸੁਨਿਆਰੇ ਯਸ਼ਵੀਨ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਕਪੂਰਥਲਾ ਨੂੰ ਵੇਚ ਦਿੱਤੀ ਸੀ, ਜਿਸ ਤੋਂ ਬਾਅਦ ਸੁਨਿਆਰੇ ਯਸ਼ਵੀਨ ਸਿੰਘ ਨੂੰ ਵੀ ਇਸ ਮਾਮਲੇ ਵਿਚ ਨਾਮਜ਼ਦ ਕਰਕੇ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ। ਮੁਲਜ਼ਮਾਂ ਪਾਸੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ। ਐੱਸ. ਐੱਚ. ਓ. ਭੁਲੱਥ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਵਰਿੰਦਰ ਉਰਫ਼ ਸੰਨੀ 'ਤੇ ਖੋਹ ਦੇ 5 ਮੁਕੱਦਮੇ ਅਤੇ ਸੁਨਿਆਰੇ ਯਸ਼ਵੀਨ 'ਤੇ ਖੋਹ ਅਤੇ ਚੋਰੀ ਕੀਤੇ ਸੋਨੇ ਨੂੰ ਖ਼ਰੀਦ ਕਰਨ ਦੇ 8 ਮੁਕੱਦਮੇ ਵੱਖ-ਵੱਖ ਥਾਣਿਆ ਵਿਚ ਦਰਜ ਹਨ।

## 500 ਕਿਲੋ ਲਾਹਣ, 2,40,000 ਐੱਮ. ਐੱਲ. ਨਾਜਾਇਜ਼ ਸ਼ਰਾਬ ਤੇ ਚਾਲੂ ਭੱਠੀ ਬਰਾਮਦ, ਇਕ ਗ੍ਰਿਫਤਾਰ

ਅਜਨਾਲਾ 4 ਜੁਲਾਈ। ਥਾਣਾ ਭਿੰਡੀ ਸੈਦਾਂ ਪੁਲਸ ਤਿੰਨ ਮੁਕੱਦਮਿਆਂ 'ਚ ਭਾਰੀ ਮਾਤਰਾ 'ਚ ਨਾਜਾਇਜ਼ ਸ਼ਰਾਬ ਅਤੇ ਲਾਹਣ ਬਰਾਮਦ ਕਰਕੇ ਇਕ



ਵਿਅਕਤੀ ਨੂੰ ਕਾਬੂ ਕੀਤਾ ਹੈ। ਇਸ ਸਬੰਧੀ ਸੀਨੀਅਰ ਕਪਤਾਨ ਪੁਲਸ ਮਨਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਥਾਣਾ ਭਿੰਡੀ ਸੈਦਾਂ ਪੁਲਸ ਅਤੇ ਐਕਸਾਈਜ਼ ਇੰਸਪੈਕਟਰ ਜਗਦੀਪ ਕੌਰ ਵੱਲੋਂ ਪਿੰਡ ਭਿੰਡੀ ਸੈਦਾਂ ਵਿੱਚ ਇਕ ਸਾਂਝਾ ਸਰਚ ਆਪ੍ਰੇਸ਼ਨ ਚਲਾਇਆ ਗਿਆ। ਇਸ ਦੌਰਾਨ ਸ਼ੱਕੀ ਵਿਅਕਤੀਆਂ ਦੇ ਘਰਾਂ ਦੀ ਤਲਾਸ਼ੀ ਲਈ ਗਈ। ਇਸ ਦੌਰਾਨ ਦਰਸ਼ਨ ਸਿੰਘ ਪੁੱਤਰ ਕਸ਼ਮੀਰ ਸਿੰਘ ਅਤੇ ਕਸ਼ਮੀਰ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀਆਨ ਪਿੰਡ ਭਿੰਡੀ ਸੈਦਾਂ ਦੇ ਘਰ ਸਰਚ ਕੀਤੀ ਗਈ। ਇਸ ਦੌਰਾਨ ਦਰਸ਼ਨ ਸਿੰਘ ਅਤੇ ਕਸ਼ਮੀਰ ਸਿੰਘ ਦੇ ਘਰੋਂ 100 ਕਿਲੋ ਲਾਹਣ, ਇਕ ਚਾਲੂ ਭੱਠੀ ਅਤੇ 15,000 ਐੱਮ. ਐੱਲ. ਨਾਜਾਇਜ਼ ਸ਼ਰਾਬ ਬਰਾਮਦ ਹੋਈ। ਇਸੇ ਤਰ੍ਹਾਂ ਸਰਚ ਆਪ੍ਰੇਸ਼ਨ ਦੌਰਾਨ ਰਾਜਬੀਰ ਸਿੰਘ ਪੁੱਤਰ ਗੁਰਮੇਜ ਸਿੰਘ ਅਤੇ ਗੁਰਮੇਜ ਸਿੰਘ ਪੁੱਤਰ ਇੰਦਰ ਸਿੰਘ ਵਾਸੀਆਨ ਪਿੰਡ ਭਿੰਡੀ ਸੈਦਾਂ ਦੇ ਘਰ ਸਰਚ ਕੀਤੀ ਗਈ। ਇਸ ਦੌਰਾਨ ਗੁਰਮੇਜ ਸਿੰਘ ਨੂੰ 1,50,000 ਐੱਮ. ਐੱਲ. ਨਜਾਇਜ਼ ਸ਼ਰਾਬ ਅਤੇ ਇਕ ਜੁਗਾੜੂ ਰੇਹੜੀ ਸਮੇਤ ਗ੍ਰਿਫਤਾਰ ਕਰ ਲਿਆ ਗਿਆ। ਪੁਲਸ ਪਾਰਟੀ ਵੱਲੋਂ ਰਤਨ ਸਿੰਘ ਰੱਤੂ ਪੁੱਤਰ ਤਾਰਾ ਸਿੰਘ ਵਾਸੀ ਭਿੰਡੀ ਸੈਦਾਂ ਦੇ ਘਰੋਂ 400 ਕਿਲੋ ਲਾਹਣ, 75,000 ਐੱਮ. ਐੱਲ. ਨਾਜਾਇਜ਼ ਸ਼ਰਾਬ ਅਤੇ ਇਕ ਮੋਟਰਸਾਈਕਲ ਬਰਾਮਦ ਕੀਤਾ ਗਿਆ। ਇਸ ਸਬੰਧੀ ਉਕਤ ਮੁਲਜ਼ਮਾਂ ਖਿਲਾਫ ਥਾਣਾ ਭਿੰਡੀ ਸੈਦਾਂ ਵਿਖੇ ਮੁਕੱਦਮਾ ਦਰਜ ਕਰਕੇ ਤਫਤੀਸ਼ ਅਮਲ 'ਚ ਲਿਆਂਦੀ ਜਾ ਰਹੀ ਹੈ।

## ਪੰਜਾਬ 'ਚ ਰਿਸ਼ਤੇ ਸ਼ਰਮਸਾਰ ! ਪੁੱਤਰ ਨੇ ਪਤਨੀ ਨਾਲ ਮਿਲ ਕਰ 'ਤਾ ਪਿਓ ਦਾ ਕਤਲ

ਮੰਜੀ ਸਾਹਿਬ ਕੋਟਾਂ 4 ਜੁਲਾਈ। ਪੰਜਾਬ ਵਿਚੋਂ ਰਿਸ਼ਤੇ ਸ਼ਰਮਸਾਰ ਕਰ ਦੇਣ ਵਾਲਾ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਇਕ ਪੁੱਤਰ ਨੇ ਆਪਣੀ ਪਤਨੀ ਨਾਲ ਮਿਲ ਕੇ ਪਿਓ ਦਾ ਹੀ ਕਤਲ ਕਰ ਦਿੱਤਾ। ਪੁਲਸ ਚੌਕੀ ਕੋਟ ਤੇ ਥਾਣਾ ਸਦਰ ਖੰਨਾ ਅਧੀਨ ਆਉਂਦੇ ਪਿੰਡ ਜਟਾਣਾ ਵਿਖੇ 70 ਸਾਲਾ ਬਜ਼ੁਰਗ ਦੇ ਕਤਲ ਦਾ ਮਾਮਲਾ ਪੁਲਸ ਨੇ ਸੁਲਝਾ ਲਿਆ ਹੈ। ਉਸ ਦਾ ਕਤਲ ਉਸ ਦੇ ਪੁੱਤਰ ਅਤੇ ਨੂੰਹ ਨੇ ਹੀ ਕੀਤਾ ਹੈ, ਜਿਨ੍ਹਾਂ ਨੂੰ ਪੁਲਸ ਨੇ ਗ੍ਰਿਫ਼ਤਾਰ ਕਰ ਲਿਆ ਹੈ। ਐੱਸ. ਐੱਚ. ਓ. ਸੁਖਵਿੰਦਰਪਾਲ ਸਿੰਘ ਸੋਹੀ ਨੇ ਦੱਸਿਆ ਕਿ ਬਲਵੀਰ ਸਿੰਘ ਆਪਣੀ ਪਤਨੀ ਮਨਜੀਤ ਕੌਰ, ਲੜਕੇ ਜੁਗਰਾਜ ਸਿੰਘ ਉਰਫ਼ ਰਾਜੂ ਅਤੇ ਨੂੰਹ ਰੇਨੂੰ ਰਾਣੀ ਨਾਲ ਰਹਿੰਦਾ ਸੀ। ਰੇਨੂੰ ਦੀ ਮੰਗ ਸੀ ਕਿ ਉਸ ਦਾ ਸਹੁਰਾ ਬਲਵੀਰ ਸਿੰਘ ਆਪਣਾ ਰਿਹਾਇਸ਼ੀ ਮਕਾਨ, ਜੋ ਪਿੰਡ ਜਟਾਣਾ ਵਿਚ ਹੈ, ਉਸ ਦੇ ਨਾਂ ਕਰਵਾ ਦੇਵੇ। ਜੁਗਰਾਜ ਸਿੰਘ ਸ਼ਰਾਬ ਪੀਣ ਅਤੇ ਨਸ਼ੇ ਕਰਨ ਦਾ ਆਦੀ ਹੈ ਅਤੇ ਕੋਈ ਕੰਮ ਨਹੀਂ ਕਰਦਾ। ਬਲਵੀਰ ਨੂੰ ਡਰ ਸੀ ਕਿ ਇਹ ਦੋਵੇਂ ਉਸ ਦਾ ਮਕਾਨ ਵੇਚ ਦੇਣਗੇ, ਜਿਸ ਕਰਕੇ ਉਹ ਮਕਾਨ ਆਪਣੀ ਨੂੰਹ ਦੇ ਨਾਂ ਨਹੀਂ ਕਰ ਰਿਹਾ ਸੀ। ਇਸ ਕਾਰਨ ਨੂੰਹ-ਪੁੱਤ ਨੇ ਸੁੱਤੇ ਪਏ ਬਲਵੀਰ ਸਿੰਘ 'ਤੇ ਕੁਹਾੜੀ ਨਾਲ ਵਾਰ ਕਰਕੇ ਉਸ ਦਾ ਕਤਲ ਕਰ ਦਿੱਤਾ। ਅਦਾਲਤ ਨੇ ਮੁਲਜ਼ਮਾਂ ਨੂੰ ਤਿੰਨ ਦਿਨ ਦੇ ਰਿਮਾਂਡ 'ਤੇ ਭੇਜ ਦਿੱਤਾ ਹੈ।

## ਐੱਨ. ਏ. ਐੱਸ. 'ਚ ਪੰਜਾਬ ਦੇਸ਼ ਭਰ 'ਚੋਂ ਮੋਹਰੀ, ਮੰਤਰੀ ਹਰਜੋਤ ਬੈਂਸ ਨੇ ਪ੍ਰਗਟਾਈ ਖ਼ੁਸ਼ੀ

ਚੰਡੀਗੜ੍ਹ 4 ਜੁਲਾਈ। ਪੰਜਾਬ ਨੇ ਨੈਸ਼ਨਲ ਐਚੀਵਮੈਂਟ ਸਰਵੇ (ਐੱਨ. ਏ. ਐੱਸ.) ਮਤਲਬ ਕਿ ਪਰਖ ਰਾਸ਼ਟਰੀ ਸਰਵੇਖਣ 2024 'ਚ ਸਭ ਤੋਂ ਬਿਹਤਰੀਨ ਪ੍ਰਦਰਸ਼ਨ ਕਰਦਿਆਂ ਸਿਖ਼ਰਲਾ ਸਥਾਨ ਹਾਸਲ ਕੀਤਾ ਹੈ। ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਇਸ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਪੰਜਾਬ ਸਰਕਾਰ ਵੱਲੋਂ ਮਿਆਰੀ ਸਿੱਖਿਆ ਪ੍ਰਦਾਨ ਕਰਨ ਦੀ ਵਚਨਬੱਧਤਾ ਤਹਿਤ ਕੀਤੇ ਜਾ ਰਹੇ ਯਤਨਾਂ ਬਦੌਲਤ ਸੰਭਵ ਹੋ ਸਕਿਆ ਹੈ। ਐੱਨ. ਏ. ਐੱਸ. ਵਿਦਿਆਰਥੀਆਂ ਦੀਆਂ ਵਿੱਦਿਅਕ ਪ੍ਰਾਪਤੀਆਂ ਦਾ ਮੁਲਾਂਕਣ ਕਰਨ ਲਈ ਭਾਰਤ ਦਾ ਸਭ ਤੋਂ ਭਰੋਸੇਮੰਦ ਤੇ ਨਾਮੀ ਸਰਵੇਖਣ ਹੈ। ਇਸ 'ਚ ਸਮੁੱਚੇ ਸਿੱਖਿਆ ਨਤੀਜਿਆਂ ਦਾ ਮੁਲਾਂਕਣ ਕਰਨ ਲਈ ਤੀਜੀ, ਛੇਵੀਂ ਤੇ ਨੌਵੀਂ ਜਮਾਤ ਦੇ ਵਿਦਿਆਰਥੀਆਂ ਦੀ ਚੋਣ ਕੀਤੀ ਜਾਂਦੀ ਹੈ। ਪੰਜਾਬ ਨੇ ਤੀਜੀ ਜਮਾਤ ਦੀ ਰੈਂਕਿੰਗ 'ਚ 80 ਅੰਕਾਂ ਨਾਲ ਹਿਮਾਚਲ ਪ੍ਰਦੇਸ਼ (74) ਤੇ ਕੇਰਲਾ (73) ਨੂੰ ਪਛਾੜ ਕੇ ਪਹਿਲਾ ਸਥਾਨ ਹਾਸਲ ਕੀਤਾ ਹੈ। ਛੇਵੀਂ ਜਮਾਤ ਲਈ ਪੰਜਾਬ ਤੇ ਕੇਰਲਾ 67-67 ਅੰਕਾਂ ਨਾਲ ਸਾਂਝੇ ਤੌਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਸੂਬੇ ਰਹੇ ਹਨ। ਇਸ ਦੇ ਨਾਲ ਹੀ 9ਵੀਂ ਜਮਾਤ ਦੀ ਰੈਂਕਿੰਗ 'ਚ ਪੰਜਾਬ ਨੇ 57 ਅੰਕਾਂ ਨਾਲ ਹੋਰਨਾਂ ਸੂਬਿਆਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਪਛਾੜ ਕੇ ਪਹਿਲਾ ਸਥਾਨ ਹਾਸਲ ਕੀਤਾ।

## ਕਮਿਸ਼ਨਰੇਟ ਪੁਲਸ ਜਲੰਧਰ ਵੱਲੋਂ 15 ਸੇਵਾਮੁਕਤ ਪੁਲਸ ਅਧਿਕਾਰੀਆਂ ਨੂੰ ਨਿੱਘੀ ਵਿਦਾਇਗੀ ਦਿੱਤੀ ਗਈ

ਜਲੰਧਰ 4 ਜੁਲਾਈ। ਅੱਜ ਕਮਿਸ਼ਨਰੇਟ ਪੁਲਸ ਜਲੰਧਰ ਨੇ ਪੁਲਸ ਲਾਈਨਜ਼ ਵਿਖੇ ਇਕ ਦਿਲੋਂ ਵਿਦਾਇਗੀ ਸਮਾਰੋਹ ਦਾ ਆਯੋਜਨ ਕੀਤਾ, ਜਿਸ 'ਚ ਕਈ ਸਾਲਾਂ ਦੀ ਮਿਸਾਲੀ ਸੇਵਾ ਤੋਂ ਬਾਅਦ ਸੇਵਾਮੁਕਤ ਹੋਏ ਵੱਖ-ਵੱਖ ਰੈਂਕਾਂ ਦੇ 15 ਸਮਰਪਿਤ ਪੁਲਸ ਅਧਿਕਾਰੀਆਂ ਦਾ ਸਨਮਾਨ



ਕੀਤਾ ਗਿਆ। ਇਸ ਸਮਾਗਮ ਵਿੱਚ ਧਨਪ੍ਰੀਤ ਕੌਰ ਪੁਲਸ ਕਮਿਸ਼ਨਰ, ਜਲੰਧਰ ਏ. ਡੀ. ਸੀ. ਪੀ. ਸਿਟੀ-1 ਆਕਰਸ਼ੀ ਜੈਨ, ਏ. ਡੀ. ਸੀ. ਪੀ ਹੈੱਡਕੁਆਰਟਰ ਸੁਖਵਿੰਦਰ ਸਿੰਘ, ਏ. ਸੀ. ਪੀ. ਹੈੱਡਕੁਆਰਟਰ ਮਨਮੋਹਨ ਸਿੰਘ ਅਤੇ ਏ. ਸੀ. ਪੀ. ਅਮਿਤ ਠਾਕੁਰ ਸ਼ਾਮਲ ਹੋਏ। ਸੀਨੀਅਰ ਅਧਿਕਾਰੀਆਂ ਨੇ ਸੇਵਾਮੁਕਤ ਕਰਮਚਾਰੀਆਂ ਨੂੰ ਉਨ੍ਹਾਂ ਦੇ ਲੰਬੇ ਅਤੇ ਸ਼ਲਾਘਾਯੋਗ ਕਰੀਅਰ ਦੇ ਸਿੱਟੇ ਵਜੋਂ ਆਪਣੀਆਂ ਨਿੱਘੀਆਂ ਸ਼ੁੱਭਕਾਮਨਾਵਾਂ ਅਤੇ ਵਧਾਈਆਂ ਦਿੱਤੀਆਂ। ਸਮਾਗਮ ਦੌਰਾਨ ਪਤਵੰਤਿਆਂ ਵੱਲੋਂ ਦਿਲੋਂ ਭਾਸ਼ਣ ਦਿੱਤੇ ਗਏ। ਹਰੇਕ ਨੇ ਸੇਵਾਮੁਕਤ ਕਰਮਚਾਰੀਆਂ ਦੇ ਮਹੱਤਵਪੂਰਨ ਯੋਗਦਾਨ, ਸਮਰਪਣ ਅਤੇ ਪ੍ਰਾਪਤੀਆਂ ਨੂੰ ਉਜਾਗਰ ਕੀਤਾ। ਇਹ ਭਾਵਨਾਤਮਕ ਸਮਾਗਮ ਵਿਭਾਗ ਦੇ ਅੰਦਰ ਮਜ਼ਬੂਤ ??ਬੰਧਨ ਅਤੇ ਆਪਸੀ ਸਤਿਕਾਰ ਦਾ ਪ੍ਰਮਾਣ ਸੀ। ਇਸ ਮੌਕੇ 'ਤੇ ਸੇਵਾਮੁਕਤ ਜਵਾਨਾਂ ਨੂੰ ਉਨ੍ਹਾਂ ਦੀ ਸੇਵਾ ਲਈ ਪ੍ਰਸ਼ੰਸਾ ਅਤੇ ਸ਼ੁਕਰਗੁਜ਼ਾਰੀ ਦੇ ਪ੍ਰਤੀਕ ਵਜੋਂ ਯਾਦਗਾਰੀ ਚਿੰਨ੍ਹ ਭੇਟ ਕੀਤੇ ਗਏ। ਕਮਿਸ਼ਨਰੇਟ ਪੁਲਸ ਜਲੰਧਰ ਨੇ ਉਨ੍ਹਾਂ ਅਧਿਕਾਰੀਆਂ ਨੂੰ ਸ਼ਾਂਤੀਪੂਰਨ, ਸਿਹਤਮੰਦ ਅਤੇ ਸੰਪੂਰਨ ਸੇਵਾਮੁਕਤੀ ਲਈ ਸ਼ੁਭਕਾਮਨਾਵਾਂ ਦਿੱਤੀਆਂ, ਜਿਨ੍ਹਾਂ ਨੇ ਅਟੁੱਟ ਵਚਨਬੱਧਤਾ ਅਤੇ ਇਮਾਨਦਾਰੀ ਨਾਲ ਫੋਰਸ ਦੀ ਸੇਵਾ ਕੀਤੀ ਹੈ।

# ਹਰਿਆਣਾ ਆਬਕਾਰੀ ਅਤੇ ਕਰ ਵਿਭਾਗ ਨੇ ਆਬਕਾਰੀ ਨੀਲਾਮੀ ਵਿੱਚ ਹੁਣ ਤੱਕ 12,615 ਕਰੋੜ ਰੁਪਏ ਦਾ ਮਾਲਿਆ ਕੀਤਾ ਪ੍ਰਾਪਤ- ਆਬਕਾਰੀ ਅਤੇ ਟੈਕਸੇਸ਼ਨ ਕਮਿਸ਼ਨਰ

**ਕੌਮੀ ਪਤ੍ਰਿਕਾ**

ਚੰਡੀਗੜ੍ਹ, 4 ਜੁਲਾਈ: ਹਰਿਆਣਾ ਆਬਕਾਰੀ ਅਤੇ ਟੈਕਸੇਸ਼ਨ ਵਿਭਾਗ ਨੇ ਚਲ ਰਹੀ ਆਬਕਾਰੀ ਨੀਲਾਮੀ ਪ੍ਰਕਿਰਿਆ ਤਹਿਤ ਹੁਣ ਤੱਕ 12,615 ਕਰੋੜ ਰੁਪਏ ਦਾ ਮਾਲਿਆ ਪ੍ਰਾਪਤ ਕੀਤਾ ਹੈ। ਹੁਣ ਤੱਕ ਸੂਬੇਭਰ ਵਿੱਚ ਕੁਲ 1,194 ਆਬਕਾਰੀ ਜੋਨ ਵਿੱਚੋਂ 1,081 ਜੋਨ ਦੀ ਸਫਲਤਾਪੂਰਵਕ ਨਿਲਾਮੀ ਕੀਤੀ ਜਾ ਚੁੱਕੀ ਹੈ। ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਆਬਕਾਰੀ ਅਤੇ ਟੈਕਸੇਸ਼ਨ ਕਮਿਸ਼ਨਰ ਸ੍ਰੀ ਵਿਨੈ ਪ੍ਰਤਾਪ ਸਿੰਘ ਨੇ ਦੱਸਿਆ ਕਿ ਖੁਦਰਾ ਸ਼ਰਾਬ ਦੀ ਦੁਕਾਨਾਂ ਦੇ ਲਾਇਸੈਂਸਧਾਰੀ ਹਰੇਕ ਜੋਨ ਵਿੱਚ ਦੋ ਦੁਕਾਨਾਂ ਸੰਚਾਲਿਤ ਕਰ ਸਕਦੇ ਹਨ, ਇਸ ਤਰ੍ਹਾਂ ਨਈ ਆਬਕਾਰੀ ਨੀਤੀ ਤਹਿਤ ਪਹਿਲੇ ਤਿੰਨ ਹਫ਼ਤੇ ਅੰਦਰ 2150 ਤੋਂ ਵੱਧ ਖੁਦਰਾ ਸ਼ਰਾਬ ਦੀ ਦੁਕਾਨਾਂ ਖੋਲੀ ਗਈਆਂ ਹਨ। ਉਨ੍ਹਾਂ ਨੇ ਦੱਸਿਆ ਕਿ ਚਲ ਰਹੀ ਨੀਲਾਮੀ ਵਿੱਚ ਹੁਣ ਸਿਰਫ਼ 113 ਜੋਨ ਨੀਲਾਮੀ ਲਈ ਬਚੇ ਹਨ ਜਿਨ੍ਹਾਂ ਦੀ ਨੀਲਾਮੀ ਕੁੱਝ ਹੀ ਦਿਨਾਂ ਵਿੱਚ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਨੇ ਇਸ ਗੱਲ 'ਤੇ ਜੋਰ ਦਿੱਤਾ ਕਿ ਹਰਿਆਣਾ ਵਿੱਚ ਖੁਦਰਾ ਸ਼ਰਾਬ ਦੀ ਦੁਕਾਨਾਂ ਲਈ ਆਬਕਾਰੀ ਨੀਲਾਮੀ ਪੂਰੀ ਤਰ੍ਹਾਂ ਪਾਰਦਰਸ਼ੀ ਪ੍ਰਕਿਰਿਆ ਹੈ ਜੋ ਈ-ਨੀਲਾਮੀ ਪੋਰਟਲ ਰਾਹੀਂ ਪ੍ਰਬੰਧਿਤ ਕੀਤੀ ਜਾਂਦੀ ਹੈ। ਹਾਲਾਂਕਿ ਲਾਇਸੈਂਸ ਨੀਲਾਮੀ ਪ੍ਰਕਿਰਿਆ ਵਿੱਚ ਸਵਤੰਤਰ ਰੂਪ ਨਾਲ ਹਿੱਸਾ ਲੈਂਦੇ ਹਨ , ਇਸ ਲਈ ਆਬਕਾਰੀ ਜੋਨ ਦੀ ਨੀਲਾਮੀ ਨਿਸ਼ਪੱਖ ਪ੍ਰਕਿਰਿਆ ਵੱਲੋਂ ਨਿਰਧਾਰਿਤ ਕੀਮਤ 'ਤੇ ਕੀਤੀ ਜਾਂਦੀ ਹੈ। ਸ੍ਰੀ ਵਿਨੈ ਪ੍ਰਤਾਪ ਨੇ ਦੱਸਿਆ ਕਿ ਇਸ ਸਾਲ ਕੈਬੀਨੇਟ ਨੇ 31 ਮਾਰਚ,2027 ਤੱਕ ਲਗਭਗ ਦੋ ਸਾਲ ਦੇ ਲੰਮੇ ਸਮੇ ਲਈ ਆਬਕਾਰੀ ਨੀਤੀ ਨੂੰ ਮੰਜੂਰੀ ਦਿੱਤੀ ਸੀ, ਇਸ ਲਈ ਵਿਭਾਗ ਪਿਛਲੇ ਸਾਲ ਦੀ ਨੀਲਾਮੀ ਦੀ ਤੁਲਨਾ ਵਿੱਚ ਕਿਤੇ ਵੱਧ ਮਾਲੀਆ ਪ੍ਰਾਪਤ ਕਰਨ ਯੋਗ ਰਿਹਾ ਹੈ। 3 ਜੁਲਾਈ 2025 ਨੂੰ ਹੋਈ ਅੰਤਮ ਦੌਰ ਦੀ ਨੀਲਾਮੀ ਵਿੱਚ ਵਿਭਾਗ ਨੇ 21 ਜੋਨ ਦੀ ਸਫਲਤਾਪੂਰਵਕ ਨੀਲਾਮੀ ਕੀਤੀ, ਜਿਸ ਤੋਂ 215 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਹੋਇਆ। ਆਬਕਾਰੀ ਅਤੇ ਟੈਕਸੇਸ਼ਨ ਕਮਿਸ਼ਨਰ ਨੇ ਚਾਲੂ ਨੀਲਾਮੀ ਵਿੱਚ ਨੀਲਾਮ ਕੀਤੇ ਗਏ 1081 ਜੋਨ ਨਾਲ ਪ੍ਰਾਪਤ ਮਾਲੀਆ ਦੀ ਤੁਲਨਾ ਪਿਛਲੀ ਆਬਕਾਰੀ ਨੀਤੀ ਨਾਲ ਕਰਦੇ ਹੋਏ ਕਿਹਾ ਕਿ ਪਿਛਲੇ ਸਾਲ ਦੀ ਨੀਲਾਮੀ ਦੀ ਤੁਲਨਾ ਵਿੱਚ ਹੁਣ ਤੱਕ ਲਗਭਗ ਉਨ੍ਹੇ ਹੀ ਜੋਨ ਦੀ ਨੀਲਾਮੀ ਕੀਤੀ ਗਈ ਹੈ ਪਰ ਪਹਿਲੇ ਤੋਂ ਦੋ ਗੁਣਾ ਤੋਂ ਵੱਧ ਮਾਲੀਆ ਪ੍ਰਾਪਤ ਕੀਤਾ ਜਾ ਚੁੱਕਾ ਹੈ। ਵਿਭਾਗ ਨੂੰ ਉਮੀਦ ਹੈ ਕਿ ਕੁੱਝ ਦਿਨਾਂ ਵਿੱਚ ਆਬਕਾਰੀ ਨੀਲਾਮੀ ਸਫਲਤਾਪੂਰਵਕ ਸਮਾਪਤ ਹੋ ਜਾਵੇਗੀ ਅਤੇ ਰਾਜ ਸਰਕਾਰ ਵੱਲੋਂ ਤੈਅ ਕੀਤੇ ਗਏ ਟੀਚਿਆਂ ਤੋਂ ਵੱਧ ਟੈਕਸ ਹਾਸਲ ਕਰ ਲਿਆ ਜਾਵੇਗਾ। ਪਿਛਲੇ ਸਾਲ ਅਗਸਤ 2024 ਤੱਕ ਚਲੀ ਨੀਲਾਮੀ ਪ੍ਰਕਿਰਿਆ ਤੋਂ ਕੁੱਲ 7,025 ਕਰੋੜ ਰੁਪਏ ਦੀ ਲਾਇਸੈਂਸ ਫੀਸ ਪ੍ਰਾਪਤ ਹੋਈ ਸੀ। ਆਬਕਾਰੀ ਅਤੇ ਟੈਕਸੇਸ਼ਨ ਕਮਿਸ਼ਨਰ ਨੇ ਦੱਸਿਆ ਕਿ ਰਾਜ ਸਰਕਾਰ ਨੇ ਸਰਗਰਮ ਦਖਲ ਨਾਲ ਹਰਿਆਣਾ ਪੁਲਿਸ ਵੱਲੋਂ ਲਾਇਸੈਂਸ ਧਾਰਕਾਂ ਨੂੰ ਧਮਕਾਉਣ ਅਤੇ ਜਬਰਨ ਵਸੂਲੀ ਕਰਨ ਵਾਲਿਆਂ ਵਿਰੁਧ ਤੁਰੰਤ ਅਤੇ ਸਖ਼ਤ ਕਾਰਵਾਈ ਕੀਤੀ ਗਈ ਹੈ। ਮੁੱਖ ਮੰਤਰੀ ਦੇ ਨਿਰਦੇਸ਼ਾਂ 'ਤੇ ਗ੍ਰਹਿ ਵਿਭਾਗ ਵੱਲੋਂ ਰਾਜ ਦੇ ਕੁੱਝ ਹਿੱਸਿਆਂ ਵਿੱਚ ਆਬਕਾਰੀ ਨੀਲਾਮੀ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕਰਨ ਵਾਲੇ ਅਪਰਾਧਿਆਂ 'ਤੇ ਕੜੀ ਨਜ਼ਰ ਰੱਖੀ ਜਾ ਰਹੀ ਹੈ। ਅਜਿਹੇ ਅਪਰਾਧਿਆਂ 'ਤੇ ਹਾਲ ਹੀ ਵਿੱਚ ਕੀਤੀ ਗਈ ਕਾਰਵਾਈ ਦੇ ਨਤੀਜੇ ਵੱਜੋਂ ਹੀ ਆਬਕਾਰੀ ਨੀਲਾਮੀ ਵਿੱਚ ਸੰਭਾਵਿਤ ਬੋਲੀਦਾਤਾਵਾਂ ਦੀ ਵੱਧ ਭਾਗੀਦਾਰੀ ਵੇਖੀ ਗਈ ਹੈ ਜਿਸ ਨਾਲ ਪਿਛਲੇ ਦੋ ਹਫ਼ਤਿਆਂ ਵਿੱਚ 125 ਤੋਂ ਵੱਧ ਜੋਨ ਦੀ ਨੀਲਾਮੀ ਟੈਕਸ 1370 ਕਰੋੜ ਰੁਪਏ ਦਾ ਮਾਲੀਆ ਪ੍ਰਾਪਤ ਹੋਇਆ ਹੈ।

## ਪਾਵਰਕਾਮ ਨੇ ਵੱਡੇ ਪੱਧਰ ਤੇ ਸ਼ੁਰੂ ਕੀਤੀ ਕਾਰਵਾਈ, ਇਨ੍ਹਾਂ ਕੁਨੈਕਸ਼ਨ ਵਾਲਿਆਂ ਦੀ ਆਈ ਸ਼ਾਮਤ

ਨਿਊ ਚੰਡੀਗੜ੍ਹ 4 ਜੁਲਾਈ। ਨਵਾਂਗਰਾਓਂ 'ਚ ਪਾਵਰਕਾਮ ਦੀਆਂ ਦੋ ਟੀਮਾਂ ਨੇ ਗ਼ੈਰ-ਕਾਨੂੰਨੀ ਬਿਜਲੀ ਕੁਨੈਕਸ਼ਨਾਂ ਖ਼?ਲਾਫ਼ ਵੱਡੀ ਕਾਰਵਾਈ ਕੀਤੀ ਹੈ। ਟੀਮਾਂ ਦੇ ਨਾਲ ਮੁੱਲਾਂਪੁਰ ਗਰਿੱਡ ਦੇ ਜੇ.ਈ. ਸੰਦੀਪ, ਹੋਰ ਬਿਜਲੀ ਮੁਲਾਜ਼ਮ ਅਤੇ ਪੁਲਸ ਮੁਲਾਜ਼ਮ ਵੀ ਸਨ। ਇਸ ਦੌਰਾਨ ਮੁਲਾਜ਼ਮਾਂ ਵੱਲੋਂ 12 ਚਲਾਨ ਕੱਟੇ ਗਏ। ਗੈਰ-ਕਾਨੂੰਨੀ ਬਿਜਲੀ ਕੁਨੈਕਸ਼ਨਾਂ ਖ਼?ਲਾਫ਼ ਕਾਰਵਾਈ ਦੇ ਹਿੱਸੇ ਵਜੋਂ ਪਾਵਰਕਾਮ ਵਿਭਾਗ ਵੱਲੋਂ ਹੇਠ ਲਿਖੇ ਕਦਮ ਚੁੱਕੇ ਜਾ ਰਹੇ ਹਨ। ਇਸ ਤਹਿਤ ਲਗਾਤਾਰ ਜਾਂਚ ਕੀਤੀ ਜਾ ਰਹੀ ਹੈ ਅਤੇ ਛਾਪੇ ਮਾਰੇ ਜਾ ਰਹੇ ਹਨ। ਕੁਝ ਮਾਮਲਿਆਂ 'ਚ ਕਾਨੂੰਨੀ ਕਾਰਵਾਈ ਵੀ ਕੀਤੀ ਜਾ ਸਕਦੀ ਹੈ। ਪਾਵਰਕਾਮ ਦੇ ਅਧਿਕਾਰੀਆਂ ਦਾ ਕਹਿਣਾ ਹੈ ਕਿ ਇਹ ਕਾਰਵਾਈ ਬਿਜਲੀ ਚੋਰੀ ਰੋਕਣ ਅਤੇ ਸਾਰੇ ਖਪਤਕਾਰਾਂ ਨੂੰ ਕਾਨੂੰਨੀ ਕੁਨੈਕਸ਼ਨ ਦੇਣ ਲਈ ਕੀਤੀ ਜਾ ਰਹੀ ਹੈ। ਜੋ ਅੱਗੇ ਵੀ ਜਾਰੀ ਰਹੇਗੀ।

# ਪੰਜਾਬ 'ਚ ਹਾਦਸੇ ਨੇ ਲੈ ਲਈਆਂ ਦੋ ਜਵਾਨ ਜ਼ਿੰਦਗੀਆਂ, ਦੋਵੇਂ ਜ਼ਿਗਰੀ ਯਾਰਾਂ ਦੇ ਇਕੱਠਿਆਂ ਮੁੱਕੇ ਸਾਹ

**ਕੌਮੀ ਪਤ੍ਰਿਕਾ**

ਗੁਰਦਾਸਪੁਰ 4 ਜੁਲਾਈ। ਅਜੋਕੇ ਸਮੇਂ 'ਚ ਵਾਪਰ ਰਹੀਆਂ ਅਣਹੋਣੀਆਂ ਕਾਰਨ ਮਾਪਿਆਂ ਦੇ ਇਕਲੌਤੇ ਪੁੱਤਰਾਂ ਦੀ ਜਾਨ ਜਾ ਰਹੀ ਹੈ। ਅਜਿਹਾ ਹੀ ਇਕ ਦਰਦਨਾਕ ਮਾਮਲਾ ਕਸਬਾ ਕਾਹਨੂੰਵਾਨ ਦੇ ਨਵਾਂ ਪਿੰਡ ਮੁਹੱਲੇ ਤੋਂ ਸਾਹਮਣੇ ਆਇਆ ਹੈ, ਜਿੱਥੇ ਪਰਿਵਾਰ ਦੇ ਇਕਲੌਤੇ ਪੁੱਤਰ ਸਮੇਤ ਦੋ ਨੌਜਵਾਨਾਂ ਦੀ ਲਵਲੀ ਯੂਨੀਵਰਸਿਟੀ ਨੇੜੇ ਇਕ ਸੜਕ ਹਾਦਸੇ 'ਚ ਮੌਤ ਹੋ ਗਈ। ਜਾਣਕਾਰੀ ਅਨੁਸਾਰ ਰੋਬਿਨ ਪ੍ਰੀਤ ਸਿੰਘ ਪੁੱਤਰ ਥਾਣੇਦਾਰ ਪਲਵਿੰਦਰ ਸਿੰਘ, ਜੋ ਜਲੰਧਰ ਦੇ ਸ਼?ਰੀਮਨ ਹਸਪਤਾਲ 'ਚ ਫਿਜ਼ੀਓਥੈਰੇਪਿਸਟ ਵਜੋਂ ਸੇਵਾਵਾਂ ਨਿਭਾ ਰਿਹਾ ਸੀ, ਨੂੰ ਮਿਲਣ ਲਈ ਉਸ ਦਾ ਦੋਸਤ ਨਿਤੀਸ਼ ਸੈਣੀ ਹਿਮਾਚਲ ਪ੍ਰਦੇਸ਼ ਤੋਂ ਜਲੰਧਰ ਆਇਆ ਸੀ। ਨਿਤੀਸ਼ ਸੈਣੀ ਪਹਿਲਾਂ ਫਗਵਾੜਾ 'ਚ ਰਹਿੰਦਾ ਸੀ। ਘਟਨਾ ਉਸ ਸਮੇਂ ਵਾਪਰੀ ਜਦੋਂ ਰੋਬਿਨ ਪ੍ਰੀਤ ਸਿੰਘ ਅਤੇ ਉਸ ਦਾ ਦੋਸਤ ਨਿਤੀਸ਼ ਫਗਵਾੜਾ ਤੋਂ ਆਪਣੇ ਇਕ ਹੋਰ ਸਾਥੀ ਸਨ। ਲਵਲੀ ਯੂਨੀਵਰਸਿਟੀ ਨੇੜੇ ਪਹੁੰਚਣ 'ਤੇ ਸੜਕ 'ਤੇ ਚੱਲ ਰਹੇ



ਦੇ ਕੱਪੜੇ ਅਤੇ ਹੋਰ ਸਾਮਾਨ ਲੈ ਕੇ ਰਾਤ 12 ਵਜੇ ਦੇ ਕਰੀਬ ਜਲੰਧਰ ਪਰਤ ਰਹੇ ਨਿਰਮਾਣ ਕਾਰਜਾਂ ਦੌਰਾਨ ਰੱਖੇ ਗਏ ਵੱਡੇ ਪੱਥਰਾਂ ਨਾਲ ਉਨ੍ਹਾਂ ਦੀ ਕਾਰ ਅਚਾਨਕ ਟਕਰਾ ਗਈ। ਟੱਕਰ ਤੋਂ ਬਾਅਦ ਕਾਰ ਨੇੜੇ ਹੀ ਲੱਗੇ ਇਕ ਵੱਡੇ ਇਸ਼ਤਿਹਾਰੀ ਬੋਰਡ ਦੇ ਖੰਭੇ ਨਾਲ ਸਿੱਧੀ ਜਾ ਟਕਰਾਈ। ਇਸ ਭਿਆਨਕ ਹਾਦਸੇ ਵਿੱਚ ਕਾਰ ਸਵਾਰ ਦੋਵੇਂ ਨੌਜਵਾਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕ ਰੋਬਿਨ ਪ੍ਰੀਤ ਸਿੰਘ ਦਾ ਅੱਜ ਉਸ ਦੇ ਜੱਦੀ ਪਿੰਡ 'ਚ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਇਸ ਮੌਕੇ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਸਿਆਸੀ ਹਸਤੀਆਂ ਤੋਂ ਇਲਾਵਾ ਵੱਡੀ ਗਿਣਤੀ 'ਚ ਲੋਕਾਂ ਨੇ ਸ਼ਿਰਕਤ ਕਰ ਕੇ ਦੁਖੀ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਹ ਖ਼ਬਰ ਹੋਰ ਵੀ ਦੁਖਦਾਈ ਹੈ ਕਿ ਰੋਬਿਨ ਪ੍ਰੀਤ ਸਿੰਘ ਆਪਣੇ ਮਾਪਿਆਂ ਦਾ ਇਕਲੌਤਾ ਪੁੱਤਰ ਸੀ। ਉਸਨੇ ਖਾਲਸਾ ਕਾਲਜ, ਅੰਮ੍ਰਿਤਸਰ ਤੋਂ ਫਿਜ਼ੀਓਥੈਰੇਪੀ ਦੀ ਡਿਗਰੀ ਪ੍ਰਾਪਤ ਕਰਨ ਤੋਂ ਬਾਅਦ ਜਲੰਧਰ ਵਿੱਚ ਨੌਕਰੀ ਸ਼ੁਰੂ ਕੀਤੀ ਸੀ। ਇਸ ਮੰਦਭਾਗੀ ਘਟਨਾ ਨੇ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਫੈਲਾ ਦਿੱਤੀ ਹੈ।

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

## ਮੇਲੇ ਬਣੇ ਚੋਰਾਂ ਲਈ ਚਾਂਦੀ, ਲਗਾਤਾਰ ਮੇਲਿਆਂ 'ਚੋਂ ਮੋਟਰਸਾਈਕਲ ਹੋ ਰਹੇ ਚੋਰੀ

ਭੁਲੱਥ 4 ਜੁਲਾਈ। ਮੇਲਿਆਂ ਵਿੱਚ ਚੋਰਾਂ ਵੱਲੋਂ ਲਗਾਤਾਰ ਚੋਰੀਆਂ ਦਾ ਸਿਲਸਿਲਾ ਬਿਨਾਂ ਪੁਲਸ ਦੇ ਡਰ ਬੇਖੌਫ਼ ਹੋ ਕੇ ਚੱਲ ਰਿਹਾ ਹੈ। ਕਸਬਾ ਭੁਲੱਥ ਵਿਖੇ ਮਿਤੀ 18 ਜੂਨ ਨੂੰ ਕਰਵਾਏ ਗਏ ਦਰਬਾਰ ਪੀਰ ਬਾਬਾ ਨੌਬਤ ਸ਼ਾਹ ਵਲੀ ਜੀ (ਥਾਣੇ ਵਾਲੇ ਬੋਹੜ ਵਾਲੇ ਬਾਬਾ ) ਜਦਕਿ 19 ਜੂਨ ਨੂੰ ਕਰਵਾਏ ਗਏ ਪੀਰ ਬਾਬਾ ਮੁਆਫ਼ੀ ਵਾਲਾ ਖੂਹ ਜੀ ਦੇ ਦਰਬਾਰ 'ਤੇ ਕਰਵਾਏ ਗਏ ਮੇਲਿਆਂ ਵਿੱਚ ਜਿੱਥੇ ਦਰਸ਼ਕਾਂ ਨੇ ਵੱਖ-ਵੱਖ ਕਲਾਕਾਰਾਂ ਦੀ ਫੰਨ ਦਾ ਕਮਾਲ ਵੇਖ ਕੇ ਅਨੰਦ ਮਾਣਦਿਆਂ ਉਨ੍ਹਾਂ ਦੇ ਚਿਹਰਿਆਂ 'ਤੇ ਖ਼ੁਸ਼ੀ ਵੇਖਣ ਨੂੰ ਆਮ ਮਿਲੀ ਪਰ ਕੁਝ ਦਰਸ਼ਕਾਂ ਦੇ ਚਿਹਰਿਆਂ 'ਤੇ ਉਦਾਸੀ ਛਾ ਗਈ ਅਤੇ ਉਨਾਂ ਦੇ ਪੈਰੋਂ ਹੇਠੋਂ ਜਮੀਨ ਖਿੱਸਕ ਗਈ, ਜਦ ਉਨ੍ਹਾਂ ਨੂੰ ਪਤਾ ਲੱਗਾ ਕਿ ਉਨ੍ਹਾਂ ਦੇ ਮੋਟਰਸਾਈਕਲ ਅਤੇ ਵ?ਹੀਕਲ ਚੋਰ ਲੈ ਗਏ। ਭਾਵੇਂ ਇਸ ਖੇਤਰ ਵਿਚ ਲਗਾਤਾਰ ਮੋਟਰ ਸਾਈਕਲ ਚੋਰੀ ਹੋਣ ਦਾ ਸਿਲਸਿਲਾ ਚੱਲ ਰਿਹਾ ਹੈ ਪਰ ਭੁਲੱਥ ਪੁਲਸ ਵੱਲੋਂ ਕਈ ਚੋਰਾਂ ਪਾਸੋਂ ਵ?ਹੀਕਲ ਬਰਾਮਦ ਵੀ ਕਰ ਰੱਖੇ ਹਨ। ਪੁਲਸ ਅਨੁਸਾਰ ਚੋਰੀ ਦੇ ਮੋਟਰਸਾਈਕਲਾਂ ਦੀ ਬਰਾਮਦਗੀ ਕਰਨ ਦੇ ਬਾਵਜੂਦ ਲੋਕ ਆਪਣੇ ਮੋਟਰਸਾਈਕਲ ਸਪੁਰਦਾਰੀ ਤੇ ਲੈਣ ਤੱਕ ਨਹੀਂ ਆਉਂਦੇ, ਜਿਸ ਕਰਕੇ ਖਰਾਬ ਹੋ ਰਹੇ ਹਨ।

# ਖੇਤਾਂ ’ਚੋਂ ਕੇਬਲਾਂ ਤੇ ਟਰਾਂਸਫਾਰਮਰਾਂ ਦੀ ਭੰਨ੍ਹ-ਤੋੜ ਕਰਨ ਵਾਲੇ ਚੋਰ ਗਿਰੋਹ ਦੇ 6 ਮੈਂਬਰ ਕਾਬੂ

**ਕੌਮੀ ਪਤ੍ਰਿਕਾ**

ਤਪਾ ਮੰਡੀ 4 ਜੁਲਾਈ। ਤਪਾ ਪੁਲਸ ਨੇ ਖੇਤਾਂ ’ਚੋਂ ਕੇਬਲਾਂ ਅਤੇ ਟਰਾਂਫਾਰਮਰਾਂ ਦੀ ਭੰਨ੍ਹ-ਤੋੜ ਕਰਨ ਵਾਲੇ ਚੋਰ ਗਿਰੋਹ ਦੇ 6 ਮੈਂਬਰਾਂ ਨੂੰ ਕਾਬੂ ਕਰ ਕੇ 17 ਕਿਲੋ ਤਾਂਬਾ ਅਤੇ ਵਾਰਦਾਤ ਸਮੇਂ ਵਰਤੇ ਗਏ ਸੰਦ ਬਰਾਮਦ ਕਰਨ ’ਚ ਸਫਲਤਾ ਹਾਸਲ ਕੀਤੀ ਹੈ। ਡੀ. ਐੱਸ. ਪੀ. ਗੁਰਬਿੰਦਰ ਸਿੰਘ ਨੇ ਥਾਣਾ ਤਪਾ ’ਚ ਸੱਦੀ ਭਰਵੀਂ ਕਾਨਫਰੰਸ ਦੌਰਾਨ ਦੱਸਿਆ ਕਿ ਐੱਸ. ਐੱਸ. ਪੀ. ਬਰਨਾਲਾ ਮੁਹੰਮਦ ਸਰਫਰਾਜ਼ ਆਲਮ, ਐੱਸ. ਪੀ. ਅਸ਼ੋਕ ਸ਼ਰਮਾ, ਐੱਸ.ਪੀ. ਰਾਜੇਸ਼ ਛਿੱਬਰ ਦੇ ਨਿਰਦੇਸ਼ਾਂ ’ਤੇ ਮੁਖਬਰ ਨੇ ਸੂਚਨਾ ਦਿੱਤੀ ਕਿ ਚੋਰਾਂ ਦਾ ਇਕ ਗਿਰੋਹ ਜੋ ਲੁੱਟਾਂ-ਖੋਹਾਂ ਅਤੇ ਖੇਤਾਂ ’ਚੋਂ ਕੇਬਲਾਂ ਵੱਢਣ ਦੀ ਯੋਜਨਾ ਬਣਾ ਰਹੇ ਹਨ ਨੂੰ ਤਾਜੋਕੇ ਰੋਡ ਸਥਿਤ ਦਾਣਾ ਮੰਡੀ ’ਚ ਬੈਠੇ ਹਨ। ਜਿਸ ’ਤੇ ਥਾਣਾ ਮੁਖੀ ਸਰੀਫ ਖਾਂ ਦੀ ਅਗਵਾਈ ’ਚ ਤਾਜੋ ਕੈਂਚੀਆਂ ਮੌਜੂਦ ਥਾਣੇਦਾਰ ਅਮਰਜੀਤ ਸਿੰਘ ਦੀ ਅਗਵਾਈ ’ਚ ਪੁਲਸ ਪਾਰਟੀ ਨੇ ਚੋਰਾਂ ਦੇ 6 ਮੈਂਬਰੀ ਗਿਰੋਹ ਨੂੰ ਮੌਕੇ ’ਤੇ ਦਬੋਚ ਲਿਆ। ਇਨ੍ਹਾਂ ਕਾਬੂ ਚੋਰਾਂ ਦੀ ਪਛਾਣ ਗੁਰਪ੍ਰੀਤ ਸਿੰਘ, ਵਿੱਕੀ ਸਿੰਘ, ਮਨਪ੍ਰੀਤ ਸਿੰਘ, ਨੈਬ ਸਿੰਘ, ਜਸਵੰਤ ਸਿੰਘ ਅਤੇ ਵਕੀਲ ਰਾਮ ਵਾਸੀਆਨ ਬਾਜ਼ੀਗਰ ਬਸਤੀ ਤਪਾ ਦੱਸਿਆ। ਗੁਰਪ੍ਰੀਤ ਸਿੰਘ ਗੁਰੀ ਇਸ ਗਿਰੋਹ ਦਾ ਮੁਖੀ ਹੈ, ਜਿਨ੍ਹਾਂ ਪਾਸੋਂ ਵਾਰਦਾਤ ਸਮੇਂ ਵਰਤਣ ਵਾਲੇ ਸੰਦ ਖਪਰਾ, ਗੰਡਾਸੇ ਅਤੇ ਡੰਡੇ ਆਦਿ ਬਰਾਮਦ ਹੋਏ



ਹਨ। ਪੁਲਸ ਨੇ ਅੱਜ ਚੋਰਾਂ ਨੂੰ ਮਾਣਯੋਗ ਅਦਾਲਤ ਬਰਨਾਲਾ ’ਚ ਪੇਸ਼ ਕਰ ਕੇ ਦੋ ਦਿਨ ਦਾ ਪੁਲਸ ਰਿਮਾਂਡ ਲਿਆ। ਰਿਮਾਂਡ ਦੌਰਾਨ ਉਕਤ ਚੋਰਾਂ ਨੇ ਮੰਨਿਆ ਕਿ ਉਨ੍ਹਾਂ ਤਪਾ, ਢਿੱਲਵਾਂ, ਘੁੰਨਸਾਂ, ਤਾਜੋਕੇ, ਮਹਿਤਾ ਆਦਿ ਖੇਤਾਂ ’ਚ ਰਾਤ ਸਮੇਂ ਕੇਬਲਾਂ ਨੂੰ ਵੱਢ ਲਿਆਉਂਦੇ ਸੀ ਅਤੇ ਉਨ੍ਹਾਂ ਨੂੰ ਅੱਗ ਲਾ ਕੇ ਤਾਂਬਾ ਕੱਢ ਕੇ ਨੇੜਲੇ ਮੰਡੀਆਂ ’ਚ ਵੇਚ ਕੇ ਨਸ਼ਾ ਪੱਤਾ ਕਰ ਲੈਂਦੇ ਸੀ। ਪੁਲਸ ਨੇ ਰਿਮਾਂਡ ਦੌਰਾਨ ਚੋਰਾਂ ਪਾਸੋਂ 50 ਮੀਟਰ ਕੇਬਲਾਂ ਦੇ ਟੋਟੇ ਅਤੇ 17 ਕਿਲੋ ਤਾਂਬਾ ਬਰਾਮਦ ਕੀਤਾ ਗਿਆ ਹੈ। ਤਪਾ ਪੁਲਸ ਨੇ ਚੋਰਾਂ ਖਿਲਾਫ ਮਾਮਲਾ ਦਰਜ ਕਰ ਕੇ ਪੁੱਛ-ਗਿੱਛ ਸ਼ੁਰੂ ਕਰ ਦਿੱਤੀ ਹੈ, ਇਨ੍ਹਾਂ ਚੋਰਾਂ ਪਾਸੋਂ ਹੋਰ ਵੱਡੇ ਖੁਲਾਸੇ ਹੋਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ। ਥਾਣਾ ਮੁਖੀ ਸਰੀਫ ਖਾਂ ਅਤੇ ਟੀਮ ਵੱਲੋਂ ਸਮਾਜ ਵਿਰੋਧੀ ਅਨਸਰਾਂ, ਨਸ਼ਾ ਸਮੱਗਲਰਾਂ ਅਤੇ ਸਦਰ ਬਾਜ਼ਾਰਤੇ ਅੰਦਰਲੇ ਬੱਸ ਸਟੈਂਡ ’ਤੇ ਦੁਕਾਨਦਾਰਾਂ ਵੱਲੋਂ ਦੁਕਾਨਾਂ ਅੱਗੇ ਰੱਖ ਕੇ ਕੀਤੇ ਨਾਜਾਇਜ਼ ਕਬਜ਼ੇ ਹਟਾਉਣ ਦੀ ਚਲਾਈ ਮੁਹਿੰਮ ਦੀ ਇਲਾਕੇ ’ਚ ਖੂਬ ਪ੍ਰਸ਼ੰਸਾ ਹੋ ਰਹੀ ਹੈ। ਇਸ ਮੌਕੇ ਚੌਕੀ ਇੰਚਾਰਜ ਬਲਜੀਤ ਸਿੰਘ ਢਿੱਲੋਂ, ਥਾਣੇਦਾਰ ਅਮਰਜੀਤ ਸਿੰਘ, ਰੀਡਰ ਡੀ. ਐੱਸ. ਪੀ. ਮਲਕੀਤ ਸਿੰਘ, ਥਾਣੇਦਾਰ ਨਿਰਮਲ ਸਿੰਘ, ਮੁੱਖ ਮੁਨਸੀ ਦਵਿੰਦਰ ਸਿੰਘ, ਹੌਲਦਾਰ ਰਮਨਦੀਪ ਸਿੰਘ, ਜਗਦੀਪ ਸਿੰਘ, ਗੁਰਮੀਤ ਸਿੰਘ, ਅਰਸ਼ਦੀਪ ਸਿੰਘ, ਕਰਮਜੀਤ ਸਿੰਘ ਆਦਿ ਪੁਲਸ ਮੁਲਾਜ਼ਮ ਹਾਜ਼ਰ ਸਨ।

## ’ਯੁੱਧ ਨਸ਼ਿਆਂ ਵਿਰੁੱਧ’ ਤਹਿਤ 120ਵੇਂ ਦਿਨ 114 ਨਸ਼ਾ ਸਮੱਗਲਰ ਗ੍ਰਿਫ਼ਤਾਰ

ਚੰਡੀਗੜ੍ਹ/ਜਲੰਧਰ 4 ਜੁਲਾਈ। ’ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਦੇ 120ਵੇਂ ਦਿਨ ਪੰਜਾਬ ਪੁਲਸ ਨੇ ਐਤਵਾਰ ਨੂੰ 114 ਨਸ਼ਾ ਸਮੱਗਲਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ’ਚੋਂ 4.1 ਕਿੱਲੋ ਹੈਰੋਇਨ ਅਤੇ 9.6 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਹੁਣ ਤੱਕ ਗ੍ਰਿਫ਼ਤਾਰ ਕੀਤੇ ਗਏ ਕੁੱਲ੍ਹ ਨਸ਼ਾ ਸਮੱਗਲਰਾਂ ਦੀ ਗਿਣਤੀ 19,735 ਹੋ ਗਈ ਹੈ। ਸਪੈਸ਼ਲ ਡੀ. ਜੀ. ਪੀ. ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 85 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1100 ਤੋਂ ਵੱਧ ਪੁਲਸ ਕਰਮਚਾਰੀਆਂ



ਦੀ ਸ਼ਮੂਲੀਅਤ ਵਾਲੀਆਂ 180 ਤੋਂ ਵੱਧ ਪੁਲਸ ਟੀਮਾਂ ਨੇ ਸੂਬੇ ਭਰ ’ਚ 367 ਥਾਵਾਂ ’ਤੇ ਛਾਪੇਮਾਰੀ ਕੀਤੀ ਅਤੇ 77 ਐੱਫ਼. ਆਈ. ਆਰਜ਼ ਦਰਜ ਕੀਤੀਆਂ। ਆਪ੍ਰੇਸ਼ਨ ਦੌਰਾਨ 399 ਸ਼ੱਕੀ ਵਿਅਕਤੀਆਂ ਦੀ ਜਾਂਚ ਕੀਤੀ ਗਈ ਅਤੇ 54 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ-ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ ਗਿਆ। ਇਸ ਦੇ ਨਾਲ ਹੀ ਪੁਲਸ ਟੀਮਾਂ ਵੱਲੋਂ ਐਤਵਾਰ ਨੂੰ ਕਮਿਸ਼ਨਰੇਟ ਜਲੰਧਰ, ਹੁਸ਼ਿਆਰਪੁਰ, ਐੱਸ. ਬੀ. ਐੱਸ. ਨਗਰ, ਜਲੰਧਰ ਦਿਹਾਤੀ, ਕਪੂਰਥਲਾ ਅਤੇ ਰੂਪਨਗਰ ਸਮੇਤ 6 ਜ਼ਿਲ੍ਹਿਆਂ ’ਚ 332 ਦਵਾਈਆਂ ਦੀਆਂ ਦੁਕਾਨਾਂ (ਮੈਡੀਕਲਾਂ) ਦੀ ਜਾਂਚ ਵੀ ਕੀਤੀ ਗਈ ਤਾਂ ਜੋ ਇਹ ਪਤਾ ਲਾਇਆ ਜਾ ਸਕੇ ਕਿ ਉਨ੍ਹਾਂ ਵੱਲੋਂ ਕਿਤੇ ਕੋਈ ਨਸ਼ੀਲੀਆਂ ਗੋਲ?ਆਂ ਜਾਂ ਹੋਰ ਆਦਤ ਪਾਉਣ ਵਾਲੀਆਂ ਦਵਾਈਆਂ ਤਾਂ ਨਹੀਂ ਵੇਚੀਆਂ ਜਾ ਰਹੀਆਂ ਤੇ ਉਹ ਦਵਾਈਆਂ ਦੀ ਵਿਕਰੀ ਸਬੰਧੀ ਨਿਰਧਾਰਤ ਨਿਯਮਾਂ ਦੀ ਪਾਲਣਾ ਕਰ ਰਹੀਆਂ ਹਨ ਜਾਂ ਨਹੀਂ।

## ਫਿਰੋਜ਼ਪੁਰ ਜੇਲ ’ਚੋਂ 6 ਮੋਬਾਈਲ, ਬੀੜੀਆਂ ਅਤੇ ਜਰਦੇ ਦੀਆਂ ਪੁੜੀਆਂ ਬਰਾਮਦ, 9 ਖ਼ਿਲਾਫ ਕੇਸ ਦਰਜ

ਫਿਰੋਜ਼ਪੁਰ 4 ਜੁਲਾਈ। ਸ਼ਰਾਰਤੀ ਅਨਸਰਾਂ ਵੱਲੋਂ ਫਿਰੋਜ਼ਪੁਰ ਦੀ ਕੇਂਦਰੀ ਜੇਲ ਦੇ ਬਾਹਰੋਂ ਕਾਫੀ ਸਮੇਂ ਤੋਂ ਪੈਕੇਟਾਂ ਵਿਚ ਲਪੇਟ ਕੇ ਮੋਬਾਈਲ ਫੋਨ ਅਤੇ ਨਸ਼ੀਲੇ ਪਦਾਰਥ ਸੁੱਟੇ ਜਾ ਰਹੇ ਸਨ, ਜੋ ਸਮੇਂ-ਸਮੇਂ ’ਤੇ ਜੇਲ੍ਹ ਪ੍ਰਸ਼ਾਸਨ ਵੱਲੋਂ ਜ਼ਬਤ ਕੀਤੇ ਗਏ ਹਨ। ਹੁਣ ਫਿਰ ਤਲਾਸ਼ੀ ਮੁਹਿੰਮ ਦੌਰਾਨ ਫਿਰੋਜ਼ਪੁਰ ਜੇਲ ਵਿਚੋਂ 6 ਮੋਬਾਈਲ, ਬੀੜੀਆਂ ਅਤੇ ਜਰਦੇ ਦੀਆਂ ਪੁੜੀਆਂ ਬਰਾਮਦ ਹੋਈਆਂ ਹਨ, ਜੋ ਸ਼ਰਾਰਤੀ ਅਨਸਰਾਂ ਵੱਲੋ ਬਾਹਰੋਂ ਜੇਲ ਅੰਦਰ ਸੁੱਟੇ ਗਏ ਹਨ। ਇਸ




ਇਤਰਾਜ਼ਯੋਗ ਸਮਾਨ ਲੈ ਕੇ ਜੇਲ ਅਧਿਕਾਰੀਆਂ ਵੱਲੋਂ ਭੇਜੀ ਗਈ ਲਿਖਤੀ ਸੂਚਨਾ ਦੇ ਆਧਾਰ ”ਤੇ ਥਾਣਾ ਸਿਟੀ ਫਿਰੋਜ਼ਪੁਰ ਦੀ ਪੁਲਸ ਨੇ ਅਣਪਛਾਤੇ ਵਿਅਕਤੀ ਸਮੇਤ 9 ਹਵਾਲਾਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਏਐੱਸਆਈ ਗੁਰਦੀਪ ਸਿੰਘ ਨੇ ਦੱਸਿਆ ਕਿ ਫਿਰੋਜ਼ਪੁਰ ਜੇਲ ਦੇ ਸਹਾਇਕ ਸੁਪਰਡੈਂਟ ਵੱਲੋਂ ਪੁਲਸ ਨੂੰ ਭੇਜੀ ਸ਼ਿਕਾਇਤ ਵਿਚ ਦੱਸਿਆ ਗਿਆ ਹੈ ਕਿ ਤਲਾਸ਼ੀ ਦੌਰਾਨ ਅਮਰਜੀਤ ਸਿੰਘ, ਸੁਖਦੇਵ ਸਿੰਘ ਉਰਫ਼ ਸੁੱਖਾ, ਲਵਪ੍ਰੀਤ ਸਿੰਘ ਪੁੱਤਰ ਹਰਜੀਤ ਸਿੰਘ, ਪਰਮਿੰਦਰ ਸਿੰਘ ਪੁੱਤਰ ਸ਼ਮਸ਼ੇਰ ਸਿੰਘ, ਰਾਜਵਿੰਦਰ ਸਿੰਘ ਉਰਫ਼ ਫਤਿਹ, ਸੁਖਦੀਪ ਸਿੰਘ ਅਤੇ ਜਾਫਰ, ਸੋਨੂੰ ਪੁੱਤਰ ਸੱਤਾ ਤੋਂ 6 ਮੋਬਾਈਲ, 6 ਬੀੜੀਆਂ ਅਤੇ ਤੰਬਾਕੂ ਜਰਦਾ ਦੀਆਂ ਪੁੜੀਆਂ ਬਰਾਮਦ ਹੋਈਆਂ ਹਨ।

## ਗੈਂਗਵਾਰ ਮਗਰੋਂ ਫੜੇ ਗਏ ਗੈਂਗਸਟਰ ਨੇ ਪੁਲਸ ’ਤੇ ਕਰ’ਤੀ ਫ਼ਾਇਰਿੰਗ !

ਖੰਨਾ 4 ਜੁਲਾਈ। ਲੁਧਿਆਣਾ ਦੇ ਵੱਡੇ ਗੈਂਗਸਟਰਾਂ ‘ਚ ਸ਼ਾਮਲ ਗਗਨਦੀਪ ਸਿੰਘ ਉਰਫ ਗੈਰੀ ਲਲਤੋਂ ਉਰਫ ਰਾਵਣ ਪੁਲਸ ਮੁਕਾਬਲੇ ਵਿਚ ਜ਼ਖ਼ਮੀ ਹੋ ਗਿਆ। ਗੈਰੀ ਨੇ ਪੁਲਸ ‘ਤੇ ਗੋਲ?ੀ ਚਲਾਈ, ਜਿਸ ਦੇ ਜਵਾਬ ਵਿਚ ਸਿਟੀ ਥਾਣਾ-2 ਦੇ ਤਰਵਿੰਦਰ ਬੇਦੀ ਨੇ ਫਾਇਰ ਕਰਕੇ ਉਸ ਦੀ ਲੱਤ ‘ਚ ਗੋਲ?ੀ ਮਾਰੀ। ਘਟਨਾ ਤੋਂ ਬਾਅਦ ਗੈਰੀ ਨੂੰ ਕਾਬੂ ਕਰਕੇ ਸਿਵਲ ਹਸਪਤਾਲ ‘ਚ ਦਾਖ਼ਲ ਕਰਵਾਇਆ ਗਿਆ, ਜਿੱਥੇ ਉਸ ਦਾ ਇਲਾਜ ਚੱਲ ਰਿਹਾ ਹੈ। ਉੱਥੇ ਹੀ ਇਸ ਦੌਰਾਨ ਤਰਵਿੰਦਰ ਬੇਦੀ ਵੀ ਜ਼ਖ਼ਮੀ ਹੋ ਗਏ ਹਨ ਤੇ ਉਹ ਹਸਪਤਾਲ ਵਿਚ ਜ਼ੇਰੇ ਇਲਾਜ ਹਨ। ਇਹ ਕਾਰਵਾਈ ਸੀ.ਆਈ.ਏ. ਸਟਾਫ ਅਤੇ ਸਿਟੀ ਥਾਣਾ 2 ਦੀ ਟੀਮ ਵੱਲੋਂ ਮਿਲ ਕੇ ਕੀਤੀ ਗਈ। ਪੁਲਸ ਨੇ ਦੱਸਿਆ ਕਿ ਗੈਰੀ ਉਨ੍ਹਾਂ ਮੁਲਜ਼ਮਾਂ ਵਿਚੋਂ ਇਕ ਸੀ, ਜੋ 15 ਜੂਨ ਨੂੰ ਗ੍ਰੀਨਲੈਂਡ ਹੋਟਲ ਨੇੜੇ ਹੋਈ ਗੈਂਗਵਾਰ ਦੀ ਘਟਨਾ ਵਿਚ ਸ਼ਾਮਲ ਸੀ। ਇਹ ਗੈਂਗਵਾਰ ਗੈਰੀ ਲਲਤੋਂ ਅਤੇ ਸੁਖਵੀਰ ਭੂਚੀ ਗੈਂਗ ਦੇ ਵਿਚਕਾਰ ਇਕ ਕੁੜੀ ਨਾਲ ਦੋਸਤੀ ਨੂੰ ਲੈ ਕੇ ਹੋਇਆ ਸੀ। ਇਸ ਮਾਮਲੇ ‘ਚ ਗੈਰੀ ਲਲਤੋਂ ਸਮੇਤ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਸੀ। ਪੁਲਸ ਦੀ ਜਾਂਚ ਦੌਰਾਨ ਗੈਰੀ ਨੇ ਕਬੂਲਿਆ ਕਿ ਉਸ ਨੇ ਭੱਟੀਆਂ ਇਲਾਕੇ ਦੀ ਰੇਲਵੇ ਲਾਈਨ ਨੇੜੇ ਇਕ ਪਿਸਤੌਲ ਲੁਕਾਇਆ ਸੀ। ਜਿਸ ਤੋਂ ਬਾਅਦ ਪੁਲਿਸ ਨੇ ਉਸਨੂੰ ਹਥਿਆਰ ਬਰਾਮਦ ਕਰਨ ਲਈ ਉੱਥੇ ਲਿਜਾਇਆ। ਪਰ ਜਦ ਉਹ ਥਾਂ ’ਤੇ ਪਹੁੰਚੇ, ਤਾਂ ਗੈਰੀ ਨੇ ਅਚਾਨਕ ਦਰੱਖਤਾਂ ਵਿਚੋਂ ਪਿਸਤੌਲ ਕੱਢ ਕੇ ਪੁਲਿਸ ’ਤੇ ਗੋਲੀ ਚਲਾਈ। ਉਸ ਦੀ ਗੋਲੀ ਇਕ ਦਰੱਖਤ ਚ ਲੱਗੀ। ਜਵਾਬ ਵਿੱਚ ਐੱਸ.ਐੱਚ.ਓ. ਤਰਵਿੰਦਰ ਬੇਦੀ ਨੇ ਗੈਰੀ ਦੀ ਲੱਤ ’ਚ ਗੋਲੀ ਮਾਰੀ ਤੇ ਉਸ ਨੂੰ ਕਾਬੂ ਕਰ ਲਿਆ ਗਿਆ। ਜ਼ਿਲ੍ਹਾ ਪੁਲਸ ਮੁਖੀ ਐੱਸ.ਐੱਸ.ਪੀ. ਡਾ. ਜੋਤੀ ਯਾਦਵ ਨੇ ਦੱਸਿਆ ਕਿ ਗੈਰੀ ਲਲਤੋਂ ਖ਼ਤਰਨਾਕ ਅਤੇ ਬਦਨਾਮ ਗੈਂਗਸਟਰ ਹੈ, ਜੋ ਕਈ ਗੰਭੀਰ ਅਪਰਾਧਿਕ ਮਾਮਲਿਆਂ ‘ਚ ਸ਼ਾਮਲ ਰਿਹਾ ਹੈ। ਉਸ ਨੇ ਹਥਿਆਰ ਦੀ ਬਰਾਮਦਗੀ ਵੇਲੇ ਪੁਲਸ ਪਾਰਟੀ ’ਤੇ ਫ਼ਾਇਰਿੰਗ ਕੀਤੀ, ਜਿਸ ’ਤੇ ਪੁਲਸ ਵੱਲੋਂ ਵੀ ਜਵਾਬੀ ਕਾਰਵਾਈ ਕੀਤੀ ਗਈ।

## ਸਰਕਾਰੀ ਸਕੂਲ ’ਚ ਅੰਮ੍ਰਿਤਧਾਰੀ ਵਿਦਿਆਰਥਣ ਨੂੰ ਕਿਰਪਾਨ ਧਾਰਨ ਕਰਨ ਤੋਂ ਰੋਕਿਆ

ਨਵੀਂ ਦਿੱਲੀ 4 ਜੁਲਾਈ। ਦਿੱਲੀ ਦੇ ਸਰਕਾਰੀ ਸਕੂਲ ਵਿਚ ਇਕ ਸਿੱਖ ਵਿਦਿਆਰਥਣ ਨੂੰ ਕਿਰਪਾਨ ਧਾਰਨ ਕਰਨ ਤੋਂ ਰੋਕਿਆ ਗਿਆ। ਉਕਤ ਵਿਦਿਆਰਥਣ 11ਵੀਂ ਜਮਾਤ ’ਚ ਪੜ੍ਹਦੀ ਹੈ। ਸਕੂਲ ਵਲੋਂ ਕਿਹਾ ਗਿਆ ਹੈ ਕਿ ਛੋਟੀ ਕਿਰਪਾਨ ਪਹਿਨੋ ਜਾਂ ਸਕੂਲ ਸਮੇਂ ਇਸ ਕਿਰਪਾਨ ਨਾ ਪਹਿਨੋ। ਇਹ ਮਾਮਲਾ ਦਿੱਲੀ ਸਰਕਾਰ ਵਿਚ ਸਰਵੋਦਿਆ ਗਰਲਜ਼ ਸਕੂਲ ਦਾ ਹੈ। ਦਰਅਸਲ ਗਰਮੀਆਂ ਦੀਆਂ ਛੁੱਟੀਆਂ ਵਿਚ ਬੱਚਿਆਂ ਨੂੰ ਅੰਮ੍ਰਿਤ ਛਕਾਇਆ ਗਿਆ ਸੀ। ਗਰਮੀਆਂ ਦੀਆਂ ਛੁੱਟੀਆਂ ਮਗਰੋਂ ਜਦੋਂ ਸਕੂਲ ਖੁੱਲ੍ਹੇ ਤਾਂ ਸਿੱਖ ਵਿਦਿਆਰਥਣ ਸਕੂਲ ਪਹੁੰਚੀ ਤਾਂ ਉਸ ਦੀ ਜਮਾਤ ਦੀ ਟੀਚਰ ਨੇ ਕਿਹਾ ਕਿ ਕਿਰਪਾਨ ਛੋਟੀ ਪਹਿਨੋ ਜਾਂ ਫਿਰ ਸਕੂਲ ਦੇ ਸਮੇਂ ਕਿਰਪਾਨ ਨਾ ਪਹਿਨੋ। ਵਿਦਿਆਰਥਣ ਨੇ ਦੱਸਿਆ ਕਿ ਸਕੂਲ ਦੀ ਪ੍ਰਿੰਸੀਪਲ ਵਲੋਂ ਕਿਰਪਾਨ ਵਿਖਾਉਣ ਲਈ ਵੀ ਕਿਹਾ ਗਿਆ। ਜਦੋਂ ਇਹ ਮਾਮਲਾ ਸਿੱਖ ਸੰਗਤ ਕੋਲ ਪਹੁੰਚਿਆ ਤਾਂ ਉਨ੍ਹਾਂ ਨੇ ਪ੍ਰਿੰਸੀਪਲ ਨਾਲ ਗੱਲਬਾਤ ਕੀਤੀ, ਜਿਸ ਤੋਂ ਬਾਅਦ ਪ੍ਰਿੰਸੀਪਲ ਵਲੋਂ ਕਿਹਾ ਗਿਆ ਕਿ ਸਾਨੂੰ ਇਸ ਦੀ ਜਾਣਕਾਰੀ ਨਹੀਂ ਸੀ ਪਰ ਹੁਣ ਉਹ ਕਿਰਪਾਨ ਪਹਿਨ ਕੇ ਆ ਸਕਦੀ ਹੈ। ਦੱਸ ਦੇਈਏ ਕਿ ਸਿੱਖ ਧਰਮ ਵਿਚ ਕਿਰਪਾਨ ਇਕ ਧਾਰਮਿਕ ਚਿੰਨ੍ਹ ਹੈ, ਜਿਸਨੂੰ ’ਕੰਕਾਰ’ ਕਿਹਾ ਜਾਂਦਾ ਹੈ, ਅਤੇ ਇਸ ਨੂੰ ਪਹਿਨਣਾ ਲਾਜ਼ਮੀ ਮੰਨਿਆ ਜਾਂਦਾ ਹੈ।

## ਵਿਆਹ ਤੋਂ ਐਨ ਪਹਿਲਾਂ ਲਾੜੇ ਦਾ ਕਤਲ ! ਹੋਸ਼ ਉਡਾ ਦੇਵੇਗਾ ਪੂਰਾ ਮਾਮਲਾ

ਨੈਸ਼ਨਲ ਡੈਸਕ 4 ਜੁਲਾਈ। ਬਿਹਾਰ ਤੋਂ ਇਕ ਬੇਹੱਦ ਸਨਸਨੀਖੇਜ਼ ਖ਼ਬਰ ਸਾਹਮਣੇ ਆਈ ਹੈ, ਜਿੱਥੇ ਵਿਆਹ ਤੋਂ ਕੁਝ ਘੰਟੇ ਪਹਿਲਾਂ ਹੀ ਇਕ ਨੌਜਵਾਨ ਨੂੰ ਉਸ ਦੀ ਹੀ ਚਾਚੀ ਨੇ ਕੋਲਡ ਡ੍ਰਿੰਕ ’ਚ ਜ਼ਹਿਰ ਮਿਲਾ ਕੇ ਮੌਤ ਦੇ ਘਾਟ ਉਤਾਰ ਦਿੱਤਾ। ਉਕਤ ਮਾਮਲਾ ਸਮਸਤੀਪੁਰ ਜ਼ਿਲ੍ਹੇ ਦੇ ਉਜਿਆਰਪੁਰ ਥਾਣਾ ਇਲਾਕੇ ਅਧੀਨ ਆਉਂਦੇ ਪਿੰਡ ਬਲਭਦਰਪੁਰ ਦਾ ਹੈ, ਜਿੱਥੇ ਅਲੀ ਹੁਸੈਨ ਦਾ ਅੱਜ ਸ਼ਾਮ 5 ਵਜੇ ਵਿਆਹ ਹੋਣਾ ਸੀ। ਉਸ ਦੇ ਪਿਤਾ ਮੁਹੰਮਦ ਨੇ ਦੱਸਿਆ ਕਿ ਅਲੀ ਹੁਸੈਨ ਆਪਣੀ ਚਾਚੀ ਦੀ ਭਾਣਜੀ ਨਾਲ ਪਿਆਰ ਕਰਦਾ ਸੀ ਤੇ ਪਤਾ ਲੱਗਣ ਮਗਰੋਂ ਦੋਵਾਂ ਪਰਿਵਾਰਾਂ ਨੇ ਉਨ੍ਹਾਂ ਦਾ ਨਿਕਾਹ ਕਰਵਾਉਣ ਦਾ ਫ਼ੈਸਲਾ ਕੀਤਾ। ਪਰ ਉਸ ਦੀ ਚਾਚੀ ਇਸ ਰਿਸ਼ਤੇ ਦੇ ਖ਼?ਲਾਫ਼ ਸੀ, ਜਿਸ ਕਾਰਨ ਉਸ ਨੇ ਅਲੀ ਨੂੰ ਕਿਸੇ ਬਹਾਨੇ ਆਪਣੇ ਘਰ ਬੁਲਾ ਕੇ ਉਸ ਨੂੰ ਕੋਲਡ ਡ੍ਰਿੰਕ ’ਚ ਮਿਲਾ ਕੇ ਜ਼ਹਿਰ ਪਿਲਾ ਦਿੱਤਾ ਤੇ ਉਸ ਨੂੰ ਵਿਆਹ ਤੋਂ ਕੁਝ ਘੰਟੇ ਪਹਿਲਾਂ ਹੀ ਮੌਤ ਦੇ ਘਾਟ ਉਤਾਰ ਦਿੱਤਾ। ਮਾਮਲੇ ਦੀ ਜਾਣਕਾਰੀ ਮਿਲਦਿਆਂ ਹੀ ਪੁਲਸ ਟੀਮ ਮੌਕੇ ’ਤੇ ਪਹੁੰਚ ਗਈ ਜਾ ਕੇ ਲਾਸ਼ ਨੂੰ ਕਬਜ਼ੇ ’ਚ ਲਿਆ ਤੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ।

# ਜਾਅਲੀ ਦਸਤਾਵੇਜ਼ਾਂ ਰਾਹੀਂ ਤਸਕਰਾਂ ਦੀਆਂ ਜ਼ਮਾਨਤਾਂ ਕਰਵਾਉਣ ਵਾਲਾ ਗਿਰੋਹ ਬੇਨਕਾਬ, 8 ਗ੍ਰਿਫ਼ਤਾਰ

**ਕੌਮੀ ਪਤ੍ਰਿਕਾ**

ਸੰਗਰੂਰ 4 ਜੁਲਾਈ। ਜ਼ਿਲ੍ਹਾ ਪੁਲਸ ਸੰਗਰੂਰ ਨੇ ਐੱਸ.ਐੱਸ.ਪੀ. ਸਰਤਾਜ ਸਿੰਘ ਚਾਹਲ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਵੱਡੀ ਸਫਲਤਾ ਹਾਸਲ ਕਰਦਿਆਂ ਇਕ ਅੰਤਰ-ਜ਼ਿਲ੍ਹਾ ਗਿਰੋਹ ਨੂੰ ਬੇਨਕਾਬ ਕੀਤਾ ਹੈ, ਜੋ ਜਾਅਲੀ ਦਸਤਾਵੇਜ਼ ਤਿਆਰ ਕਰਕੇ ਨਸ਼ਾ ਤਸਕਰਾਂ ਦੀਆਂ ਜ਼ਮਾਨਤਾਂ ਕਰਵਾ ਰਿਹਾ ਸੀ। ਪੁਲਸ ਨੇ ਗਿਰੋਹ ਦੇ 8 ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ ਜਾਅਲੀ ਦਸਤਾਵੇਜ਼, ਕੰਪਿਊਟਰ, ਕਲਰ ਪ੍ਰਿੰਟਰ, ਲੈਮੀਨੇਟ ਮਸ਼ੀਨ ਅਤੇ ਮੋਬਾਇਲ ਫੋਨ ਬਰਾਮਦ ਕੀਤੇ ਹਨ। ਐੱਸ. ਪੀ. ਐੱਚ. ਦਿਲਪ੍ਰੀਤ ਸਿੰਘ ਨੇ ਦੱਸਿਆ ਕਿ ਥਾਣਾ ਸਿਟੀ-1 ਸੰਗਰੂਰ ਦੀ ਪੁਲਸ ਨੂੰ ਇਤਲਾਹ ਮਿਲੀ ਕਿ ਰਾਜਵੀਰ ਸਿੰਘ, ਹਰਦੀਪ ਸਿੰਘ ਅਤੇ ਸੁਖਦੀਪ ਸਿੰਘ ਉਰਫ ਬਿੱਲਾ ਵਕੀਲਾਂ ਜਾਂ ਉਨ੍ਹਾਂ ਦੇ ਮੁਨਸ਼ੀਆਂ ਨਾਲ ਮਿਲ ਕੇ ਨਸ਼ਾ ਤਸਕਰਾਂ ਵਲੋਂ ਰਕਮ ਲੈ ਕੇ ਜਾਅਲੀ ਦਸਤਾਵੇਜ਼ਾਂ ਦੇ ਅਧਾਰ ’ਤੇ ਜ਼ਮਾਨਤਾਂ ਕਰਵਾਉਂਦੇ ਹਨ। ਇਸ ਸੂਚਨਾ ਦੇ ਅਧਾਰ ’ਤੇ 24 ਜੂਨ ਨੂੰ ਕੇਸ ਨੰਬਰ 112 ਅਧੀਨ 2023 ਦੀਆਂ ਵੱਖ-ਵੱਖ ਧਾਰਾਵਾਂ ਹੇਠ ਮਾਮਲਾ ਦਰਜ ਕੀਤਾ ਗਿਆ। ਤਫਤੀਸ਼ ਦੌਰਾਨ ਰਾਜਵੀਰ ਅਤੇ ਹਰਦੀਪ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ ਜਾਅਲੀ ਆਧਾਰ ਕਾਰਡ ਅਤੇ ਜ਼ਮਾਨਤੀ ਡਾਕੂਮੈਂਟ ਬਰਾਮਦ ਹੋਏ। ਉਨ੍ਹਾਂ ਦੀ ਪੁੱਛਗਿੱਛ ’ਚੋਂ ਹੋਰ ਦੋਸ਼ੀਆਂ ਬਲਜੀਤ ਸਿੰਘ ਉਰਫ ਗਿਰੀ, ਸੁਰਜੀਤ ਸਿੰਘ (ਖੰਨਾ), ਮਨਜਿੰਦਰ ਸਿੰਘ, ਗੁਰਦੀਪ ਸਿੰਘ ਉਰਫ ਨੰਬਰਦਾਰ, ਮੋਹਿਤ ਕੁਮਾਰ ਉਰਫ ਮੋਤੀ ਅਤੇ ਮਨਪ੍ਰੀਤ ਸਿੰਘ ਉਰਫ ਸਨੀ ਦੇ ਨਾਂ ਸਾਹਮਣੇ ਆਏ। 26 ਜੂਨ ਨੂੰ ਇਨ੍ਹਾਂ ਵਿਚੋਂ ਮੋਹਿਤ, ਮਨਪ੍ਰੀਤ ਅਤੇ ਬਲਜੀਤ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ ਸੀ.ਪੀ.ਯੂ, ਕੀ-ਬੋਰਡ, ਮਾਊਸ, ਕਲਰਡ ਪ੍ਰਿੰਟਰ ਅਤੇ ਲੈਮੀਨੇਟ ਮਸ਼ੀਨ ਵੀ ਬਰਾਮਦ ਕੀਤੀ ਗਈ। 27 ਜੂਨ ਨੂੰ ਪੁਲਸ ਨੇ ਸੁਰਜੀਤ, ਮਨਜਿੰਦਰ ਅਤੇ ਗੁਰਦੀਪ ਨੂੰ ਜੋ ਜੇਲ ਵਿਚ ਸਨ, ਮਾਣਯੋਗ ਅਦਾਲਤ ਤੋਂ ਪ੍ਰੋਡਕਸ਼ਨ ਵਰੰਟ ਲੈ ਕੇ ਗ੍ਰਿਫ਼ਤਾਰ ਕੀਤਾ। ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਦੋਸ਼ੀ ਸੁਰਜੀਤ ਸਿੰਘ, ਜੇਲ ਜਾਣ ਤੋਂ ਪਹਿਲਾਂ, ਆਪਣੇ ਲੈਪਟਾਪ ਰਾਹੀਂ ਜਾਅਲੀ ਆਧਾਰ ਕਾਰਡ ਅਤੇ ਜ਼ਮਾਨਤੀ ਡਾਕੂਮੈਂਟ ਤਿਆਰ ਕਰਕੇ ਵਟਸਐਪ ਰਾਹੀਂ ਦੋਸ਼ੀਆਂ ਤੱਕ ਪਹੁੰਚਾਉਂਦਾ ਸੀ। ਇਹ ਦਸਤਾਵੇਜ਼ ਕਲਰਡ ਪ੍ਰਿੰਟ ਕਰਵਾ ਕੇ ਅਦਾਲਤਾਂ ਵਿਚ ਪੇਸ਼ ਕੀਤੇ ਜਾਂਦੇ ਸਨ। ਇਸ ਗਿਰੋਹ ਵੱਲੋਂ ਸੰਗਰੂਰ, ਧੂਰੀ, ਖੰਨਾ, ਫਤਹਿਗੜ੍ਹ ਸਾਹਿਬ ਅਤੇ ਪਟਿਆਲਾ ਦੀਆਂ ਅਦਾਲਤਾਂ ਵਿਚ ਲਗਭਗ 40 ਜ਼ਮਾਨਤਾਂ ਕਰਵਾਈਆਂ ਗਈਆਂ ਹਨ, ਜਿਨ੍ਹਾਂ ਵਿਚੋਂ 4 ਕੇਸ ਸਿਟੀ-1 ਸੰਗਰੂਰ ਨਾਲ ਸੰਬੰਧਤ ਹਨ। ਦੋਸ਼ੀਆਂ ਦੀ ਪੁੱਛਗਿੱਛ ਜਾਰੀ ਹੈ ਅਤੇ ਹੋਰ ਵੱਡੇ ਖੁਲਾਸਿਆਂ ਦੀ ਉਮੀਦ ਜਤਾਈ ਜਾ ਰਹੀ ਹੈ। ਇਹ ਕਾਰਵਾਈ ਸੰਗਰੂਰ ਪੁਲਸ ਦੀ ਨਸ਼ਿਆਂ ਵਿਰੁੱਧ ਜ਼ੋਰਦਾਰ ਮੁਹਿੰਮ ਦੀ ਇਕ ਮਹੱਤਵਪੂਰਣ ਕੜੀ ਹੈ, ਜੋ ਸਿਰਫ਼ ਨਸ਼ਾ ਤਸਕਰਾਂ ਨੂੰ ਹੀ ਨਹੀਂ, ਸਗੋਂ ਉਨ੍ਹਾਂ ਦੀ ਮਦਦ ਕਰ ਰਹੇ ਨਕਲੀ ਕਾਨੂੰਨੀ ਜਾਲ ਨੂੰ ਵੀ ਉਜਾਗਰ ਕਰਦੀ ਹੈ।

**ਉੱਤਰ ਰੇਲਵੇ**

**ਰੁਚੀ ਦੀ ਅਭਿਵਿਅਕਤ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਮੁੱਖ ਕਾਰਖਾਨਾ ਪ੍ਰਬੰਧਕ, ਰੇਲ ਕੋਚ ਨਵੀਨੀਕਰਣ ਕਾਰਖਾਨਾ, ਸੋਨੀਪਤ, ਦੇ ਲਈ “ਵੰਦੇ ਭਾਰਤ ਐਕਸਪ੍ਰੈਸ ਟ੍ਰੇਨ ਸੇਟਾਂ ਦਾ ਪੂਰਾ ਰੱਖ-ਰੱਖਾਵ ਅਨੁਬੰਧ (Comprehensive Maintenance Contract of Vande Bharat Express Train Sets)” ਕਰਨ ਦੇ ਲਈ ਰੁਚੀ ਦੀ ਅਭਿਵਿਅਕਤ (Expression of Interest) ਮੰਗ ਕਰਦਾ ਹੈ। ਇਛੁਕ ਪਾਰਟੀਆਂ ਤੋਂ ਅਨੁਰੋਧ ਹੈ ਕਿ ਉਹ ਅਪਣਾ ਪੂਰੀ ਪ੍ਰਸਤਾਵ ਇਸ ਦਫਤਰ ਵਿਚ ਮਿਤੀ 25.07.2025 ਤਕ ਪੇਸ਼ ਕਰੇ। ਜ਼ਿਆਦਾ ਜਾਣਕਾਰੀ ਦੇ ਲਈ ਕ੍ਰਿਪਾ ਉੱਤਰ ਰੇਲਵੇ ਦੀ ਵੇਬਸਾਈਟ ਜਾਂ ਮੁੱਖ ਕਾਰਖਾਨਾ ਪ੍ਰਬੰਧਕ, ਰੇਲ ਕੋਚ ਨਵੀਨੀਕਰਣ ਕਾਰਖਾਨਾ, ਸੋਨੀਪਤ ਦਫਤਰ ਉਤੇ ਕਿਸੀ ਵੀ ਕੰਮ ਵਾਲੇ ਦਿਨ ਉਤੇ ਦਫਤਰ ਸਮੇਂ ਦੇ ਦੋਰਾਨ ਸੰਪਰਕ ਕਰੋ।

ਵੇਬਸਾਈਟ : https://nr.indianrailways.gov.in

ਈ-ਮੇਲ: dycmercnk2023@gmail.com

2022/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਲੋਕਾਂ ਨੂੰ ਡਰਾਉਣ ਲੱਗਾ ਚਾਂਦਪੁਰਾ ਬੰਨ੍ਹ, ਆਰਜੀ ਬੰਨ੍ਹ ਬਣਾਉਣੇ ਕੀਤੇ ਸ਼ੁਰੂ

ਬੁਢਲਾਡਾ 4 ਜੁਲਾਈ। ਬੁਢਲਾਡਾ ਹਲਕੇ ਦੇ ਨਾਲ ਲੱਗਦੇ ਘੱਗਰ ਦਰਿਆ ਚਾਂਦਪੁਰਾ ਬੰਨ ਅੰਦਰ ਪਾਣੀ ਦਾ ਵਹਾ ਤੇਜ਼ ਹੋਣ ਕਾਰਨ ਲੋਕਾਂ ’ਚ ਸਹਿਮ ਦਾ ਮਾਹੌਲ ਪੈਦਾ ਹੋ ਗਿਆ ਹੈ। ਪਾਣੀ ਖਤਰੇ ਦੇ ਨਿਸ਼ਾਨ ਤੋਂ 6 ਫੁੱਟ ਥੱਲੇ ਹੋਣ ਕਾਰਨ ਲੋਕਾਂ ਨੇ ਆਪਣੀ ਖੇਤਾਂ ਦੇ ਆਲੇ ਆਰਜੀ ਬੰਨ੍ਹ ਬਣਾਉਣੇ ਸ਼ੁਰੂ ਕਰ ਦਿੱਤੇ ਗਏ ਹਨ। ਭਾਵੇਂ ਪ੍ਰਸ਼ਾਸਨ ਵੱਲੋਂ ਇਸ ਪਾਸੇ ਵੱਲ ਤਿਰਛੀ ਨਜ਼ਰ ਬਣਾਈ ਹੋਈ ਹੈ। ਐੱਸ.ਡੀ.ਐੱਮ. ਬੁਢਲਾਡਾ ਗਗਨਦੀਪ ਸ਼ਿੰਘ ਲਗਾਤਾਰ ਚਾਂਦਪੁਰਾ ਬੰਨ ਦਾ ਜਾਇਜ਼ਾ ਲੈ ਰਹੇ ਹਨ। ਜਾਣਕਾਰੀ ਅਨੁਸਾਰ ਪਹਾੜਾਂ ਵਿਚ ਭਾਰੀ ਬਾਰਿਸ਼ ਕਾਰਨ ਲਗਾਤਾਰ ਘੱਗਰ ਦਰਿਆ ਦੇ ਚਾਂਦਪੁਰਾ ਬੰਨ ’ਤੇ ਪਾਣੀ ਦਾ ਵਹਾਅ ਤੇਜ਼ ਹੁੰਦਾ ਜਾ ਰਿਹਾ ਹੈ। ਸਾਈਫਨਾ ਅੱਗੇ ਬੂਟੀਆਂ, ਦਰੱਖਤ ਵਗੈਰਾ ਸਾਈਫਨਾ ਦੇ ਅੱਗੇ ਫਸਣ ਕਾਰਨ ਪਾਣੀ ਦਾ ਵਹਾਅ ਅੱਗੇ ਵੱਲ ਘੱਟ ਗਿਆ, ਜਿਸ ਕਾਰਨ ਪਿੱਛੇ ਵੱਲ ਨੂੰ ਪਾਣੀ ਉੱਪਰ ਚੜਨਾ ਸ਼ੁਰੂ ਹੋ ਗਿਆ ਜੋ ਕਿ ਅੱਜ ਨੌਂ ਫੁੱਟ ਦੇ ਕਰੀਬ ਪੁੱਜ ਚੁੱਕਾ ਹੈ। ਸਰਕਾਰੀ ਅਧਿਕਾਰੀਆਂ ਦੇ ਹਵਾਲੇ ਨਾਲ ਇਹ ਪਾਣੀ 14 ਫੁੱਟ ਦੇ ਕਰੀਬ ਜੇਕਰ ਹੋ ਜਾਂਦਾ ਹੈ ਤਾਂ ਆਲੇ ਦੁਆਲੇ ਦੇ ਇਲਾਕਿਆਂ ਵਿਚ ਹੜਾਂ ਵਰਗੀ ਸਥਿਤੀ ਬਣ ਜਾਵੇਗੀ।



ਸਤ੍ਯਮੇਵ ਜਯਤੇ

**ਦਫ਼ਤਰ ਮੁੱਖ ਨਿਰਵਾਚਨ ਅਧਿਕਾਰੀ, ਦਿੱਲੀ**

**OFFICE OF THE CHIEF ELECTORAL OFFICER, DELHI**

ਪੁਰਾਣਾ ਸੇਂਟ ਸਟੀਫਨ ਕਾੱਲਜ ਭਵਨ,
ਕਸ਼ਮੀਰੀ ਗੇਟ, ਦਿੱਲੀ-110006
Aceo.coe-dl@delhi.gov.in, dlae.coe2025@gmail.com

Old St. Stephen’s College Building
Kashmere Gate, Delhi-110006

No.CEO/COE/102(45)/2025/ Dated :

**ਕਾਰਣ ਦੱਸੋ ਨੋਟਿਸ**

**ਜਦੋਂ ਕਿ**, ਭਾਰਤ ਦੇ ਨਾਗਰਿਕਾਂ ਦੇ ਕਿਸੇ ਵੀ ਸੰਗਠਨ/ਸੰਸਥਾ ਦੀ ਇੱਕ ਰਾਜਨੀਤਿਕ ਪਾਰਟੀ ਵਜੋਂ ਰਜਿਸਟ੍ਰੇਸ਼ਨ ਲੋਕ ਪ੍ਰਤੀਨਿਧਤਾ ਐਕਟ, 1951 ਦੀ ਧਾਰਾ 29ਏ ਦੇ ਉਪਬੰਧਾਂ ਅਧੀਨ ਕੀਤੀ ਜਾਂਦੀ ਹੈ ਅਤੇ

**ਜਦੋਂ ਕਿ**, ਉਕਤ ਧਾਰਾ 29ਏ ਦੇ ਤਹਿਤ ਚੋਣ ਕਮਿਸਨ ਨਾਲ ਇੱਕ ਰਾਜਨੀਤਿਕ ਪਾਰਟੀ ਵਜੋਂ ਐਸੋਸੀਏਸਨ ਦੀ ਰਜਿਸਟ੍ਰੇਸ਼ਨ ਦਾ ਉਦੇਸ਼ ਧਾਰਾ ਵਿੱਚ ਹੀ ਦੱਸਿਆ ਗਿਆ ਹੈ, ਅਰਥਾਤ, ਲੋਕ ਪ੍ਰਤੀਨਿਧਤਾ ਐਕਟ, 1951 ਦੇ ਉਦੇਸਾਂ ਲਈ ਉਸ ਭਾਗ ਦੇ ਉਪਬੰਧਾਂ ਦਾ ਲਾਭ ਪ੍ਰਾਪਤ ਕਰਨਾ, ਜਿਸਦਾ ਅਰਥ ਹੈ ਉਕਤ ਐਕਟ ਦੇ ਤਹਿਤ ਕਮਿਸ਼ਨ ਦੁਆਰਾ ਆਯੋਜਿਤ ਚੋਣਾਂ ਵਿੱਚ ਭਾਗੀਦਾਰੀ ਅਤੇ ਕਈ ਲਾਭਾਂ ਦੇ ਹੱਕਦਾਰ ਹੋਣਾ, ਜਿਵੇਂ ਕਿ:

1- ਆਮਦਨ ਕਰ ਤੋਂ ਛੋਟ (ਆਈ.ਟੀ. ਐਕਟ ਦੀ ਧਾਰਾ 13ਏ ਦੇ ਤਹਿਤ)
2. ਮਾਨਤਾ (ਪ੍ਰਤੀਕਾਂ ਦੇ ਕ੍ਰਮ ਦੇ ਪੈਰਾ 6 ਦੇ ਤਹਿਤ)
3. ਸਿੰਬਲ ਆਰਡਰ ਦੇ ਪੈਰਾ 10 ਬੀ ਦੇ ਤਹਿਤ ਆਰਯੂਪੀਪੀ ਲਈ ਸਮਾਨਯ ਚਿੰਨ੍ਹ ਦੀ ਅਲਾਟਮੈਂਟ
4. ਚਿੰਨ੍ਹ ਆਦੇਸ਼ ਅਧੀਨ ਮਾਨਤਾ ਪ੍ਰਾਪਤ ਪਾਰਟੀਆਂ ਲਈ ਰਾਖਵੇਂ ਚਿੰਨ੍ਹ
5- ਸਟਾਰ ਪ੍ਰਚਾਰਕਾਂ ਦੀ ਨਾਮਜਦਗੀ

**ਅਤੇ ਜਦੋਂ ਕਿ**, ਅਨੁਲੱਗਨਕ-1 ਵਿੱਚ ਜਿਕਰ ਕੀਤੀ ਗਈ ਰਾਜਨੀਤਿਕ ਪਾਰਟੀ, ਉਕਤ ਧਾਰਾ ਦੇ ਤਹਿਤ ਪਾਰਟੀ ਦੁਆਰਾ ਕੀਤੀ ਗਈ ਅਰਜੀ ‘ਤੇ, 29ਏ ਦੇ ਤਹਿਤ ਇੱਕ ਰਾਜਨੀਤਿਕ ਪਾਰਟੀ ਵਜੋਂ ਰਜਿਸਟਰ ਕੀਤਾ ਗਿਆ ਸੀ ਅਤੇ

**ਜਦੋਂ ਕਿ**, ਕਮਿਸ਼ਨ ਦੇ ਰਿਕਾਰਡ ਅਨੁਸਾਰ, ਉਕਤ ਪਾਰਟੀ ਨੇ 2019 ਤੋਂ ਪਹਿਲਾਂ ਪਿਛਲੇ 06 ਸਾਲਾਂ ਵਿੱਚ ਲੋਕ ਸਭਾ ਜਾਂ ਕਿਸੇ ਵੀ ਰਾਜ ਵਿਧਾਨ ਸਭਾ ਜਾਂ ਉਪ-ਚੋਣ ਲਈ ਆਯੋਜਿਤ ਕਿਸੀ ਵੀ ਚੁਨਾਵ ਵਿਚ ਕੋਈ ਉਮੀਦਵਾਰ ਖੜ੍ਹਾ ਨਹੀਂ ਕੀਤਾ ਅਤੇ

**ਜਦੋਂ ਕਿ**, ਉਪਰੋਕਤ ਦੇ ਮੱਦੇਨਜਰ, ਇਹ ਸਵੈ-ਸਪੱਸ਼ਟ ਹੈ ਕਿ ਉਕਤ ਪਾਰਟੀ ਨੇ ਉਕਤ ਧਾਰਾ 29ਏ ਦੇ ਉਦੇਸ਼ਾਂ ਲਈ ਇੱਕ ਰਾਜਨੀਤਿਕ ਪਾਰਟੀ ਵਜੋਂ ਕੰਮ ਕਰਨਾ ਬੰਦ ਕਰ ਦਿੱਤਾ ਹੈ ਅਤੇ

**ਜਦੋਂ ਕਿ**, ਉਪਰੋਕਤ ਹਾਲਾਤਾਂ ਵਿੱਚ, ਕਮਿਸ਼ਨ, ਭਾਰਤ ਦੇ ਸੰਵਿਧਾਨ ਦੇ ਅਨੁਛੇਦ 324 ਅਤੇ ਲੋਕ ਪ੍ਰਤੀਨਿਧਤਾ ਐਕਟ, 1951 ਦੀ ਧਾਰਾ 29ਏ ਦੇ ਅਧੀਨ ਆਪਣੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਅਨੁਲੱਗਨਕ-1 ਵਿੱਚ ਸੂਚੀਬੱਧ ਰਾਜਨੀਤਿਕ ਪਾਰਟੀਆਂ ਨੂੰ ਰਜਿਸਟਰਡ ਪਾਰਟੀਆਂ ਦੀ ਸੂਚੀ ਵਿੱਚੋਂ ਹਟਾਉਣ ਦਾ ਪ੍ਰਸਤਾਵ ਰੱਖਦਾ ਹੈ ਅਤੇ ਜਦੋਂ ਕਿ, ਕਮਿਸ਼ਨ ਨੇ ਉਪਰੋਕਤ ਅਨੁਸਾਰ ਪ੍ਰਸਤਾਵਿਤ ਕਾਰਵਾਈ ਕਰਨ ਤੋ ਪਹਿਲਾਂ, ਉਕਤ ਪਾਰਟੀ ਨੂੰ ਸੁਣਵਾਈ ਦਾ ਮੌਕਾ ਦੇਣ ਜਾਂ ਪ੍ਰਸਤਾਵਿਤ ਕਾਰਵਾਈ ਕਿਤੀ ਜਾਵੇ ਯਾ ਨਾਂ ਕਿਤੀ ਜਾਵੇ, ਇਸ ਬਾਰੇ ਵਿਚ ਪਮਤੀਨਿਧਿਤਾ ਦੇਨ/ ਕਾਰਨ ਦੱਸਨ, ਜੇ ਕੋਈ ਹੋਵੇ ਤਾਂ, ਦਾ ਮੌਕਾ ਦੇਣ ਦਾ ਫੈਸਲਾ ਲਿਆ ਹੈ

**ਹੁਣ, ਇਸ ਲਈ**, ਰਾਜਨੀਤਿਕ ਪਾਰਟੀਆਂ (ਅਨੁਲੱਗਨਕ-1 ਵਿਚ ਉਲੇਖਿਤ) ਨੂੰ ਇਸ ਸਬੰਧ ਵਿੱਚ ਜੇਕਰ ਉਹ ਚਾਹੁਣ ਤਾਂ ਲਿਖਤੀ ਪ੍ਰਤੀਨਿਧਤਾਵਾਂ ਕਰਨ ਲਈ ਕਿਹਾ ਜਾਂਦਾ ਹੈ। ਪ੍ਰਤੀਨਿਧਤਾਵਾਂ, ਜੇਕਰ ਕੋਈ ਹਨ, ਦੇ ਨਾਲ ਪਾਰਟੀ ਦੇ ਪ੍ਰਧਾਨ ਜਾਂ ਜਨਰਲ ਸਕੱਤਰ ਦਾ ਹਲਫਨਾਮਾ ਅਤੇ ਸਾਰੇ ਸਹਾਇਕ ਦਸਤਾਵੇਜ ਹੋਣੇ ਚਾਹੀਦੇ ਹਨ ਜਿਨ੍ਹਾਂ ‘ਤੇ ਪਾਰਟੀ ਭਰੋਸਾ ਕਰਨਾ ਚਾਹੁੰਦੀ ਹੈ ਅਤੇ 18-07-2025 ਤੱਕ ਹੇਠ ਹਸਤਾਖਰ ਕਰਨ ਵਾਲੇ ਤੱਕ ਪਹੁੰਚ ਜਾਣੀਆਂ ਚਾਹੀਦੀਆਂ ਹਨ।

ਇਹ ਵੀ ਸੂਚਿਤ ਕੀਤਾ ਜਾਂਦਾ ਹੈ ਕਿ ਪਾਰਟੀ ਦੀ ਸੁਣਵਾਈ ਦੀ ਮਿਤੀ 15-07-2025 ਨਿਰਧਾਰਤ ਕੀਤੀ ਗਈ ਹੈ। ਇਸ ਸੁਣਵਾਈ ਵਿੱਚ ਪਾਰਟੀ ਦੇ ਪ੍ਰਧਾਨ/ਜਨਰਲ ਸਕੱਤਰ/ਪ੍ਰਮੁੱਖ ਨੂੰ ਲਾਜਮੀ ਤੌਰ ‘ਤੇ ਹਾਜਰ ਹੋਣਾ ਪਵੇਗਾ। ਜੇਕਰ ਉਕਤ ਮਿਤੀ ਤੱਕ ਪਾਰਟੀ ਵੱਲੋਂ ਕੋਈ ਜਵਾਬ ਨਹੀਂ ਮਿਲਦਾ ਹੈ, ਤਾਂ ਇਹ ਮੰਨਿਆ ਜਾਵੇਗਾ ਕਿ ਪਾਰਟੀ ਕੋਲ ਇਸ ਮਾਮਲੇ ਵਿੱਚ ਕਹਿਣ ਲਈ ਕੁਝ ਨਹੀਂ ਹੈ ਅਤੇ ਕਮਿਸ਼ਨ ਪਾਰਟੀ ਨੂੰ ਸੂਚਿਤ ਕੀਤੇ ਬਿਨਾਂ ਢੁਕਵੇਂ ਆਦੇਸ਼ ਪਾਸ ਕਰ ਦੇਗਾ।

ਹੁਕਮ ਦੁਆਰਾ,
(ਆਰ. ਐਲਿਸ ਵਾਜ)
ਮੁੱਖ ਚੋਣ ਅਧਿਕਾਰੀ
ਦਿੱਲੀ

ਸੇਵਾ ਵਿਖੇ
ਪ੍ਰਧਾਨ/ਸੈਕਟਰੀ ਜਨਰਲ,
ਰਾਜਨੀਤਿਕ ਪਾਰਟੀਆਂ (ਅਨੁਲੱਗਨਕ-1 ਵਿਚ ਨੱਥੀ ਹੈ)

**RUPPs ਨੋਟਿਸ ਲਈ ਸੂਚੀ**

| S. No. | RUPPs ਦਾ ਨਾਮ | ਰਾਜ/UTs | ਪਾਰਟੀ ਦਾ ਰਜਿਸਟਰਡ ਪਤਾ |
|---|---|---|---|
| 1 | ਅਖਿਲ ਭਾਰਤੀ ਸਮਾਜਵਾਦੀ ਕਾਂਗਰਸ | ਦਿੱਲੀ | ਸੀ-31, ਹੌਜ ਖਾਸ, ਅਗਸਤ ਕ੍ਰਾਂਤੀ ਮਾਰਗ, ਨਵੀਂ ਦਿੱਲੀ - 110016 |
| 2 | ਅਖਿਲ ਭਾਰਤੀ ਤੁਹਾਡੀ ਆਪਣੀ ਪਾਰਟੀ | ਦਿੱਲੀ | ਏਫ-2, ਗਰਾਊਂਡ ਫਲੋਰ, ਰਾਜੇਂਦਰ ਪਾਰਕ, ਨੰਗਲੋਈ, ਨਵੀਂ ਦਿੱਲੀ-110041 |
| 3 | ਆਲ ਇੰਡੀਆ ਜਨ ਕਾਂਗਰਸ ਪਾਰਟੀ | ਦਿੱਲੀ | ਏ-1ਬੀ/110ਏ, ਕ੍ਰਿਸ਼ਨਾ ਅਪਾਰਟਮੈਂਟਸ, ਐਲਆਈਜੀ ਫਲੈਟਸ, ਏ-1ਬੀ, ਪੱਛਮੀ ਵਿਹਾਰ ਦਿੱਲੀ-110063, |
| 4 | ਆਲ ਇੰਡੀਆ ਵੂਮੈਨ ਯੂਨਾਈਟਿਡ ਪਾਰਟੀ | ਦਿੱਲੀ | ਕਮਰਾ ਨੰਬਰ-1, ਚੌਥੀ ਮੰਜਿਲ, ਏ-117, ਸੁਭਰਾਤ੍ਰੀ ਅਪਾਰਟਮੈਂਟ, ਓਖਲਾ ਪਿੰਡ, ਜਾਮੀਆ ਨਗਰ, ਨਵੀਂ ਦਿੱਲੀ - 110025 |
| 5 | ਆਜਾਦ ਭਾਰਤ ਕਾਂਗਰਸ | ਦਿੱਲੀ | 218, ਦੂਜੀ ਮੰਜਿਲ, ਐਲਐਸਸੀ ਮਾਰਕੀਟ, ਬਲਾਕ-ਏ, ਸਮਰਾਟ ਐਨਕਲੇਵ ਪੀਤਮਪੁਰਾ, ਨਵੀਂ ਦਿੱਲੀ-110034, |
| 6 | ਭਾਰਤੀ ਜਨਤਾ ਵਿਕਾਸ ਪਾਰਟੀ | ਦਿੱਲੀ | ਡੀ-4/2, ਸੈਕਟਰ-20, ਰੋਹਿਣੀ, ਦਿੱਲੀ-110086 |
| 7 | ਭਾਰਤੀ ਜਨਹਿਤ ਦਲ | ਦਿੱਲੀ | ਡੀ-1/535 ਜੇ.ਜੇ. ਕਲੱਸਟਰ, ਭਲਸਵਾ ਡੇਅਰੀ, ਨਵੀਂ ਦਿੱਲੀ - 110042 |
| 8 | ਭਾਰਤੀ ਰੁਜਗਾਰ ਪਾਰਟੀ | ਦਿੱਲੀ | ਈ-77, ਪੁਰਾਣਾ ਜਸੋਲਾ ਪਿੰਡ, ਨੇੜੇ ਮੈਟਰੋ ਪਿੱਲਰ ਨੰਬਰ 141 ਦੇ ਨੇੜੇ, ਜਸੋਲਾ, ਜਾਮੀਆ ਸਹਿਕਾਰੀ ਬੈਂਕ ਦੇ ਨੇੜੇ, ਨਵੀਂ ਦਿੱਲੀ - 110025 |
| 9 | ਭਰਤੀ ਵਿਕਾਸ ਪਾਰਟੀ | ਦਿੱਲੀ | 139-ਬੀ, ਤਮੂਰ ਨਗਰ, ਨਿਊ ਫ੍ਰੈਂਡਜ ਕਲੋਨੀ, ਨਵੀਂ ਦਿੱਲੀ। |
| 10 | ਬੁੰਦੇਲਖੰਡ ਕਾਂਗਰਸ | ਦਿੱਲੀ | 56. ਜਵਾਲਾ ਹੇਰੀ ਮਾਰਕੀਟ, ਸਰਬਤੀ ਕੰਪਲੈਕਸ, ਪੱਛਮ ਵਿਹਾਰ, ਦਿੱਲੀ-63 |
| 11 | ਦਲਿਤ ਮਜਦੂਰ ਕਿਸਾਨ ਪਾਰਟੀ | ਦਿੱਲੀ | ਈ-11/77, ਨਿਊ ਕਾਲੋਨੀ, ਹੌਜ ਰਾਣੀ, ਮਾਲਵੀਆ ਨਗਰ, ਨਵੀਂ ਦਿੱਲੀ - 110017 |
| 12 | ਜਨ ਅੰਦੋਲਨ ਮੋਰਚਾ | ਦਿੱਲੀ | ਏ-8/18, ਪਹਿਲੀ ਮੰਜਿਲ, ਬਲਾਕ-ਏ, ਪਾਕੇਟ-8, ਸੈਕਟਰ 17, ਰੋਹਿਣੀ, ਦਿੱਲੀ-110085 |
| 13 | ਜਨ ਸਮੰਤਾ ਪਾਰਟੀ | ਦਿੱਲੀ | ਬੀ-125, ਨਵਜੀਵਨ ਕੈਂਪ, ਤੁਗਲਕਾਬਾਦ ਐਕਸਟੈਂਸਨ, ਨਵੀਂ ਦਿੱਲੀ-110019 |
| 14 | ਜਨਤਾ ਸਰਕਾਰ ਪਾਰਟੀ | ਦਿੱਲੀ | 1-4/39, ਗਰਾਊਂਡ ਫਲੋਰ, ਸੈਕਟਰ-16, ਰੋਹਿਣੀ, ਦਿੱਲੀ-110089 |
| 15 | ਲੇਬਰ ਪਾਰਟੀ (ਸੈਕੂਲਰ) | ਦਿੱਲੀ | 382/4, ਗਲੀ ਹਰਦੇਵ, ਸੰਤ ਨਿਰੰਕਾਰੀ ਕਾਲੋਨੀ, ਦਿੱਲੀ-110009 |
| 16 | ਲੋਕ ਸ਼ਾਹੀ ਪਾਰਟੀ (ਧਰਮ ਨਿਰਪੱਖ) | ਦਿੱਲੀ | 187-ਐਚ, 6/2, ਜੀਵਨ ਨਗਰ, ਆਸ਼ਰਮ ਚੌਕ ਨੇੜੇ, ਮਹਾਰਾਣੀ ਬਾਗ ਬੱਸ ਸਟੈਂਡ ਦੇ ਸਾਹਮਣੇ, ਨਵੀਂ ਦਿੱਲੀ-110014., |
| 17 | ਮਾਨਵ ਜਾਗ੍ਰਿਤੀ ਮੰਚ | ਦਿੱਲੀ | 552, ਬੈਂਕ ਕਲੋਨੀ, ਦੇਵਲੀ ਪਿੰਡ, ਨਵੀਂ ਦਿੱਲੀ - 110062 |
| 18 | ਨਾਗਰਿਕ ਅਧਿਕਾਰ ਸ਼ਕਤੀ ਸੇਵਾ ਪਾਰਟੀ | ਦਿੱਲੀ | ਏ-63, ਜਨਤਾ ਜੀਵਨ ਕੈਂਪ, ਤਿਗੜੀ, ਖਾਨਪੁਰ, ਨਵੀਂ ਦਿੱਲੀ-110062, |
| 19 | ਰਾਸ਼ਟਰੀ ਨਿਸ਼ਾਨਾ ਪਾਰਟੀ | ਦਿੱਲੀ | ਨੰਬਰ 158/ਏ, ਤਹਿਖੰਡ, ਓਖਲਾ ਫੇਜ-1, ਨਵੀਂ ਦਿੱਲੀ-110020 |
| 20 | ਨਵਯੁਗ ਪਾਰਟੀ | ਦਿੱਲੀ | 1-ਗਰਾਊਂਡ ਫਲੋਰ, ਬੇਗਮਪੁਰ, ਮਾਲਵੀਆ ਨਗਰ, ਨਵੀਂ ਦਿੱਲੀ -110017 |
| 21 | ਨਯਾ ਦੌਰ ਪਾਰਟੀ | ਦਿੱਲੀ | ਏ-406, ਡਿਫੈਂਸ ਕਲੋਨੀ, ਨਵੀਂ ਦਿੱਲੀ-110024 |
| 22 | ਓਜਸਵੀ ਪਾਰਟੀ | ਦਿੱਲੀ | ਫਲੈਟ ਨੰ. 38, ਪਲਾਟ ਨੰ. 36, ਅਜੰਤਾ ਅਪਾਰਟਮੈਂਟ, ਪਟਪੜਗੰਜ, ਦਿੱਲੀ-110092 |
| 23 | ਵਨ ਇੰਡੀਆ ਪਾਰਟੀ | ਦਿੱਲੀ | ਡੀ-46ਏ, ਕ੍ਰਿਸ਼ਨ ਵਿਹਾਰ, ਦਿੱਲੀ - 110086 |
| 24 | ਪ੍ਰਜਾਤੰਤ੍ਰਿਕ ਸਮਾਜਵਾਦੀ ਪਾਰਟੀ | ਦਿੱਲੀ | ਸੀ-17, ਯਾਦਵ ਨਗਰ, ਪਿੰਡ-ਸਮੇਪੁਰ, ਦਿੱਲੀ-110042 |
| 25 | ਰਾਸ਼ਟਰੀ ਏਕਤਾ ਪਾਰਟੀ | ਦਿੱਲੀ | ਐੱਚ. ਨੰ. 83, ਗਰਾਊਂਡ ਫਲੋਰ, ਗਲੀ ਨੰ. 4, ਚਾਂਦ ਮਸਜਿਦ ਦੇ ਨੇੜੇ, ਜਫਰਾਬਾਦ, ਦਿੱਲੀ - 110053 |
| 26 | ਰਾਸ਼ਟਰੀ ਜਨ ਕਲਿਆਣ ਪਾਰਟੀ | ਦਿੱਲੀ | ਜੀ-290, ਪੁਰਾਣੀ ਸੀਮਾ ਪੁਰੀ, ਦਿੱਲੀ 110095 |
| 27 | ਰਾਸ਼ਟਰੀ ਲੋਕਵਾਦੀ ਪਾਰਟੀ | ਦਿੱਲੀ | ਏ/6ਏ, ਗਰਾਊਂਡ ਫਲੋਰ, ਮਾਨਸਰੋਵਰ ਗਾਰਡਨ, ਨਵੀਂ ਦਿੱਲੀ -110015 |

DIP/Shabdarth/Classified/0122/25-26

# ਧਰਮ ਤੇ ਵਿਰਸਾ

## ਸਾਧੋ ਮਨਿ ਕਾ ਮਾਨੁ ਤਿਆਗਉ



**ਤੀਰਥ ਸਿੰਘ ਢਿੱਲੋਂ**

ਨੌਵੇਂ ਪਾਤਸ਼ਾਹ ਗੁਰੂ ਤੇਗ਼ ਬਹਾਦਰ ਸਾਹਿਬ ਦੀ ਬਾਣੀ ਸੰਸਾਰਕ ਰਸਾਂ-ਕਸਾਂ ਦੇ ਭਰਮ ਜਾਲ ਵਿੱਚ ਫਸੇ ਮਨੁੱਖ ਨੂੰ ਇਸ ਤੋਂ ਮੁਕਤ ਕਰ ਕੇ ਉਸ ਅੰਦਰ ਪ੍ਰਭੂ ਮਿਲਾਪ ਲਈ ਵੈਰਾਗ ਦੀ ਅਨੰਤ ਧਾਰਾ ਪ੍ਰਵਾਹਿਤ ਕਰਨ ਵਾਲੀ ਬਾਣੀ ਹੈ। ਇਸ ਲਈ ਉਨ੍ਹਾਂ ਨੂੰ ਵੈਰਾਗ ਦੀ ਮੂਰਤ ਵੀ ਆਖਿਆ ਜਾਂਦਾ ਹੈ। ਸੰਸਾਰ ਦੀ ਨਾਸ਼ਮਾਨਤਾ, ਮਨੁੱਖੀ ਜੀਵਨ ਦੇ ਅਸਲ ਮਕਸਦ ਪ੍ਰਤੀ ਲਾਪ੍ਰਵਾਹੀ, ਗ਼ਫ਼ਲਤ ਤੇ ਪੰਜ ਵਿਕਾਰਾਂ ਦੀ ਗ਼ੁਲਾਮੀ ਵਿੱਚੋਂ ਉਸ ਨੂੰ ਮੁਕਤ ਕਰਨ ਦੀ ਜੁਗਤੀ ਦ੍ਰਿੜ੍ਹ ਕਰਾਉਣਾ ਨੌਵੇਂ ਪਾਤਸ਼ਾਹ ਦੀ ਬਾਣੀ ਦੇ ਵਿਸ਼ੇਸ਼ ਸਰੋਕਾਰ ਹਨ। ਉਨ੍ਹਾਂ ਨੇ ਗ਼ਾਫ਼ਿਲ ਪ੍ਰਾਣੀ ਨੂੰ ਮੋਹ-ਨਿੰਦਰਾ ਤੋਂ ਜਗਾਉਣ ਲਈ ਅਨੇਕ ਥਾਈਂ 'ਸਾਧੋ' ਸੰਬੋਧਨੀ ਸ਼ਬਦ ਵਰਤਿਆ ਹੈ। ਜਿਵੇਂ 'ਸਾਧੋ ਰਚਨਾ ਰਾਮ ਬਨਾਈ', 'ਸਾਧੋ ਗੋਵਿੰਦ ਕੇ ਗੁਨ ਗਾਵਉ' ਤੇ 'ਸਾਧੋ ਮਨ ਕਾ ਮਾਨ ਤਿਆਗਉ ਕਾਮਿ, ਕ੍ਰੋਧ, ਸੰਗਤਿ ਦੁਰਜਨ ਕੀ ਤਾਤੇ ਅਹਿਨਿਸ ਭਾਗਉ।'

ਗੁਰੂ ਤੇਗ਼ ਬਹਾਦਰ ਸਾਹਿਬ ਮਹਾਨ ਸਮਾਜ ਸੁਧਾਰਕ ਵੀ ਸਨ। ਉਨ੍ਹਾਂ ਨੇ ਸਮਾਜ ਵਿੱਚ ਪ੍ਰਚੱਲਿਤ ਰੂੜ੍ਹੀਆਂ, ਕੁਰੀਤੀਆਂ, ਕਰਮ ਕਾਂਡਾਂ ਤੇ ਭਰਮਾਂ ਵਿਰੁੱਧ ਲੋਕ ਚੇਤਨਾ ਲਿਆਉਣ ਦਾ ਮਹਾਨ ਉਪਰਾਲਾ ਕੀਤਾ। 'ਸਾਧੋ ਮਨ ਕਾ ਮਾਨ ਤਿਆਗਉ', ਗਉੜੀ ਰਾਗ ਦੇ ਇਸ ਸ਼ਬਦ ਰਾਹੀਂ ਉਨ੍ਹਾਂ ਨੇ ਅਨੇਕਾਂ ਸਮਾਜਿਕ ਬੁਰਾਈਆਂ ਦੇ ਖ਼ਾਤਮੇ ਦਾ ਸੁਨੇਹਾ ਦਿੱਤਾ ਹੈ। ਉਨ੍ਹਾਂ ਉਸਤਤ ਅਤੇ ਨਿੰਦਿਆ ਦਾ ਤਿਆਗ ਕਰਨ ਤੇ ਨਿਰਵਾਣ ਪਦ ਦੀ ਪ੍ਰਾਪਤੀ ਲਈ ਉੱਦਮ ਕਰਨ ਉੱਤੇ ਜ਼ੋਰ ਦਿੱਤਾ ਹੈ। ਗੁਰੂ ਸਾਹਿਬ ਅਨੁਸਾਰ ਨਿਰਵਾਣ ਪਦ ਦੀ ਪ੍ਰਾਪਤੀ ਗ੍ਰਹਿਸਥ ਮਾਰਗ ਵਿੱਚ ਰਹਿੰਦਿਆਂ ਹੀ ਹੋ ਸਕਦੀ ਹੈ ਪਰ ਇਸ ਅਵਸਥਾ ਵਿੱਚ ਵਿਚਰਨਾ, ਅਡੋਲ ਰਹਿਣਾ, ਸਮਦ੍ਰਿਸ਼ਟ ਰਹਿਣਾ ਸੁਖਾਲਾ ਨਹੀਂ ਹੈ। ਗੁਰੂ ਦੀ ਸ਼ਰਨ ਵਿੱਚ ਜਾ ਕੇ ਪੂਰਨ ਰੂਪ ਵਿੱਚ ਆਤਮ-ਸਮਰਪਣ ਕਰ ਕੇ ਹੀ ਕੋਈ ਗੁਰਮੁਖ ਇਸ ਦੀ ਪ੍ਰਾਪਤੀ ਕਰ ਕੇ ਆਪਣਾ ਜੀਵਨ ਸਫ਼ਲ ਕਰ ਸਕਦਾ ਹੈ।

ਗੁਰੂ ਤੇਗ਼ ਬਹਾਦਰ ਸਾਹਿਬ ਨੇ ਇਹ ਬਚਨ ਆਪਣੇ ਮੁਖਾਰ ਬਿੰਦ ਤੋਂ ਉਚਾਰਨ ਹੀ ਨਹੀਂ ਕੀਤੇ, ਸਗੋਂ ਆਪ ਵੀ ਇਨ੍ਹਾਂ ਉੱਤੇ ਅਮਲ ਕਰ ਕੇ ਮਹਾਨ ਮਿਸਾਲ ਕਾਇਮ ਕੀਤੀ ਹੈ। ਗੁਰੂ ਸਾਹਿਬ ਦੀ ਜਿਹੜੀ ਆਤਮਿਕ ਅਵਸਥਾ ਗੁਰਗੱਦੀ ਉੱਤੇ ਸੁਭਾਇਮਾਨ, ਸੀਸ ਉੱਤੇ ਸੇਵਕਾਂ ਵੱਲੋਂ ਚੌਰ ਝੁਲਾਉਣ ਤੇ ਸੰਗਤਾਂ ਵੱਲੋਂ ਨਤਮਸਤਕ ਹੋਣ ਸਮੇਂ ਸੀ, ਉਹੋ ਅਵਸਥਾ ਦਿੱਲੀ ਦੇ ਚਾਂਦਨੀ ਚੌਕ ਵਿੱਚ ਲੋਹੇ ਦੇ ਪਿੰਜਰੇ ਵਿੱਚ ਨਜ਼ਰਬੰਦ ਭਾਈ ਮਤੀ ਦਾਸ, ਸਤੀ ਦਾਸ ਤੇ ਭਾਈ ਦਿਆਲਾ ਜੀ ਵਰਗੇ ਸਿੱਖ ਸੇਵਕਾਂ ਦੀਆਂ ਸ਼ਹਾਦਤਾਂ ਤੇ ਆਪਣੀ ਅਜ਼ੀਮ ਸ਼ਹਾਦਤ ਸਮੇਂ ਉਨ੍ਹਾਂ ਦੀ ਆਤਮਿਕ ਅਡੋਲਤਾ, ਦੁੱਖ-ਸੁੱਖ ਵਿੱਚ ਸਮਾਨ ਰਹਿ ਕੇ ਪ੍ਰਭੂ ਚਰਨਾਂ ਨਾਲ ਜੁੜੇ ਰਹਿਣ ਤੇ ਨਿਰਭੈ ਅਵਸਥਾ ਵਿੱਚ ਵਿਚਰਨ ਵੇਲੇ ਵੀ ਸੀ। ਸੰਸਾਰ ਵਿੱਚ ਅਜਿਹੇ ਆਤਮਿਕ ਬਲ ਦੀ ਮਿਸਾਲ ਮਿਲਣੀ ਮੁਸ਼ਕਲ ਹੈ।

> ਗੁਰੂ ਸਾਹਿਬ ਦੀ ਜਿਹੜੀ ਆਤਮਿਕ ਅਵਸਥਾ ਗੁਰਗੱਦੀ ਉੱਤੇ ਸੁਭਾਇਮਾਨ, ਸੀਸ ਉੱਤੇ ਸੇਵਕਾਂ ਵੱਲੋਂ ਚੌਰ ਝੁਲਾਉਣ ਤੇ ਸੰਗਤਾਂ ਵੱਲੋਂ ਨਤਮਸਤਕ ਹੋਣ ਸਮੇਂ ਸੀ, ਉਹੋ ਅਵਸਥਾ ਦਿੱਲੀ ਦੇ ਚਾਂਦਨੀ ਚੌਕ ਵਿੱਚ ਲੋਹੇ ਦੇ ਪਿੰਜਰੇ ਵਿੱਚ ਨਜ਼ਰਬੰਦ ਭਾਈ ਮਤੀ ਦਾਸ, ਸਤੀ ਦਾਸ ਤੇ ਭਾਈ ਦਿਆਲਾ ਜੀ ਵਰਗੇ ਸਿੱਖ ਸੇਵਕਾਂ ਦੀਆਂ ਸ਼ਹਾਦਤਾਂ ਤੇ ਆਪਣੀ ਅਜ਼ੀਮ ਸ਼ਹਾਦਤ ਸਮੇਂ ਉਨ੍ਹਾਂ ਦੀ ਆਤਮਿਕ ਅਡੋਲਤਾ, ਦੁੱਖ-ਸੁੱਖ ਵਿੱਚ ਸਮਾਨ ਰਹਿ ਕੇ ਪ੍ਰਭੂ ਚਰਨਾਂ ਨਾਲ ਜੁੜੇ ਰਹਿਣ ਤੇ ਨਿਰਭੈ ਅਵਸਥਾ ਵਿੱਚ ਵਿਚਰਨ ਵੇਲੇ ਵੀ ਸੀ। ਸੰਸਾਰ ਵਿੱਚ ਅਜਿਹੇ ਆਤਮਿਕ ਬਲ ਦੀ ਮਿਸਾਲ ਮਿਲਣੀ ਮੁਸ਼ਕਲ ਹੈ।

ਗੁਰੂ ਤੇਗ਼ ਬਹਾਦਰ ਸਾਹਿਬ ਫ਼ਰਮਾਉਂਦੇ ਹਨ ਕਿ ਭੁੱਲ ਕੇ ਵੀ ਮਨਮੁਖਾਂ ਦੇ ਨੇੜੇ ਨਹੀਂ ਢੁੱਕਣਾ ਕਿਉਂਕਿ ਜੈਸੀ ਸੰਗਤ, ਵੈਸੀ ਰੰਗਤ। ਇਸ ਲਈ ਉਹ ਸਮਸਤ ਪ੍ਰਾਣੀਆਂ ਨੂੰ ਸਤਿ ਪੁਰਸ਼ਾਂ ਦੀ ਸੰਗਤ ਕਰਨ ਤੇ ਨਿਰਮਾਣਤਾ ਦੇ ਧਾਰਨੀ ਹੋਣ ਦੀ ਪ੍ਰੇਰਨਾ ਦਿੰਦੇ ਹਨ। ਗੁਰੂ ਸਾਹਿਬ ਉਚੇਰੀ ਆਤਮਿਕ ਅਵਸਥਾ ਦੀ ਸੋਝੀ ਕਰਾਉਂਦਿਆਂ ਫ਼ਰਮਾਨ ਕਰਦੇ ਹਨ ਕਿ ਜੀਵਨ ਵਿੱਚ ਵਿਚਰਦਿਆਂ ਦੁੱਖ ਵੀ ਮਿਲਣਗੇ ਤੇ ਸੁੱਖਾਂ ਦੀ ਬਖ਼ਸ਼ਿਸ਼ ਵੀ ਹੋਵੇਗੀ। ਅਸਲ ਮਨੁੱਖ ਉਹ ਹੈ, ਜਿਹੜਾ ਇਨ੍ਹਾਂ ਦੋਵਾਂ ਅਵਸਥਾਵਾਂ ਵਿੱਚ ਵਿਚਲਿਤ ਨਹੀਂ ਹੁੰਦਾ। ਉਸ ਦੇ ਕਦਮ ਡਗਮਗਾਉਂਦੇ ਨਹੀਂ, ਮਨ ਡੋਲਦਾ ਨਹੀਂ, ਸਗੋਂ ਉਹ ਦੋਵਾਂ ਅਵਸਥਾਵਾਂ ਨੂੰ ਪਰਮੇਸ਼ਰ ਦੀ ਰਜ਼ਾ ਸਮਝਦਿਆਂ ਖਿੜੇ ਮੱਥੇ ਕਬੂਲ ਕਰਦਾ ਹੈ। ਇਸ ਦੇ ਨਾਲ ਨਾਲ ਖ਼ੁਸ਼ੀ ਅਤੇ ਗ਼ਮੀ ਵਿੱਚ ਵੀ ਸਾਬਤ ਕਦਮ ਰਹਿੰਦਿਆਂ, ਭਾਣਾ ਮੰਨਦਾ ਹੈ। ਸੁੱਖ ਵਿੱਚ ਅਕਾਲ ਪੁਰਖ ਦਾ ਸ਼ੁਕਰਾਨਾ ਕਰਦਾ ਹੈ ਤੇ ਬਿਪਤਾ ਆਉਣ ਦੀ ਸੂਰਤ ਵਿੱਚ ਗੁਰੂ ਪਾਸੋਂ ਆਤਮਿਕ ਸ਼ਕਤੀ ਪ੍ਰਾਪਤ ਕਰਨ ਲਈ ਅਰਦਾਸ ਬੇਨਤੀ ਕਰਦਾ ਹੈ।

ਸੰਪਰਕ: 98154-61710

# ਕਰਮਸ਼ੀਲ ਅਧਿਆਤਮਵਾਦੀ ਬਾਬਾ ਬੰਦਾ ਸਿੰਘ ਬਹਾਦਰ

> "ਵਰਤਮਾਨ ਸਮੇਂ ਸਿੱਖ ਭਾਈਚਾਰੇ ਵਿੱਚ ਜਿਸ ਤਰ੍ਹਾਂ ਸਿਆਸਤ ਦਾ ਬੋਲਬਾਲਾ ਹੋ ਗਿਆ ਹੈ, ਉਸ ਨਾਲ ਧਾਰਮਿਕ ਚੇਤਨਾ ਦਾ ਰਾਹ ਹੀ ਰੁਕ ਗਿਆ ਜਾਪਣ ਲੱਗਾ ਹੈ। ਇੱਕ ਸੋਚ ਨਾਲ ਜੁੜੀ ਹੋਈ ਕੋਮਲ ਮਾਨਸਿਕਤਾ ਦਾ ਤਲਿੱਸਮੀ-ਨਾਅਰਿਆਂ ਨਾਲ ਕੀਤਾ ਗਿਆ ਸ਼ੋਸ਼ਣ, ਸਿਆਸਤ ਦੀ ਮਨਭਾਉਂਦੀ ਖ਼ੁਰਾਕ ਹੈ। ਅਜਿਹੀਆਂ ਸੰਭਾਵਨਾਵਾਂ, ਭੀੜ-ਮਾਨਸਿਕਤਾ ਵਿੱਚ ਹੀ ਸੰਭਵ ਹੋ ਸਕਦੀਆਂ ਹਨ।"





**ਡਾ. ਬਲਕਾਰ ਸਿੰਘ**

ਸ਼ਤਾਬਦੀ ਸਮਾਰੋਹਾਂ ਦੀ ਨਿਰੰਤਰਤਾ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਸਰਹੰਦ ਨੂੰ ਫ਼ਤਹਿ ਕਰਨ ਦੀ ਤੀਜੀ ਸ਼ਤਾਬਦੀ ਲਗਪਗ ਪਹਿਲੀ ਵਾਰ ਮਨਾਈ ਗਈ ਹੈ। ਸਮੇਂ ਤੇ ਸਾਧਨਾਂ ਦੀ ਵਧੇਰੇ ਵਰਤੋਂ, ਸ਼ਤਾਬਦੀਆਂ ਦੀ ਸਿਆਸਤ ਵਜੋਂ ਹੀ ਹੁੰਦੀ ਆ ਰਹੀ ਹੈ। ਇਸ ਨੂੰ ਧਿਆਨ ਵਿੱਚ ਰੱਖ ਕੇ 'ਬੰਦਾ-ਸਮਾਰੋਹਾਂ' ਦੇ ਹਵਾਲੇ ਨਾਲ ਸਿੱਖ ਭਾਈਚਾਰੇ ਦੀ ਦਸ਼ਾ ਤੇ ਦਿਸ਼ਾ ਨੂੰ ਸਮਝਣ ਦਾ ਯਤਨ ਕੀਤਾ ਜਾ ਰਿਹਾ ਹੈ।

ਸਿੱਖ ਭਾਈਚਾਰੇ ਦੀ ਦਸ਼ਾ ਤੇ ਦਿਸ਼ਾ ਦਾ ਸਬੰਧ ਸਿੱਧੇ ਤੌਰ 'ਤੇ ਸਿੱਖ ਮਾਨਸਿਕਤਾ ਨਾਲ ਹੈ। ਸਿੱਖ ਮਾਨਸਿਕਤਾ ਦਾ ਸ੍ਰੋਤ ਬਾਣੀ ਹੈ ਤੇ ਪ੍ਰੇਰਨਾ ਸਿੱਖ ਇਤਿਹਾਸ ਹੈ। ਵਰਤਮਾਨ ਸਮਾਰੋਹ ਆਪਣੇ ਸ੍ਰੋਤ ਤੇ ਪ੍ਰੇਰਨਾ ਨਾਲ ਕਿੰਨਾ ਕੁ ਜੁੜੇ ਹੋਏ ਹਨ, ਇਸ ਬਾਰੇ ਗੱਲ ਕਰਨਾ ਜ਼ਰੂਰੀ ਹੈ। ਇਨ੍ਹਾਂ ਸਮਾਰੋਹਾਂ ਨੂੰ ਮਨਾਈਆਂ ਗਈਆਂ ਸ਼ਤਾਬਦੀਆਂ ਦੀ ਨਿਰੰਤਰਤਾ ਵਿੱਚ ਵੇਖੀਏ ਤਾਂ ਸੌਖਿਆਂ ਹੀ ਸਮਝ ਆ ਜਾਵੇਗਾ ਕਿ ਇਨ੍ਹਾਂ ਵਿੱਚ ਸਿਆਸੀਨੁਮਾ ਵਿਖਾਵੇ ਨੂੰ ਹੀ ਅਹਿਮੀਅਤ ਪ੍ਰਾਪਤ ਹੈ। ਸਿੱਖ ਧਰਮ ਵਿੱਚ ਮੇਲਾਨੁਮਾ ਬੇਲਗਾਮ ਭੀੜ ਨੂੰ ਕਦੇ ਅਹਿਮੀਅਤ ਨਹੀਂ ਦਿੱਤੀ ਗਈ। ਇੱਥੋਂ ਤਕ ਕਿ ਸਿੱਖ ਸੰਘਰਸ਼ਾਂ ਵੇਲੇ ਵੀ ਗਿਣਤੀ ਆਧਾਰਿਤ ਨਹੀਂ, ਗੁਣਤਾ ਆਧਾਰਿਤ ਨੂੰ ਪਹਿਲ ਦਿੱਤੀ ਗਈ ਸੀ। ਅਲਪ ਸੰਖਿਅਕ ਭਾਈਚਾਰਿਆਂ ਕੋਲੋਂ ਗਿਣਤੀ ਆਧਾਰਿਤ ਵਰਤਾਰਿਆਂ ਦੀ ਆਸ ਹੀ ਨਹੀਂ ਕੀਤੀ ਜਾ ਸਕਦੀ। ਇਸ ਵੇਲੇ ਇਹ ਧਿਆਨ ਵਿੱਚ ਰੱਖਣ ਦੀ ਲੋੜ ਹੈ ਕਿ ਗਿਣਤੀ ਦੇ ਹਿਸਾਬ ਨਾਲ ਸਿੱਖ ਭਾਈਚਾਰਾ ਕੁੰਭ ਵਰਗੇ ਇਕੱਠਾਂ ਦਾ ਮੁਕਾਬਲਾ ਨਹੀਂ ਕਰ ਸਕਦਾ। ਇਸ ਨਾਲ ਇਹ ਤੱਥ ਸਾਹਮਣੇ ਆ ਜਾਂਦਾ ਹੈ ਕਿ ਭੀੜਨੁਮਾ ਇਕੱਠ ਵਿਅਕਤੀ ਕੇਂਦਰਿਤ ਸਿਆਸਤਨੁਮਾ ਅਵਸਰਾਂ ਨੂੰ ਵੀ ਇਹ ਠੀਕ ਬੈਠਦਾ ਹੈ। ਕਾਰਨ ਇਹ ਹੈ ਕਿ ਮੀਡੀਆ ਦੀ ਸਰਦਾਰੀ ਵਿੱਚ ਅਵਸਰਾਂ ਨੂੰ ਹਨੇਰੀ ਵਾਂਗ ਉਡਾਇਆ ਵੀ ਜਾ ਸਕਦਾ ਹੈ ਤੇ ਹੜ੍ਹ ਵਾਂਗ ਬਹਾਇਆ ਵੀ ਜਾ ਸਕਦਾ ਹੈ। ਕਹਿਣ ਦਾ ਭਾਵ ਇਹ ਹੈ ਕਿ ਜਿਹੜੇ ਸਮਾਰੋਹ ਸੁਭਾ ਵਿੱਚ ਸਿਆਸੀ ਹੋਣ ਤੇ ਨਤੀਜੇ ਵੀ ਸਿਆਸੀ ਰੰਗ ਵਾਲੇ ਕੱਢਣ, ਉਨ੍ਹਾਂ ਨੂੰ ਵੋਟ ਬੈਂਕ ਦੀ ਸਿਆਸਤ ਨਾਲ ਜੁੜੇ ਹੋਏ ਹੋਣ ਕਰਕੇ ਪੰਥਕ ਰੰਗ ਵਿੱਚ ਨਹੀਂ ਭੁਗਤਾਇਆ ਜਾ ਸਕਦਾ।



ਕਿਸੇ ਵੇਲੇ ਢਾਡੀ ਵਿਧੀ ਨਾਲ ਸਿੱਖ ਮਾਨਸਿਕਤਾ ਵਿੱਚ ਲਗਾਤਾਰ ਉਤਾਰਿਆ ਜਾਂਦਾ ਸੀ ਕਿ ਸਿੱਖ ਧਰਮ ਦੁਆਰਾ ਲਿਆਂਦਾ ਗਿਆ ਮਾਨਸਿਕ ਪਰਿਵਰਤਨ ਬਾਬਾ ਬੰਦਾ ਸਿੰਘ ਬਹਾਦਰ ਵਰਗੇ ਖ਼ਾਲਸਾ ਬਿੰਬ ਪੈਦਾ ਕਰਦਾ ਰਿਹਾ ਹੈ। ਇਸ ਨੂੰ ਸੰਭਾਲਣ ਦੀ ਥਾਂ ਵਿਅਕਤੀਆਂ ਦੇ ਮੂਰਤੀਕਰਨ ਵਾਲੇ ਰਾਹ ਪਾ ਦਿੱਤਾ ਗਿਆ ਹੈ। ਪੰਥਕ ਸੁਰ ਵਿੱਚ ਲੋੜ ਇਹ ਸਾਹਮਣੇ ਲਿਆਉਣ ਦੀ ਹੈ ਕਿ ਬਾਬਾ ਜੀ ਦੇ ਬਿੰਬ ਰਾਹੀਂ ਅਧਿਆਤਮਕਤਾ ਦੀ ਭਾਰਤੀ ਵਿਧੀ ਵਿੱਚੋਂ ਨਿਕਲ ਕੇ ਅਧਿਆਤਮਕਤਾ ਦੀ ਸਿੱਖ ਵਿਧੀ ਨਾਲ ਕਿਹੋ ਜਿਹੇ ਨਤੀਜੇ ਕੱਢੇ ਜਾ ਸਕਦੇ ਹਨ? ਇਸ ਦਾ ਅੰਸ਼ਿਕ ਪ੍ਰਗਟਾਵਾ ਸਵਾਮੀ ਰਾਮ ਦੀ 'ਗੋਵਿੰਦ ਗੀਤਾ' (ਅੰਗਰੇਜ਼ੀ,1989) ਵਿੱਚੋਂ ਵੀ ਵੇਖਿਆ ਜਾ ਸਕਦਾ ਹੈ।

ਬਾਬਾ ਜੀ ਨੂੰ ਸਿੱਖ ਅਧਿਆਤਮਕਤਾ ਦੇ ਇਤਿਹਾਸਕ ਪ੍ਰਗਟਾਵੇ ਦੀ ਨਿਰੰਤਰਤਾ ਵਿੱਚ ਵਿਚਰਨ ਦਾ ਗੁਰੂ ਹੁਕਮ ਸੀ। ਇਹ ਸਫ਼ਰ ਉਨ੍ਹਾਂ ਨੇ ਪੰਜ ਪਿਆਰਿਆ ਨੂੰ ਨਾਲ ਲੈ ਕੇ ਸ਼ੁਰੂ ਕੀਤਾ ਸੀ ਤੇ ਪੰਥਕ ਰੰਗ ਵਿੱਚ ਹੀ ਆਪਣੇ ਮਿਸ਼ਨ ਨੂੰ ਅੰਜ਼ਾਮ ਤਕ ਪਹੁੰਚਾਇਆ ਸੀ। ਹਰ ਕਿਸਮ ਦੀ ਸਿਆਸਤ ਨਾਲ ਜੂਝਦਿਆਂ ਵੀ ਪ੍ਰਾਪਤੀਆਂ ਦੀ ਪ੍ਰਧਾਨ-ਸੁਰ ਸਿਆਸਤ ਦੀ ਨਹੀਂ, ਧਰਮ ਦੀ ਹੀ ਰਹੀ ਸੀ। ਚਪੜਚਿੜੀ ਦੇ ਮੈਦਾਨ ਵਿੱਚ ਸਿੱਖ ਲੋਕਤੰਤਰ ਦੀ ਸੁਰ ਵਿੱਚ ਸਥਿਤੀ ਨੂੰ ਭਾਂਪਦਿਆਂ ਬਾਬਾ ਬਿਨੋਦ ਸਿੰਘ ਤੇ ਬਾਬਾ ਬਾਜ ਸਿੰਘ ਨੇ ਕਿਹਾ ਸੀ ਕਿ ਗੁਰੂ ਪਾਤਸ਼ਾਹ ਨੇ ਹਰ ਮੈਦਾਨ ਫ਼ਤਹਿ ਬਖ਼ਸ਼ੀ ਹੈ। ਗੁਰੂ ਹੁਕਮ ਦੇ ਸਨਮੁਖ ਰਹਿ ਕੇ ਅਰਦਾਸ ਕੀਤੀ ਗਈ ਸੀ ਤੇ ਕਲਗੀਆਂ ਵਾਲੇ ਨੂੰ ਜੋਦੜੀ ਕੀਤੀ ਗਈ ਸੀ ਕਿ ਅੰਗ-ਸੰਗ ਸਹਾਈ ਹੋ ਕੇ ਫ਼ਤਹਿ ਬਖ਼ਸ਼ਿਸ਼ ਕਰਨ। ਇਹ ਸਿਆਸੀ ਹਾਰ ਨੂੰ ਧਾਰਮਿਕ ਜਿੱਤ ਵਿੱਚ ਬਦਲਣ ਦੀ ਜਾਹਰੀ ਕਲਾ ਸੀ, ਜੋ ਸਿੱਖ ਇਤਿਹਾਸ ਵਿੱਚ ਵਾਰ-ਵਾਰ ਵਾਪਰਦੀ ਰਹੀ ਹੈ। ਇਸ ਨਾਲ ਸਵਾਲ ਇਹ ਪੈਦਾ ਹੁੰਦਾ ਹੈ ਕਿ ਬਾਬਾ ਜੀ ਦੇ ਜੰਗੀ ਪੈਂਤੜੇ, ਸਮਝ ਤੇ ਪ੍ਰਗਟਾਵੇ ਵਿੱਚ ਧਾਰਮਿਕ ਸਨ ਕਿ ਸਿਆਸੀ ਸਨ? ਜੇ ਸਿਆਸੀਆਂ ਵਾਂਗ ਸੋਚਿਆ ਜਾਵੇ ਤਾਂ ਬਾਬਾ ਜੀ ਨੂੰ ਗੁਰਦਾਸ ਨੰਗਲ ਦੀ ਗੜ੍ਹੀ ਵਿੱਚੋਂ ਨਿਕਲ ਜਾਣਾ ਚਾਹੀਦਾ ਸੀ। ਅਜਿਹੀਆਂ ਹੋਰ ਵੀ ਕਈ ਘਟਨਾਵਾਂ ਹਨ, ਜਿਹੜੀਆਂ ਇਸ ਨੂੰ ਸਿਆਸੀ ਨਾਲੋਂ ਵੱਧ ਧਾਰਮਿਕ ਹੋਣ ਵੱਲ ਲੈ ਕੇ ਜਾਂਦੀਆਂ ਹਨ। ਇੱਥੇ ਪ੍ਰਸ਼ਨ ਇਹ ਪੈਦਾ ਹੁੰਦਾ ਹੈ ਕਿ ਵਰਤਮਾਨ ਸਮੇਂ ਇਸ ਪੰਥਕ ਭਾਵਨਾ ਨੂੰ ਨਾਲ ਲੈ ਕੇ ਟੁਰਿਆ ਜਾ ਰਿਹਾ ਹੈ ਜਾਂ ਨਹੀਂ।

ਵਰਤਮਾਨ ਸਮੇਂ ਸਿੱਖ ਭਾਈਚਾਰੇ ਵਿੱਚ ਜਿਸ ਤਰ੍ਹਾਂ ਸਿਆਸਤ ਦਾ ਬੋਲਬਾਲਾ ਹੋ ਗਿਆ ਹੈ, ਉਸ ਨਾਲ ਧਾਰਮਿਕ ਚੇਤਨਾ ਦਾ ਰਾਹ ਹੀ ਰੁਕ ਗਿਆ ਜਾਪਣ ਲੱਗਾ ਹੈ। ਇੱਕ ਸੋਚ ਨਾਲ ਜੁੜੀ ਹੋਈ ਕੋਮਲ ਮਾਨਸਿਕਤਾ ਦਾ ਤਲਿੱਸਮੀ-ਨਾਅਰਿਆਂ ਨਾਲ ਕੀਤਾ ਗਿਆ ਸ਼ੋਸ਼ਣ, ਸਿਆਸਤ ਦੀ ਮਨਭਾਉਂਦੀ ਖ਼ੁਰਾਕ ਹੈ। ਅਜਿਹੀਆਂ ਸੰਭਾਵਨਾਵਾਂ, ਭੀੜ-ਮਾਨਸਿਕਤਾ ਵਿੱਚ ਹੀ ਸੰਭਵ ਹੋ ਸਕਦੀਆਂ ਹਨ। ਸਿੱਖ ਆਗੂ ਇਸ ਪਾਸੇ ਸਰਪਟ ਦੌੜੇ ਜਾ ਰਹੇ ਹਨ। ਉਲਾਰ ਜਜ਼ਬਿਆਂ ਦੀ ਬੇਰਹਿਮ ਮਾੜ-ਧਾੜ ਵੀ ਅਜਿਹੇ ਹਾਲਾਤ ਵਿੱਚ ਹੀ ਪੈਦਾ ਹੁੰਦੀ ਹੈ। ਬੇਰਹਿਮ ਮੁਕਾਬਲੇਬਾਜ਼ੀ ਦੇ ਸਨਮੁੱਖ ਸਿੱਖ ਭਾਈਚਾਰਾ ਤਾਂ ਪਹਿਲਾਂ ਹੀ ਚੁਰਾਹੇ 'ਤੇ ਖੜ੍ਹਾ ਹੈ। ਇਸ ਹਾਲਤ ਵਿੱਚ ਸਿੱਖਾਂ ਨੂੰ ਚੁਰਾਹੇ ਤੋਂ ਸਿਰਫ਼ ਸਿਆਸਤ ਵਾਲਾ ਰਾਹ ਹੀ ਕਿਉਂ ਨਜ਼ਰ ਆ ਰਿਹਾ ਹੈ? ਇਸ 'ਤੇ ਤੁਰਨ ਦੇ ਹਾਲਾਤ ਹੀ ਕਿਉਂ ਪੈਦਾ ਕੀਤੇ ਜਾ ਰਹੇ ਹਨ? ਬਾਕੀ ਤਿੰਨ ਰਾਹਾਂ ਦੀ ਨਿਸ਼ਾਨਦੇਹੀ ਕਿਉਂ ਨਹੀਂ ਹੋ ਰਹੀ? ਕੀ ਕਿਰਤ ਕਰਨ, ਨਾਮ ਜਪਣ, ਵੰਡ-ਛਕਣ ਨੂੰ ਇਨ੍ਹਾਂ ਤਿੰਨਾਂ ਰਾਹਾਂ ਵਜੋਂ ਨਹੀਂ ਵੀਚਾਰਿਆ ਜਾ ਸਕਦਾ? ਕੀ ਜੋ ਸਿੱਖ-ਸਿਆਸਤਦਾਨ ਨੂੰ ਠੀਕ ਨਹੀਂ ਬੈਠਦਾ, ਉਸ ਨੂੰ ਅਪੰਥਕ ਪ੍ਰਵਾਨ ਕਰ ਲੈਣਾ ਚਾਹੀਦਾ ਹੈ? ਅਜਿਹੇ ਸਵਾਲਾਂ ਦੇ ਉੱਤਰ ਲੱਭਣ ਦੀ ਅਕਾਦਮਿਕਤਾ ਵਾਸਤੇ ਸ਼ਤਾਬਦੀ ਅਵਸਰਾਂ ਨੂੰ ਨਾ ਅਸੀਂ ਪਹਿਲਾਂ ਵਰਤਿਆ ਹੈ ਤੇ ਨਾ ਹੀ ਹੁਣ ਵਰਤਣਾ ਚਾਹੁੰਦੇ ਹਾਂ। ਜਲਸੇ ਜਲੂਸਾਂ ਨਾਲ ਸਿੱਖ ਪਛਾਣ ਦੀ ਸਿਆਸਤ ਤੋਂ ਅੱਗੇ ਤੁਰਨ ਦੀ ਕੋਈ ਸੰਭਾਵਨਾ ਨਹੀਂ ਹੈ। ਜਲਸੇ ਜਲੂਸਾਂ ਦੀ ਸਿਆਸਤ ਨਾਲ ਗ਼ੈਰ-ਸਿੱਖਾਂ ਨੂੰ ਕਿਵੇਂ ਦੱਸ ਸਕਾਂਗੇ ਕਿ ਬਾਬਾ ਬੰਦਾ ਸਿੰਘ ਬਹਾਦਰ ਦੀਆਂ ਵਿਰਾਸਤੀ ਜੜ੍ਹਾਂ ਸਰਬਤ ਦੇ ਭਲੇ ਵਿੱਚ ਸਨ, 'ਜਗਤ ਜਲੰਦਾ ਰਖਿ ਲੈ' ਵਿੱਚ ਸਨ। ਲੜਾਈਆਂ ਲੜਦਿਆਂ ਵੀ ਬਾਬਾ ਜੀ ਦਾ ਨਿਸ਼ਾਨਾ ਸਿੱਖ-ਸੱਚ ਸੀ ਤੇ ਜਿੱਤਾਂ ਜਿੱਤ ਕੇ ਵੀ ਉਨ੍ਹਾਂ ਲਈ ਇਹੀ ਰਿਹਾ ਸੀ। ਉਨ੍ਹਾਂ ਦੀ ਅਗਵਾਈ ਵਿੱਚ ਲੜੀਆਂ ਗਈਆਂ ਜੰਗਾਂ, ਧਰਮ ਯੁੱਧ ਦੇ ਚਾਅ ਨਾਲ ਲੜੀਆਂ ਗਈਆਂ ਸਨ ਤੇ ਇਨ੍ਹਾਂ ਵਿੱਚ ਹਾਰਾਂ ਅਤੇ ਜਿੱਤਾਂ ਨੂੰ ਭਾਣੇ ਦੀ ਭਾਵਨਾ ਵਿੱਚ ਹੀ ਵੇਖਿਆ ਤੇ ਪਰਖਿਆ ਜਾਣਾ ਚਾਹੀਦਾ ਹੈ।

ਇਸ ਵੇਲੇ ਲੋੜ, ਬਾਬਾ ਬੰਦਾ ਸਿੰਘ ਦੀਆਂ ਪ੍ਰਾਪਤੀਆਂ ਦੀ ਧਾਰਮਿਕਤਾ, ਸਿੱਖ ਧਰਮ ਦੀ ਅਕਾਦਮਿਕਤਾ ਤੇ ਪੰਥਕ ਕਾਵਿਕਤਾ ਉਸਾਰੇ ਜਾਣ ਦੀ ਹੈ।

# ਸਰ ਹੈਨਰੀ ਫੇਨ ਨੇ ਦੇਖਿਆ ਕੰਵਰ ਦਾ ਵਿਆਹ

**ਸਤਿੰਦਰ ਸਿੰਘ ਰੰਧਾਵਾ**



> ਮਹਿਮਾਨਾਂ ਦੀ ਮਹਿਮਾਨਿਵਾਜ਼ੀ ਤੋਂ ਬਾਅਦ ਮਹਾਰਾਜੇ ਨੇ ਸਰ ਹੈਨਰੀ ਫੇਨ ਨੂੰ ਆਪਣੀ ਫ਼ੌਜ ਦਿਖਾਈ, ਜਿਸ ਵਿੱਚ 18 ਹਜ਼ਾਰ ਤਾਕਤਵਾਰ ਜਵਾਨ ਅਸਲੇ ਅਤੇ ਚੰਗੇ ਕੱਪੜਿਆਂ ਵਿੱਚ ਹਾਜ਼ਰ ਸਨ। ਉਸ ਨੂੰ ਜਵਾਹਰਾਤ ਦਿਖਾਏ ਗਏ। ਮਹਾਰਾਜਾ ਵੀ ਬ੍ਰਿਟਿਸ਼ ਫ਼ੌਜ ਤੋਂ ਪ੍ਰਭਾਵਿਤ ਹੋਇਆ। ਉਸ ਨੇ ਸਰ ਹੈਨਰੀ ਫੇਨ ਤੋਂ ਜੰਗ ਵਿੱਚ ਕੰਮ ਆਉਣ ਵਾਲੀਆਂ ਬਹੁਤ ਸਾਰੀਆਂ ਗੱਲਾਂ ਸਿੱਖੀਆਂ।

ਸਾਲ 1837 ਦੇ ਸ਼ੁਰੂ ਵਿੱਚ ਮਹਾਰਾਜਾ ਰਣਜੀਤ ਸਿੰਘ ਦੇ ਪੋਤਰੇ ਕੰਵਰ ਨੌਨਿਹਾਲ ਸਿੰਘ ਦਾ ਵਿਆਹ ਸੀ। ਇਸ ਕਰਕੇ ਸ੍ਰੀ ਅੰਮ੍ਰਿਤਸਰ ਨੂੰ ਸਜਾਇਆ ਜਾ ਰਿਹਾ ਸੀ ਤੇ ਸਾਰਾ ਵਾਤਾਵਰਨ ਖ਼ੁਸ਼ੀਆਂ ਭਰਪੂਰ ਸੀ। ਮਹਾਰਾਜਾ ਰਣਜੀਤ ਸਿੰਘ ਦੀ ਇਹ ਦਿਲੀ ਇੱਛਾ ਸੀ ਕਿ ਪੰਜਾਬ ਦੇ ਇਤਿਹਾਸ ਵਿੱਚ ਇਹ ਵਿਆਹ ਬੇਮਿਸਾਲ ਹੋਵੇ। ਮਹਾਰਾਜਾ ਦੇ ਸਰਦਾਰਾਂ ਨੇ ਵੀ ਵਿਆਹ ਦੀਆਂ ਤਿਆਰੀਆਂ ਵਿੱਚ ਵੱਧ ਤੋਂ ਵੱਧ ਸਮਾਂ ਤੇ ਪੈਸਾ ਖ਼ਰਚ ਕੀਤਾ। ਪਟਿਆਲਾ, ਜੀਂਦ, ਨਾਭਾ ਤੇ ਫ਼ਰੀਦਕੋਟ ਦੇ ਰਾਜੇ ਸਮੇਤ ਨਵਾਬ ਮਾਲੇਰਕੋਟਲਾ, ਕਪੂਰਥਲਾ ਦੇ ਸਰਦਾਰ, ਪਹਾੜੀ ਇਲਾਕੇ ਵਿੱਚੋਂ ਮੰਡੀ ਅਤੇ ਨੂਰਪੁਰ ਦੇ ਰਾਜਿਆਂ ਨੇ ਉਚੇਚੇ ਤੌਰ 'ਤੇ ਵਿਆਹ ਸਮਾਗਮ ਵਿੱਚ ਸ਼ਿਰਕਤ ਕਰਨੀ ਸੀ। ਬ੍ਰਿਟਿਸ਼ ਅਫ਼ਸਰਾਂ ਵਿੱਚੋਂ ਭਾਰਤੀ ਬ੍ਰਿਟਸ਼ ਆਰਮੀ ਦਾ ਕਮਾਂਡਰ ਇਨ ਚੀਫ ਸਰ ਹੈਨਰੀ ਫੇਨ ਇਕੱਲਾ ਹੀ ਸ਼ਾਮਲ ਹੋ ਸਕਿਆ। ਉਸ ਦਾ ਮੁੱਢਲਾ ਸਵਾਗਤ ਸਤਲੁਜ ਕੰਢੇ ਹਰੀ ਕੇ ਪੱਤਣ ਵਿੱਚ ਕੰਵਰ ਸ਼ੇਰ ਸਿੰਘ ਸਮੇਤ ਅਨੇਕ ਮੋਹਤਬਰ ਬੰਦਿਆਂ ਨੇ ਕੀਤਾ। ਮਗਰੋਂ ਸ੍ਰੀ ਅੰਮ੍ਰਿਤਸਰ ਤੋਂ ਪੰਜ ਮੀਲ ਦੂਰ ਉਸ ਦਾ ਸਵਾਗਤ ਖੜਕ ਸਿੰਘ, ਪ੍ਰਧਾਨ ਮੰਤਰੀ ਤੇ ਹੋਰ ਉੱਚ ਰਾਜ ਅਧਿਕਾਰੀਆਂ ਨੇ ਕੀਤਾ। ਉਸ ਨੂੰ ਪੰਜ ਹਜ਼ਾਰ ਰੁਪਏ ਭੇਟ ਕੀਤੇ ਗਏ। ਉਸ ਦੇ ਸਵਾਗਤ ਵਿੱਚ ਤਿੰਨ ਹਜ਼ਾਰ ਘੋੜ ਸਵਾਰ ਹਾਜ਼ਰ ਸਨ, ਜਿਨ੍ਹਾਂ ਦੀ ਹਾਜ਼ਰੀ ਵਿੱਚ ਸਰ ਹੈਨਰੀ ਨੂੰ ਉਸ ਦੀ ਰਿਹਾਇਸ਼ ਵੱਲ ਲਿਆਂਦਾ ਗਿਆ। ਸਾਰੇ ਘੋੜ ਸਵਾਰਾਂ ਦੇ ਕੱਪੜੇ ਹੀਰਿਆਂ ਨਾਲ ਜੜਤ ਸਨ ਤੇ ਚਮਕਾਂ ਮਾਰ ਰਹੇ ਸਨ। ਪ੍ਰਧਾਨ ਮੰਤਰੀ ਰਾਜਾ ਧਿਆਨ ਸਿੰਘ ਦਾ ਪਹਿਰਾਵਾ ਵੀ ਪ੍ਰਭਾਵਸ਼ਾਲੀ ਸੀ। ਉਸ ਨੇ ਹੀਰਿਆਂ ਨਾਲ ਜੜੀ ਮਹਿੰਗੀ ਪੁਸ਼ਾਕ ਪਹਿਨੀ ਹੋਈ ਸੀ। ਉਹ ਜਿਸ ਘੋੜੇ 'ਤੇ ਬੈਠਾ ਸੀ, ਉਹ ਪਰਸ਼ੀਆ ਤੋਂ ਲਿਆਂਦਾ ਗਿਆ ਸੀ। ਘੋੜੇ ਦੀ ਕਾਠੀ ਤੇ ਲਗਾਮ ਉੱਪਰ ਸੋਨੇ ਦਾ ਕੰਮ ਹੋਇਆ ਸੀ। ਉਸ ਨੇ ਫਰਾਂਸ ਤੋਂ ਬਣਿਆ ਚਮਕਦਾਰ ਕਵਚ ਛਾਤੀ ਦੁਆਲੇ ਪਾਇਆ ਹੋਇਆ ਸੀ। ਸਰ ਹੈਨਰੀ ਨੂੰ ਉਸ ਦੀ ਮਿੱਥੀ ਰਿਹਾਇਸ਼ 'ਤੇ ਇੱਕੀ ਸੌ ਬੁਦਕੀਆਂ ਸੋਨੇ ਦੀਆਂ ਅਤੇ ਪੰਜ ਸੌ ਥਾਲੀਆਂ ਲਜ਼ੀਜ਼ ਮਠਿਆਈਆਂ ਦੀਆਂ ਦਿੱਤੀਆਂ ਗਈਆਂ ਸਨ। ਦੂਜੇ ਦਿਨ ਉਸ ਨੇ ਮਹਾਰਾਜੇ ਨੂੰ ਰਾਮ ਬਾਗ਼ ਅੰਮ੍ਰਿਤਸਰ ਵਿਚਲੀ ਰਿਹਾਇਸ਼ 'ਤੇ ਮਿਲਣਾ ਸੀ। ਅਗਲੇ ਦਿਨ ਮਹਾਰਾਜੇ ਦੀ ਰਿਹਾਇਸ਼ ਦੇ ਸਾਹਮਣੇ ਵੱਡਾ ਤੰਬੂਨੁਮਾ ਤਖ਼ਤ ਲੱਗਾ ਸੀ, ਜਿਸ ਨੂੰ ਚਾਂਦੀ ਦੇ ਬੱਲਿਆਂ ਨਾਲ ਸਹਾਰਾ ਦਿੱਤਾ ਗਿਆ ਸੀ। ਜ਼ਮੀਨ ਉੱਪਰ ਮਹਿੰਗੇ ਕਸ਼ਮੀਰੀ ਗਲੀਚੇ ਵਿਛਾਏ ਗਏ ਸਨ। ਮਹਾਰਾਜੇ ਨੇ ਪੀਲੇ ਰੰਗ ਦੀ ਪੁਸ਼ਾਕ ਪਹਿਨੀ ਹੋਈ ਸੀ ਤੇ ਹਾਥੀ 'ਤੇ ਸਵਾਰ ਸੀ। ਉਸ ਦੇ ਪਿੱਛੇ ਉਸ ਦੇ ਸਰਦਾਰ ਸੋਨੇ, ਚਾਂਦੀ ਤੇ ਹੀਰਿਆਂ ਨਾਲ ਜੜਤ ਵਸਤਰਾਂ ਨਾਲ ਸੋਭ ਰਹੇ ਸਨ। ਦੋਹਾਂ ਦੀ ਮੁਲਾਕਾਤ ਹੋਈ। ਮਹਾਰਾਜੇ ਨੇ ਹੈਨਰੀ ਤੋਂ ਬ੍ਰਿਟਿਸ਼ ਆਰਮੀ ਦੇ ਜੰਗੀ ਤਰੀਕਿਆਂ ਬਾਰੇ ਕਈ ਸਵਾਲ ਪੁੱਛੇ ਸਨ।

ਕੰਵਰ ਨੌਨਿਹਾਲ ਸਿੰਘ ਦੇ ਵਿਆਹ ਦਾ ਦਿਨ ਆਇਆ। ਉਸ ਨੂੰ ਅਨੇਕ ਤੋਹਫ਼ੇ ਦਿੱਤੇ ਗਏ। ਸਰ ਹੈਨਰੀ ਫੇਨ ਨੇ ਗਿਆਰ੍ਹਾਂ ਹਜ਼ਾਰ ਰੁਪਏ ਤੇ ਰਾਜਾ ਧਿਆਨ ਸਿੰਘ ਨੇ ਇਕ ਲੱਖ, 25 ਹਜ਼ਾਰ ਰੁਪਏ ਦਿੱਤੇ। ਉਸ ਦਿਨ ਕੰਵਰ ਨੂੰ ਲਗਪਗ 15 ਲੱਖ ਰੁਪਏ ਦੇ ਤੋਹਫ਼ੇ ਦਿੱਤੇ ਗਏ। ਨੌਨਿਹਾਲ ਸਿੰਘ ਨੇ ਖ਼ੂਬਸੂਰਤ ਪੁਸ਼ਾਕ ਪਹਿਨੀ ਹੋਈ ਸੀ। ਉਸ ਦੇ ਗਲ ਵਿੱਚ ਫੁੱਲਾਂ ਦੇ ਹਾਰ ਸਨ। ਉਸ ਨੇ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ। ਮਹਾਰਾਜਾ ਰਣਜੀਤ ਸਿੰਘ ਨੇ ਗੁਰੂ ਗ੍ਰੰਥ ਸਾਹਿਬ ਨੂੰ ਪੰਜ ਸੌ ਰੁਪਏ ਭੇਟ ਕੀਤੇ। ਕਾਫ਼ੀ ਰੁਪਏ ਦਾਨ ਵਜੋਂ ਵੀ ਦਿੱਤੇ ਗਏ। ਬਰਾਤ ਨੇ ਅਟਾਰੀ ਪਹੁੰਚਣਾ ਸੀ। ਇਹ ਸ੍ਰੀ ਅੰਮ੍ਰਿਤਸਰ ਦਾ ਜ਼ਿਲ੍ਹਾ ਸੀ। ਇਸ ਸਥਾਨ 'ਤੇ ਲੜਕੀ ਦੇ ਪਿਤਾ ਸਰਦਾਰ ਸ਼ਾਮ ਸਿੰਘ ਰਹਿੰਦੇ ਸਨ। ਹਰਿਮੰਦਰ ਸਾਹਿਬ ਤੋਂ ਅਟਾਰੀ ਤਕ ਹਜ਼ਾਰਾਂ ਲੋਕ ਸੜਕ ਦੇ ਦੋਹੀਂ ਪਾਸੀਂ ਕਤਾਰਾਂ ਵਿੱਚ ਖੜ੍ਹੇ ਇਸ ਅਨੋਖੇ ਵਿਆਹ ਨੂੰ ਤੱਕ ਰਹੇ ਸਨ। ਮਹਾਰਾਜੇ ਵੱਲੋਂ ਉਨ੍ਹਾਂ ਨੂੰ ਵੀ ਪੈਸੇ ਦਾਨ ਵਜੋਂ ਦਿੱਤੇ ਗਏ। ਬਰਾਤ ਸਰਦਾਰ ਸ਼ਾਮ ਸਿੰਘ ਦੇ ਘਰ ਢੁਕੀ ਤਾਂ ਬੰਦੂਕਾਂ ਵਿੱਚੋਂ ਗੋਲੀਆਂ ਆਕਾਸ਼ ਵੱਲ ਦਾਗੀਆਂ ਗਈਆਂ। ਸਰਦਾਰ ਸ਼ਾਮ ਸਿੰਘ ਨੇ ਮਹਾਰਾਜਾ ਰਣਜੀਤ ਸਿੰਘ ਨੂੰ ਇਕ ਸੌ ਇੱਕ ਸੋਨੇ ਦੀਆਂ ਮੋਹਰਾਂ ਤੇ ਪੰਜ ਘੋੜੇ ਦਿੱਤੇ।

ਕੰਵਰ ਸਰਦਾਰ ਦੀ ਹਵੇਲੀ ਵਿੱਚ ਬਰਾਤ ਸਮੇਤ ਦਾਖ਼ਲ ਹੋਇਆ। ਵਿਆਹ ਦੀਆਂ ਰਸਮਾਂ ਸ਼ੁਰੂ ਹੋਈਆਂ। ਦੂਜੇ ਦਿਨ ਖੁੱਲ੍ਹੇ ਮੈਦਾਨ ਵਿੱਚ ਇੱਕ ਵਾੜਾਨੁਮਾ ਪੰਡਾਲ ਬਣਿਆ ਹੋਇਆ ਸੀ। ਇਸ ਦਾ ਘੇਰਾ ਪੰਜ ਮੀਲ ਵਿੱਚ ਸੀ ਅਤੇ ਇਸ ਦੇ 80 ਦਰਵਾਜ਼ੇ ਸਨ। ਹਰ ਦਰਵਾਜ਼ੇ ਉੱਪਰ ਸਿਪਾਹੀ ਤਾਇਨਾਤ ਸਨ, ਜਿਨ੍ਹਾਂ ਦੀ ਜ਼ਿੰਮੇਵਾਰੀ ਸੀ ਕਿ ਕੋਈ ਵੀ ਵਿਅਕਤੀ ਇੱਕ ਰੁਪਇਆ ਪ੍ਰਾਪਤ ਕਰਨ ਤੋਂ ਬਿਨਾਂ ਨਾ ਜਾਵੇ ਅਤੇ ਕੋਈ ਵੀ ਦੁਬਾਰਾ ਰੁਪਇਆ ਲੈਣ ਨਾ ਆਵੇ। ਉਸ ਦਿਨ ਲੱਖਾਂ ਰੁਪਏ ਵੰਡੇ ਗਏ ਸਨ। ਕੰਵਰ ਨੂੰ ਮਹਿੰਗੀਆਂ ਸੌਗਾਤਾਂ ਦਿੱਤੀਆਂ ਗਈਆਂ, ਜਿਸ ਵਿੱਚ ਸੋਨੇ ਦੀਆਂ ਕਾਠੀਆਂ ਅਤੇ ਲਗਾਮਾਂ ਨਾਲ ਜੜਤ ਸੌ ਘੋੜੇ, ਇੱਕ ਸੌ ਇੱਕ ਗਾਵਾਂ, ਇੱਕ ਸੌ ਇੱਕ ਮੱਝਾਂ, ਸੌ ਊਠ, ਗਿਆਰ੍ਹਾਂ ਹਾਥੀ, ਹਜ਼ਾਰਾਂ ਰੁਪਏ ਦੇ ਗਹਿਣੇ, ਸੋਨੇ ਤੇ ਚਾਂਦੀ ਦੇ ਬਰਤਨ, ਰੇਸ਼ਮ ਦੀਆਂ ਸ਼ਾਅਲਾਂ, ਹੀਰੇ ਤੇ ਜਵਾਹਰਾਤ ਸਨ।

ਇਸ ਤੋਂ ਬਾਅਦ ਬਰਾਤੀ ਲਾਹੌਰ ਵੱਲ ਤੁਰ ਪਏ, ਜਿੱਥੇ ਦੂਜੇ ਦਿਨ ਸ਼ਾਲੀਮਾਰ ਬਾਗ਼ ਵਿੱਚ ਵੱਡੇ ਭੋਜ ਦਾ ਇੰਤਜ਼ਾਮ ਕੀਤਾ ਗਿਆ ਸੀ। ਮਹਿਮਾਨਾਂ ਦੀ ਮਹਿਮਾਨਿਵਾਜ਼ੀ ਤੋਂ ਬਾਅਦ ਮਹਾਰਾਜੇ ਨੇ ਸਰ ਹੈਨਰੀ ਫੇਨ ਨੂੰ ਆਪਣੀ ਫ਼ੌਜ ਦਿਖਾਈ, ਜਿਸ ਵਿੱਚ 18 ਹਜ਼ਾਰ ਤਾਕਤਵਾਰ ਜਵਾਨ ਅਸਲੇ ਅਤੇ ਚੰਗੇ ਕੱਪੜਿਆਂ ਵਿੱਚ ਹਾਜ਼ਰ ਸਨ। ਉਸ ਨੂੰ ਜਵਾਹਰਾਤ ਦਿਖਾਏ ਗਏ। ਮਹਾਰਾਜਾ ਵੀ ਬ੍ਰਿਟਿਸ਼ ਫ਼ੌਜ ਤੋਂ ਪ੍ਰਭਾਵਿਤ ਹੋਇਆ। ਉਸ ਨੇ ਸਰ ਹੈਨਰੀ ਫੇਨ ਤੋਂ ਜੰਗ ਵਿੱਚ ਕੰਮ ਆਉਣ ਵਾਲੀਆਂ ਬਹੁਤ ਸਾਰੀਆਂ ਗੱਲਾਂ ਸਿੱਖੀਆਂ। 22 ਮਾਰਚ, 1837 ਨੂੰ ਹੋਲੀ ਸੀ। ਸਰ ਹੈਨਰੀ ਨੇ ਹੋਲੀ ਦਾ ਤਿਉਹਾਰ ਇੱਥੇ ਹੀ ਮਨਾਇਆ। ਹੈਨਰੀ ਦੀ ਵਿਦਾਇਗੀ ਸਮੇਂ ਮਹਾਰਾਜੇ ਨੇ ਉਸ ਨੂੰ ਸੁੰਦਰ ਸ਼ਾਅਲਾਂ, ਤਲਵਾਰਾਂ, ਇੱਕ ਹਾਥੀ ਅਤੇ ਅਨੇਕ ਘੋੜੇ ਭੇਟ ਕੀਤੇ ਸਨ।

99154-39852

# ਮਹਾਰਾਜਾ ਰਣਜੀਤ ਸਿੰਘ ਦੇ ਵਿਦੇਸ਼ੀ ਜਨਰਲ





**ਬਲਰਾਜ ਸਿੰਘ ਸਿੱਧੂ ਐਸ.ਪੀ**

**ਦੂਜੀ ਤੇ ਅੰਤਿਮ ਕਿਸ਼ਤ**

ਉਸ ਵੇਲੇ ਈਸਟ ਇੰਡੀਆ ਕੰਪਨੀ ਦਾ ਬਰਮਾ ਨਾਲ ਯੁੱਧ ਸ਼ੁਰੂ ਹੋਣ ਵਾਲਾ ਸੀ ਤੇ ਕੰਪਨੀ ਨੂੰ ਡਾਕਟਰਾਂ ਦੀ ਜ਼ਰੂਰਤ ਸੀ। ਉਸ ਨੇ ਬਿਨਾਂ ਕਿਸੇ ਡਿਗਰੀ ਤੋਂ ਕੰਪਨੀ ਵਿੱਚ ਮੈਡੀਕਲ ਸਰਜਨ ਦੀ ਨੌਕਰੀ ਪ੍ਰਾਪਤ ਕਰ ਲਈ। ਉਹ ਜੰਗ ਵਿੱਚ ਜ਼ਖ਼ਮੀ ਹੋ ਗਿਆ ਤੇ ਵਾਪਸ ਕਲਕੱਤੇ ਆ ਗਿਆ। ਕੁਝ ਸਾਲਾਂ ਬਾਅਦ ਉਸ ਨੇ ਕੰਪਨੀ ਛੱਡ ਦਿੱਤੀ ਤੇ ਵੈਨਤੂਰਾ ਦੀ ਸਿਫ਼ਾਰਸ਼ ਨਾਲ 1929 ਵਿੱਚ ਲਾਹੌਰ ਦਰਬਾਰ ਵਿੱਚ ਨੌਕਰੀ ਪ੍ਰਾਪਤ ਕਰ ਲਈ। ਮਹਾਰਾਜੇ ਨੇ ਉਸ ਨੂੰ ਪਹਿਲਾਂ ਨੂਰਪੁਰ-ਜਸਰੋਟਾ ਤੇ 1832 ਵਿੱਚ ਗੁਜਰਾਤ ਦਾ ਗਵਰਨਰ ਥਾਪ ਦਿੱਤਾ। ਉਹ ਮਹਾਰਾਜੇ ਦਾ ਨਿੱਜੀ ਡਾਕਟਰ ਸੀ। ਮਹਾਰਾਜੇ ਦੀ ਮੌਤ ਤੋਂ ਬਾਅਦ ਕੁਝ ਦੇਰ ਅਫ਼ਗਾਨਿਸਤਾਨ ਰਹਿ ਕੇ ਉਹ ਵਾਪਸ ਅਮਰੀਕਾ ਚਲਾ ਗਿਆ। ਉਹ ਸਾਂ-ਫਰਾਂਸਿਸਕੋ ਵਿੱਚ ਵਸ ਗਿਆ। 1871 ਵਿੱਚ ਟੀ.ਬੀ. ਕਾਰਨ ਉਸ ਦੀ ਮੌਤ ਹੋ ਗਈ।

ਬਲਭੱਦਰ ਕੁੰਵਰ: ਬਲਭੱਦਰ ਦਾ ਜਨਮ ਨੇਪਾਲ ਦੇ ਸ਼ਹਿਰ ਭਾਵਨਕੋਟ ਵਿੱਚ 1785 ਦੇ ਆਸ ਪਾਸ ਹੋਇਆ ਸੀ। ਉਸ ਦੇ ਪਿਤਾ ਤੇ ਦਾਦੇ ਨੇਪਾਲ ਦੀ ਸੈਨਾ ਵਿੱਚ ਨੌਕਰੀ ਕਰਦੇ ਸਨ। ਜਵਾਨ ਹੋਣ ਉੱਤੇ ਬਲਭੱਦਰ ਵੀ ਨੇਪਾਲੀ ਫ਼ੌਜ ਵਿੱਚ ਭਰਤੀ ਹੋ ਗਿਆ। 1814-1816 ਵਿੱਚ ਹੋਏ ਐਂਗਲੋ-ਨੇਪਾਲ ਯੁੱਧਾਂ ਵਿੱਚ ਗੋਰਖੇ ਹਾਰ ਗਏ। ਉਨ੍ਹਾਂ ਨੂੰ ਸਾਰਾ ਭਾਰਤੀ ਖੇਤਰ ਛੱਡਣਾ ਪਿਆ। ਬਲਭੱਦਰ ਇਸ ਜੰਗ ਵਿੱਚ ਕਈ ਵਾਰ ਜ਼ਖ਼ਮੀ ਹੋਇਆ। ਜੰਗ ਤੋਂ ਬਾਅਦ ਉਹ ਹੋਰ ਅਨੇਕਾਂ ਗੋਰਖਿਆਂ ਸਮੇਤ ਲਾਹੌਰ ਦਰਬਾਰ ਪਹੁੰਚ ਗਿਆ। ਮਹਾਰਾਜੇ ਨੇ ਕਈ ਗੋਰਖਾ ਰੈਜਮੈਂਟਾਂ ਤਿਆਰ ਕੀਤੀਆਂ ਤੇ ਬਲਭੱਦਰ ਨੂੰ ਉਨ੍ਹਾਂ ਦਾ ਜਨਰਲ ਨਿਯੁੱਕਤ ਕਰ ਦਿੱਤਾ। ਉਸ ਨੇ ਕਈ ਯੁੱਧਾਂ ਵਿੱਚ ਹਿੱਸਾ ਲਿਆ ਤੇ ਮਾਰਚ 1823 ਨੂੰ ਨੌਸ਼ਹਿਰੇ ਦੀ ਜੰਗ ਵਿੱਚ ਅਕਾਲੀ ਫੂਲਾ ਸਿੰਘ ਸਮੇਤ ਸ਼ਹੀਦੀ ਪ੍ਰਾਪਤ ਕਰ ਗਿਆ।

ਜੌਹਨ ਹੋਮਜ਼: ਅੰਗਰੇਜ਼ ਪਿਤਾ ਤੇ ਭਾਰਤੀ ਮਾਤਾ ਦਾ ਪੁੱਤਰ ਹੋਮਜ਼ ਐਂਗਲੋ ਇੰਡੀਅਨ ਸੀ। ਉਹ ਖ਼ਾਲਸਾ ਫ਼ੌਜ ਵਿੱਚ ਸ਼ਾਮਲ ਹੋਣ ਵਾਲਾ ਆਖ਼ਰੀ ਵਿਦੇਸ਼ੀ ਸੀ। ਉਹ ਈਸਟ ਇੰਡੀਆ ਕੰਪਨੀ ਦੀ ਬੰਗਾਲ ਹਾਰਸ ਆਰਟਿਲਰੀ ਵਿੱਚ ਬਤੌਰ ਬਿਗਲਰ (ਸਿਪਾਹੀ) ਭਰਤੀ ਹੋਇਆ ਸੀ। ਤਰੱਕੀ ਨਾ ਹੁੰਦੀ ਵੇਖ ਕੇ 1829 ਵਿੱਚ ਅਸਤੀਫ਼ਾ ਦੇ ਕੇ ਲਾਹੌਰ ਪਹੁੰਚ ਗਿਆ ਤੇ ਖ਼ਾਲਸਾ ਫ਼ੌਜ ਵਿੱਚ ਭਰਤੀ ਹੋ ਗਿਆ। ਉਸ ਨੇ ਪਿਸ਼ਾਵਰ ਅਤੇ ਜਮਰੌਦ ਦੀਆਂ ਜੰਗਾਂ ਵਿੱਚ ਹਿੱਸਾ ਲਿਆ। ਉਸ ਨੇ 2 ਸਾਲ ਗੁਜਰਾਤ ਦੇ ਦੀਵਾਨ ਦਾ ਕੰਮ ਵੀ ਕੀਤਾ। ਉਹ ਗੱਦਾਰ ਸੀ। ਕੰਪਨੀ ਨੇ ਉਸ ਨੂੰ ਖ਼ੁਦ ਹੀ ਲਾਹੌਰ ਦਰਬਾਰ ਵਿੱਚ ਫਿੱਟ ਕੀਤਾ ਸੀ। ਪਹਿਲੇ ਐਂਗਲੋ ਸਿੱਖ ਯੁੱਧ ਸਮੇਂ ਲਾਲ ਸਿੰਘ, ਤੇਜ ਸਿੰਘ ਨਾਲ ਮਿਲ ਕੇ ਉਸੇ ਨੇ ਸਾਰੀ ਜਾਣਕਾਰੀ ਅੰਗਰੇਜ਼ਾਂ ਨੂੰ ਪਹੁੰਚਾਈ ਸੀ। 1848 ਵਿੱਚ ਉਸ ਨੂੰ ਕਰਨਲ ਦਾ ਰੈਂਕ ਦੇ ਕੇ ਬੰਨੂ ਦਾ ਗਵਰਨਰ ਥਾਪਿਆ ਗਿਆ ਪਰ ਉਸ ਦੇ ਅਧੀਨ ਸਿੱਖ ਫ਼ੌਜ ਨੇ ਬਗਾਵਤ ਕਰ ਦਿੱਤੀ ਤੇ ਉਸ ਨੂੰ ਕਤਲ ਕਰ ਦਿੱਤਾ।

ਸੰਪਰਕ: 98151-24449

## ਐਸ.ਡੀ.ਐਮ. ਦੂਧਨਸਾਧਾਂ ਵੱਲੋਂ ਸਕੂਲ ਵਾਹਨਾਂ ਦੀ ਅਚਨਚੇਤ ਚੈਕਿੰਗ

### ਐਸ.ਡੀ.ਐਮ. ਵੱਲੋਂ ਵਿਦਿਆਰਥੀਆਂ ਨੂੰ ਸਕੂਲ ਲਿਜਾਉਣ ਵਾਲੇ ਪ੍ਰਾਈਵੇਟ ਟਰਾਂਸਪੋਰਟਰਾਂ ਨਾਲ ਬੈਠਕ



**ਦੂਧਨਸਾਧਾਂ/ਪਟਿਆਲਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਉਪ ਮੰਡਲ ਮੈਜਿਸਟਰੇਟ ਦੂਧਨਸਾਧਾਂ ਕ੍ਰਿਪਾਲਵੀਰ ਸਿੰਘ ਵੱਲੋਂ ਅੱਜ ਸਕੂਲ ਵਾਹਨਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ ਤੇ ਸਕੂਲ ਵਾਹਨ ਚਾਲਕਾਂ ਨੂੰ ਸੇਫ਼ ਸਕੂਲ ਵਾਹਨ ਪਾਲਿਸੀ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਹਦਾਇਤ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਸਬੰਧੀ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਹੋਣ 'ਤੇ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਇਸ ਤੋਂ ਪਹਿਲਾਂ ਉਨ੍ਹਾਂ ਸਬ ਡਵੀਜ਼ਨ ਦੂਧਨਸਾਧਾਂ ਅੰਦਰ ਪੈਂਦੇ ਸਾਰੇ ਪ੍ਰਾਈਵੇਟ ਸਕੂਲਾਂ ਦੇ ਪ੍ਰਿੰਸੀਪਲਾਂ ਨਾਲ ਬੈਠਕ ਕੀਤੀ ਅਤੇ ਪ੍ਰਿੰਸੀਪਲਾਂ ਨੂੰ ਸਕੂਲ ਖੁੱਲਣ ਤੋਂ ਪਹਿਲਾਂ ਸੇਫ਼ ਸਕੂਲ ਵਾਹਨ ਪਾਲਿਸੀ ਤਹਿਤ ਸਕੂਲ ਵਾਹਨਾਂ ਦੀਆਂ ਸਾਰੀਆਂ ਕਮੀਆਂ/ਤਰੁੱਟੀਆਂ ਨੂੰ ਠੀਕ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਸਕੂਲ ਲਿਜਾਉਣ ਵਾਲੇ ਪ੍ਰਾਈਵੇਟ ਟਰਾਂਸਪੋਰਟਰਾਂ ਤੇ ਡਰਾਈਵਰਾਂ ਨਾਲ ਮੀਟਿੰਗ ਕਰਕੇ ਵਾਹਨਾਂ ਨੂੰ ਨਿਯਮਾਂ ਅਨੁਸਾਰ ਬਣਾਉਣ ਦੇ ਨਿਰਦੇਸ਼ ਦਿੱਤੇ।

ਬੈਠਕ ਦੌਰਾਨ ਐਸ.ਡੀ.ਐਮ ਕ੍ਰਿਪਾਲਵੀਰ ਸਿੰਘ ਨੇ ਸਮੂਹ ਸਕੂਲ ਮੁਖੀਆਂ ਨੂੰ ਸੇਫ਼ ਸਕੂਲ ਵਾਹਨ ਸਕੀਮ ਤਹਿਤ ਹਦਾਇਤਾਂ ਦੀਆਂ ਕਾਪੀਆਂ ਸੌਂਪਦੇ ਹੋਏ ਸਖ਼ਤ ਹਦਾਇਤ ਕੀਤੀ ਕਿ ਸਕੂਲ ਜਾਂਦੇ ਬੱਚਿਆਂ ਦੀ ਸੁਰੱਖਿਆ ਦਾ ਧਿਆਨ ਰੱਖਿਆ ਜਾਵੇ ਅਤੇ ਬੱਚਿਆਂ ਨੂੰ ਘਰ ਤੋਂ ਸਕੂਲ ਅਤੇ ਸਕੂਲ ਤੋਂ ਘਰ ਸੇਫ਼ ਵਾਹਨ ਰਾਹੀਂ ਲਿਜਾਇਆ ਜਾਵੇ। ਜ਼ਿਕਰਯੋਗ ਹੈ ਕਿ ਐਸ.ਡੀ.ਐਮ ਕ੍ਰਿਪਾਲਵੀਰ ਸਿੰਘ ਵੱਲੋਂ ਸੇਫ਼ ਸਕੂਲ ਵਾਹਨ ਪਾਲਿਸੀ ਨੂੰ ਸਖਤੀ ਨਾਲ ਲਾਗੂ ਕਰਵਾਉਣ ਹਿੱਤ ਮਿਤੀ 19 ਜੂਨ, 26 ਜੂਨ, 27 ਜੂਨ, 30 ਜੂਨ ਤੇ 4 ਜੁਲਾਈ ਨੂੰ ਲਗਾਤਾਰ ਸਕੂਲ ਪ੍ਰਬੰਧਕਾਂ ਨਾਲ ਬੈਠਕਾਂ ਕਰਕੇ ਪਾਲਿਸੀ ਅਨੁਸਾਰ ਕੰਮ ਕਰਨ ਦੀ ਹਦਾਇਤ ਕੀਤੀ ਗਈ ਹੈ।

ਹਾਜ਼ਰ ਪ੍ਰਿੰਸੀਪਲਾਂ ਨੂੰ ਹਦਾਇਤ ਕੀਤੀ ਗਈ ਕਿ ਉਹ ਆਪਣੇ ਸਕੂਲਾਂ ਵਿੱਚ ਇਹ ਵੀ ਧਿਆਨ ਵਿੱਚ ਰੱਖਣ ਕਿ ਕੋਈ ਵੀ ਨਾਬਾਲਗ ਬੱਚਾ ਬਿਨਾਂ ਲਾਇਸੰਸ ਤੋਂ ਮੋਟਰ ਵਹੀਕਲ ਜਾਂ ਕੋਈ ਹੋਰ ਸਾਧਨ ਸਕੂਲ ਵਿੱਚ ਲੈ ਕੇ ਆਉਂਦਾ ਹੈ ਤਾਂ ਉਸ ਦੇ ਅਤੇ ਉਸ ਤੇ ਮਾਤਾ ਪਿਤਾ ਵਿਰੁੱਧ ਸਖ਼ਤ ਕਾਰਵਾਈ ਕਰਨ ਲਈ ਸਬੰਧਿਤ ਟਰੈਫ਼ਿਕ ਇੰਚਾਰਜ ਨੂੰ ਤੁਰੰਤ ਲਿਖਿਆ ਜਾਵੇ। ਉਨ੍ਹਾਂ ਕਿਹਾ ਕਿ ਸੇਫ਼ ਸਕੂਲ ਵਾਹਨ ਪਾਲਿਸੀ ਨੂੰ ਲਾਗੂ ਕਰਨ ਵਿੱਚ ਜੇਕਰ ਕਿਸੇ ਸਕੂਲ ਵੱਲੋਂ ਕੋਈ ਅਣਗਹਿਲੀ ਕੀਤੀ ਗਈ, ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਡਾ. ਬਲਜੀਤ ਕੌਰ ਨੇ ਐੱਸਸੀ ਭਾਈਚਾਰੇ ਨਾਲ ਸਬੰਧਤ 505 ਪਰਿਵਾਰਾਂ ਨੂੰ ਵੰਡੇ 8.72 ਕਰੋੜ ਰੁਪਏ ਦੀ ਕਰਜ਼ਾ ਮੁਆਫ਼ੀ ਦੇ ਸਰਟੀਫਿਕੇਟ



**ਚੰਡੀਗੜ੍ਹ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਕਮਜ਼ੋਰ ਅਤੇ ਪੱਛੜੇ ਵਰਗਾਂ ਦੀ ਭਲਾਈ ਲਈ ਚਲਾਈ ਮੁਹਿੰਮ ਤਹਿਤ ਅੱਜ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਮਲੋਟ ਦੇ ਕੇ.ਜੀ. ਪੈਲੇਸ ਵਿਖੇ ਐੱਸਸੀ ਭਾਈਚਾਰੇ ਨਾਲ ਸਬੰਧਤ 505 ਪਰਿਵਾਰਾਂ ਨੂੰ ਤਕਰੀਬਨ 8 ਕਰੋੜ 72 ਲੱਖ ਰੁਪਏ ਦੀ ਰਾਸ਼ੀ ਦੇ ਕਰਜ਼ਾ ਮੁਆਫ਼ੀ ਦੇ ਸਰਟੀਫਿਕੇਟ ਵੰਡੇ। ਇਸ ਮੌਕੇ ਕੈਬਨਿਟ ਮੰਤਰੀ ਵੱਲੋਂ ਆਸ਼ੀਰਵਾਦ ਸਕੀਮ ਤਹਿਤ ਵੀ 140 ਲਾਭਪਾਤਰੀਆਂ ਨੂੰ 71.40 ਲੱਖ, 51,000 ਰੁਪਏ ਹਰੇਕ, ਦੇ ਮਨਜ਼ੂਰੀ ਪੱਤਰਾਂ ਦੀ ਵੰਡ ਕੀਤੀ।

ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਸਮਾਜ ਦੇ ਲੋੜਵੰਦ ਅਤੇ ਪੱਛੜੇ ਵਰਗਾਂ ਦੀ ਮਦਦ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਲੋਕਾਂ ਦੀ ਵੱਧ ਤੋਂ ਵੱਧ ਭਲਾਈ ਨੂੰ ਯਕੀਨੀ ਬਣਾ ਰਹੀ ਹੈ ਤਾਂ ਜੋ ਸਮਾਜ ਦੇ ਹਰ ਵਰਗ ਨੂੰ ਇਸ ਦਾ ਲਾਭ ਮਿਲ ਸਕੇ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਸੂਬੇ ਦੇ ਪੱਛੜੇ ਤੇ ਕਮਜ਼ੋਰ ਵਰਗਾਂ ਨੂੰ ਇਹ ਰਾਹਤ ਮਿਲੀ ਹੈ। ਉਨ੍ਹਾਂ ਕਿਹਾ ਕਿ ਇਹ ਇਸ ਕਰਕੇ ਸੰਭਵ ਹੋਇਆ ਹੈ ਕਿਉਂਕਿ ਪਹਿਲੀ ਵਾਰ ਸੂਬੇ ਦਾ ਬਜਟ ਆਮ ਆਦਮੀ ਦੀ ਭਲਾਈ ਲਈ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸਰਕਾਰੀ ਖਜ਼ਾਨੇ ਦਾ ਇੱਕ-ਇੱਕ ਪੈਸਾ ਜਨਤਕ ਭਲਾਈ 'ਤੇ ਖਰਚ ਕਰ ਰਹੀ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹ ਮੁਆਫ਼ੀ ਪੀ.ਐੱਸ.ਸੀ.ਐੱਫ.ਸੀ. ਵੱਲੋਂ ਵੰਡੇ ਗਏ ਸਾਰੇ ਕਰਜ਼ਿਆਂ ਲਈ ਹੈ, ਜਿਸ ਨਾਲ ਐਸ.ਸੀ. ਭਾਈਚਾਰਾ ਅਤੇ ਦਿਵਿਆਂਗ ਵਰਗ ਦੇ ਕਰਜ਼ਦਾਰਾਂ ਨੂੰ ਅਤਿ ਲੋੜੀਂਦੀ ਰਾਹਤ ਮਿਲੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਤੇ ਵਿੱਤ ਨਿਗਮ (ਪੀ.ਐੱਸ.ਸੀ.ਐੱਫ.ਸੀ.) ਵੱਲੋਂ 31 ਮਾਰਚ, 2020 ਤੱਕ ਵੰਡੇ ਗਏ ਕਰਜ਼ਿਆਂ 'ਤੇ ਲੀਕ ਫੇਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਹ ਮੁਆਫ਼ੀ ਪੀ.ਐੱਸ.ਸੀ.ਐੱਫ.ਸੀ. ਦੁਆਰਾ ਉਪਰੋਕਤ ਮਿਤੀ ਤੱਕ ਵੰਡੇ ਗਏ ਸਾਰੇ ਕਰਜ਼ਿਆਂ ਲਈ ਹੈ, ਜਿਸ ਨਾਲ ਐੱਸ.ਸੀ. ਭਾਈਚਾਰਾ ਅਤੇ ਦਿਵਿਆਂਗ ਵਰਗ ਦੇ ਕਰਜ਼ਦਾਰਾਂ ਨੂੰ ਲੋੜੀਂਦੀ ਰਾਹਤ ਮਿਲੀ ਹੈ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਇਨ੍ਹਾਂ ਲਾਭਪਾਤਰੀਆਂ ਨੂੰ 'ਕੋਈ ਬਕਾਇਆ ਨਹੀਂ' ਸਰਟੀਫਿਕੇਟ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ 30 ਅਪਰੈਲ, 2025 ਤੱਕ ਗਿਣਿਆ ਗਿਆ ਮੂਲ, ਵਿਆਜ ਅਤੇ ਦੰਡ ਵਿਆਜ ਸਮੇਤ ਬਣਦੀ ਪੂਰੀ ਰਕਮ ਸੂਬਾ ਸਰਕਾਰ ਵੱਲੋਂ ਪੀ.ਐੱਸ.ਸੀ.ਐੱਫ.ਸੀ. ਨੂੰ ਵਾਪਸ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਰਜ਼ਾ ਮੁਆਫੀ ਤੋਂ ਬਾਅਦ ਪੀ.ਐੱਸ.ਸੀ.ਐੱਫ.ਸੀ. ਦੇ ਨਿਯਮਾਂ ਤਹਿਤ ਕਰਜ਼ਾ ਲੈਣ ਵਾਲਿਆਂ ਵਿਰੁੱਧ ਰਿਕਵਰੀ ਲਈ ਕੋਈ ਕਾਰਵਾਈ ਸ਼ੁਰੂ ਨਹੀਂ ਕੀਤੀ ਜਾਵੇਗੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਭਲਾਈ ਅਫ਼ਸਰ ਜਗਮੋਹਨ ਸਿੰਘ, ਕੈਬਨਿਟ ਮੰਤਰੀ ਦੇ ਨਿੱਜੀ ਸਹਾਇਕ ਅਰਸ਼ਦੀਪ ਸਿੰਘ ਸਿੱਧੂ ਤੇ ਸ਼ਿੰਦਰਪਾਲ ਸਿੰਘ, ਰਮੇਸ਼ ਸਿੰਘ ਅਰਨੀਵਾਲਾ, ਸੁਖਪਾਲ ਸਿੰਘ ਪ੍ਰਧਾਨ ਟਰੱਕ ਯੂਨਿਅਨ, ਯਾਦਵਿੰਦਰ ਸਿੰਘ ਸਰਪੰਚ, ਨਿਰਮਲ ਸਿੰਘ ਸਰਪੰਚ, ਕੁਲਵਿੰਦਰ ਸਿੰਘ ਬਿੱਟੂ, ਜੋਤੀ ਸਰਪੰਚ, ਡਾ. ਸਾਧੂ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਲਾਭਪਾਤਰੀ ਹਾਜ਼ਰ ਸਨ।

## ਭ੍ਰਿਸ਼ਟਾਚਾਰ ਵਿਰੁੱਧ ਮੁਹਿੰਮ: ਇੱਕ ਲੱਖ ਰੁਪਏ ਰਿਸ਼ਵਤ ਲੈਂਦੇ ਡੀ.ਐਸ.ਪੀ. ਦੇ ਰੀਡਰ ਨੂੰ ਵਿਜੀਲੈਂਸ ਬਿਊਰੋ ਨੇ ਕੀਤਾ ਰੰਗੇ ਹੱਥੀਂ ਕਾਬੂ



**ਚੰਡੀਗੜ੍ਹ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਆਪਣੀ ਚੱਲ ਰਹੀ ਮੁਹਿੰਮ ਨੂੰ ਜਾਰੀ ਰੱਖਦੇ ਹੋਏ, ਪੰਜਾਬ ਵਿਜੀਲੈਂਸ ਬਿਊਰੋ ਨੇ ਸੋਮਵਾਰ ਨੂੰ ਬਠਿੰਡਾ ਜਿ ?ਲ੍ਹੇ ਵਿੱਚ ਡੀਐਸਪੀ ਭੁੱਚੋ ਦੇ ਨਿੱਜੀ ਸੁਰੱਖਿਆ ਅਧਿਕਾਰੀ (ਪੀ.ਐਸ.ਓ.) ਵਜੋਂ ਤਾਇਨਾਤ ਹੌਲਦਾਰ ਰਾਜ ਕੁਮਾਰ ਨੂੰ ਇੱਕ ਲੱਖ ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫਤਾਰ ਕੀਤਾ।

ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਦੋਸ਼ੀ ਪੁਲਿਸ ਅਧਿਕਾਰੀ ਨੂੰ ਜਿਲ੍ਹਾ ਬਠਿੰਡਾ ਦੀ ਤਹਿਸੀਲ ਨਥਾਣਾ ਦੇ ਪਿੰਡ ਕਲਿਆਣ ਸੁੱਖਾ ਦੇ ਵਸਨੀਕ ਵੱਲੋਂ ਦਰਜ ਕਰਵਾਈ ਸਿ ?ਕਾਇਤ ਤੋਂ ਬਾਅਦ ਗ੍ਰਿਫ਼ਤਾਰ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਔਰਤ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਖੇਤੀਬਾੜੀ ਵਾਲੀ ਜ਼ਮੀਨ ਦੇ ਵਿਵਾਦ ਕਾਰਨ ਵਿਰੋਧੀ ਧਿਰ ਨੇ ਉਸਦੇ ਪਤੀ ਅਤੇ ਉਸਦੇ ਦੋਵੇਂ ਪੁੱਤਰਾਂ ਵਿਰੁੱਧ ਥਾਣਾ ਨਥਾਣਾ ਵਿਖੇ ਝੂਠਾ ਕੇਸ ਦਰਜ ਕਰਵਾਇਆ ਸੀ, ਜਿਸਦੀ ਜਾਂਚ ਡੀਐਸਪੀ ਭੁੱਚੋ ਵੱਲੋਂ ਕੀਤੀ ਜਾ ਰਹੀ ਹੈ। ਇਸ ਤੋਂ ਬਾਅਦ, ਰਾਜ ਕੁਮਾਰ, ਰੀਡਰ,ਨੇ ਉਸਦੇ ਮੋਬਾਈਲ ਨੰਬਰ ਤੋਂ ਦੋ ਫੋਨ ਕੀਤੇ ਅਤੇ ਦੱਸਿਆ ਕਿ ਉਸਨੇ ਇਸ ਮੁੜ—ਜਾਂਚ ਕਰਨ ਲਈ ਡੀਐਸਪੀ ਨਾਲ ਗੱਲ ਕੀਤੀ ਹੈ ਅਤੇ ਰਿਪੋਰਟ *ਤੇ ਸਿਰਫ਼ ਡੀਐਸਪੀ ਦੇ ਦਸਤਖਤ ਹੀ ਬਾਕੀ ਹਨ। ਕੇਸ ਨੂੰ ਰਫ਼ਾ—ਦਫ਼ਾ ਕਰਵਾਉਣ ਲਈ, ਉਸਨੇ 2 ਲੱਖ ਰੁਪਏ ਰਿਸ਼ਵਤ ਦੀ ਮੰਗ ਕੀਤੀ। ਦੋਸ਼ੀ ਰਾਜ ਕੁਮਾਰ ਨੇ ਸਿ ?ਕਾਇਤਕਰਤਾ ਨੂੰ ਕਿਹਾ ਕਿ ਪਹਿਲੀ ਕਿਸ਼ਤ ਵਜੋਂ ਤੁਰੰਤ ਇੱਕ ਲੱਖ ਰੁਪਏ ਦੇਵੇ ਤਾਂ ਜੋ ਉਹ ਆਪਣਾ ਕੰਮ ਸ਼ੁਰੂ ਕਰ ਸਕੇ। ਸਿ ?ਕਾਇਤਕਰਤਾ ਨੇ ਇਹ ਗੱਲਬਾਤ ਆਪਣੇ ਮੋਬਾਈਲ ਫੋਨ *ਤੇ ਰਿਕਾਰਡ ਕਰ ਲਈ ਅਤੇ ਇਸਨੂੰ ਬਤੌਰ ਸਬੂਤ ਵਿਜੀਲੈਂਸ ਬਿਊਰੋ ਨੂੰ ਸੌਂਪ ਦਿੱਤਾ।

ਬੁਲਾਰੇ ਨੇ ਦੱਸਿਆ ਕਿ ਸਿ ?ਕਾਇਤ ਦੀ ਜਾਂਚ ਤੋਂ ਬਾਅਦ, ਬਠਿੰਡਾ ਰੇਂਜ ਦੀ ਵਿਜੀਲੈਂਸ ਬਿਊਰੋ ਟੀਮ ਨੇ ਹੌਲਦਾਰ ਰਾਜ ਕੁਮਾਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸਿ ?ਕਾਇਤਕਰਤਾ ਤੋਂ ਰਿਸ਼ਵਤ ਵਜੋਂ ਇੱਕ ਲੱਖ ਰੁਪਏ ਲੈਂਦੇ ਸਮੇਂ ਕਾਬੂ ਕਰ ਲਿਆ। ਮੌਕੇ *ਤੇ ਉਸਦੇ ਕਬਜ਼ੇ ਵਿੱਚੋਂ ਹੀ ਰਿਸ਼ਵਤ ਦਾ ਪੈਸਾ ਬਰਾਮਦ ਕਰ ਲਿਆ ਗਿਆ ਹੈ।

ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਪੁਲਿਸ ਥਾਣਾ ਬਠਿੰਡਾ ਰੇਂਜ ਵਿੱਚ ਦੋਸ਼ੀ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ ਹੈ। ਦੋਸ਼ੀ ਪੁਲਿਸ ਮੁਲਾਜ਼ਮ ਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।ਬੁਲਾਰੇ ਨੇ ਕਿਹਾ ਕਿ ਮਾਮਲੇ ਦੀ ਅਗਲੇਰੀ ਜਾਂਚ ਦੌਰਾਨ, ਜੇਕਰ ਕਿਸੇ ਹੋਰ ਅਧਿਕਾਰੀ/ਕਰਮਚਾਰੀ ਦੀ ਸ਼ਮੂਲੀਅਤ ਸਾਹਮਣੇ ਆਉਂਦੀ ਹੈ, ਤਾਂ ਉਸਨੂੰ ਵੀ ਕੇਸ ਵਿੱਚ ਨਾਮਜ਼ਦ ਕੀਤਾ ਜਾਵੇਗਾ।

## ਰਿਸ਼ਵਤ ਲੈਣ ਦੇ ਦੋਸ਼ ਹੇਠ ਬਲਾਕ ਅ.ਫ਼ਸਰ ਕਾਬੂ; ਡਿਫਾਲਟਰ ਸੂਚੀ ਵਿੱਚੋਂ ਨਾਂ ਕਢਵਾਉਣ ਬਦਲੇ ਮੰਗੇ ਸਨ 13 ਹਜ਼ਾਰ

**ਅੰਮ੍ਰਿਤਸਰ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਇੱਥੇ ਬਲਾਕ ਵਿਕਾਸ ਤੇ ਪੰਚਾਇਤ ਦਫ਼ਤਰ (ਬੀ.ਡੀ.ਪੀ.ਓ.) 'ਚ ਤਾਇਨਾਤ ਬਲਾਕ ਅਫ਼ਸਰ ਜੋਰਜ ਮਸੀਹ ਨੂੰ 13000 ਰੁਪਏ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕੀਤਾ ਹੈ।ਇਸ ਸਬੰਧੀ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਨੂੰ ਪਿੰਡ ਬਕਰੌਰ, ਜ਼ਿਲ੍ਹਾ ਅੰਮ੍ਰਿਤਸਰ ਦੇ ਵਸਨੀਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰ ਕੇ ਦੋਸ਼ ਲਗਾਇਆ ਹੈ ਕਿ ਉਹ ਸਾਲ 2024 ਵਿੱਚ ਆਪਣੇ ਪਿੰਡ ਤੋਂ ਪੰਚਾਇਤੀ ਚੋਣਾਂ ਲੜਨਾ ਚਾਹੁੰਦਾ ਸੀ ਪਰ ਅਜਿਹਾ ਨਾ ਕਰ ਸਕਿਆ, ਕਿਉਂਕਿ ਬਲਾਕ ਅਫ਼ਸਰ ਅਜਨਾਲਾ ਵੱਲੋਂ ਉਸ ਨੂੰ ਡਿਫ਼ਾਲਟਰ ਐਲਾਨਿਆ ਹੋਇਆ ਗਿਆ ਸੀ। ਨੋਟਿਸ ਵਿੱਚ ਕਿਹਾ ਗਿਆ ਸੀ ਕਿ ਉਸ ਨੇ 4 ਕਨਾਲ ਦੀ ਸਰਕਾਰੀ ਜ਼ਮੀਨ ਦੇ ਬਕਾਏ ਦਾ ਭੁਗਤਾਨ ਨਹੀਂ ਕੀਤਾ ਹੈ, ਇਸ ਸਬੰਧੀ ਉਸ ਖਿਲਾਫ਼ ਐਫ਼.ਆਈ.ਆਰ. ਦਰਜ ਕੀਤੀ ਜਾਵੇਗੀ। ਸ਼ਿਕਾਇਤ ਅਨੁਸਾਰ ਉਸ ਨੇ ਸ਼ਿਕਾਇਤਕਰਤਾ ਨੂੰ ਕਿਹਾ ਕਿ ਜੇਕਰ ਉਹ ਆਪਣਾ ਨਾਮ ਡਿਫਾਲਟਰ ਸੂਚੀ ਵਿੱਚੋਂ ਕਢਵਾ ਕੇ ਮਾਲ ਰਿਕਾਰਡ ਵਿੱਚ ਸੋਧ ਕਰਵਾਉਣਾ ਚਾਹੁੰਦਾ ਹੈ ਤਾਂ ਉਸ ਨੂੰ 13,000 ਰੁਪਏ ਰਿਸ਼ਵਤ ਦੇਣੀ ਪਵੇਗੀ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਮਗਰੋਂ ਵਿਜੀਲੈਂਸ ਬਿਊਰੋ ਯੂਨਿਟ ਅੰਮ੍ਰਿਤਸਰ ਦੀ ਟੀਮ ਨੇ ਜਾਲ ਵਿਛਾ ਕੇ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 13 ਹਜ਼ਾਰ ਰੁਪਏ ਕਥਿਤ ਰਿਸ਼ਵਤ ਲੈਂਦਿਆਂ ਕਾਬੂ ਕਰ ਲਿਆ।

## ਮਾਡਲ ਸਕੂਲ ਵਿਖੇ ਡਾਕਟਰ ਦਿਵਸ ਮਨਾਇਆ ਗਿਆ




**ਪਟਿਆਲਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਸੀਨੀਅਰ ਸੈਕੰਡਰੀ ਮਾਡਲ ਸਕੂਲ ਦੇ ਸਟਾਫ਼ ਅਤੇ ਵਿਦਿਆਰਥੀਆਂ ਨੇ ਯੂਨੀਵਰਸਿਟੀ ਦੀ ਸੀਨੀਅਰ ਮੈਡੀਕਲ ਅਫਸਰ ਡਾ. ਰਾਗੀਨਾ ਮੈਣੀ, ਪੰਜਾਬੀ ਵਿਭਾਗ ਦੀ ਮੁਖੀ ਅਤੇ ਸਕੂਲ ਦੀ ਸਾਬਕਾ ਵਿਦਿਆਰਥੀ ਡਾ. ਰਾਜਵੰਤ ਕੌਰ ਅਤੇ ਪੰਜਾਬੀ ਵਿੱਚ ਬਾਲ ਸਾਹਿਤ ਦੇ ਪ੍ਰਸਿੱਧ ਲੇਖਕ ਦਰਸ਼ਨ ਸਿੰਘ ਆਸ਼ਟ ਨਾਲ ਹੈਪੀ ਡਾਕਟਰ ਦਿਵਸ ਮਨਾਇਆ।

ਇਸ ਮੌਕੇ ਬੋਲਦਿਆਂ ਡਾ. ਮੈਣੀ ਨੇ ਕਿਹਾ ਕਿ ਸਾਨੂੰ ਰੋਜ਼ਾਨਾ ਕਸਰਤ ਕਰਨੀ ਚਾਹੀਦੀ ਹੈ ਅਤੇ ਬਿਮਾਰੀਆਂ ਨੂੰ ਗੂਗਲ ਕਰਨ ਦੀ ਬਜਾਏ ਡਾਕਟਰ ਦੀ ਮਾਹਿਰ ਰਾਏ ਲੈਣੀ ਚਾਹੀਦੀ ਹੈ। ਉਨ੍ਹਾਂ ਸਕੂਲ ਨੂੰ ਇੱਕ ਫਸਟ ਏਡ ਕਿੱਟ ਵੀ ਦਾਨ ਕੀਤੀ ਅਤੇ ਵਾਅਦਾ ਕੀਤਾ ਕਿ ਹਰ ਮਹੀਨੇ ਉਨ੍ਹਾਂ ਦੀ ਟੀਮ ਵਿਦਿਆਰਥੀਆਂ ਦੀ ਨਿਯਮਤ ਮੈਡੀਕਲ ਜਾਂਚ ਲਈ ਸਕੂਲ ਦਾ ਦੌਰਾ ਕਰੇਗੀ।

ਡਾ. ਰਾਜਵੰਤ ਕੌਰ ਨੇ ਆਪਣੇ ਅਲਮਾ ਮੈਟਰ ਵਿੱਚ ਲਗਾਉਣ ਲਈ ਕੈਮਰੇ ਦਾਨ ਕੀਤੇ। ਉਨ੍ਹਾਂ ਅਧਿਆਪਕਾਂ ਦਾ ਉਨ੍ਹਾਂ ਦੇ ਮਾਰਗਦਰਸ਼ਨ ਅਤੇ ਸਮਰਥਨ ਲਈ ਧੰਨਵਾਦ ਕੀਤਾ ਜਿਸ ਕਾਰਨ ਉਨ੍ਹਾਂ ਨੂੰ ਪੰਜਾਬੀ ਵਿਭਾਗ ਦੇ ਮੁਖੀ ਵਜੋਂ ਤਰੱਕੀ ਦਿੱਤੀ ਗਈ ਹੈ। ਦਰਸ਼ਨ ਸਿੰਘ ਆਸ਼ਟ ਨੇ ਵੀ ਵਿਦਿਆਰਥੀਆਂ ਨਾਲ ਆਪਣੇ ਅਨੁਭਵ ਸਾਂਝੇ ਕੀਤੇ। ਸਕੂਲ ਦੇ ਪ੍ਰਿੰਸੀਪਲ ਸਤਵੀਰ ਸਿੰਘ ਗਿੱਲ ਨੇ ਮਹਿਮਾਨਾਂ ਦਾ ਉਨ੍ਹਾਂ ਦੇ ਕੀਮਤੀ ਸਮੇਂ ਲਈ ਧੰਨਵਾਦ ਕੀਤਾ। ਇਸ ਮੌਕੇ ਸਕੂਲ ਦਾ ਸਾਰਾ ਸਟਾਫ਼ ਮੌਜੂਦ ਸੀ।

### ਹੁਣ ਵਟਸਐਪ ਅਤੇ ਮਿਸਡ ਕਾਲ ਰਾਹੀਂ ਵੀ ਦਰਜ ਕਰਵਾਈ ਜਾ ਸਕਦੀ ਹੈ ਬਿਜਲੀ ਸਬੰਧੀ ਸ਼ਿਕਾਇਤ

## ਜ਼ਿਲ੍ਹਾ ਪ੍ਰਸ਼ਾਸਨ ਜਲੰਧਰ ਵਾਸੀਆਂ ਨੂੰ ਨਿਰਵਿਘਨ ਤੇ ਸੁਚਾਰੂ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ : ਡਿਪਟੀ ਕਮਿਸ਼ਨਰ

**ਜਲੰਧਰ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਬਿਜਲੀ ਖ਼ਪਤਕਾਰਾਂ ਦੀ ਸਹੂਲਤ ਲਈ ਸ਼ਿਕਾਇਤ ਕੇਂਦਰਾਂ ਦੇ ਨੰਬਰ ਤੋਂ ਇਲਾਵਾ ਹੋਰ ਹੈਲਪ ਲਾਈਨ ਨੰਬਰ ਸਾਂਝੇ ਕਰਦਿਆਂ ਦੱਸਿਆ ਕਿ ਬਿਜਲੀ ਖਪਤਕਾਰ ਵਟਸਐਪ ਅਤੇ ਮਿਸਡ ਕਾਲ ਰਾਹੀਂ ਵੀ ਬਿਜਲੀ ਸਬੰਧੀ ਸ਼ਿਕਾਇਤ ਦਰਜ ਕਰਵਾ ਸਕਦੇ ਹਨ।

ਡਾ. ਅਗਰਵਾਲ ਨੇ ਦੱਸਿਆ ਕਿ ਖਪਤਕਾਰ ਟੋਲ ਫ ?ਰੀ ਨੰਬਰ 1912 'ਤੇ ਪਹਿਲੀ ਵਾਰ ਕਾਲ ਰਾਹੀਂ/ਉਸ ਤੋਂ ਬਾਅਦ ਐਸ.ਐਮ.ਐਸ. ਰਾਹੀਂ 'ਨੋ ਸਪਲਾਈ' ਲਿਖ ਕੇ ਸ਼ਿਕਾਇਤ ਕਰ ਸਕਦੇ ਹਨ। ਇਸੇ ਤਰ੍ਹਾਂ ਪੀ.ਐਸ.ਪੀ.ਸੀ.ਐੱਲ. ਕੰਜ਼ਿਊਮਰ ਸਰਵਿਸ ਐਪ 'ਤੇ ਵੀ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ ਜਾਂ ਫਿਰ ਟੋਲ ਫ ?ਰੀ ਨੰਬਰ 1800-180-1512 'ਤੇ ਮਿਸਡ ਕਾਲ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਖਪਤਕਾਰ 96461-01912 'ਤੇ ਵਟਸਐਪ ਵੀ ਕਰ ਸਕਦੇ ਹਨ। ਇਸ ਤੋਂ ਇਲਾਵਾ ਪੀ.ਐਸ.ਪੀ.ਸੀ.ਐਲ ਦੇ ਸੋਸ਼ਲ ਮੀਡੀਆ ਪਲੇਟਫਾਰਮ fb.com/pspclpb, twitter.com/PSPCLPb, Instagram.com/PSPCLPb 'ਤੇ ਵੀ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ।

ਉਨ੍ਹਾਂ ਦੱਸਿਆ ਕਿ ਬੀਤੇ ਦਿਨੀਂ ਕੈਬਨਿਟ ਮੰਤਰੀ ਸ਼ ?ਰੀ ਮੋਹਿੰਦਰ ਭਗਤ ਵੱਲੋਂ ਪੀ.ਐਸ.ਪੀ.ਸੀ.ਐਲ. ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣ ਅਤੇ ਖਪਤਕਾਰਾਂ ਦੀਆਂ ਬਿਜਲੀ ਸਬੰਧੀ ਸਮੱਸਿਆਵਾਂ ਦਾ ਤੁਰੰਤ ਨਿਪਟਾਰਾ ਕਰਨ ਦੀਆਂ ਹਦਾਇਤਾਂ ਕੀਤੀਆਂ ਗਈਆਂ ਸਨ।

ਲੋਕਾਂ ਨੂੰ ਨਿਰਵਿਘਨ ਤੇ ਸੁਚਾਰੂ ਸੇਵਾਵਾਂ ਪ੍ਰਦਾਨ ਕਰਨ ਦੀ ਜ਼ਿਲ੍ਹਾ ਪ੍ਰਸ਼ਾਸਨ ਦੀ ਵਚਨਬੱਧਤਾ ਦਹੁਰਾਉਂਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੀ.ਐਸ.ਪੀ.ਸੀ.ਐਲ. ਦੇ ਅਧਿਕਾਰੀਆਂ ਨੂੰ ਜਲੰਧਰ ਵਾਸੀਆਂ ਨੂੰ ਨਿਰਵਿਘਨ ਤੇ ਸੁਚਾਰੂ ਬਿਜਲੀ ਸਪਲਾਈ ਸਬੰਧੀ ਢੁੱਕਵੇਂ ਪ੍ਰਬੰਧ ਯਕੀਨੀ ਬਣਾਉਣ ਲਈ ਨਿਰਦੇਸ਼ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ। ਇਸ ਤੋਂ ਇਲਾਵਾ ਸ਼ਹਿਰ ਵਿੱਚ ਲਟਕਦੀਆਂ ਢਿੱਲੀਆਂ, ਗੈਰ ਵਰਤੋਂਯੋਗ ਅਤੇ ਖ਼ਰਾਬ ਤਾਰਾਂ ਹਟਾਉਣ ਜਾਂ ਠੀਕ ਕਰਨ ਦੀਆਂ ਹਦਾਇਤਾਂ ਵੀ ਪਹਿਲਾਂ ਹੀ ਦਿੱਤੀਆਂ ਜਾ ਚੁੱਕੀਆਂ ਹਨ।

## ਦਸਮੇਸ਼ ਨਹਿਰ ਪ੍ਰੋਜੈਕਟ ਕੱਢਣ ਲਈ ਸਰਕਾਰ ਦੇ ਜਲ ਸਰੋਤ ਵਿਭਾਗ ਵਲੋਂ ਤਹਿਸੀਲ ਖਰੜ ਦੇ ਨੰਬਰਦਾਰਾਂ ਨੂੰ ਚੰਡੀਗੜ੍ਹ ਸੱਦਿਆ





**ਖਰੜ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬਾ ਸਰਕਾਰ ਦੇ ਜਲ ਸਰੋਤ ਵਿਭਾਗ ਜਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ ਦੀ ਤਹਿਸੀਲ ਖਰੜ, ਮੋਹਾਲੀ, ਸਬ ਤਹਿਸੀਲ ਬਨੂੜ, ਡੇਰਾਬੱਸੀ ਦੇ ਵੱਖ-ਵੱਖ ਪਿੰਡਾਂ ਵਿਚੋ ਖੇਤੀਬਾੜੀ ਸਿੰਚਾਈ ਲਈ ਕੱਢੀ ਜਾਣ ਵਾਲੀ 'ਨਵੀ ਦਸਮੇਸ਼ ਨਹਿਰ' ਸਰਕਾਰ ਲਈ ਆਉਣ ਵਾਲੇ ਦਿਨਾਂ ਵਿਚ ਵੱਡੀ ਮੁਸ਼ਕਿਲ ਖੜ੍ਹੀ ਕਰ ਸਕਦੀ ਹੈ ਕਿਉਕਿ ਜੇਕਰ ਸਰਕਾਰ ਵਲੋਂ ਇਹ ਪ੍ਰੋਜੈਕਟ ਕੱਢ ਦਿੱਤਾ ਤਾਂ ਸਾਲ 2027 ਵਿਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ 'ਆਪ' ਲਈ ਵੱਡੀ ਖਤਰੇ ਦੀ ਘੰਟੀ ਬਣ ਜਾਵੇਗਾ। ਉਧਰ ਇਸ ਪ੍ਰੋਜੈਕਟ ਨੂੰ ਕੱਢਣ ਲਈ ਅੜੀ ਅਪਣਾ ਰਹੀ 'ਆਪ' ਸਰਕਾਰ ਦੇ ਜਲ ਸਰੋਤ ਵਿਭਾਗ ਪੰਜਾਬ ਵਲੋਂ ਚੰਡੀਗੜ੍ਹ ਸਥਿਤ ਆਪਣੇ ਦਫਤਰ ਵਿਚ ਐਸ ਡੀ ਐਮ, ਤਹਿਸੀਲਦਾਰਾਂ ਰਾਹੀ ਬੁੱਧਵਾਰ ਨੂੰ ਪਿੰਡਾਂ ਦੇ ਨੰਬਰਦਾਰਾਂ ਨੂੰ ਆਪਣੇ ਦਫਤਰ ਸੱਦ ਲਿਆ ਹੈ ਜਿਥੇ ਕਿ ਨੰਬਰਦਾਰਾਂ ਅਤੇ ਹੋਰ ਕਿਸਾਨਾਂ ਵਲੋਂ ਸਖਤ ਵਿਰੋਧ ਕਰਨ ਦੇ ਅੰਦਾਜ਼ੇ ਲਗਾਏ ਜਾ ਰਹੇ ਹਨ। ਜਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਜਦੋ ਇਹ ਪ੍ਰੋਜੈਕਟ ਸਰਕਾਰ ਵਲੋਂ ਹੋਂਦ ਵਿਚ ਲਿਆਂਦਾ ਗਿਆ ਸੀ ਅਤੇ ਪੰਜਾਬ ਯੂਨੀਵਰਸਿਟੀ ਅਤੇ ਜਲ ਸਰੋਤ ਵਿਭਾਗ ਵਲੋਂ ਨਹਿਰ ਨੂੰ ਕੱਢਣ ਲਈ ਸਰਵੇ ਕੀਤਾ ਜਾ ਰਿਹਾ ਸੀ, ਉਦੋਂ ਤੋਂ ਹੀ ਤਹਿਸੀਲਾਂ ਦੇ ਸਮੂਹ ਪਿੰਡਾਂ ਦੇ ਵਸਨੀਕਾਂ, ਕਿਸਾਨਾਂ, ਜ਼ਮੀਨ ਮਾਲਕਾਂ ਅਤੇ ਭਾਰਤੀ ਕਿਸਾਨ ਯੂਨੀਅਨ ਵਲੋਂ ਵੱਡੇ ਪੱਧਰ ਤੇ ਵਿਰੋਧ ਕਰਦੇ ਹੋਏ ਇਸ ਪ੍ਰੋਜੈਕਟ ਨੂੰ ਮੂਲੋ ਰੱਦ ਕਰ ਦਿੱਤਾ ਗਿਆ ਸੀ ਅਤੇ ਬਹੁਤੇ ਪਿੰਡਾਂ ਵਿਚ ਟੀਮਾਂ ਨੂੰ ਸਰਵੇ ਦੀ ਰਿਪੋਰਟ ਮੁਕੰਮਲ ਕਰਨ ਨਹੀਂ ਦਿੱਤੀ ਗਈ ਸੀ। ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਪਿੰਡ ਤੋਲੇਮਾਜਰਾ ਦੇ ਸਾਬਕਾ ਸਰਪੰਚ ਪਰਮਿੰਦਰ ਸਿੰਘ ਸੋਨਾ ਨੇ ਕਿਹਾ ਕਿ ਸਰਕਾਰ ਕਿਸਾਨਾਂ ਅਤੇ ਜ਼ਮੀਨਾਂ ਦੇ ਮਾਲਕਾਂ ਨਾਲ ਧੱਕਾ ਕਰ ਰਹੀ ਹੈ ਜਿਸ ਨੂੰ ਕਾਂਗਰਸ ਪਾਰਟੀ ਅਤੇ ਪਿੰਡਾਂ ਦੇ ਜ਼ਿਮੀਦਾਰਾਂ ਕਿਸੇ ਵੀ ਤਰੀਕੇ ਬਰਦਾਸਤ ਨਹੀ ਕਰਾਂਗੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਕਿਸਾਨਾਂ ਦੇ ਨਾਲ ਖੜ੍ਹੀ ਹੈ ਅਤੇ ਕਿਸਾਨਾਂ ਦੇ ਹਰ ਸੰਘਰਸ ਵਿਚ ਪੂਰਾ ਸਾਥ ਦੇਵੇਗੀ। ਉਨ੍ਹਾਂ ਇਸ ਪ੍ਰੋਜੈਕਟ ਨੂੰ ਲੈ ਕੇ ਸਰਕਾਰ ਦੇ ਚੁਣੇ ਹੋਏ ਵਿਧਾਇਕਾਂ ਨੂੰ ਸਵਾਲ ਕੀਤਾ ਕਿ ਉਹ ਚੁੱਪ ਕਿਉਂ ਹਨ। ਉਹ ਵੀ ਸਪੱਸ਼ਟ ਕਰਨ ਕਿ ਉਹ ਕਿਸਾਨਾਂ ਦੇ ਉਜਾੜੇ ਲਈ ਕੰਮ ਕਰ ਰਹੇ ਹਨ ਜਾਂ ਕੁਝ ਹੋਰ। ਉਨ੍ਹਾਂ ਕਿਹਾ ਕਿ ਖਰੜ, ਮੋਹਾਲੀ ਤਹਿਸੀਲਾਂ ਵਿਚੋ ਪਹਿਲਾਂ ਹੀ ਚੰਡੀਗੜ੍ਹ-ਲੁਧਿਆਣਾ ਰੇਲ ਲਿੰਕ ਬਣਨ ਅਤੇ ਪਹਿਲਾਂ ਖਰੜ ਤਹਿਸੀਲ ਦੇ ਬਹੁਤ ਸਾਰੇ ਪਿੰਡਾਂ ਵਿਚੋ ਐਸ.ਵਾਈ.ਐਲ.ਨਹਿਰ ਜੋ ਕਿ ਹੁਣ ਜੰਗਲ ਦਾ ਰੂਪ ਧਾਰਨ ਕਰ ਚੁੱਕੀ ਹੈ ਅਤੇ ਕੇਂਦਰ ਸਰਕਾਰ ਵਲੋਂ ਭਾਰਤ ਮਾਲਾ ਪ੍ਰੋਜੈਕਟ ਤਹਿਤ ਚਹੁਮਾਰਗੀ ਸੜਕ ਬਣਨ ਨਾਲ ਕਿਸਾਨਾਂ ਦੀਆਂ ਜ਼ਮੀਨਾਂ ਕਈ ਕਈ ਹਿੱਸਿਆਂ ਵਿਚ ਵੰਡੀਆਂ ਜਾ ਚੁੱਕੀਆਂ ਹਨ ਅਤੇ ਹੁਣ ਜੇਕਰ ਸਰਕਾਰ ਜਬਰਦਸਤੀ ਨਹਿਰ ਕੱਢਦੀ ਹੈ ਤਾਂ ਉਹ ਜ਼ਮੀਨਾਂ ਦੇ ਟੁਕੜੇ ਹੋ ਜਾਣਗੇ, ਉਨ੍ਹਾਂ ਕਿਹਾ ਕਿ ਜਦੋਂ ਕਿਸਾਨ ਅਤੇ ਜ਼ਿਮੀਦਾਰ ਹੀ ਨਹਿਰ ਪ੍ਰੋਜੈਕਟ ਦਾ ਵਿਰੋਧ ਕਰ ਰਹੇ ਹਨ ਤਾਂ ਫਿਰ ਇਹ ਨਹਿਰ ਕੱਢਣ ਦੀ ਕੀ ਲੋੜ ਹੈ। ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਪਿੰਡ ਤ੍ਰਿਪੜੀ ਦੇ ਸਾਬਕਾ ਸਰਪੰਚ ਕੁਲਵੰਤ ਸਿੰਘ ਤ੍ਰਿਪੜੀ ਨੇ ਦਾ ਤਰਕ ਹੈ ਕਿ ਸਰਕਾਰ ਨੂੰ ਇਹ ਪ੍ਰੋਜੈਕਟ ਬਿਨਾਂ ਕਿਸੇ ਦੇਰੀ ਤੋਂ ਰੱਦ ਕਰ ਦੇਣਾ ਚਾਹੀਦਾ ਹੈ ਕਿ ਜਦੋਂ ਕਿਸਾਨ ਆਪਣੀਆਂ ਜ਼ਮੀਨਾਂ ਦੇਣ ਲਈ ਤਿਆਰ ਹੀ ਨਹੀਂ ਤਾਂ ਫਿਰ ਨਹਿਰ ਕੱਢਣ ਦਾ ਕੀ ਮਤਲਬ ਹੈ। ਉਨ੍ਹਾਂ ਕਿਹਾ ਕਿ ਜਿਲ੍ਹਾ ਐਸ.ਏ.ਐਸ.ਨਗਰ ਦੀਆਂ ਖਰੜ, ਮੁਹਾਲੀ, ਬਨੂੜ, ਡੇਰਾਬੱਸੀ ਤਹਿਸੀਲਾਂ ਦਾ ਬਹੁਤ ਸਾਰਾ ਖੇਤਰ ਪਹਿਲਾਂ ਹੀ ਸ਼ਹਿਰੀ ਬਣ ਚੁੱਕਾ ਹੈ ਅਤੇ ਆਉਣ ਵਾਲੇ ਸਮੇਂ ਵਿਚ ਵੀ ਬਾਕੀ ਖੇਤਰ ਵੀ ਸ਼ਹਿਰੀ ਬਣ ਜਾਵੇਗਾ। ਉਨਾਂ ਕਿਹਾ ਕਿ ਵਿਰੋਧ ਦੇ ਬਾਵਜੂਦ ਸਰਕਾਰ ਧੱਕੇਸ਼ਾਹੀ ਨਾਲ ਨਹਿਰ ਨੂੰ ਕੱਢਣ ਲਈ ਜ਼ੋਰ ਲਗਾ ਰਹੀ ਹੈ ਜਿਸਨੂੰ ਅਸੀ ਕਦੇ ਮੰਨਜ਼ੂਰ ਨਹੀਂ ਕਰਨਗੇ।

## ਅਜੈਵੀਰ ਸਿੰਘ ਲਾਲਪੁਰਾ ਨੇ "ਆਪ" ਸਰਕਾਰ ਦੀ ਲੈਂਡ ਪੂਲਿੰਗ ਸਕੀਮ ਨੂੰ ਦੱਸਿਆ ਕਿਸਾਨਾਂ ਦੀ ਜ਼ਮੀਨ ਹਥਿਆਉਣ ਲਈ ਵੱਡੀ ਸਾਜ਼ਿਸ਼



**ਪਟਿਆਲਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰੂਪਨਗਰ ਵਿੱਚ ਲੈਂਡ ਪੂਲਿੰਗ ਯੋਜਨਾ ਨੂੰ ਲੈ ਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸ. ਅਜਯਵੀਰ ਸਿੰਘ ਲਾਲਪੁਰਾ ਨੇ ਸਰਕਾਰ ਖ਼ ?ਲਾਫ਼ ਸਖ਼ਤ ਰਵੱਈਆ ਅਖ਼ਤਿਆਰ ਕਰ ਲਿਆ ਹੈ। ਉਨ੍ਹਾਂ ਨੇ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਲਿਆਂਦੀ ਗਈ ਇਸ ਯੋਜਨਾ ਨੂੰ ਕਿਸਾਨਾਂ ਵਿਰੁੱਧ ਇੱਕ ਗੰਭੀਰ ਸਾਜ਼ਿਸ਼ ਦੱਸਦਿਆਂ ਇਸ ਨੂੰ "ਕਥਿਤ ਘੋਟਾਲਾ" ਕਿਹਾ। ਲਾਲਪੁਰਾ ਨੇ ਕਿਹਾ ਕਿ ਇਹ ਯੋਜਨਾ ਕਿਸਾਨਾਂ ਦੀ ਜ਼ਮੀਨ ਉਨ੍ਹਾਂ ਤੋਂ ਖੋਹ ਕੇ ਇੱਕ ਨਵੇਂ ਭੂ-ਮਾਫੀਆ ਮਾਡਲ ਦੀ ਸ਼ੁਰੂਆਤ ਕਰਨ ਦੀ ਕੋਸ਼ਿਸ਼ ਹੈ, ਜਿਸ ਵਿੱਚ ਕਿਸੇ ਵੀ ਕਿਸਾਨ ਦੀ ਸਹਿਮਤੀ ਨਾ ਤਾਂ ਲਈ ਗਈ ਹੈ ਅਤੇ ਨਾ ਹੀ ਉਨ੍ਹਾਂ ਨੂੰ ਵਿਸ਼ਵਾਸ ਵਿਚ ਲਿਆ ਗਿਆ। ਉਨ੍ਹਾਂ ਨੇ ਆਖਿਆ ਕਿ ਰੂਪਨਗਰ ਦੇ ਪਿੰਡਾਂ ਵਿੱਚ ਜੋ ਜ਼ਮੀਨਾਂ ਲੈਂਡ ਪੂਲਿੰਗ ਹੇਠ ਆ ਰਹੀਆਂ ਹਨ, ਉਹ ਬਹੁਤ ਹੀ ਉਤਪਾਦਕ ਹਨ ਅਤੇ ਉਨ੍ਹਾਂ ਉੱਤੇ ਸਾਲਾਂ ਤੋਂ ਕਿਸਾਨ ਆਪਣਾ ਘਰ ਚਲਾ ਰਹੇ ਹਨ। ਕਿਸੇ ਵੀ ਤਰ੍ਹਾਂ ਦੀ ਸਕੀਮ ਜੋ ਕਿਸਾਨ ਦੀ ਸਹਿਮਤੀ ਤੋਂ ਬਿਨਾਂ ਲਾਗੂ ਕੀਤੀ ਜਾਵੇ, ਉਹ ਨੈਤਿਕ, ਕਾਨੂੰਨੀ ਅਤੇ ਸਮਾਜਿਕ ਤੌਰ 'ਤੇ ਅਣਉਚਿਤ ਹੈ। ਉਨ੍ਹਾਂ ਨੇ ਪੁੱਛਿਆ ਕਿ ਸਰਕਾਰ ਨੇ ਕਿਸਾਨਾਂ ਦੀ ਰਜ਼ਾਮੰਦੀ ਕਦੋਂ ਲੈ ਲਈ ? ਕੀ ਕੋਈ ਪਿੰਡ ਸਭਾ ਹੋਈ ਸੀ ? ਜੇ ਨਹੀਂ, ਤਾਂ ਇਹ ਸਿਰਫ਼ ਨੋਟਿਸ ਰਾਹੀਂ ਲੁਕਿਆ ਹੋਇਆ ਲੁੱਟ ਮਾਡਲ ਹੈ। ਲਾਲਪੁਰਾ ਨੇ ਦੱਸਿਆ ਕਿ ਰੂਪਨਗਰ ਜ਼ਿਲ੍ਹੇ ਵਿੱਚ ਲੈਂਡ ਪੂਲਿੰਗ ਲਈ ਬੜੀ ਹਵੇਲੀ (ਹਦਬਸਤ ਨੰਬਰ 45), ਬੜੀ ਹਵੇਲੀ, ਗੁਰਦਾਸਪੁਰਾ (ਹਦਬਸਤ 75), ਸਮਰਾਲਾ, ਅਰਾਜੀ ਰੂਪਨਗਰ, ਗੁਰਦਾਸਪੁਰਾ ਅਤੇ ਬੜਾ ਫੂਲ (ਹਦਬਸਤ 76), ਅਭੇਪੁਰ ਬੇਲੀ, ਅਰਾਜੀ ਰੂਪਨਗਰ ਅਤੇ ਸਮਰਾਲਾ ਦਾ ਜਿਕਰ ਹੈ। ਇਨ੍ਹਾਂ ਖੇਤਰਾਂ ਦੇ ਖਸਰਾ ਨੰਬਰਾਂ ਨੂੰ ਸਰਕਾਰ ਨੇ ਚੁੱਪ ਚਾਪ ਇਸ਼ਤਿਹਾਰ ਵਿੱਚ ਛਪਵਾ ਦਿੱਤਾ, ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਕਿਸੇ ਵੀ ਕਿਸਾਨ ਨੂੰ ਪੂਰਨ ਜਾਣਕਾਰੀ ਜਾਂ ਵਿਸ਼ਵਾਸ ਵਿੱਚ ਲੈਣ ਦੀ ਕੋਸ਼ਿਸ਼ ਨਹੀਂ ਹੋਈ।

ਉਨ੍ਹਾਂ ਨੇ ਕਿਹਾ ਕਿ ਇਹ ਸਿਰਫ਼ ਪਰਸ਼ਾਸ਼ਨ ਦੀ ਲਾਪਰਵਾਹੀ ਨਹੀਂ, ਸਗੋਂ ਚੁਣੀ ਹੋਈ ਸਰਕਾਰ ਵੱਲੋਂ ਕਿਸਾਨਾਂ ਦੀ ਜ਼ਮੀਨ ਦੀ ਜ਼ਬਰਦਸਤੀ ਲੁੱਟ ਕਰਨ ਦੀ ਇੱਕ ਗੰਭੀਰ ਸਾਜ਼ਿਸ਼ ਹੈ। ਕਿਸਾਨਾਂ ਦੀ ਜ਼ਮੀਨ ਅਤੇ ਉਨ੍ਹਾਂ ਦੇ ਖਸਰਾ ਨੰਬਰ ਅਖ਼ਬਾਰਾਂ ਵਿੱਚ ਛਪਾ ਕੇ ਸਰਕਾਰ ਨੇ ਨਿੱਜੀ ਜਾਣਕਾਰੀ ਨੂੰ ਆਮ ਕਰ ਦਿੱਤਾ, ਜੋ ਕਿ ਕਿਸਾਨ ਵਿਰੋਧੀ ਹੈ।

ਲਾਲਪੁਰਾ ਨੇ ਪੰਜਾਬ ਦੇ ਮੁੱਖ ਮੰਤਰੀ ਅਤੇ ਸਥਾਨਕ ਵਿਧਾਇਕ ਨੂੰ ਸਿੱਧੀ ਚੇਤਾਵਨੀ ਦਿੰਦਿਆਂ ਕਿਹਾ ਕਿ ਕਿਸਾਨਾਂ ਦੀਆਂ ਭਾਵਨਾਵਾਂ ਨਾਲ ਖੇਡਣਾ ਬੰਦ ਕੀਤਾ ਜਾਵੇ। ਉਨ੍ਹਾਂ ਨੇ ਐਲਾਨ ਕੀਤਾ ਕਿ ਉਹ ਕਿਸੇ ਹਾਲਤ ਵਿੱਚ ਚੁੱਪ ਨਹੀਂ ਬੈਠਣਗੇ, ਅਤੇ ਜੇ ਲੋੜ ਪਈ ਤਾਂ ਕਾਨੂੰਨੀ ਪੱਧਰ ਤੋਂ ਲੈ ਕੇ ਜਨ-ਅੰਦੋਲਨ ਤੱਕ ਹਰੇਕ ਮੰਚ 'ਤੇ ਲੜਾਈ ਲੜਨਗੇ। ਇਹ ਲੜਾਈ ਉਨ੍ਹਾਂ ਲਈ ਰਾਜਨੀਤਿਕ ਨਹੀਂ, ਸਗੋਂ ਰੂਪਨਗਰ ਦੇ ਕਿਸਾਨਾਂ ਦੀ ਪਛਾਣ, ਉਨ੍ਹਾਂ ਦੀ ਜ਼ਮੀਨ ਅਤੇ ਉਨ੍ਹਾਂ ਦੇ ਭਵਿੱਖ ਦੀ ਰੱਖਿਆ ਲਈ ਹੈ।

ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਆਪਣੇ ਖਸਰਾ ਨੰਬਰਾਂ ਦੀ ਜਾਂਚ ਜ਼ਰੂਰ ਕਰਨ ਅਤੇ ਜੇਕਰ ਕਿਸੇ ਕਿਸਾਨ ਦੀ ਜ਼ਮੀਨ ਦਾ ਨੰਬਰ ਲੈਂਡ ਪੂਲਿੰਗ ਦੇ ਨੋਟਿਸ ਵਿੱਚ ਛਪਿਆ ਹੋਵੇ, ਤਾਂ ਉਹ ਤੁਰੰਤ ਉਨ੍ਹਾਂ ਨਾਲ 98075-88075 'ਤੇ ਸੰਪਰਕ ਕਰਨ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਭਾਜਪਾ ਹਮੇਸ਼ਾ ਕਿਸਾਨਾਂ ਦੇ ਨਾਲ ਖੜੀ ਰਹੇਗੀ ਅਤੇ ਉਨ੍ਹਾਂ ਨੂੰ ਕਦੇ ਵੀ ਇਕੱਲਾ ਮਹਿਸੂਸ ਨਹੀਂ ਹੋਣ ਦਿੱਤਾ ਜਾਵੇਗਾ।

ਆਖ਼ਰ 'ਚ ਲਾਲਪੁਰਾ ਨੇ ਕਿਹਾ ਕਿ ਇਹ ਸਿਰਫ਼ ਸ਼ੁਰੂਆਤ ਹੈ। ਜੇਕਰ ਸਰਕਾਰ ਨੇ ਇਹ ਯੋਜਨਾ ਵਾਪਸ ਨਾ ਲਈ ਤਾਂ ਪੂਰੇ ਜ਼ਿਲ੍ਹੇ ਵਿੱਚ ਭਾਰੀ ਜਨ-ਵਿਰੋਧ ਹੋਵੇਗਾ ਜਿਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

## ਪ੍ਰਾਇਮਰੀ ਸਕੂਲਾਂ 'ਚ ਵਿਦਿਆਰਥੀਆਂ ਦਾ ਹੋਇਆ ਭਰਵਾਂ ਸਵਾਗਤ



**ਪਟਿਆਲਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਕੂਲੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ. ਸਿੱ.) ਸ਼ਾਲੂ ਮਹਿਰਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ. ਸਿੱ.) ਮਨਵਿੰਦਰ ਕੌਰ ਭੁੱਲਰ ਦੇ ਹੁਕਮਾਂ ਤਹਿਤ ਜ਼ਿਲ੍ਹੇ ਭਰ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਅੰਦਰ 'ਆਓ ਸਕੂਲ ਚੱਲੀਏ' ਜਸ਼ਨ ਉਤਸ਼ਾਹ ਪੂਰਵਕ ਮਨਾਇਆ ਗਿਆ। ਇਸੇ ਤਹਿਤ ਸਕੂਲ ਸਿੱਖਿਆ ਵਿਭਾਗ ਦੇ ਬਲਾਕ ਪਟਿਆਲਾ-2 ਦੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਪ੍ਰਿਥੀ ਸਿੰਘ ਦੀ ਯੋਗ ਅਗਵਾਈ ਹੇਠ ਬਲਾਕ ਦੇ ਵੱਖ-ਵੱਖ ਸਰਕਾਰੀ ਪ੍ਰਾਇਮਰੀ ਸਕੂਲਾਂ ਅੰਦਰ ਪ੍ਰੋਗਰਾਮ ਆਯੋਜਿਤ ਕੀਤੇ ਗਏ। ਇਸ ਦੌਰਾਨ ਸਿੱਖਿਆ ਵਿਭਾਗ ਪੰਜਾਬ ਵੱਲੋਂ ਜਾਰੀ ਕੀਤੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਸਕੂਲ ਦਾ ਪਹਿਲਾ ਦਿਨ ਤਿਉਹਾਰ ਵਾਂਗ ਮਨਾਇਆ ਗਿਆ। ਬਲਾਕ ਦੇ ਸਾਰੇ ਸਕੂਲਾਂ ਵਿੱਚ ਮੇਲੇ ਵਰਗਾ ਮਾਹੌਲ ਬਣਿਆ ਰਿਹਾ। ਸਕੂਲਾਂ ਵਿੱਚ ਵਿਦਿਆਰਥੀਆਂ ਦੀ ਵਾਪਸੀ ਤੇ ਉਹਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ।

ਇਸ ਦੇ ਇਲਾਵਾ ਸਕੂਲ ਦੇ ਬੁਲੇਟਿਨ ਬੋਰਡ ਤੇ ਪ੍ਰੇਰਨਾਦਾਇਕ ਅਤੇ ਸਕਾਰਾਤਮਕ ਵਿਚਾਰ ਲਗਾਏ ਗਏ ਤਾਂ ਜੋ ਬੱਚਿਆਂ ਨੂੰ ਉਤਸ਼ਾਹਿਤ ਕੀਤਾ ਜਾ ਸਕੇ। ਇਸ ਮੌਕੇ ਜਾਣਕਾਰੀ ਦਿੰਦਿਆਂ ਬਲਾਕ ਪਟਿਆਲਾ-2 ਦੇ ਬੀਪੀਈਓ ਪ੍ਰਿਥੀ ਸਿੰਘ ਨੇ ਦੱਸਿਆ ਕਿ ਸਕੂਲ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਮੁਤਾਬਿਕ ਛੁੱਟੀਆਂ ਤੋਂ ਬਾਅਦ ਸਕੂਲ ਪੁੱਜੇ ਵਿਦਿਆਰਥੀਆਂ ਦਾ ਗਰਮ ਜੋਸ਼ੀ ਨਾਲ ਸਵਾਗਤ ਕੀਤਾ ਗਿਆ ਹੈ।

ਉਹਨਾਂ ਕਿਹਾ ਕਿ ਸਰਕਾਰੀ ਪ੍ਰਾਇਮਰੀ ਸਕੂਲ ਦੁੱਖ ਨਿਵਾਰਨ ਵਿਖੇ ਮੁੱਖ ਅਧਿਆਪਕਾ ਜੋਤੀ, ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਖੁਸਰੋਪੁਰ ਦੇ ਮੁੱਖ ਅਧਿਆਪਕਾ ਕਿਰਨ ਕੌਰ ਅਤੇ ਸਰਕਾਰੀ ਐਲੀਮੈਂਟਰੀ ਸਕੂਲ ਮੈਣ ਦੇ ਸੀਐਚਟੀ ਅਤੇ ਮੁੱਖ ਅਧਿਆਪਕ ਪੂਰਨ ਸਿੰਘ ਸਮੇਤ ਬਲਾਕ ਦੇ ਵੱਖ-ਵੱਖ ਸਕੂਲਾਂ ਦੇ ਮੁੱਖ ਅਧਿਆਪਕਾਂ ਨੇ ਬਹੁਤ ਹੀ ਪ੍ਰੇਰਨਾਦਾਇਕ ਗਤੀਵਿਧੀਆਂ ਕਰਵਾ ਕੇ ਵਿਦਿਆਰਥੀਆਂ ਨੂੰ ਸਕੂਲ ਆਉਣ ਲਈ ਉਤਸਾਹਿਤ ਕੀਤਾ ਹੈ। ਉਹਨਾਂ ਕਿਹਾ ਕਿ ਸਾਨੂੰ ਵਿਭਾਗੀ ਹਦਾਇਤਾਂ ਦਾ ਪਾਲਣ ਕਰਦਿਆਂ ਆਪਣੇ ਵਿਦਿਆਰਥੀਆਂ ਨੂੰ ਚੰਗੀ ਸਿੱਖਿਆ ਦੇਣ ਲਈ ਵਚਨ ਵੱਧ ਹੋਣਾ ਚਾਹੀਦਾ ਹੈ।

ਉਨ੍ਹਾਂ ਅੱਗੇ ਆਖਿਆ ਕਿ ਸਕੂਲ ਖੁੱਲਣ ਦੇ ਪਹਿਲੇ ਦਿਨ ਸਕੂਲਾਂ ਨੂੰ ਰੰਗ ਬਿਰੰਗੇ ਗ਼ੁਬਾਰੇ, ਫੁੱਲਾਂ ਅਤੇ ਸਕਾਰਾਤਮਕ ਸੋਚ ਵਾਲੇ ਵਿਚਾਰਾਂ ਦੇ ਪੋਸਟਰ ਲਗਾ ਕੇ ਵਿਦਿਆਰਥੀਆਂ ਦਾ ਖ਼ੁਸ਼ਹਾਲ ਮਾਹੌਲ ਵਿੱਚ ਸਵਾਗਤ ਕੀਤਾ ਗਿਆ। ਜਿਨ੍ਹਾਂ ਪੋਸਟਾਂ ਦਾ ਥੀਮ 'ਵੈਲਕਮ ਬੈਕ', 'ਨਵੀਂ ਸ਼ੁਰੂਆਤ', 'ਸਿੱਖਣ ਦੀ ਖ਼ੁਸ਼ੀ', 'ਹਰ ਰੋਜ਼ ਨਵਾਂ ਰੋਮਾਂਚਕ' ਸਮੇਤ ਹੋਰ ਵੱਖ-ਵੱਖ ਰੱਖਿਆ ਗਿਆ। ਇਸ ਤੋਂ ਇਲਾਵਾ ਵਿਦਿਆਰਥੀਆਂ ਦੀ ਉਮਰ ਅਨੁਸਾਰ ਉਨ੍ਹਾਂ ਨੂੰ ਵੱਖ-ਵੱਖ ਤਰ੍ਹਾਂ ਦੀਆਂ ਖੇਡਾਂ ਵੀ ਕਰਵਾਈਆਂ ਗਈਆਂ।

## ਜ਼ਿਲ੍ਹੇ ਦੇ ਸਰਕਾਰੀ ਸਕੂਲਾਂ 'ਚ 'ਆਓ ਸਕੂਲ ਚੱਲੀਏ' ਮੁਹਿੰਮ ਤਹਿਤ ਵਿਦਿਆਰਥੀਆਂ ਦਾ ਭਰਵਾਂ ਸਵਾਗਤ



**ਪਟਿਆਲਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਹੇਠ ਸਕੱਤਰ ਸਕੂਲ ਸਿੱਖਿਆ ਪੰਜਾਬ ਅਨਿੰਦਿਤਾ ਮਿੱਤਰਾ ਦੀ ਪ੍ਰੇਰਨਾ ਸਦਕਾ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਪਟਿਆਲਾ ਸੰਜੀਵ ਸ਼ਰਮਾ ਦੀ ਦੇਖ-ਰੇਖ ਹੇਠ 1 ਜੁਲਾਈ ਨੂੰ ਜ਼ਿਲ੍ਹਾ ਪਟਿਆਲਾ ਦੇ ਸਰਕਾਰੀ ਮਿਡਲ, ਹਾਈ, ਸੀਨੀਅਰ ਸੈਕੰਡਰੀ ਅਤੇ ਸਕੂਲ ਆਫ਼ ਐਮੀਨੈਂਸ ਵਿੱਚ 'ਆਓ ਸਕੂਲ ਚੱਲੀਏ' ਮੁਹਿੰਮ ਦੇ ਤਹਿਤ ਵਿਦਿਆਰਥੀਆਂ ਦਾ ਭਰਵਾਂ ਸਵਾਗਤ ਕੀਤਾ ਗਿਆ।

ਸਵੇਰੇ ਤੋਂ ਹੀ ਭਾਰੀ ਮੀਂਹ ਦੇ ਬਾਵਜੂਦ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਸਕੂਲਾਂ ਵਿੱਚ ਹਾਜ਼ਰੀ ਲਗਵਾਈ। ਅਧਿਆਪਕਾਂ ਨੇ ਗੁਲਦਸਤਿਆਂ, ਬੈਂਡ ਧੁਨਾਂ ਅਤੇ ਹੋਰ ਰੰਗਾਰੰਗ ਢੰਗਾਂ ਨਾਲ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ। ਕਲਾਸਾਂ ਨੂੰ ਸੁੰਦਰ ਤਰੀਕੇ ਨਾਲ ਸਜਾਇਆ ਗਿਆ ਸੀ। ਖੇਡਾਂ, ਗੀਤ-ਸੰਗੀਤ ਅਤੇ ਮਨੋਵਿਗਿਆਨਿਕ ਤਣਾਅ ਘਟਾਉਣ ਵਾਲੀਆਂ ਗਤੀਵਿਧੀਆਂ ਰਾਹੀਂ ਸਿੱਖਣ ਦੀ ਪ੍ਰਕਿਰਿਆ ਨੂੰ ਸੁਖਦਾਈ ਬਣਾਇਆ ਗਿਆ। ਇਸ ਮੌਕੇ ਸਕੂਲਾਂ ਵਿੱਚ ਡਾਕਟਰ ਦਿਵਸ ਵੀ ਉਤਸ਼ਾਹ ਨਾਲ ਮਨਾਇਆ ਗਿਆ। ਵਿਦਿਆਰਥੀਆਂ ਨੇ ਇਲਾਜ ਉਪਰੰਤ ਠੀਕ ਹੋਣ 'ਤੇ ਡਾਕਟਰਾਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਫੁੱਲਾਂ ਦੇ ਹਾਰ ਪਾ ਕੇ ਸਨਮਾਨਿਤ ਕੀਤਾ। ਡੀਈਓ ਸੈਕੰਡਰੀ ਪਟਿਆਲਾ ਸੰਜੀਵ ਸ਼ਰਮਾ ਨੇ ਦੱਸਿਆ ਕਿ ਇਹ ਸਮਾਗਮ ਵਿਦਿਆਰਥੀਆਂ ਵਿਚ ਡਾਕਟਰਾਂ ਪ੍ਰਤੀ ਆਭਾਰ ਅਤੇ ਸੰਵੇਦਨਾ ਦਾ ਵਿਕਾਸ ਕਰਦੇ ਹਨ।

ਰਾਜਪੁਰਾ ਵਿਖੇ ਜ਼ਿਲ੍ਹਾ ਪੱਧਰ ਦੇ ਕੇਂਦਰੀ ਸਮਾਗਮ ਵਿੱਚ ਬਲਾਕ ਨੋਡਲ ਅਫ਼ਸਰ ਸ੍ਰੀ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਸਰਕਾਰੀ ਹਾਈ ਸਕੂਲ ਰਾਜਪੁਰਾ ਟਾਊਨ, ਸੈਦਖੇੜੀ, ਨਲਾਸ, ਮਿਰਜ਼ਾਪੁਰ ਅਤੇ ਐੱਨ ਟੀ ਸੀ ਦੇ ਵਿਦਿਆਰਥੀਆਂ ਨੇ ਭਾਗ ਲਿਆ। ਐਨਸੀਸੀ ਅਧਿਕਾਰੀ ਦੀਪਕ ਕੁਮਾਰ ਦੀ ਅਗਵਾਈ ਵਿੱਚ ਐਨਸੀਸੀ ਕੈਡਿਟਸ ਨੇ ਡਾਕਟਰਾਂ ਨੂੰ ਸਲਾਮੀ ਦਿੱਤੀ। ਮੁੱਖ ਅਧਿਆਪਕਾ ਸੁਧਾ ਕੁਮਾਰੀ ਨੇ ਸਕੂਲ ਬੈਂਡ ਦੀ ਅਗਵਾਈ ਕਰਦਿਆਂ ਡਾਕਟਰਾਂ ਦੀ ਟੀਮ ਦਾ ਉਤਸ਼ਾਹਪੂਰਨ ਸਵਾਗਤ ਕੀਤਾ। ਸਕੂਲਾਂ ਦੀਆਂ ਬੱਚੀਆਂ ਨੇ ਗਿੱਧੇ ਰਾਹੀਂ ਮਨਮੋਹਕ ਪੇਸ਼ਕਾਰੀ ਦਿੱਤੀ। ਡਾ. ਹਰਦੀਪ ਸਿੰਘ ਅਤੇ ਡਾ. ਪਵਨਦੀਪ ਕੌਰ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਉਨ੍ਹਾਂ ਨੂੰ ਸਕੂਲ ਪੱਧਰ 'ਤੇ ਇੰਨਾ ਵਧੀਆ ਸਨਮਾਨ ਮਿਲਿਆ।

ਸਮਾਰੋਹ ਦੌਰਾਨ ਰੀਤੂ ਵਰਮਾ ਹੈੱਡ ਮਿਸਟ ?ਰੈਸ ਨਲਾਸ, ਮਨਦੀਪ ਕੌਰ ਹੈੱਡ ਮਿਸਟਰੈਸ ਮਿਰਜ਼ਾਪੁਰ, ਰਾਜਿੰਦਰ ਸਿੰਘ ਚਾਨੀ ਪ੍ਰੋਗਰਾਮ ਕੋਆਰਡੀਨੇਟਰ, ਅਲਕਾ ਗੌਤਮ ਸਕੂਲ ਹੈਲਥ ਵੈਲਨੈੱਸ ਅੰਬੈਸਡਰ ਨੇ ਵੀ ਮੰਚ ਤੋਂ ਡਾਕਟਰਾਂ ਦਾ ਸਨਮਾਨ ਕੀਤਾ।

## ਸੰਪਾਦਕੀ

# ਭਾਰਤ-ਚੀਨ ਸਬੰਧਾਂ ਵਿੱਚ ਸਰਗਰਮੀਆਂ ਦਾ ਦੌਰ

ਭਾਰਤ-ਚੀਨ ਸਬੰਧਾਂ ਵਿੱਚ ਕਾਫ਼ੀ ਸਰਗਰਮੀ ਦੇਖਣ ਨੂੰ ਮਿਲ ਰਹੀਆਂ ਹਨ। ਚੀਨ ਦੇ ਉਪ ਵਿਦੇਸ਼ ਮੰਤਰੀ ਸੁਨ ਵੀਡੌਂਗ 12-13 ਜੂਨ ਨੂੰ ਆਪਣੇ ਭਾਰਤੀ ਹਮਰੁਤਬਾ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨਾਲ ਗੱਲਬਾਤ ਕਰਨ ਲਈ ਨਵੀਂ ਦਿੱਲੀ ਆਏ ਸਨ। ਇਸ ਗੱਲਬਾਤ ਦਾ ਇੱਕ ਨਤੀਜਾ ਇਸ ਐਲਾਨ ਵਿੱਚ ਨਿਕਲਿਆ ਕਿ ਇਸ ਸਾਲ ਦੀਆਂ ਗਰਮੀਆਂ ਤੋਂ ਕੈਲਾਸ਼ ਮਾਨਸਰੋਵਰ ਯਾਤਰਾ ਮੁੜ ਸ਼ੁਰੂ ਕੀਤੀ ਜਾ ਰਹੀ ਹੈ। ਅਸਲ ਕੰਟਰੋਲ ਰੇਖਾ (ਐੱਲਏਸੀ) ਉੱਪਰ 2020 ਦੀਆਂ ਗਰਮੀਆਂ ਵਿੱਚ ਭੜਕੇ ਤਣਾਅ ਤੋਂ ਬਾਅਦ ਇਹ ਯਾਤਰਾ ਬੰਦ ਕਰ ਦਿੱਤੀ ਗਈ ਸੀ। ਪਿਛਲੇ ਹਫ਼ਤੇ ਭਾਰਤ ਦੇ ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਸ਼ੰਘਾਈ ਸਹਿਯੋਗ ਸੰਘ (ਐੱਸਸੀਓ) ਦੀਆਂ ਮੀਟਿੰਗਾਂ ਵਿੱਚ ਹਿੱਸਾ ਲੈਣ ਲਈ ਚੀਨ ਦਾ ਦੌਰਾ ਕੀਤਾ ਸੀ। ਭਾਰਤ ਲੰਮੇ ਅਰਸੇ ਤੋਂ ਇਸ ਸੰਗਠਨ ਦਾ ਮੈਂਬਰ ਹੈ। ਇਸ ਮੌਕੇ ਭਾਰਤੀ ਆਗੂਆਂ ਨੇ ਆਪਣੇ ਚੀਨੀ ਹਮਰੁਤਬਾ ਨਾਲ ਦੁਵੱਲੀਆਂ ਮੁਲਾਕਾਤਾਂ ਵੀ ਕੀਤੀਆਂ ਜਿਸ ਨਾਲ ਭਾਰਤ ਅੰਦਰ ਇਹ ਪ੍ਰਭਾਵ ਗਿਆ ਹੈ ਕਿ ਦੁਨੀਆ ਦੇ ਸਭ ਤੋਂ ਵੱਧ ਆਬਾਦੀ ਵਾਲੇ ਇਨ੍ਹਾਂ ਦੋਵਾਂ ਮੁਲਕਾਂ ਦੇ ਦੁਸ਼ਵਾਰਕੁਨ ਸਬੰਧਾਂ ਨੂੰ ਮੁੜ ਹੁਲਾਰਾ ਦੇਣ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਹਨ। ਭਾਰਤੀ ਮੀਡੀਆ ਵਿੱਚ ਇਹ ਖ਼ਬਰਾਂ ਚਲਾਈਆਂ ਜਾ ਰਹੀਆਂ ਹਨ ਕਿ ਡਰੈਗਨ ਅਤੇ ਹਾਥੀ ਇੱਕ ਵਾਰ ਫਿਰ ਕਦਮਤਾਲ ਕਰਨ ਲੱਗ ਪਏ ਹਨ। ਭਾਰਤੀ ਸਨਅਤ ਇਹ ਵਿਸ਼ਵਾਸ ਕਰਨ ਲੱਗ ਪਈ ਹੈ ਕਿ ਚੀਨ ਤੋਂ ਸਸਤਾ ਮਾਲ ਇੱਕ ਵਾਰ ਫਿਰ ਸੌਖੇ ਢੰਗ ਨਾਲ ਮਿਲਣ ਲੱਗ ਪਵੇਗਾ। ਜੇ ਇਸ ਬਿਰਤਾਂਤ ਨੂੰ ਭਾਰਤ ਦੇ ਮੁੱਖ ਆਰਥਿਕ ਸਲਾਹਕਾਰ ਵੀ. ਅਨੰਤ ਨਾਗੇਸ਼ਵਰਨ ਦੀ ਇਸ ਧਾਰਨਾ ਕਿ ਚੀਨ ਤੋਂ ਹੋਰ ਜ਼ਿਆਦਾ ਸਿੱਧਾ ਵਿਦੇਸ਼ੀ ਨਿਵੇਸ਼ ਆਉਣਾ ਚਾਹੀਦਾ ਹੈ, ਦੇ ਪ੍ਰਸੰਗ ਵਿੱਚ ਰੱਖ ਕੇ ਦੇਖਿਆ ਜਾਵੇ ਤਾਂ ਅਫ਼ਸੋਸਨਾਕ ਪੱਖ ਇਹ ਹੈ ਕਿ ਭਾਰਤ ਵਿੱਚ ਬਹੁਤ ਸਾਰੇ ਲੋਕ ਛੇਤੀ ਅਤੇ ਗ਼ਲਤ ਨਤੀਜੇ ਕੱਢਣ ਲੱਗ ਪੈਂਦੇ ਹਨ। ਸਾਨੂੰ ਇਹ ਗੱਲ ਦਿਮਾਗ ਵਿੱਚ ਰੱਖਣੀ ਪਵੇਗੀ ਕਿ ਦੁਵੱਲੇ ਸਬੰਧਾਂ ਵਿੱਚ ਵਿਗਾੜ ਇਸ ਕਰ ਕੇ ਆਇਆ ਸੀ ਕਿਉਂਕਿ ਪੇਈਚਿੰਗ ਨੇ ਐੱਲਏਸੀ 'ਤੇ ਯਥਾਸਥਿਤੀ ਬਦਲਣ ਅਤੇ ਦੇਸ਼ ਅੰਦਰ ਇਹ ਸੰਦੇਸ਼ ਦੇਣ ਲਈ ਪੂਰਬੀ ਲੱਦਾਖ ਵਿੱਚ ਫ਼ੌਜੀ ਦਸਤੇ ਭੇਜੇ ਸਨ ਕਿ ਚੀਨ ਇਸ ਖ਼ਿੱਤੇ ਦੀ ਵੱਡੀ ਸ਼ਕਤੀ ਹੈ ਤੇ ਭਾਰਤ ਲਈ ਬਿਹਤਰ ਹੋਵੇਗਾ ਕਿ ਇਸ ਦੇ ਪਿੱਛੇ-ਪਿੱਛੇ ਚੱਲੇ। ਲਿਹਾਜ਼ਾ, ਸਬੰਧਾਂ ਵਿੱਚ ਆਏ ਇਸ ਹਾਲੀਆ ਨਿਘਾਰ ਲਈ ਪੂਰੀ ਤਰ੍ਹਾਂ ਚੀਨ ਜ਼ਿੰਮੇਵਾਰ ਹੈ। ਸਾਫ਼ ਲਫ਼ਜ਼ਾਂ ਵਿੱਚ ਕਿਹਾ ਜਾਵੇ ਤਾਂ ਹੁਣ ਸਬੰਧਾਂ ਵਿੱਚ ਸੁਧਾਰ ਲਿਆਉਣ ਲਈ ਸੁਲ੍ਹਾ ਦੀ ਨੀਤੀ ਅਪਣਾਉਣਾ ਚੀਨ ਦਾ ਫ਼ਰਜ਼ ਬਣਦਾ ਹੈ, ਜਿਵੇਂ ਇੱਕ ਚੀਨੀ ਕਹਾਵਤ ਦਾ ਅਰਥ ਹੈ: 'ਜੋ ਗੰਢ ਦਿੰਦਾ ਹੈ, ਉਸੇ ਨੂੰ ਖੋਲ੍ਹਣੀ ਪੈਂਦੀ ਹੈ।' ਸਭ ਕੁਝ ਭਲੀਭਾਂਤ ਪਤਾ ਹੈ, ਪੂਰਬੀ ਲੱਦਾਖ ਵਿੱਚ ਫ਼ੌਜਾਂ ਦੀ ਵਾਪਸੀ ਹੋ ਗਈ ਹੈ ਪਰ ਬਲਾਂ ਵਿੱਚ ਤਣਾਅ ਘਟਣਾ ਅਜੇ ਬਾਕੀ ਹੈ। ਇਸ ਲਈ ਬਿਹਤਰ ਸਬੰਧਾਂ ਲਈ ਐੱਲਏਸੀ ਉੱਪਰ ਕੁਝ ਸ਼ਰਤਾਂ ਪੂਰੀਆਂ ਕਰ ਦਿੱਤੀਆਂ ਗਈਆਂ ਹਨ ਜਦੋਂਕਿ ਸਥਿਤੀ ਹਾਲੇ ਵੀ ਉਵੇਂ ਨਹੀਂ ਹੈ ਜਿਵੇਂ 2020 ਤੋਂ ਪਹਿਲਾਂ ਸੀ। ਇਨ੍ਹਾਂ ਸਥਿਤੀਆਂ ਵਿੱਚ ਇੱਕ ਵਧੀਆ ਵਿਆਖਿਆ ਇਹੀ ਹੋਵੇਗੀ ਕਿ ਡਰੈਗਨ ਅਤੇ ਹਾਥੀ ਭਾਵੇਂ ਇੱਕੋ ਕਮਰੇ 'ਚ ਹਨ, ਪਰ ਉਹ ਆਪੋ-ਆਪਣੇ ਕੋਨਿਆਂ ਵਿੱਚ ਟਿਕੇ ਹੋਏ, ਇੱਕ-ਦੂਜੇ ਨੂੰ ਗਹੁ ਨਾਲ ਤੱਕ ਰਹੇ ਹਨ। ਸਿਰਫ਼ ਇਹ ਗੱਲ ਨਹੀਂ ਕਿ ਦੋਵਾਂ ਦੇ ਇੱਕ-ਦੂਜੇ ਨਾਲ ਨੱਚਣ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ, ਸਗੋਂ ਇਸ ਗੱਲ ਨੂੰ ਵੀ ਕੋਈ ਨਹੀਂ ਮੰਨਦਾ ਕਿ ਦੂਜਾ ਸੰਭਾਵੀ ਡਾਂਸ ਪਾਰਟਨਰ ਹੋ ਸਕਦਾ ਹੈ। ਇਸ ਤੋਂ ਇਲਾਵਾ ਦੋਵਾਂ ਵਿਚਕਾਰ ਕੋਈ ਖਿੱਚ ਵੀ ਨਹੀਂ ਜਾਪਦੀ। ਜੇਕਰ ਅਸੀਂ ਇਸ ਤਸਵੀਰ ਵਿੱਚ ਦਿੱਲੀ-ਪੇਈਚਿੰਗ ਸਬੰਧਾਂ ਦੇ ਆਰਥਿਕ ਪੱਖ ਨੂੰ ਜੋੜ ਦੇਈਏ ਤਾਂ ਹਾਲਾਤ ਹੋਰ ਵੀ ਸਪੱਸ਼ਟ ਹੋ ਜਾਂਦੇ ਹਨ- ਚੀਨ ਤੋਂ ਦੁਰਲੱਭ ਭੂ-ਚੁੰਬਕਾਂ ਦੀ ਬਰਾਮਦ, ਜੋ ਸਾਡੇ ਉੱਭਰ ਰਹੇ ਈਵੀ (ਇਲੈਕਟ੍ਰਿਕ ਵਾਹਨ) ਉਦਯੋਗ ਲਈ ਬਹੁਤ ਮਹੱਤਵਪੂਰਨ ਹਨ, ਪਿਛਲੇ ਤਿੰਨ ਮਹੀਨਿਆਂ ਤੋਂ ਲਗਭਗ ਬੰਦ ਕਰ ਦਿੱਤੀ ਗਈ ਹੈ। ਚੀਨ ਨੇ ਅਮਰੀਕਾ ਨਾਲ ਸਮਝੌਤਾ ਕੀਤਾ ਹੈ, ਜਿਸ ਦਾ ਮੁੱਖ ਨਿਸ਼ਾਨਾ ਦੁਰਲੱਭ ਧਾਤਾਂ ਦੀ ਬਰਾਮਦ ਨੂੰ ਕੰਟਰੋਲ ਕਰਨਾ ਹੈ, ਪਰ ਭਾਰਤ ਨੂੰ ਅਜੇ ਤੱਕ ਇਨ੍ਹਾਂ ਦੀ ਸਪੁਰਦਗੀ ਨਹੀਂ ਕੀਤੀ ਗਈ ਜਿਸ ਕਰ ਕੇ ਭਾਰਤ ਦੀਆਂ ਈਵੀ ਕੰਪਨੀਆਂ ਸੰਕਟ ਵਿੱਚ ਫਸਣ ਦੇ ਕੰਢੇ ਪਹੁੰਚ ਗਈਆਂ ਹਨ। ਇਹ ਮਸਲਾ ਰਤਾ ਕੁ ਗੰਭੀਰ ਹੈ। ਹੁਣ ਅਸੀਂ ਸੁਣ ਰਹੇ ਹਾਂ ਕਿ ਭਾਰਤ ਨੂੰ ਭੇਜੀਆਂ ਜਾਂਦੀਆਂ ਵਿਸ਼ੇਸ਼ ਕਿਸਮ ਦੀਆਂ ਖਾਦਾਂ ਨੂੰ ਵੀ ਇਸੇ ਤਰ੍ਹਾਂ ਹਥਿਆਰ ਬਣਾ ਕੇ ਵਰਤਿਆ ਜਾ ਰਿਹਾ ਹੈ। ਭਾਰਤ ਨੂੰ ਸੁਰੰਗਾਂ ਪੁੱਟਣ ਵਾਲੀਆਂ ਮਸ਼ੀਨਾਂ ਦੀ ਸਪਲਾਈ ਵੀ ਚੀਨ ਦੇ ਕਸਟਮ ਮਹਿਕਮੇ ਨੇ ਸਾਲ ਤੋਂ ਵੱਧ ਸਮੇਂ ਤੋਂ ਰੋਕੀ ਹੋਈ ਹੈ। ਇਹ ਚੀਨ ਦੀ ਭਾਰਤ ਪ੍ਰਤੀ ਪਹੁੰਚ ਨੂੰ ਸਪੱਸ਼ਟ ਰੂਪ ਵਿੱਚ ਦਰਸਾਉਂਦਾ ਹੈ। ਚੀਨ ਅਸਲ ਵਿੱਚ ਚਾਹੁੰਦਾ ਹੈ ਕਿ ਭਾਰਤ ਉਸ ਨੂੰ ਮਹਾਸ਼ਕਤੀ ਵਜੋਂ ਦੇਖੇ ਅਤੇ ਫਿਰ ਉਸ ਦੀ ਧੁਨ 'ਤੇ ਨੱਚੇ। ਇਹੀ ਗੱਲ ਹੈ ਜਿਸ 'ਤੇ ਭਾਰਤੀ ਵਿੱਤ ਮੰਤਰਾਲੇ ਦੇ ਅਧਿਕਾਰੀ ਸਹਿਮਤੀ ਬਣਾਉਣ ਵਿੱਚ ਲੱਗੇ ਹਨ ਕਿ ਕਦ ਉਹ ਚੀਨ ਨੂੰ ਸਿੱਧੇ ਵਿਦੇਸ਼ੀ ਨਿਵੇਸ਼ (ਐੱਫਡੀਆਈ) ਵਿੱਚ ਢਿੱਲ ਦੇਣ ਦੀ ਵਕਾਲਤ ਕਰਨ। ਵਾਕਈ, ਜੂਨ 2020 ਦੀ ਗਲਵਾਨ ਝੜਪ ਤੋਂ ਤੁਰੰਤ ਬਾਅਦ ਭਾਰਤ ਨੇ ਆਪਣੇ ਘਰੇਲੂ ਬਾਜ਼ਾਰ ਵਿੱਚ ਕਈ ਚੀਨੀ ਐਪਸ 'ਤੇ ਪਾਬੰਦੀ ਲਾ ਦਿੱਤੀ ਸੀ ਅਤੇ ਇਹ ਫ਼ੈਸਲਾ ਵੀ ਕੀਤਾ ਸੀ ਕਿ 'ਹੁਆਵੇ' ਵਰਗੀਆਂ ਚੀਨੀ ਫਰਮਾਂ ਸਾਡੇ 5ਜੀ ਟਰਾਇਲਾਂ ਅਤੇ ਰੋਲਆਊਟ ਵਿੱਚ ਹਿੱਸਾ ਨਹੀਂ ਲੈ ਸਕਦੀਆਂ। ਇਹ ਸਾਰੇ ਚੰਗੇ ਕਦਮ ਸਨ ਅਤੇ ਇਨ੍ਹਾਂ ਵਿੱਚੋਂ ਕਿਸੇ ਨੂੰ ਵੀ ਵਾਪਸ ਲਿਆ ਜਾਣਾ ਸਵੀਕਾਰ ਨਹੀਂ ਕੀਤਾ ਜਾ ਸਕਦਾ। ਫਿਰ ਮੌਜੂਦਾ ਕਦਮਾਂ ਦਾ ਵਿਸ਼ਲੇਸ਼ਣ ਅਤੇ ਮੁਲਾਂਕਣ ਕਿਵੇਂ ਕਰਨਾ ਚਾਹੀਦਾ ਹੈ ? ਕਿਉਂਕਿ ਪੂਰਬੀ ਲੱਦਾਖ ਵਿੱਚ ਫ਼ੌਜੀ ਸਥਿਤੀ ਵਿੱਚ ਕੁਝ ਸੁਧਾਰ ਹੋਇਆ ਹੈ, ਹਾਲਾਂਕਿ ਪਹਿਲਾਂ ਵਾਲੀ ਸਥਿਤੀ ਪਰਤੀ ਨਹੀਂ ਹੈ, ਸਮੁੱਚੇ ਸਬੰਧਾਂ ਨੂੰ ਸੁਧਾਰਨਾ ਅਤੇ ਮੁੜ ਉਸਾਰੀ ਚੰਗਾ ਉਪਾਅ ਹੈ। ਭਾਰਤ ਸਰਕਾਰ ਵੱਲੋਂ ਸਾਵਧਾਨੀ ਨਾਲ ਸੋਚ-ਸਮਝ ਕੇ ਚੁੱਕੇ ਗਏ ਕਦਮ ਅੱਗੇ ਵਧਣ ਦਾ ਸਹੀ ਤਰੀਕਾ ਹਨ। ਬੇਸ਼ੱਕ, ਸਾਨੂੰ ਚੀਨ ਨਾਲ ਨਜਿੱਠਣਾ ਪਵੇਗਾ ਅਤੇ ਰਿਸ਼ਤਿਆਂ ਨੂੰ ਵੀ ਸੰਭਾਲਣਾ ਪਵੇਗਾ; ਹਾਲਾਂਕਿ, ਭਾਰਤ ਨੂੰ ਇਸ ਪ੍ਰਕਿਰਿਆ ਵਿੱਚ ਲੋੜੋਂ ਵੱਧ ਤਿੱਖਾ ਹੋਣ ਦੀ ਲੋੜ ਨਹੀਂ ਹੈ। ਆਪਸੀ ਹਿੱਤਾਂ ਨੂੰ ਭਵਿੱਖੀ ਰਸਤਾ ਤੈਅ ਕਰਨ ਦਾ ਆਧਾਰ ਬਣਾਉਣਾ ਚਾਹੀਦਾ ਹੈ। ਜੇਕਰ ਸਬੰਧਾਂ ਨੂੰ ਮੁੜ ਉਸਾਰਨਾ ਹੈ ਤਾਂ ਆਪਸੀ ਸਤਿਕਾਰ ਜ਼ਰੂਰੀ ਹੈ। ਇਸ ਦੇ ਨਾਲ ਹੀ ਭਾਰਤੀ ਉਦਯੋਗ ਖੇਤਰ ਫ਼ਾਇਦੇ ਵਿੱਚ ਰਹੇਗਾ ਜੇਕਰ ਉਹ ਨੇੜ ਭਵਿੱਖ 'ਚ ਚੀਨ ਨਾਲ ਸਭ ਕੁਝ ਚੰਗਾ ਰਹਿਣ ਦੀ ਉਮੀਦ ਨਾ ਕਰੇ। ਇਸ ਤਰ੍ਹਾਂ ਦੇ ਹਾਲਾਤ ਹਕੀਕੀ ਅਤੇ ਵਿਹਾਰਕ ਨਹੀਂ ਹੋਣਗੇ। ਸਾਨੂੰ ਚਾਹੀਦਾ ਹੈ ਕਿ ਅਸੀਂ ਚੀਨ ਵੱਲੋਂ ਨਾ ਦਿੱਤੇ ਗਏ ਕੁਝ ਉਤਪਾਦਾਂ ਦਾ ਨਿਰਮਾਣ ਦੇਸ਼ ਵਿੱਚ ਕਰ ਕੇ ਇਸ ਮੌਕੇ ਦਾ ਲਾਹਾ ਲਈਏ। ਦੁਰਲੱਭ ਭੂ-ਚੁੰਬਕ ਚੰਗੀ ਸ਼ੁਰੂਆਤ ਹੋਵੇਗੀ। ਜੇਕਰ ਇਹ ਪੂਰੀ ਤਰ੍ਹਾਂ ਭਾਰਤ ਵਿੱਚ ਹੁੰਦਾ ਹੈ ਤਾਂ ਇਹ ਇਸ ਉਤਪਾਦ ਲਈ ਸਭ ਤੋਂ ਵਧੀਆ ਸਪਲਾਈ ਲੜੀ ਹੋਵੇਗੀ।

# ਕੂੜੇ ਦੇ ਸਹੀ ਪ੍ਰਬੰਧਨ ਸਬੰਧੀ ਸੁਪਰਵਾਈਜਰਾਂ ਅਤੇ ਡਰਾਈਵਰਾਂ ਨਾਲ ਕੀਤੀ ਗਈ ਵਿਸ਼ੇਸ਼ ਮੀਟਿੰਗ



**ਹੁਸ਼ਿਆਰਪੁਰ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕਮਿਸ਼ਨਰ ਨਗਰ ਨਿਗਮ ਹੁਸ਼ਿਆਰਪੁਰ ਜਯੋਤੀ ਬਾਲਾ ਮੱਟੂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਾਰਪੋਰੇਸ਼ਨ ਸੈਨੀਟੇਸ਼ਨ ਅਫ਼ਸਰ ਦੀਪਕ ਕੁਮਾਰ ਦੀ ਅਗਵਾਈ ਹੇਠ ਕੂੜੇ ਦੇ ਪ੍ਰਬੰਧਨ ਸਬੰਧੀ ਅੱਜ ਇਕ ਵਿਸ਼ੇਸ਼ ਮੀਟਿੰਗ ਦਫ਼ਤਰ ਨਗਰ ਨਿਗਮ ਦੇ ਮੀਟਿੰਗ ਹਾਲ ਵਿਚ ਕੀਤੀ ਗਈ। ਇਸ ਵਿਚ ਸੰਜੀਵ ਕੁਮਾਰ ਨਾਹਰ ਸੈਨੇਟਰੀ ਇੰਸਪੈਕਟਰ, ਰਾਜੇਸ਼ ਕੁਮਾਰ ਸੈਨੇਟਰੀ ਇੰਸਪੈਕਟਰ, ਕਰਨਜੋਤ ਆਦੀਆ ਸੈਨੇਟਰੀ ਸੁਪਰਵਾਈਜਰ ਸਮੇਤ ਸੈਨਟਰੀ ਸ਼ਾਖਾ ਦਾ ਸਟਾਫ ਮੌਜੂਦ ਰਿਹਾ। ਇਸ ਦੌਰਾਨ ਕਾਰਪੋਰੇਸ਼ਨ ਸੈਨੀਟੇਸ਼ਨ ਅਫ਼ਸਰ ਵੱਲੋਂ ਸਮੂਹ ਸੁਪਰਵਾਈਜਰਾਂ ਅਤੇ ਸਫਾਈ ਮੇਟਾਂ ਨੂੰ ਆਉਣ ਵਾਲੇ ਬਰਸਾਤੀ ਮੌਸਮ ਨੂੰ ਮੁੱਖ ਰੱਖਦੇ ਹੋਏ ਸ਼ਹਿਰ ਦੀ ਸਫ਼ਾਈ ਸਬੰਧੀ ਅਤੇ ਲੋਕ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਦਿਸ਼ਾ-ਨਿਰਦੇਸ਼ ਜਾਰੀ ਕਰਦੇ ਹੋਏ ਕਿਹਾ ਗਿਆ ਕਿ ਉਨ੍ਹਾਂ ਵੱਲੋਂ ਆਪਣੇ ਅਧੀਨ ਪੈਂਦੇ ਵਾਰਡਾਂ ਵਿਚ ਸਫਾਈ ਵਿਵਸਥਾਂ ਦਾ ਪੂਰਨ ਤੌਰ @ਤੇ ਧਿਆਨ ਰੱਖਿਆ ਜਾਵੇ। ਇਸ ਉਪਰੰਤ ਸੰਜੀਵ ਕੁਮਾਰ ਨਾਹਰ ਸੈਨੇਟਰੀ ਇੰਸਪੈਕਟਰ ਵੱਲੋਂ ਸਮੂਹ ਆਏ ਸੁਪਰਵੀਜਰਾਂ ਅਤੇ ਡਰਾਈਵਰਾਂ ਨੂੰ ਸ਼ਹਿਰ ਦੀ ਸਫ਼ਾਈ ਲਈ ਸ਼ਹਿਰ ਦੇ ਮੁੱਖ ਰੋਡਾਂ, ਸੈਂਟਰ ਵਰਜਾਂ, ਦੁਕਾਨਾਂ, ਖਾਲੀ ਪਲਾਟਾਂ ਦੀ ਮੁਕੰਮਲ ਤੌਰ @ਤੇ ਸਫ਼ਾਈ ਕਰਵਾਉਣ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਗਈਆਂ। ਇਸ ਤੋਂ ਇਲਾਵਾ ਸਵੱਛ ਭਾਰਤ ਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਨੂੰ ਮੁੱਖ ਰੱਖਦੇ ਹੋਏ ਦੱਸਿਆ ਗਿਆ ਕਿ ਭਾਰਤ ਸਰਕਾਰ ਅਤੇ ਮਾਣਯੋਗ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਦਿੱਲੀ ਜੀ ਵੱਲੋਂ ਸਿੰਗਲ ਯੂਜ਼ ਪਲਾਸਿਟਕ ਦੀ ਵਰਤੋਂ ਅਤੇ ਵਿਕਰੀ ਉੱਪਰ ਪੂਰਨ ਤੌਰ @ਤੇ ਰੋਕ ਲਗਾ ਦਿੱਤੀ ਗਈ ਹੈ। ਇਥੇ ਆਮ ਪਬਲਿਕ ਨੂੰ ਅਪੀਲ ਕੀਤੀ ਗਈ ਹੈ ਕਿ ਸਿੰਗਲ ਯੂਜ ਪਲਾਸਟਿਕ ਦੀ ਵਰਤੋਂ ਤੇ ਪੂਰਨ ਤੌਰ ਤੇ ਪਾਬੰਦੀ ਲਗਾਈ ਜਾਵੇ ਤਾਂ ਜੋ ਸ਼ਹਿਰ ਹੁਸ਼ਿਆਰਪੁਰ ਨੂੰ ਹਰਿਆ-ਭਰਿਆ ਅਤੇ ਪ੍ਰਦੂਸ਼ਣ ਰਹਿਤ ਬਣਾਇਆ ਜਾ ਸਕੇ। ਜੇਕਰ ਕੋਈ ਵਿਅਕਤੀ ਇਨਾਂ੍ਹ ਹੁਕਮਾਂ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕਰਦੇ ਹੋਏ ਨਿਸ਼ਚਿਤ ਹਦਾਇਤਾਂ ਅਨੁਸਾਰ ਮੌਕੇ @ਤੇ ਹੀ ਚਲਾਨ ਜਾਰੀ ਕੀਤਾ ਜਾਵੇਗਾ ਅਤੇ ਸਾਮਾਨ ਜ਼ਬਤ ਕੀਤਾ ਜਾਵੇਗਾ।

# ਪੁਲਿਸ ਵੱਲੋਂ ਨਸ਼ਿਆਂ ਖਿਲਾਫ਼ ਕਾਰਵਾਈ ਕਰਦਿਆਂ 1133 ਦੋਸ਼ੀਆਂ ਨੂੰ ਕੀਤਾ ਜਾ ਚੁੱਕਾ ਹੈ ਗ੍ਰਿਫ਼ਤਾਰ

**ਬਠਿੰਡਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ 'ਯੁੱਧ ਨਸ਼ਿਆ ਵਿਰੁੱਧ' ਮੁਹਿੰਮ ਤਹਿਤ ਸਿਵਲ ਤੇ ਪੁਲਿਸ ਪ੍ਰਸ਼ਾਸਨ ਵੱਲੋਂ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਨਸ਼ਿਆਂ ਦੇ ਖਾਤਮੇ ਲਈ ਵਿਆਪਕ ਪੱਧਰ ਤੇ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ। ਇਹ ਜਾਣਕਾਰੀ ਐਸਐਸਪੀ ਮੈਡਮ ਅਮਨੀਤ ਕੌਂਡਲ ਨੇ ਸਾਂਝੀ ਕੀਤੀ।



ਇਸ ਦੌਰਾਨ ਐਸਐਸਪੀ ਮੈਡਮ ਅਮਨੀਤ ਕੌਂਡਲ ਨੇ ਦੱਸਿਆ ਕਿ ਪੁਲਿਸ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਕਾਰਵਾਈ ਕਰਦੇ ਹੋਏ 1 ਮਾਰਚ 2025 ਤੋਂ ਹੁਣ ਤੱਕ 708 ਮੁਕੱਦਮੇ ਦਰਜ ਕਰਕੇ 1133 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹੇ ਅੰਦਰ ਹੁਣ ਤੱਕ ਨਸ਼ਾਂ ਤਸਕਰਾਂ ਦੀ 9,72,38,899 ਰੁਪਏ ਦੇ ਕਰੀਬ ਦੀ ਜਾਇਦਾਦ ਫਰੀਜ ਕੀਤੀ ਜਾ ਚੁੱਕੀ ਹੈ।

ਇਸ ਮੌਕੇ ਉਨ੍ਹਾਂ ਇਹ ਵੀ ਸਪਸ਼ਟ ਕੀਤਾ ਕਿ ਕੋਈ ਵੀ ਨਸ਼ੇ ਵੇਚ ਕੇ ਜਾਇਦਾਦ ਬਣਾਏਗਾ ਉਸ ਨੂੰ ਸਮਰੱਥ ਅਥਾਰਟੀ ਪਾਸੋਂ ਕਾਨੂੰਨੀ ਪ੍ਰਕਿਰਿਆ ਮੁਤਾਬਿਕ ਮੰਨਜ਼ੂਰੀ ਹਾਸਿਲ ਉਪਰੰਤ ਅਟੈਚ ਕਰਵਾਇਆ ਜਾਵੇਗਾ।

ਜ਼ਿਲ੍ਹਾ ਵਾਸੀਆਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਐਸਐਸਪੀ ਮੈਡਮ ਅਮਨੀਤ ਕੌਂਡਲ ਨੇ ਕਿਹਾ ਕਿ ਨਸ਼ਿਆਂ ਦੇ ਕੋਹੜ ਨੂੰ ਜੜੋ ਖਤਮ ਕਰਨ ਲਈ ਪੁਲਿਸ ਦਾ ਸਹਿਯੋਗ ਦਿੱਤਾ ਜਾਵੇ, ਜੇਕਰ ਕਿਸੇ ਏਰੀਏ ਜਾਂ ਆਸ-ਪਾਸ ਕੋਈ ਨਸ਼ੇ ਦਾ ਗੈਰ ਕਾਨੂੰਨੀ ਤੌਰ 'ਤੇ ਧੰਦਾ ਕਰਦਾ ਹੈ ਤਾਂ ਪੰਜਾਬ ਸਰਕਾਰ ਦੀ ਐਂਟੀ ਡਰੱਗ ਹੈਲਪਲਾਈਨ ਨੰਬਰ 97791-00200 ਜਾਂ ਬਠਿੰਡਾ ਪੁਲਿਸ ਦੀ ਐਂਟੀ ਡਰੱਗ ਹੈਲਪਲਾਈਨ ਨੰਬਰ 91155-02252 ਤੇ ਜਾਣਕਾਰੀ ਸਾਂਝੀ ਕਰ ਸਕਦੇ ਹੋ। ਉਨ੍ਹਾਂ ਇਹ ਵੀ ਕਿਹਾ ਕਿ ਜਾਣਕਾਰੀ ਦੇਣ ਵਾਲੇ ਦਾ ਨਾਮ ਅਤੇ ਪਹਿਚਾਣ ਗੁਪਤ ਰੱਖੀ ਜਾਵੇਗੀ।

# ਪੰਜਾਬ ਸਰਕਾਰ ਵੱਲੋਂ ਯੁਵਕਾਂ ਦੀ ਫ਼ਿਜੀਕਲ ਦੀ ਮੁਫ਼ਤ ਤਿਆਰੀ ਲਈ ਕੈਂਪ ਸ਼ੁਰੂ

**ਤਰਨ ਤਾਰਨ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀ-ਪਾਈਟ ਕੈਂਪ, ਪੱਟੀ (ਤਰਨ-ਤਾਰਨ) ਦੇ ਕੈਂਪ ਟ੍ਰੇਨਿੰਗ ਅਫਸਰ ਕੈਪਟਨ ਗੁਰਦਰਸ਼ਨ ਸਿੰਘ ਨੇ ਇਹ ਜਾਣਕਾਰੀ ਦਿੱਤੀ ਹੈ ਕਿ ਸੀ-ਪਾਈਟ ਕੈਂਪ, ਪੱਟੀ ਵਿਖੇ ਤਰਨ-ਤਾਰਨ ਜਿਲ੍ਹੇ ਦੇ ਜੋ ਯੁਵਕ ਪੰਜਾਬ ਪੁਲਿਸ, ਸੀ.ਆਰ.ਪੀ.ਐਫ., ਬੀ.ਐਸ.ਐਫ. ਅਤੇ ਸੀ.ਏ.ਪੀ.ਐਫ ਫੋਰਸ ਆਦਿ ਵਿੱਚ ਭਰਤੀ ਹੋਣਾ ਚਾਹੁੰਦੇ ਹਨ ਅਤੇ ਜਿਨ੍ਹਾਂ ਯੁਵਕਾਂ ਨੇ ਲਿਖਤੀ ਪੇਪਰ ਪਾਸ ਕਰ ਲਿਆ ਹੈ। ਇਸ ਤੋਂ ਇਲਾਵਾ ਪੰਜਾਬ ਪੁਲਿਸ ਦੇ ਲਿਖਤੀ ਪੇਪਰ ਦੀ ਉੱਤਰ ਕਾਪੀ ਆ ਗਈ ਹੈ, ਉੱਤਰ ਕਾਪੀ ਚੈੱਕ ਕਰਨ ਉਪਰੰਤ ਜਿਹੜੇ ਯੁਵਕ ਪਾਸ ਹਨ ਅਤੇ ਫਿਜੀਕਲ੍ਹ ਦੀ ਤਿਆਰੀ ਕਰਨਾ ਚਾਹੁੰਦੇ ਹਨ। ਉਹ ਸੀ-ਪਾਈਟ ਕੈਂਪ, ਪੱਟੀ (ਤਰਨ-ਤਾਰਨ) ਵਿਖੇ ਫਿਜੀਕਲ੍ਹ ਦੀ ਤਿਆਰੀ ਚੱਲ ਰਹੀ ਹੈ, ਯੁਵਕ ਜਲਦੀ ਤੋਂ ਜਲਦੀ ਸਵੇਰੇ 09.00 ਵਜੇ ਤੋਂ 11.30 ਵਜੇ ਅਤੇ ( ਸੋਮਵਾਰ ਤੋਂ ਸ਼ੁੱਕਰਵਾਰ ਤੱਕ ) ਸੀ-ਪਾਈਟ ਕੈਂਪ, ਪੱਟੀ (ਤਰਨ-ਤਾਰਨ) ਵਿਖੇ ਹੇਠ ਲਿਖੇ ਦਸਤਾਵੇਜ਼ ਨਾਲ ਲੈ ਕੇ ਫਿਜ਼ੀਕਲ੍ਹ ਦੀ ਤਿਆਰੀ ਲਈ ਆਪਣੀ ਰਜਿਸਟਰੇਸ਼ਨ ਕਰਵਾ ਸਕਦੇ ਹਨ। ਕੈਂਪ ਵਿੱਚ ਆਉਣ ਸਮੇਂ ਆਨ ਲਾਈਨ ਰਜਿਸਟਰੇਸ਼ਨ ਦੀ ਇੱਕ ਕਾਪੀ, ਦਸਵੀਂ ਦਾ ਅਸਲ ਸਰਟੀਫਿਕੇਟ, ਦਸਵੀਂ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਜ਼ੋ ਯੁਵਕ 10+2 ਪਾਸ ਹਨ, ਉਹ 10+2 ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਪੰਜਾਬ ਰੈਜੀਡੈਂਸ ਦੀ ਫੋਟੋ ਸਟੇਟ ਕਾਪੀ, ਜਾਤਿ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਆਧਾਰ ਕਾਰਡ ਦੀ ਫੋਟੋ ਸਟੇਟ ਕਾਪੀ, ਬੈਂਕ ਖਾਤੇ ਦੀ ਫੋਟੋ ਸਟੇਟ ਕਾਪੀ ਤੇ ਖਾਤਾ ਚਾਲੂ ਹਾਲਤ ਵਿੱਚ ਹੋਵੇ ਅਤੇ ਇੱਕ ਪਾਸਪੋਰਟ ਸਾਈਜ਼ ਦੀ ਫੋਟੋ, ਇੱਕ ਕਾਪੀ ਇੱਕ ਪੈੱਨ, ਖਾਣਾ ਖਾਣ ਲਈ ਬਰਤਨ, ਰਹਿਣ ਲਈ ਬਿਸਤਰਾ ਆਦਿ ਨਾਲ ਲੈ ਕੇ ਆਉਣ।

ਯੁਵਕ ਦੀ ਛਾਤੀ ਬਿਨ੍ਹਾਂ ਫੁਲਾ ਕੇ 77 ਸੈਂਟੀਮੀਟਰ ਤੇ ਫੁਲਾ ਕੇ 82 ਸੈਂਟੀਮੀਟਰ, ਪੈਰਾ ਮਿਲਟਰੀ ਫੋਰਸਾਂ / ਪੰਜਾਬ ਪੁਲਿਸ ਲਈ ਛਾਤੀ ਬਿਨ੍ਹਾਂ ਫੁਲਾ ਕੇ 80 ਸੈਂਟੀਮੀਟਰ ਤੇ ਫੁਲਾ ਕੇ 85 ਸੈਂਟੀਮੀਟਰ ਅਤੇ ਕੱਦ 05 ਫੁੱਟ 07 ਇੰਚ ਹੋਵੇ। ਕੈਂਪ ਵਿੱਚ ਰਹਿਣ ਸਮੇਂ ਖਾਣਾ ਅਤੇ ਰਹਾਇਸ਼ ਬਿਲਕੁੱਲ ਮੁਫਤ ਦਿੱਤੀ ਜਾਵੇਗੀ ਅਤੇ ਫਿਜ਼ੀਕਲ ਅਤੇ ਲਿਖਤੀ ਪੇਪਰ ਦੀ ਤਿਆਰੀ ਦੀ ਕੋਈ ਵੀ ਫੀਸ ਨਹੀਂ ਲਈ ਜਾਵੇਗੀ। ਯੁਵਕ ਰੋਜ਼ਾਨਾ ਘਰ ਤੋਂ ਆਉਣ/ਜਾਣ ਵੀ ਕਰ ਸਕਦੇ ਹਨ। ਵਧੇਰੇ ਜਾਣਕਾਰੀ ਲਈ ਨੰਬਰਾਂ 98760-30372 ਅਤੇ 97818-91928 ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਰਿਸ਼ਵਤ ਲੈਣ ਦੇ ਦੋਸ਼ ਹੇਠ ਬਲਾਕ ਅ.ਫਸਰ ਕਾਬੂ

**ਅੰਮ੍ਰਿਤਸਰ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਇੱਥੇ ਬਲਾਕ ਵਿਕਾਸ ਤੇ ਪੰਚਾਇਤ ਦਫ਼ਤਰ (ਬੀ.ਡੀ.ਪੀ.ਓ.) 'ਚ ਤਾਇਨਾਤ ਬਲਾਕ ਅਫ਼ਸਰ ਜੋਰਜ ਮਸੀਹ ਨੂੰ 13000 ਰੁਪਏ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਨੂੰ ਪਿੰਡ ਬਕਰੌਰ, ਜ਼ਿਲ੍ਹਾ ਅੰਮ੍ਰਿਤਸਰ ਦੇ ਵਸਨੀਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰ ਕੇ ਦੋਸ਼ ਲਗਾਇਆ ਹੈ ਕਿ ਉਹ ਸਾਲ 2024 ਵਿੱਚ ਆਪਣੇ ਪਿੰਡ ਤੋਂ ਪੰਚਾਇਤੀ ਚੋਣਾਂ ਲੜਨਾ ਚਾਹੁੰਦਾ ਸੀ ਪਰ ਅਜਿਹਾ ਨਾ ਕਰ ਸਕਿਆ, ਕਿਉਂਕਿ ਬਲਾਕ ਅਫ਼ਸਰ ਅਜਨਾਲਾ ਵੱਲੋਂ ਉਸ ਨੂੰ ਡਿਫ਼ਾਲਟਰ ਐਲਾਨਿਆ ਹੋਇਆ ਗਿਆ ਸੀ।

ਨੋਟਿਸ ਵਿੱਚ ਕਿਹਾ ਗਿਆ ਸੀ ਕਿ ਉਸ ਨੇ 4 ਕਨਾਲ ਦੀ ਸਰਕਾਰੀ ਜ਼ਮੀਨ ਦੇ ਬਕਾਏ ਦਾ ਭੁਗਤਾਨ ਨਹੀਂ ਕੀਤਾ ਹੈ, ਇਸ ਸਬੰਧੀ ਉਸ ਖਿਲਾਫ਼ ਐਫ.ਆਈ.ਆਰ. ਦਰਜ ਕੀਤੀ ਜਾਵੇਗੀ। ਸ਼ਿਕਾਇਤ ਅਨੁਸਾਰ ਉਸ ਨੇ ਸ਼ਿਕਾਇਤਕਰਤਾ ਨੂੰ ਕਿਹਾ ਕਿ ਜੇਕਰ ਉਹ ਆਪਣਾ ਨਾਮ ਡਿਫਾਲਟਰ ਸੂਚੀ ਵਿੱਚੋਂ ਕਢਵਾ ਕੇ ਮਾਲ ਰਿਕਾਰਡ ਵਿੱਚ ਸੋਧ ਕਰਵਾਉਣਾ ਚਾਹੁੰਦਾ ਹੈ ਤਾਂ ਉਸ ਨੂੰ 13,000 ਰੁਪਏ ਰਿਸ਼ਵਤ ਦੇਣੀ ਪਵੇਗੀ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਮਗਰੋਂ ਵਿਜੀਲੈਂਸ ਬਿਊਰੋ ਯੂਨਿਟ ਅੰਮ੍ਰਿਤਸਰ ਦੀ ਟੀਮ ਨੇ ਜਾਲ ਵਿਛਾ ਕੇ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 13 ਹਜ਼ਾਰ ਰੁਪਏ ਕਥਿਤ ਰਿਸ਼ਵਤ ਲੈਂਦਿਆਂ ਕਾਬੂ ਕਰ ਲਿਆ।

# ਸ੍ਰੀ ਹਰਿਮੰਦਰ ਸਾਹਿਬ ਦੇ ਹੈਡ ਗ੍ਰੰਥੀ ਵੱਲੋਂ ਸ਼੍ਰੋਮਣੀ ਕਮੇਟੀ ਖ਼ਿਲਾਫ਼ ਦਾਇਰ ਪਟੀਸ਼ਨ ਵਾਪਸ ਲੈਣ ਦਾ ਫੈਸਲਾ

**ਅੰਮ੍ਰਿਤਸਰ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਥਕ ਸੰਸਥਾਵਾਂ ਦੇ ਦਬਾਅ ਅਤੇ ਆਲੋਚਨਾ ਕਾਰਨ ਸ੍ਰੀ ਅਕਾਲ ਤਖਤ ਦੇ ਸਾਬਕਾ ਜਥੇਦਾਰ ਅਤੇ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਖਿਲਾਫ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਦਾਇਰ ਕੀਤੀ ਪਟੀਸ਼ਨ ਨੂੰ ਵਾਪਸ ਲੈਣ ਦਾ ਫੈਸਲਾ ਕੀਤਾ ਹੈ। ਇਸ ਪਟੀਸ਼ਨ ਰਾਹੀ ਉਨ੍ਹਾਂ ਖਦਸ਼ਾ ਪ੍ਰਗਟਾਇਆ ਸੀ ਕਿ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਦੇ ਅਹੁਦੇ ਨੂੰ ਅਤੇ ਰੁਤਬੇ ਨੂੰ ਨੁਕਸਾਨ ਪਹੁੰਚਾਇਆ ਜਾ ਸਕਦਾ ਹੈ ਜਿਸ ਵਾਸਤੇ ਉਨ੍ਹਾਂ ਅਗਾਊਂ ਢੁਕਵੀ ਤੇ ਲੋੜੀਂਦੀ ਕਾਰਵਾਈ ਦੀ ਅਪੀਲ ਕੀਤੀ ਸੀ। ਇਹ ਪਟੀਸ਼ਨ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਦਾਇਰ ਕੀਤੀ ਗਈ ਸੀ, ਜਿਸ ਦਾ ਬੀਤੇ ਕੱਲ੍ਹ ਖੁਲਾਸਾ ਹੋਣ ਤੋਂ ਬਾਅਦ ਸਿੱਖ ਜਗਤ ਵਿੱਚ ਇਸ ਦੀ ਭਰਵੀਂ ਚਰਚਾ ਹੋ ਰਹੀ ਸੀ। ਸਿੱਖ ਜਗਤ ਵੱਲੋਂ ਇਸ ਮਾਮਲੇ ਵਿੱਚ ਉਨ੍ਹਾਂ ਦੀ ਇਹ ਕਹਿ ਕੇ ਆਲੋਚਨਾ ਕੀਤੀ ਜਾ ਰਹੀ ਸੀ ਕਿ ਸ੍ਰੀ ਅਕਾਲ ਤਖਤ ਦੇ ਜਥੇਦਾਰ ਦੇ ਅਹੁਦੇ 'ਤੇ ਰਹੇ ਵਿਅਕਤੀ ਵੱਲੋਂ ਅਹੁਦੇ ਦੇ ਮਾਮਲੇ ਵਿੱਚ ਦੁਨਿਆਵੀ ਅਦਾਲਤ ਦਾ ਆਸਰਾ ਲਿਆ ਜਾ ਰਿਹਾ ਹੈ ਜੋ ਕਿ ਸਿੱਖ ਸਿਧਾਂਤਾਂ ਤੇ ਪਰੰਪਰਾਵਾਂ ਦਾ ਵੱਡਾ ਘਾਣ ਹੈ। ਅੱਜ ਇਸ ਮਾਮਲੇ ਵਿੱਚ ਉਨ੍ਹਾਂ ਯੂ ਟਰਨ ਲੈਂਦਿਆਂ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਦਾਇਰ ਕੀਤੀ ਆਪਣੀ ਇਸ ਪਟੀਸ਼ਨ ਨੂੰ ਵਾਪਸ ਲੈਣ ਦਾ ਐਲਾਨ ਕੀਤਾ ਹੈ। ਇਸ ਸਬੰਧ ਵਿੱਚ ਜਾਰੀ ਕੀਤੇ ਇੱਕ ਵੀਡੀਓ ਸੁਨੇਹੇ ਰਾਹੀ ਗਿਆਨੀ ਰਘਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਕਦੇ ਵੀ ਇਨ੍ਹਾਂ ਅਹੁਦਿਆਂ ਅਤੇ ਸੰਸਥਾਵਾਂ ਦੇ ਮਾਣ ਸਨਮਾਨ ਨੂੰ ਢਾਹ ਲਾਉਣ ਬਾਰੇ ਨਹੀਂ ਸੋਚਿਆ ਹੈ।

# ਜ਼ਿਲ੍ਹਾ ਮੈਜਿਸਟਰੇਟ ਨੇ ਖ਼ਾਲੀ ਪਏ ਪਲਾਟਾਂ ਦੀ ਤੁਰੰਤ ਸ.ਫਾਈ ਕਰਨ ਦੇ ਨਿਰਦੇਸ਼ ਜਾਰੀ ਕੀਤੇ

**ਗੁਰਦਾਸਪੁਰ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮੈਜਿਸਟਰੇਟ ਸ੍ਰੀ ਦਲਵਿੰਦਰਜੀਤ ਸਿੰਘ, ਆਈ.ਏ.ਐੱਸ. ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸਹਿੰਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਗੁਰਦਾਸਪੁਰ ਦੀ ਹਦੂਦ ਅੰਦਰ ਨਿੱਜੀ ਕਬਜ਼ੇ/ਮਾਲਕੀ ਵਾਲੇ ਖ਼ਾਲੀ ਪਏ ਪਲਾਟਾਂ ਵਿੱਚ ਕੂੜੇ-ਕਰਕਟ, ਗੰਦਗੀ ਅਤੇ ਗੰਦੇ ਪਾਣੀ ਦੇ ਇਕੱਠੇ ਹੋਣ ਕਾਰਨ ਹੋਣ ਵਾਲੀਆਂ ਬਿਮਾਰੀਆਂ ਦੇ ਬਚਾਅ ਲਈ ਅਗਾਊਂ ਢੁਕਵੇਂ ਪ੍ਰਬੰਧ ਯਕੀਨੀ ਬਣਾਉਣ ਲਈ ਹੁਕਮ ਜਾਰੀ ਕੀਤੇ ਹਨ। ਮਨਾਹੀ ਦੇ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਸ਼ਹਿਰਾਂ ਵਿੱਚ ਖ਼ਾਲੀ ਪਏ ਪਲਾਟਾਂ ਦੇ ਮਾਲਕ/ਕਾਬਜ਼ ਆਪਣੇ ਖ਼ਾਲੀ ਪਲਾਟਾਂ ਵਿੱਚ ਲੱਗੇ ਕੂੜੇ-ਕਰਕਟ ਦੇ ਢੇਰ ਗੰਦਗੀ ਅਤੇ ਮੀਂਹ ਦੇ ਰੁਕੇ ਹੋਏ ਗੰਦੇ ਪਾਣੀ ਦੀ ਤੁਰੰਤ ਸਾਫ਼-ਸਫ਼ਾਈ ਆਪਣੇ ਪੱਧਰ @ਤੇ ਕਰਵਾਉਣੀ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਆਪਣੀ ਮਾਲਕੀ/ਕਬਜ਼ੇ ਵਾਲੇ ਖ਼ਾਲੀ ਪਲਾਟਾਂ ਦੇ ਆਲੇ-ਦੁਆਲੇ ਪੱਕੀ ਚਾਰ-ਦੀਵਾਰੀ ਜਾਂ ਵਾੜ ਕਰਵਾਉਣੀ ਯਕੀਨੀ ਬਣਾਉਣਗੇ ਤਾਂ ਜੋ ਪਲਾਟ ਵਿੱਚ ਕੂੜਾ-ਕਰਕਟ ਇਕੱਠਾ ਹੋਣ ਤੋਂ ਰੋਕਿਆ ਜਾਵੇ।



ਉਨ੍ਹਾਂ ਕਿਹਾ ਕਿ ਇਹ ਹੁਕਮ ਮੌਜੂਦਾ ਸਥਿਤੀ ਨੂੰ ਮੁੱਖ ਰੱਖਦੇ ਇੱਕ ਤਰਫ਼ਾ ਪਾਸ ਕੀਤਾ ਜਾਂਦਾ ਹੈ ਜੋ ਆਮ ਜਨਤਾ ਨੂੰ ਸੰਬੋਧਿਤ ਹੈ। ਉਨ੍ਹਾਂ ਕਿਹਾ ਕਿ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਅਤੇ ਕਮਿਸ਼ਨਰ ਨਗਰ ਨਿਗਮ ਬਟਾਲਾ ਆਪਣੇ-ਆਪਣੇ ਅਧਿਕਾਰ ਖੇਤਰ ਵਿੱਚ ਬੀ.ਐੱਨ.ਐੱਸ.ਐੱਸ. ਦੀ ਧਾਰਾ 163 ਰਾਹੀਂ ਜਾਰੀ ਇਨ੍ਹਾਂ ਹੁਕਮਾਂ ਦੀ ਪਾਲਣਾ ਪੰਜਾਬ ਮਿਊਂਸੀਪਲ ਕਾਰਪੋਰੇਸ਼ਨ ਐਕਟ 1976, ਐਨਵਾਇਰਨਮੈਂਟ (ਪ੍ਰੋਟੈਕਸ਼ਨ) ਐਕਟ, 1986 ਅਤੇ ਮਿਊਂਸੀਪਲ ਸਾਲਿਡ ਵੇਸਟ (ਮੈਨੇਜਮੈਂਟ ਐਂਡ ਹੈਂਡਲਿੰਗ) ਰੂਲਸ 2016 ਅਧੀਨ ਪ੍ਰਾਪਤ ਅਧਿਕਾਰਾਂ ਤਹਿਤ ਕਰਵਾਉਣੀ ਯਕੀਨੀ ਬਣਾਉਣਗੇ। ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਵਿਅਕਤੀਆਂ/ਅਦਾਰਿਆਂ ਵਿਰੁੱਧ ਜਨਤਕ ਸਿਹਤ ਨੂੰ ਨੁਕਸਾਨ ਪਹੁੰਚਾਉਣ ਦੇ ਸਿੱਟੇ ਵਜੋਂ ਉਕਤ ਨਿਯਮਾਂ ਤਹਿਤ ਜੁਰਮਾਨੇ ਅਤੇ ਕਾਨੂੰਨੀ ਕਾਰਵਾਈ ਕਰਦੇ ਹੋਏ ਮਾਮਲੇ ਦਰਜ ਕੀਤੇ ਜਾਣਗੇ। ਇਸ ਤੋਂ ਇਲਾਵਾ ਜੇਕਰ ਪਲਾਟ ਦੀ ਸਾਫ਼-ਸਫ਼ਾਈ ਦਾ ਕੰਮ ਨਗਰ ਨਿਗਮ ਜਾਂ ਨਗਰ ਕੌਂਸਲ/ਪੰਚਾਇਤ ਵੱਲੋਂ ਕਰਵਾਇਆ ਜਾਂਦਾ ਹੈ ਤਾਂ ਸਾਫ਼-ਸਫ਼ਾਈ @ਤੇ ਹੋਣ ਵਾਲੇ ਖ਼ਰਚ ਦੀ ਰਿਕਵਰੀ ਪਲਾਟ ਦੇ ਕਾਬਜ਼/ਮਾਲਕ ਪਾਸੋਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਹੁਕਮ 01 ਜੁਲਾਈ 2025 ਤੋਂ ਅਗਲੇ ਹੁਕਮਾਂ ਤੱਕ ਲਾਗੂ ਰਹਿਣਗੇ।

# ਮਹਾਂ ਪੰਜਾਬ ਦਾ ਹਿੱਸਾ ਰਹੀ ਧਰਤੀ ਤੇ ਹਿਮਾਚਲ ਵਿਧਾਨ ਸਭਾ ਵਿਚ ਗਰਜੇ ਡਿਪਟੀ ਸਪੀਕਰ ਰੌੜੀ

**ਹੁਸ਼ਿਆਰਪੁਰ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਰੌੜੀ ਨੇ ਕਾਮਨਵੈਲਥ ਪਾਰਲੀਮੈਂਟਰੀ ਐਸੋਸੀਏਸ਼ਨ (ਸੀ.ਪੀ.ਏ) ਭਾਰਤ ਖੇਤਰ ਜ਼ੋਨ-2 ਦੀ ਸਾਲਾਨਾ ਕਾਨਫਰੰਸ ਦੌਰਾਨ ਪੰਜਾਬ ਦੀ ਨੁਮਾਇੰਦਗੀ ਕੀਤੀ ਇਸ ਕਾਨਫਰੰਸ ਵਿਚ ਵੱਖ-ਵੱਖ ਰਾਜਾਂ ਦੇ ਵਿਧਾਨ ਸਭਾਵਾਂ ਦੇ ਸਪੀਕਰ, ਡਿਪਟੀ ਸਪੀਕਰ ਅਤੇ ਵਿਧਾਇਕਾਂ ਨੇ ਭਾਗ ਲਿਆ ਅਤੇ ਖੇਤਰ ਵਿਚ ਲੋਕਤੰਤਰਿਕ ਪ੍ਰਥਾਵਾਂ ਅਤੇ ਵਿਧਾਨਕ ਪ੍ਰਕ੍ਰਿਆਵਾਂ ਨੂੰ ਮਜ਼ਬੂਤ ਕਰਨ ਲਈ ਵਿਚਾਰ ਸਾਂਝੇ ਕੀਤੇ।




ਡਿਪਟੀ ਸਪੀਕਰ ਰੌੜੀ ਨੇ ਵਿਚਾਰ-ਚਰਚਾ ਵਿਚ ਸਰਗਰਮੀ ਨਾਲ ਭਾਗ ਲੈਂਦਿਆਂ ਮੁੱਖ ਵਿਸ਼ਿਆਂ @ਤੇ ਵਿਚਾਰ ਰੱਖੇ, ਜਿਵੇਂ ਕਿ ਦਲ-ਬਦਲ ਦੇ ਆਧਾਰ @ਤੇ ਅਯੋਗਤਾ, ਵਿਧਾਨ ਸਭਾ ਦੀ ਕਾਰਗੁਜ਼ਾਰੀ ਵਿਚ ਏ. ਆਈ ਦਾ ਪ੍ਰਯੋਗ ਅਤੇ ਰਾਜ ਦੇ ਵਿਕਾਸ ਸਬੰਧੀ ਰਾਜ ਦੇ ਸਰੋਤਾਂ ਦੇ ਪ੍ਰਬੰਧਨ ਵਿਚ ਵਿਧਾਇਕਾਂ ਦੀ ਭੂਮਿਕਾ। ਉਨ੍ਹਾਂ ਕਿਹਾ ਕਿ ਵਿਧਾਇਕਾਂ ਦੀ ਇਹ ਜ਼ਿੰਮੇਵਾਰੀ ਹੈ ਕਿ ਉਹ ਵਿੱਤੀ, ਕੁਦਰਤੀ ਅਤੇ ਮਨੁੱਖੀ ਸਰੋਤਾਂ ਦੇ ਸੁਚੱਜੇ ਅਤੇ ਪ੍ਰਭਾਵਸ਼ਾਲੀ ਪ੍ਰਯੋਗ ਲਈ ਨੀਤੀਆਂ ਬਣਾਉਣ ਅਤੇ ਉਹਨਾਂ ਨੂੰ ਰਾਜ ਦੇ ਵਿਕਾਸ ਪ੍ਰਾਥਮਿਕਤਾਵਾਂ ਨਾਲ ਜੋੜਨ ਵਿੱਚ ਸਹਾਇਕ ਬਣਨ। ਲੋਕਤੰਤਰਕ ਸੰਸਥਾਵਾਂ ਵਿਚ ਤਕਨੀਕ ਦੀ ਮਹੱਤਤਾ @ਤੇ ਜ਼ੋਰ ਦਿੰਦਿਆਂ ਡਿਪਟੀ ਸਪੀਕਰ ਰੌੜੀ ਨੇ ਵਿਧਾਨਕ ਪ੍ਰਕਿਰਿਆ ਵਿਚ ਪਾਰਦਰਸ਼ਤ, ਪ੍ਰਭਾਵਸ਼ੀਲਤਾ ਅਤੇ ਨਾਗਰਿਕ ਭਾਗੀਦਾਰੀ ਵਧਾਉਣ ਲਈ ਏ. ਆਈ ਦੇ ਅਪਣਾਏ ਜਾਣ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਏ. ਆਈ ਦਾ ਪ੍ਰਯੋਗ ਕਾਰਜਵਾਹੀ ਪ੍ਰਬੰਧਨ, ਡਾਟਾ ਵਿਸ਼ਲੇਸ਼ਣ ਅਤੇ ਜਨਤਾ ਲਈ ਵਿਧਾਨ ਸਭਾ ਕਾਰਜ ਦੀ ਪਹੁੰਚ ਨੂੰ ਨਵੀਂ ਦਿਸ਼ਾ ਦੇ ਸਕਦਾ ਹੈ।

ਦਲ-ਬਦਲ ਦੇ ਆਧਾਰ @ਤੇ ਅਯੋਗਤਾ ਸਬੰਧੀ ਮਸਲੇ @ਤੇ ਗੱਲ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਲੋਕਤੰਤਰ ਦੀ ਸਥਿਰਤਾ ਨੂੰ ਬਰਕਰਾਰ ਰੱਖਣ ਲਈ ਦਲ-ਬਦਲ ਰੋਕੂ ਕਾਨੂੰਨ ਦੀ ਪਵਿੱਤਰਤਾ ਬਰਕਰਾਰ ਰੱਖਣ ਦੀ ਲੋੜ ਹੈ। ਡਿਪਟੀ ਸਪੀਕਰ ਰੌੜੀ ਨੇ ਸੀ.ਪੀ.ਏ ਭਾਰਤ ਖੇਤਰ ਜ਼ੋਨ 2 ਵੱਲੋਂ ਖੇਤਰ ਦੀਆਂ ਵਿਧਾਨ ਸਭਾਵਾਂ ਵਿਚਕਾਰ ਵਧੀਆ ਪ੍ਰਥਾਵਾਂ ਸਾਂਝੀਆਂ ਕਰਨ ਅਤੇ ਲੋਕਤੰਤਰ ਦੀ ਮਜ਼ਬੂਤੀ ਲਈ ਅਹੰਕਾਰ ਰਹਿਤ ਸੰਵਾਦ ਲਈ ਮੰਚ ਪ੍ਰਦਾਨ ਕਰਨ ਲਈ ਧੰਨਵਾਦ ਜਤਾਇਆ।

# ਯੁੱਧ ਨਸ਼ਿਆਂ ਵਿਰੁੱਧ: ਅਪਰੇਸ਼ਨ ਕਾਸੋ ਤਹਿਤ ਹੈਰੋਇਨ ਤੇ ਨਸ਼ੀਲੀਆਂ ਗੋਲੀਆਂ ਬਰਾਮਦ



**ਜੰਡਿਆਲਾ ਗੁਰੂ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਬੀਤੇ ਕੱਲ੍ਹ ਐਸਐਸਪੀ ਅੰਮ੍ਰਿਤਸਰ ਦਿਹਾਤੀ ਮਨਿੰਦਰ ਸਿੰਘ ਦੀ ਅਗਵਾਈ ਹੇਠ ਕਾਰਵਾਈ ਕਰਦਿਆਂ ਜੰਡਿਆਲਾ ਗੁਰੂ ਪੁਲੀਸ ਵੱਲੋਂ ਸਥਾਨਕ ਵੱਖ-ਵੱਖ ਜਗ੍ਹਾ ਉੱਪਰ ਛਾਪੇ ਮਾਰੇ ਗਏ। ਇਸ ਛਾਪੇਮਾਰੀ ਦੌਰਾਨ ਜੰਡਿਆਲਾ ਗੁਰੂ ਪੁਲੀਸ ਨੂੰ ਵੱਡੀ ਮਾਤਰਾ ਵਿੱਚ ਹੈਰੋਇਨ, ਨਸ਼ੀਲੀਆਂ ਗੋਲੀਆਂ, ਕੈਪਸੂਲ, ਮੋਟਰਸਾਈਕਲ ਬਰਾਮਦ ਹੋਏ ਹਨ ਅਤੇ ਅੱਠ ਵਿਅਕਤੀਆਂ ਨੂੰ ਇਨ੍ਹਾਂ ਵੱਖ-ਵੱਖ ਮਾਮਲੇ ਵਿੱਚ ਨਾਮਜ਼ਦ ਕੀਤਾ ਗਿਆ ਹੈ ਅਤੇ ਇਨ੍ਹਾਂ ਵਿੱਚੋਂ ਦੋ ਵਿਅਕਤੀ ਕਾਬੂ ਕੀਤੇ ਗਏ। ਇਸ ਸਬੰਧੀ ਡੀਐਸਪੀ ਜੰਡਿਆਲਾ ਗੁਰੂ ਰਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਅਪਰੇਸ਼ਨ ਤਹਿਤ ਪੁਲੀਸ ਵੱਲੋਂ 268 ਗਰਾਮ ਹੈਰੋਇਨ ਬਰਾਮਦ ਕੀਤੀ ਗਈ ਤੇ ਦੋ ਵਿਅਕਤੀ ਕਾਬੂ ਕੀਤੇ ਗਏ ਹਨ। ਇਸ ਦੇ ਨਾਲ ਹੀ ਨਜ਼ਦੀਕੀ ਪਿੰਡ ਬੰਡਾਲਾ ਵਿਖੇ ਸੀਆਈਏ ਸਟਾਫ ਦੀ ਮਦਦ ਨਾਲ ਕੀਤੀ ਕਾਰਵਾਈ ਵਿੱਚ 10 ਹਜ਼ਾਰ ਨਸ਼ੀਲੀਆਂ ਗੋਲੀਆਂ ਤੇ 1 ਹਜ਼ਾਰ ਨਸ਼ੀਲੇ ਕੈਪਸੂਲ ਤੇ ਤਿੰਨ ਵਿਅਕਤੀ ਕਾਬੂ ਕੀਤੇ ਗਏ ਅਤੇ ਚੋਰੀ ਦਾ ਮੋਟਰਸਾਈਕਲ ਬਰਾਮਦ ਕੀਤਾ ਗਿਆ ਹੈ। ਡੀਐਸਪੀ ਨੇ ਦੱਸਿਆ ਕੱਲ ਹੀ ਇੱਕ ਵਿਅਕਤੀ ਪਾਸੋਂ ਤਿੰਨ ਲੁਟੇਰਿਆਂ ਨੇ ਮੋਬਾਈਲ ਖੋਹ ਕੇ ਭੱਜਣ ਦੀ ਕੋਸ਼ਿਸ਼ ਕੀਤੀ ਪਰ ਉਨ੍ਹਾਂ ਵਿੱਚੋਂ ਇੱਕ ਵਿਅਕਤੀ ਪੁਲੀਸ ਨੇ ਕਾਬੂ ਕਰ ਲਿਆ ਅਤੇ ਉਸ ਪਾਸੋਂ ਮੋਬਾਈਲ ਤੇ ਇੱਕ ਮੋਟਰਸਾਈਕਲ ਬਰਾਮਦ ਕੀਤਾ ਜਦੋਂ ਕਿ ਬਾਕੀ ਦੋ ਭੱਜਣ ਵਿੱਚ ਕਾਮਯਾਬ ਹੋ ਗਏ। ਡੀਐਸਪੀ ਨੇ ਜੰਡਿਆਲਾ ਦੇ ਵਪਾਰੀਆਂ ਨੂੰ ਆ ਰਹੀਆਂ ਫਿਰੌਤੀ ਦੀਆਂ ਕਾਲਾਂ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਸਾਰਾ ਮਸਲਾ ਹੱਲ ਹੋ ਗਿਆ ਹੈ ਅਤੇ ਇਸ ਵਿੱਚ ਸਿਰਫ ਦੋ ਵਿਅਕਤੀ ਕਾਬੂ ਕਰਨ ਵਾਲੇ ਰਹਿ ਗਏ ਹਨ ਬਾਕੀ ਸਾਰਾ ਮਸਲਾ ਜੰਡਿਆਲਾ ਪੁਲੀਸ ਵੱਲੋਂ ਹੱਲ ਕਰ ਲਿਆ ਗਿਆ ਹੈ।

# ਪੁਲੀਸ ਅਤੇ ਬੀਐੱਸਐੱਫ ਦੇ ਸਾਂਝੇ ਅਪਰੇਸ਼ਨ ਦੌਰਾਨ 60 ਕਿੱਲੋ ਤੋਂ ਵੱਧ ਹੈਰੋਇਨ ਬਰਾਮਦ

**ਅੰਮ੍ਰਿਤਸਰ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਮ੍ਰਿਤਸਰ ਕਮਿਸ਼ਨਰੇਟ ਪੁਲੀਸ ਨੇ ਬੀਐੱਸਐੱਫ ਅਤੇ ਰਾਜਸਥਾਨ ਪੁਲੀਸ ਦੇ ਨਾਲ ਇੱਕ ਸਾਂਝੇ ਆਪਰੇਸ਼ਨ ਦੌਰਾਨ 60 ਕਿਲੋ ਤੋਂ ਵੱਧ ਹੈਰਇਨ ਬਰਾਮਦ ਕੀਤੀ ਹੈ। ਇਸ ਕਾਰਵਾਈ ਤਹਿਤ ਪੁਲੀਸ ਨੇ ਸਰਹੱਦ ਪਾਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿੱਚ ਸ਼ਾਮਿਲ ਇੱਕ ਅੰਤਰਰਾਸ਼ਟਰੀ ਡਰੱਗ ਸਿੰਡੀਕੇਟ ਦਾ ਵੀ ਪਰਦਾਫਾਸ਼ ਕੀਤਾ ਹੈ।



ਅਧਿਕਾਰੀਆਂ ਨੇ ਦੱਸਿਆ ਕਿ ਇਸ ਅੰਤਰਰਾਜੀ ਕਾਰਵਾਈ ਦੌਰਾਨ ਇੱਕ ਔਰਤ ਸਮੇਤ ਨੌਂ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ, ਜਿੰਨ੍ਹਾਂ ਵਿੱਚ ਪੰਜਾਬ ,ਹਰਿਆਣਾ, ਰਾਜਸਥਾਨ ਅਤੇ ਜੰਮੂ ਕਸ਼ਮੀਰ ਵਾਸੀ ਸ਼ਾਮਿਲ ਹਨ। ਉਨ੍ਹਾਂ ਦੱਸਿਆ ਕਿ ਇਹ ਨਸ਼ੀਲੇ ਪਦਾਰਥਾਂ ਦੀ ਖੇਪ ਪਾਕਿਸਤਾਨ ਦੀ ਸਰਹੱਦ ਨਾਲ ਲੱਗਦੇ ਰਾਜਸਥਾਨ ਦੇ ਇਲਾਕੇ ਬਾੜਮਾਰ ਤੋ ਬਰਾਮਦ ਕੀਤੀ ਗਈ ਹੈ। ਇਸ ਮਾਮਲੇ ਵਿੱਚ ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਵਿੱਚ ਗੁਰਸਾਹਿਬ ਸਿੰਘ, ਜਸ਼ਨਪ੍ਰੀਤ ਸਿੰਘ, ਕੁਲਵਿੰਦਰ ਸਿੰਘ, ਪੁਰਸ਼ੋਤਮ ਸਿੰਘ, ਗਗਨਦੀਪ ਸਿੰਘ ਅਤੇ ਰਜਿੰਦਰ ਕੌਰ ਸ਼ਾਮਿਲ ਹਨ, ਜੋ ਕਿ ਅੰਮ੍ਰਿਤਸਰ ਜ਼ਿਲ੍ਹੇ ਨਾਲ ਸੰਬੰਧਿਤ ਹਨ। ਇਸ ਸਬੰਧੀ ਡੀਜੀਪੀ ਗੌਰਵ ਯਾਦਵ ਨੇ ਐਕਸ 'ਤੇ ਪੋਸਟ ਸਾਂਝੀ ਕਰਦਿਆਂ ਖੁਲਾਸਾ ਕੀਤਾ ਕਿ ਨਸ਼ੀਲੇ ਪਦਾਰਥਾਂ ਦਾ ਇਹ ਗਿਰੋਹ ਕੈਨੇਡਾ ਅਧਾਰਤ ਤਸਕਰ ਜੋਬਨ ਕਲੇਰ ਅਤੇ ਪਾਕਿਸਤਾਨੀ ਤਸਕਰ ਤਨਵੀਰ ਸ਼ਾਹ ਦੁਆਰਾ ਚਲਾਇਆ ਜਾ ਰਿਹਾ ਸੀ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਕਮਿਸ਼ਨਰੇਟ ਪੁਲੀਸ ਨੇ ਬੀਐੱਸਐੱਫ ਅਤੇ ਰਾਜਸਥਾਨ ਪੁਲੀਸ ਦੇ ਨਾਲ ਇੱਕ ਸਾਂਝੇ ਆਪਰੇਸ਼ਨ ਦੌਰਾਨ ਵੱਡੀ ਪ੍ਰਾਪਤੀ ਕੀਤੀ ਹੈ। ਅਧਿਕਾਰੀ ਨੇ ਕਿਹਾ ਕਿ ਗਿਰੋਹ ਦੇ ਹੋਰ ਸੰਪਰਕ ਸੂਤਰਾਂ ਦੀ ਜਾਂਚ ਕੀਤੀ ਜਾ ਰਹੀ ਹੈ।

ਤੁਹਾਡੀ ਸਿਹਤ

# ਕੁਦਰਤ ਦਾ ਵਰਦਾਨ ਮੇਥੀ



- ਡਾ. ਹਰਸ਼ਿੰਦਰ ਕੌਰ

ਇੱਕ ਮੈਡੀਕਲ ਕਾਨਫਰੰਸ ਵਿੱਚ ਇੱਕ ਨਵੀਂ ਦਵਾਈ ਬਾਰੇ ਦੱਸਿਆ ਗਿਆ ਕਿ ਇਹ ਸ਼ੂਗਰ ਰੋਗੀਆਂ ਲਈ ਬਹੁਤ ਫ਼ਾਇਦੇਮੰਦ ਸਾਬਤ ਹੋ ਰਹੀ ਹੈ। ਉਸ ਦਵਾਈ ਦਾ ਨਾਂ ਸੀ 'ਫੈਨਫਿਊਰੋ'। ਕਾਨਫਰੰਸ ਦੇ ਅੰਤ ਵਿੱਚ ਦੱਸਿਆ ਗਿਆ ਕਿ ਇਹ ਦਵਾਈ ਮੇਥੀ ਤੋਂ ਬਣਾਈ ਗਈ ਹੈ, ਜਿਸਨੂੰ ਸੁਣ ਕੇ ਸਾਰੇ ਜਣੇ ਹੈਰਾਨ ਰਹਿ ਗਏ ਕਿ ਇਹ ਨਿੱਕੀਆਂ ਜਿਹੀਆਂ ਹਰੀਆਂ ਪੱਤੀਆਂ ਏਨੀਆਂ ਲਾਹੇਵੰਦ ਕਿਵੇਂ ਹੋ ਸਕਦੀਆਂ ਹਨ? ਉਸ ਕਾਨਫਰੰਸ ਤੋਂ ਬਾਅਦ ਅਮਰੀਕਾ ਵਿੱਚ ਵਰਤੇ ਜਾ ਰਹੇ 'ਫੇਸ ਪੈਕ' ਵਿਚਾਰੇ ਗਏ, ਜੋ ਮੂੰਹ ਉੱਤੇ ਬਣ ਰਹੇ ਬਲੈਕ ਹੈੱਡਜ਼, ਫਿੰਸੀਆਂ, ਕਿੱਲ, ਝੁਰੜੀਆਂ ਆਦਿ ਲਈ ਕਮਾਲ ਦਾ ਅਸਰ ਵਿਖਾ ਰਹੇ ਸਨ ਤੇ ਅਮਰੀਕੀ ਔਰਤਾਂ ਦੀ ਪਹਿਲੀ ਪਸੰਦ ਬਣ ਚੁੱਕੇ ਸਨ। ਉਨ੍ਹਾਂ ਵਿੱਚ ਅਸਲ ਚੀਜ਼ 'ਮੇਥੀ' ਸੀ। ਉੱਥੋਂ ਦੇ ਕਈ ਬਿਊਟੀ ਕਲੀਨਿਕ ਮੇਥੀ ਦੇ ਬੀਜ (ਮੇਥਰੇ) ਪਾਣੀ ਵਿੱਚ ਉਬਾਲ ਕੇ ਉਸ ਨਾਲ ਆਪਣੀਆਂ ਗਾਹਕ ਔਰਤਾਂ ਦਾ ਮੂੰਹ ਚੰਗੀ ਤਰ੍ਹਾਂ ਧੋ ਕੇ, ਤਾਜ਼ੀ ਮੇਥੀ ਦਾ ਲੇਪ ਵੀਹ ਮਿੰਟ ਲਈ ਮੂੰਹ ਉੱਤੇ ਲਾ ਦਿੰਦੇ ਹਨ। ਇਹ ਝੁਰੜੀਆਂ ਅਤੇ ਮੁਹਾਸਿਆਂ ਵਾਸਤੇ ਕਮਾਲ ਦਾ ਅਸਰ ਵਿਖਾਉਂਦੀ ਹੈ।

ਵਾਲਾਂ ਲਈ ਵੀ ਮੇਥੀ ਤੋਂ ਬਣੇ ਸ਼ੈਂਪੂ ਸਭ ਤੋਂ ਮਹਿੰਗੇ ਵਿਕਦੇ ਹਨ। ਸਿਕਰੀ ਅਤੇ ਵਾਲ ਝੜਨ ਤੋਂ ਰੋਕਣ ਲਈ ਮੇਥੀ ਦੀ ਵਰਤੋਂ ਜ਼ੋਰਾਂ ਉੱਤੇ ਹੈ। ਭਾਵੇਂ ਰੋਜ਼ ਖਾਧੀ ਜਾਵੇ ਅਤੇ ਭਾਵੇਂ ਵਾਲਾਂ ਉੱਤੇ ਪੇਸਟ ਬਣਾ ਕੇ ਲਾ ਲਈ ਜਾਵੇ, ਇਸ ਨਾਲ ਹੌਲੀ-ਹੌਲੀ ਵਾਲ ਲਿਸ਼ਕਵੇਂ ਤੇ ਕਾਲੇ ਹੋਣ ਲੱਗ ਪੈਂਦੇ ਹਨ। ਵਾਲਾਂ ਅਤੇ ਚਮੜੀ ਵਿੱਚ ਮੇਥੀ ਦੀ ਏਨੀ ਜ਼ਿਆਦਾ ਵਰਤੋਂ ਕਈ ਵਾਰ ਤਾਂ ਸ਼ੱਕ ਹੀ ਪਾ ਦਿੰਦੀ ਹੈ ਕਿ ਇਹ ਖਾਣ ਦੀ ਚੀਜ਼ ਹੈ ਵੀ ਕਿ ਸਿਰਫ਼ ਲਾਉਣ ਵਾਲੀ ਹੀ ਹੈ। ਮੇਥੀ ਦੇ ਲਾਭ ਇੰਜ ਹਨ:

➢ ਮੇਥੀ ਦੇ ਬੀਜ ਪਾਣੀ ਵਿੱਚ ਉਬਾਲ ਕੇ ਅਤੇ ਰਾਤ ਭਰ ਖੋਪੇ ਦੇ ਤੇਲ ਵਿੱਚ ਡਿਉਂ ਕੇ ਰੱਖ ਕੇ ਉਸ ਨਾਲ ਰੋਜ਼ ਹਲਕੀ ਹਲਕੀ ਸਿਰ ਦੀ ਮਾਲਿਸ਼ ਕਰਨ ਨਾਲ ਵਾਲ ਝੜਨੇ ਵੀ ਰੁਕਦੇ ਹਨ ਤੇ ਸਿਕਰੀ ਵੀ ਠੀਕ ਹੋ ਜਾਂਦੀ ਹੈ।

➢ ਜਿਹੜੇ ਜਣੇ ਭਾਰ ਘਟਾਉਣ ਬਾਰੇ ਸੋਚ ਰਹੇ ਹੋਣ, ਉਹ ਤਾਂ ਅੱਜ ਤੋਂ ਹੀ ਮੇਥੀ ਖਾਣੀ ਸ਼ੁਰੂ ਕਰ ਦੇਣ ਕਿਉਂਕਿ ਇਸ ਤੋਂ ਵਧੀਆ ਕੁਦਰਤੀ ਦਵਾਈ ਮਿਲਣੀ ਔਖੀ ਹੀ ਹੈ। ਜੇ ਕਿਸੇ ਦੀ ਚਮੜੀ ਉੱਤੇ ਦਾਗ਼ ਹਨ ਜਾਂ ਸੜਨ ਦੇ ਤਾਜ਼ੇ ਦਾਗ, ਛਾਲੇ, ਐਗਜ਼ੀਮਾ ਆਦਿ ਹਨ ਤਾਂ ਵੀ ਮੇਥੀ ਦੇ ਬੀਜਾਂ ਨੂੰ ਰਗੜ ਕੇ ਪਤਲਾ ਪੇਸਟ ਬਣਾ ਕੇ ਚਮੜੀ ਉੱਤੇ ਲੇਪ ਵਾਂਗ ਲਾ ਕੇ ਉੱਤੇ ਸਾਫ਼ ਕੱਪੜੇ ਨਾਲ ਢਕ ਕੇ ਰੱਖਣ ਨਾਲ ਹੌਲੀ-ਹੌਲੀ ਕੁਝ ਆਰਾਮ ਪੈ ਜਾਂਦਾ ਹੈ। ਅੰਤੜੀਆਂ ਦੇ ਕੈਂਸਰ (ਕੋਲਨ ਕੈਂਸਰ) ਵਿੱਚ ਵੀ ਮੇਥੀ ਵਿਚਲੇ ਭਰਵੇਂ ਫਾਈਬਰ ਦੇ ਸਦਕਾ ਫ਼ਾਇਦਾ ਲਿਆ ਜਾ ਸਕਦਾ ਹੈ ਕਿਉਂਕਿ ਇਹ ਖਾਣੇ ਵਿਚਲੇ ਮਾੜੇ ਤੱਤਾਂ ਨੂੰ ਅੰਤੜੀਆਂ ਦੀ ਨਰਮ ਪਰਤ ਉੱਤੇ ਵਾਰ ਨਹੀਂ ਕਰਨ ਦਿੰਦੀ ਤੇ ਕੈਂਸਰ ਹੋਣ ਤੋਂ ਬਚਾਅ ਕਰ ਸਕਦੀ ਹੈ।

➢ ਮੇਥੀ ਸਿਰਫ਼ ਫਾਈਬਰ ਸਦਕਾ ਹੀ ਗੁਣਕਾਰੀ ਨਹੀਂ ਬਲਕਿ ਇਸ ਵਿਚਲੇ ਪ੍ਰੋਟੀਨ, ਵਿਟਾਮਿਨ- ਸੀ, ਨਾਇਆਸਿਨ, ਪੋਟਾਸ਼ੀਅਮ, ਲੋਹ ਕਣ, ਐਲਕਾਲੋਇਡ ਤੇ ਡਾਇਓਸਜੈਨਿਨ ਵੀ ਰਲ ਕੇ ਸਰੀਰ ਵਿੱਚ ਕਮਾਲ ਦਾ ਅਸਰ ਵਿਖਾਉਂਦੇ ਹਨ।

# ਕੁਪੋਸ਼ਣ ਤੋਂ ਬਚਣ ਲਈ ਪ੍ਰੋਟੀਨ ਜ਼ਰੂਰੀ



*ਇਹ ਜ਼ਿਆਦਾਤਰ ਵਿਕਾਸਸ਼ੀਲ ਅਤੇ ਅਵਿਕਸਿਤ ਦੇਸ਼ਾਂ ਵਿੱਚ ਪਾਈ ਜਾਂਦੀ ਹੈ। ਸਾਡੇ ਦੇਸ਼ ਵਿਚ ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਦੇ ਮੁੱਖ ਕਾਰਨ ਗ਼ਰੀਬੀ, ਅਨਪੜ੍ਹਤਾ, ਲਿੰਗ ਭੇਦਭਾਵ, ਕੁਦਰਤੀ ਸੰਕਟ ਜਿਵੇਂ ਭੁੱਖਮਰੀ, ਸੋਕਾ ਆਦਿ ਹਨ।*

ਇੱਕ ਸਿਹਤਮੰਦ ਸਰੀਰ ਲਈ ਮੁੱਖ ਤੌਰ 'ਤੇ ਛੇ ਤੱਤਾਂ ਦੀ ਲੋੜ ਹੁੰਦੀ ਹੈ ਜਿਵੇਂ ਪ੍ਰੋਟੀਨ, ਕਾਰਬੋਹਾਈਡ੍ਰੇਟਸ, ਚਰਬੀ, ਵਿਟਾਮਿਨ, ਖਣਿਜ ਪਦਾਰਥ ਅਤੇ ਪਾਣੀ। ਇਨ੍ਹਾਂ ਸਾਰਿਆਂ ਨੂੰ ਮਿਲਾ ਕੇ ਹੀ ਸੰਤੁਲਿਤ ਖ਼ੁਰਾਕ ਬਣਦੀ ਹੈ। ਪਾਣੀ ਤੋਂ ਬਾਅਦ ਸਾਡੇ ਸਰੀਰ ਵਿੱਚ ਪ੍ਰੋਟੀਨ ਹੀ ਸਭ ਤੋਂ ਵੱਧ ਮਾਤਰਾ ਵਿੱਚ ਪਾਇਆ ਜਾਂਦਾ ਹੈ। ਸਾਡਾ ਸਰੀਰ ਸੈੱਲਾਂ ਦਾ ਬਣਿਆ ਹੋਇਆ ਹੈ। ਕਈ ਸੈੱਲ ਮਿਲ ਕੇ ਟਿਸ਼ੂ ਅਤੇ ਕਈ ਟਿਸ਼ੂ ਮਿਲ ਕੇ ਇੱਕ ਅੰਗ ਬਣਾਉਂਦੇ ਹਨ। ਵੱਖ-ਵੱਖ ਸੈੱਲ ਮਿਲ ਕੇ ਹੱਡੀਆਂ, ਮਾਸਪੇਸ਼ੀਆਂ, ਨਾੜਾਂ ਅਤੇ ਚਮੜੀ ਦੇ ਖ਼ਾਸ ਕੰਮ ਕਰਨ ਵਿੱਚ ਯਤਨਸ਼ੀਲ ਰਹਿੰਦੇ ਹਨ। ਇਨ੍ਹਾਂ ਸੈੱਲਾਂ ਦੀ ਜ਼ਿੰਦਗੀ ਸਾਡੀ ਖ਼ੁਰਾਕ ਉੱਤੇ ਨਿਰਭਰ ਕਰਦੀ ਹੈ। ਪ੍ਰੋਟੀਨ ਇਨ੍ਹਾਂ ਸੈੱਲਾਂ ਲਈ ਸਭ ਤੋਂ ਜ਼ਰੂਰੀ ਤੱਤ ਹੈ। ਸਾਡੀ ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਕਾਰਨ ਇਹ ਸੈੱਲ ਕੰਮ ਕਰਨਾ ਬੰਦ ਕਰ ਦਿੰਦੇ ਹਨ ਅਤੇ ਨਤੀਜੇ ਵਜੋਂ ਸਰੀਰ ਵਿੱਚ ਚੱਲਦੇ ਵੱਖ-ਵੱਖ ਅੰਗਾਂ ਦੇ ਕੰਮਾਂ ਵਿੱਚ ਵਿਘਨ ਪੈ ਜਾਂਦਾ ਹੈ।

**ਕੀ ਹਨ ਪ੍ਰੋਟੀਨ ਦੇ ਲਾਭ**

➢ ਸਰੀਰ ਵਿਚਲੇ ਹਰੇਕ ਸੈੱਲ ਲਈ ਪ੍ਰੋਟੀਨ ਜ਼ਰੂਰੀ ਤੱਤ ਹੈ। ਪ੍ਰੋਟੀਨ ਜਿੱਥੇ ਨਵੇਂ ਸੈੱਲ ਬਣਾਉਣ ਵਿੱਚ ਮਦਦ ਕਰਦੇ ਹਨ, ਉੱਥੇ ਪੁਰਾਣੇ ਟੁੱਟੇ-ਭੱਜੇ ਸੈੱਲਾਂ ਦੀ ਮੁਰੰਮਤ ਕਰਦੇ ਹਨ।

➢ ਪ੍ਰੋਟੀਨ ਹੱਡੀਆਂ ਅਤੇ ਦੰਦਾਂ ਨੂੰ ਮਜ਼ਬੂਤੀ ਪ੍ਰਦਾਨ ਕਰਦੇ ਹਨ।

➢ ਪ੍ਰੋਟੀਨ ਮਾਸਪੇਸ਼ੀਆਂ ਦੇ ਵਿਕਾਸ ਲਈ ਬੇਹੱਦ ਲਾਹੇਵੰਦ ਤੱਤ ਹੈ।

➢ ਪ੍ਰੋਟੀਨ ਸਾਡੇ ਸਰੀਰ ਵਿਚ ਹਾਰਮੋਨ, ਐਂਨਜ਼ਾਇਮ ਅਤੇ ਐਂਟੀ-ਬਾਡੀ ਬਣਾਉਣ ਵਿਚ ਮਦਦ ਕਰਕੇ ਸਰੀਰ ਦਾ ਸੁਰੱਖਿਆ ਅਤੇ ਪਾਚਨ ਤੰਤਰ ਮਜ਼ਬੂਤ ਬਣਾਉਂਦਾ ਹੈ।

➢ ਪ੍ਰੋਟੀਨ ਖ਼ੂਨ ਦੇ ਸੈੱਲ ਬਣਾਉਣ ਵਿੱਚ ਵੀ ਮਦਦ ਕਰਦੇ ਹਨ।

➢ ਪ੍ਰੋਟੀਨ ਚਮੜੀ, ਨਹੁੰਆਂ ਅਤੇ ਵਾਲਾਂ ਦੀ ਸਿਹਤ ਲਈ ਵੀ ਜ਼ਿੰਮੇਵਾਰ ਹਨ।

➢ ਪ੍ਰੋਟੀਨ ਜ਼ਖ਼ਮ ਭਰਨ ਵਿੱਚ ਵੀ ਮਦਦ ਕਰਦੇ ਹਨ।

**ਪ੍ਰੋਟੀਨ ਦੀ ਕਮੀ**

ਪ੍ਰੋਟੀਨ ਦੀ ਕਮੀ ਨਾਲ ਹੋਣ ਵਾਲੀ ਸਭ ਤੋਂ ਵੱਡੀ ਬੀਮਾਰੀ ਦਾ ਨਾਂ 'ਕਵੇਸ਼ਰਕਰ' ਹੈ। ਪ੍ਰੋਟੀਨ ਦੀ ਕਮੀ ਤੋਂ ਇਲਾਵਾ ਕੈਲਰੀ ਦੀ ਕਮੀ ਵੀ ਹੋ ਜਾਣ ਨਾਲ 'ਮੈਰਸਮਸ' ਨਾਂ ਦੀ ਬੀਮਾਰੀ ਹੋ ਜਾਂਦੀ ਹੈ। ਕਵੇਸ਼ਰਕਰ 'ਕੁਪੋਸ਼ਣ' ਦਾ ਹੀ ਇੱਕ ਰੂਪ ਹੈ। ਭਾਰਤ ਵਿੱਚ 50 ਫ਼ੀਸਦੀ ਬੱਚਿਆਂ ਦੀ ਮੌਤ ਕੁਪੋਸ਼ਣ ਕਾਰਨ ਹੋ ਜਾਂਦੀ ਹੈ। ਸੰਸਾਰ ਭਰ ਵਿੱਚ ਹਰੇਕ ਤਿੰਨ ਕੁਪੋਸ਼ਣ ਦੇ ਸ਼ਿਕਾਰ ਬੱਚਿਆਂ ਵਿੱਚੋਂ ਇੱਕ ਬੱਚਾ ਸਾਡੇ ਦੇਸ਼ ਦਾ ਹੈ। ਇਹ ਗੰਭੀਰ ਬੀਮਾਰੀ ਆਮ ਕਰਕੇ 1-4 ਸਾਲ ਦੀ ਉਮਰ ਤਕ ਦੇ ਬੱਚਿਆਂ ਵਿੱਚ ਵੇਖਣ ਨੂੰ ਮਿਲਦੀ ਹੈ। ਇਹ ਜ਼ਿਆਦਾਤਰ ਵਿਕਾਸਸ਼ੀਲ ਅਤੇ ਅਵਿਕਸਿਤ ਦੇਸ਼ਾਂ ਵਿੱਚ ਪਾਈ ਜਾਂਦੀ ਹੈ। ਸਾਡੇ ਦੇਸ਼ ਵਿਚ ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਦੇ ਮੁੱਖ ਕਾਰਨ ਗ਼ਰੀਬੀ, ਅਨਪੜ੍ਹਤਾ, ਲਿੰਗ ਭੇਦਭਾਵ, ਕੁਦਰਤੀ ਸੰਕਟ ਜਿਵੇਂ ਭੁੱਖਮਰੀ, ਸੋਕਾ ਆਦਿ ਹਨ। ਇਨ੍ਹਾਂ ਤੋਂ ਇਲਾਵਾ ਗੁਰਦਿਆਂ ਦੀ ਬੀਮਾਰੀ, ਸ਼ਰਾਬ ਦੀ ਲਤ, ਆਂਦਰਾਂ ਵਿੱਚ ਭੋਜਨ ਜਜ਼ਬ ਹੋਣ ਦੀ ਕਿਰਿਆ ਵਿੱਚ ਖ਼ਰਾਬੀ ਕਾਰਨ ਵੀ ਹੋ ਸਕਦੇ ਹਨ। ਜਾਗਰੂਕਤਾ ਦੀ ਘਾਟ ਹੋਣ ਕਰਕੇ ਮਾਵਾਂ ਬੱਚੇ ਨੂੰ ਆਪਣਾ ਪ੍ਰੋਟੀਨ ਭਰਪੂਰ ਦੁੱਧ ਦੇਣਾ ਛੇਤੀ ਹੀ ਛੁਡਾ ਦਿੰਦੀਆਂ ਹਨ, ਜਿਸ ਕਰਕੇ ਬੱਚੇ ਵਿੱਚ ਪ੍ਰੋਟੀਨ ਦੀ ਕਮੀ ਪੈਦਾ ਹੋ ਜਾਂਦੀ ਹੈ।

**ਲੱਛਣ**

➢ ਜਲੋਧਰ ਰੋਗ (ਅਡੀਮਾ)

ਪ੍ਰੋਟੀਨ ਸਾਡੇ ਸਰੀਰ ਵਿੱਚ ਪਾਣੀ ਦਾ ਸੰਤੁਲਨ ਬਣਾਉਣ ਲਈ ਜ਼ਿੰਮੇਵਾਰ ਹੁੰਦੇ ਹਨ। ਇਨ੍ਹਾਂ ਦੀ ਕਮੀ ਕਾਰਨ ਪਾਣੀ ਖ਼ਾਸ ਕਰਕੇ ਲੱਤਾਂ, ਗਿੱਟਿਆਂ ਅਤੇ ਪੈਰਾਂ ਵਿੱਚ ਜਮ੍ਹਾਂ ਹੋਣ ਲੱਗ ਪੈਂਦਾ ਹੈ ਤੇ ਸਰੀਰ ਵਿੱਚ ਸੋਜ ਆਉਣ ਲੱਗ ਪੈਂਦੀ ਹੈ। ਕਵੇਸ਼ਰਕਰ ਦੇ ਮਰੀਜ਼ ਵਿੱਚ



ਅਕਸਰ ਪੇਟ ਫੁੱਲਿਆ ਨਜ਼ਰ ਆਉਂਦਾ ਹੈ।

➢ ਮਾਸਪੇਸ਼ੀਆਂ ਵਿੱਚ ਕਮਜ਼ੋਰੀ

ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਕਾਰਨ ਸਰੀਰ ਮਾਸਪੇਸ਼ੀਆਂ ਵਿੱਚੋਂ ਪ੍ਰੋਟੀਨ ਲੈਣ ਲੱਗ ਪੈਂਦਾ ਹੈ, ਜਿਸ ਕਰਕੇ ਮਰੀਜ਼ ਦਾ ਭਾਰ ਖਾਸਾ ਘੱਟ ਜਾਂਦਾ ਹੈ।

➢ ਹੱਡੀਆਂ ਅਤੇ ਜੋੜਾਂ ਦਾ ਦਰਦ

ਸਾਡਾ ਸਰੀਰ ਪ੍ਰੋਟੀਨ ਨੂੰ ਜੋੜਾਂ ਵਿੱਚ ਮੌਜੂਦ ਤਰਲ ਪਦਾਰਥਾਂ ਵਿੱਚ ਜਮ੍ਹਾਂ ਕਰਕੇ ਰੱਖਦਾ ਹੈ। ਸਰੀਰ ਵਿੱਚ ਪ੍ਰੋਟੀਨ ਦੀ ਕਮੀ ਹੋਣ 'ਤੇ ਜੋੜਾਂ ਵਿਚਲੇ ਪ੍ਰੋਟੀਨ ਭੰਡਾਰ ਖ਼ਤਮ ਹੋਣ ਲੱਗਦੇ ਹਨ ਤੇ ਇਸ ਕਰਕੇ ਜੋੜ ਜਾਮ ਹੋਣ ਮਗਰੋਂ ਦੁਖਣ ਲੱਗ ਪੈਂਦੇ ਹਨ। ਲੱਤਾਂ ਅਤੇ ਬਾਹਾਂ ਪਤਲੀਆਂ ਹੋ ਜਾਂਦੀਆਂ ਹਨ।

➢ ਅਨੀਮੀਆ

ਖ਼ੁਰਾਕ ਵਿੱਚ ਪ੍ਰੋਟੀਨ ਦੀ ਕਮੀ ਨਾਲ ਖ਼ੂਨ ਵਿੱਚ ਪਾਏ ਜਾਣ ਵਾਲ ਪ੍ਰੋਟੀਨ 'ਹੀਮੋਗਲੋਬਿਨ' ਦੀ ਕਮੀ ਹੋ ਜਾਂਦੀ ਹੈ, ਜਿਸ ਕਰਕੇ ਖ਼ੂਨ ਦੇ ਸੈੱਲ ਬਣਨੇ ਬੰਦ ਹੋ ਜਾਂਦੇ ਹਨ।

ਵਾਲਾਂ ਵਿਚਲਾ ਪ੍ਰੋਟੀਨ 'ਕੈਰੇਟਿਨ' ਭੋਜਨ ਵਿੱਚ ਪ੍ਰੋਟੀਨ ਦੀ ਕਮੀ ਕਾਰਨ ਨਹੀਂ ਬਣਦਾ ਜਿਸ ਕਰਕੇ ਵਾਲ ਬੇਹੱਦ ਪਤਲੇ, ਕਮਜ਼ੋਰ ਤੇ ਦੋ-ਮੂੰਹੇ ਹੋ ਜਾਂਦੇ ਹਨ।

➢ ਸੁਰੱਖਿਆ ਅਤੇ ਪਾਚਨ-ਤੰਤਰ ਵਿੱਚ ਕਮਜ਼ੋਰੀ

ਪ੍ਰੋਟੀਨ ਦੀ ਕਮੀ ਕਾਰਨ ਸਰੀਰ ਦੀ ਸੁਰੱਖਿਆ ਪ੍ਰਣਾਲੀ ਕਮਜ਼ੋਰ ਹੋ ਜਾਣ ਕਾਰਨ ਇਨਫੈਕਸ਼ਨ ਹੋਣ ਦਾ ਖ਼ਤਰਾ ਵਧ ਜਾਂਦਾ ਹੈ।

➢ ਦਸਤ ਕਾਫ਼ੀ ਸਮੇਂ ਤਕ ਦਸਤ ਹੋਣ ਕਰਕੇ ਸਰੀਰ ਦਾ ਵਾਧਾ ਰੁਕ ਜਾਂਦਾ ਹੈ ਅਤੇ ਮਰੀਜ਼ ਹੱਡੀਆਂ ਦੀ ਮੁੱਠ ਬਣ ਕੇ ਰਹਿ ਜਾਂਦਾ ਹੈ।

➢ ਪ੍ਰੋਟੀਨ ਦੀ ਕਮੀ ਕਾਰਨ ਜ਼ਖ਼ਮ ਭਰਨ ਦੀ ਕਿਰਿਆ ਹੌਲੀ ਹੋ ਜਾਂਦੀ ਹੈ। ਕਵੇਸ਼ਰਕਰ ਦੇ ਮਰੀਜ਼ ਵਿੱਚ ਮਿਹਦੇ ਦਾ ਆਕਾਰ ਵੱਡਾ ਹੋ ਜਾਂਦਾ ਹੈ, ਜਿਸਨੂੰ 'ਫੈਟੀ ਲਿਵਰ' ਕਿਹਾ ਜਾਂਦਾ ਹੈ।

**ਪ੍ਰੋਟੀਨ ਦੀ ਘਾਟ ਦੇ ਲੱਛਣ**

➢ ਚਮੜੀ ਦੇ ਰੰਗ ਵਿੱਚ ਕਈ ਤਰ੍ਹਾਂ ਦੇ ਬਦਲਾਅ ਆਉਂਦੇ ਹਨ। ਗੱਲਾਂ ਉੱਤੇ ਚਿੱਟੇ ਰੰਗ ਦੇ ਦਾਗ਼ ਪੈ ਜਾਂਦੇ ਹਨ। ਪੈਰਾਂ ਅਤੇ ਹੱਥਾਂ ਦੇ ਨਹੁੰਆਂ ਉੱਤੇ ਚਿੱਟੇ ਰੰਗ ਦੀਆਂ ਲਾਈਨਾਂ ਪ੍ਰੋਟੀਨ ਦੀ ਕਮੀ ਦੇ ਲੱਛਣ ਦਰਸਾਉਂਦੀਆਂ ਹਨ।

➢ ਪ੍ਰੋਟੀਨ ਦੀ ਕਮੀ ਕਾਰਨ ਦੰਦਾਂ ਨੂੰ ਕੀੜਾ ਲੱਗਣ ਦਾ ਖ਼ਤਰਾ ਵਧ ਜਾਂਦਾ ਹੈ ਅਤੇ ਥੁੱਕ ਬਣਾਉਣ ਵਾਲੀਆਂ ਗ੍ਰੰਥੀਆਂ 'ਤੇ ਵੀ ਬੁਰਾ ਪ੍ਰਭਾਵ ਪੈਂਦਾ ਹੈ। ਮਰੀਜ਼ ਵਿੱਚ ਪ੍ਰੋਟੀਨਾਂ ਦੀ ਕਮੀ ਕਾਰਨ ਚਿੰਤਾ, ਘਬਰਾਹਟ, ਤਣਾਅ, ਇੱਛਾ-ਸ਼ਕਤੀ ਦਾ ਖ਼ਤਮ ਹੋਣਾ, ਸਿਰਦਰਦ, ਬੇਹੋਸ਼ ਹੋ ਕੇ ਡਿੱਗਣਾ, ਨੀਂਦ ਨਾ ਆਉਣਾ ਆਦਿ ਲੱਛਣ ਵੀ ਪੈਦਾ ਹੋ ਜਾਂਦੇ ਹਨ। ਕਿੰਜ ਕਰੀਏ ਪ੍ਰੋਟੀਨ ਦੀ ਕਮੀ ਨੂੰ ਪੂਰਾ ?

ਪ੍ਰੋਟੀਨ ਦੀ ਕਮੀ ਨੂੰ ਸੰਤੁਲਿਤ ਖ਼ੁਰਾਕ ਲੈ ਕੇ ਪੂਰਾ ਕੀਤਾ ਜਾ ਸਕਦਾ ਹੈ। ਬੱਚਿਆਂ ਅਤੇ ਨੌਜਵਾਨਾਂ ਦੁਆਰਾ 'ਫਾਸਟ ਫੂਡ' ਦੀ ਵਾਧੂ ਵਰਤੋਂ ਮੋਟਾਪੇ ਦਾ ਕਾਰਨ ਬਣਨ ਤੋਂ ਇਲਾਵਾ ਕਈ ਹੋਰ ਬੀਮਾਰੀਆਂ ਨੂੰ ਵੀ ਸੱਦਾ ਦਿੰਦੀ ਹੈ। ਔਰਤਾਂ ਨੂੰ ਖ਼ਾਸ ਤੌਰ 'ਤੇ ਸਿਹਤ ਸਬੰਧੀ ਜਾਗਰੂਕ ਹੋਣ ਦੀ ਲੋੜ ਹੈ। ਅੱਜਕੱਲ੍ਹ ਪਤਲੇ ਹੋਣ ਦੀਆਂ ਚਾਹਵਾਨ ਔਰਤਾਂ ਰੋਟੀ-ਪਾਣੀ ਛੱਡ ਦਿੰਦੀਆਂ ਹਨ ਤੇ ਕੁਪੋਸ਼ਣ ਦਾ ਸ਼ਿਕਾਰ ਹੋ ਜਾਂਦੀਆਂ ਹਨ। ਸਾਨੂੰ ਰੋਜ਼ਾਨਾ ਖ਼ੁਰਾਕ ਵਿੱਚ ਪ੍ਰੋਟੀਨ ਨੂੰ ਸਹੀ ਮਾਤਰਾ ਵਿੱਚ ਸ਼ਾਮਲ ਕਰਨਾ ਚਾਹੀਦਾ ਹੈ ਜਿਵੇਂ ਅਨਾਜ, ਦਾਲਾਂ, ਮੂੰਗਫਲੀ, ਲੋਬੀਆ, ਸੋਇਆਬੀਨ, ਮਸਰ ਦੀ ਦਾਲ, ਦੁੱਧ, ਅੰਡੇ, ਪਨੀਰ, ਮੀਟ ਅਤੇ ਮੱਛੀ ਆਦਿ। ਦੁੱਧ ਅਤੇ ਦੁੱਧ ਤੋਂ ਬਣੇ ਪਦਾਰਥ ਜਿਵੇਂ ਪਨੀਰ ਪ੍ਰੋਟੀਨ ਭਰਪੂਰ ਹੁੰਦੇ ਹਨ ਅਤੇ ਸਰੀਰ ਦੁਆਰਾ ਆਸਾਨੀ ਨਾਲ ਹਜ਼ਮ ਹੋ ਜਾਂਦੇ ਹਨ। ਬੀਮਾਰੀ ਵਾਲੇ ਮਰੀਜ਼ਾਂ ਨੂੰ ਖ਼ਾਸ ਤੌਰ 'ਤੇ ਮਾਸਾਹਾਰੀ ਖ਼ੁਰਾਕ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਦਾਲਾਂ ਵਿੱਚੋਂ 'ਸੋਇਆਬੀਨ' ਪ੍ਰੋਟੀਨ ਦਾ ਸਭ ਤੋਂ ਵਧੀਆ ਸਰੋਤ ਹੈ। ਸੋਇਆਬੀਨ ਵਿੱਚ ਮੀਟ ਨਾਲੋਂ ਦੁੱਗਣਾ ਤੇ ਅੰਡਿਆਂ ਨਾਲੋਂ ਚਾਰ ਗੁਣਾਂ ਵੱਧ ਪ੍ਰੋਟੀਨ ਹੁੰਦਾ ਹੈ। ਇਸ ਵਿੱਚ ਸਾਰੇ ਜ਼ਰੂਰੀ ਵਿਟਾਮਿਨ ਹੋਣ ਦੇ ਨਾਲ ਹੀ ਕਲੈਸਟਰੋਲ ਤੇ ਕਾਰਬੋਹਾਈਡ੍ਰੇਟਸ ਬਹੁਤ ਘੱਟ ਮਾਤਰਾ ਵਿੱਚ ਹੁੰਦੇ ਹਨ ਜਿਸ ਕਰਕੇ ਸੋਇਆਬੀਨ ਦੀ ਵਰਤੋਂ ਸ਼ੂਗਰ ਦੇ ਰੋਗੀ ਵੀ ਕਰ ਸਕਦੇ ਹਨ। ਜਿਹੜੇ ਬੱਚਿਆਂ ਨੂੰ ਗਾਂ ਜਾਂ ਮੱਝ ਦੇ ਦੁੱਖ ਤੋਂ ਐਲਰਜੀ ਹੋਵੇ, ਉਹ ਸੋਇਆਬੀਨ ਦੇ ਦੁੱਧ ਦਾ ਸੇਵਨ ਕਰ ਸਕਦੇ ਹਨ।

- ਡਾ. ਗੁਰਜੀਤਪਾਲ ਕੌਰ

ਹੱਡੀ ਹੰਢਾਇਆ ਸੱਚ

# ਰੱਬ ਦਾ ਰੂਪ ਨਹੀਂ, ਕਸਾਈ ਬਣਦਾ ਜਾ ਰਿਹਾ ਡਾਕਟਰ

ਅਕਸਰ ਹੀ ਸਿਆਣਿਆਂ ਨੂੰ ਕਹਿੰਦੇ ਸੁਣਿਆ ਹੈ ਕਿ ਡਾਕਟਰ ਰੱਬ ਦਾ ਰੂਪ ਹੁੰਦੇ ਨੇ , ਡਾਕਟਰ ਤਾਂ ਮਰੇ ਬੰਦੇ ਵਿਚ ਜਾਨ ਪਾ ਦਿੰਦੇ ਹਨ, ਸ਼ਾਇਦ ਇਹ ਸੱਚ ਹੁੰਦਾ ਹੋਵੇਗਾ। ਪਿਛਲੇ ਸਮਿਆਂ 'ਚ ਜਦੋਂ ਡਾਕਟਰ ਪੈਸੇ ਦੇ ਲਾਲਚ ਤਿਆਗਕੇ ਮਰੀਜ਼ ਦਾ ਇਲਾਜ ਆਪਣਾ ਫਰਜ਼ ਸਮਝਕੇ ਕਰਦੇ ਹੋਣਗੇ। ਪਰ ਅੱਜ ਚਾਰੇ ਪਾਸੇ ਪੈਸੇ ਦੀ ਅੰਨ੍ਹੀ ਦੌੜ ਲੱਗੀ ਹੋਈ ਹੈ। ਅੱਜ ਦਾ ਡਾਕਟਰ ਰੱਬ ਦਾ ਰੂਪ ਨਹੀਂ ਬਲਕਿ ਚੰਦ ਛਿੱਲੜਾਂ ਬਦਲੇ ਕਸਾਈ ਦਾ ਰੂਪ ਧਾਰਨ ਕਰੀ ਬੈਠਾ ਹੈ। ਕਸਾਈ ਸ਼ਬਦ ਮੈਂ ਸਿਰਫ਼ ਉਨ੍ਹਾਂ ਡਾਕਟਰਾਂ ਲਈ ਵਰਤਿਆ ਜੋ ਸਿਰਫ਼ ਮਰੀਜ਼ ਦੇ ਇਲਾਜ ਦੇ ਨਾਂਅ 'ਤੇ ਸਿਰਫ਼ ਪੈਸਾ ਹੀ ਮੁੱਖ ਰੱਖਦੇ ਹਨ ਨਾ ਕਿ ਮਰੀਜ਼ ਦੀ ਤੰਦਰੁਸਤੀ। ਪਰ ਉਨ੍ਹਾਂ ਡਾਕਟਰਾਂ ਨੂੰ ਮੇਰੀ ਕਲਮ ਸਲਾਮ ਕਰਦੀ ਹੈ ਜੋ ਮਾਨਵਤਾ ਦੀ ਸੇਵਾ ਆਪਣਾ ਫਰਜ਼ ਸਮਝਕੇ ਕਰਦੇ ਹਨ। ਹਰ ਪਾਸੇ ਤੋ ਲੋਕਾਂ ਤੋਂ ਸੁਣਿਆ ਜਾਂਦਾ ਹੈ ਕਿ ਅਸੀਂ ਬਹੁਤ ਤਰੱਕੀ ਕਰ ਲਈ ਹੈ, ਹਰ ਸ਼ਹਿਰ, ਕਸਬੇ, ਮੰਡੀਆਂ ਵਿਚ ਕਈ-ਕਈ ਮੰਜ਼ਿਲਾਂ ਦੀ ਆਲੀਸ਼ਾਨ ਇਮਾਰਤਾਂ ਉਪਰ ਵੱਡੇਵੱਡੇ ਬੋਰਡ ਫਲਾਣੀ ਬਿਮਾਰੀ ਦੇ ਮਾਹਿਰ, ਸਪੈਸ਼ਲਿਸਟ, ਹਸਪਤਾਲ ਅੰਦਰ ਏ. ਸੀ. ਰੂਮੀ, ਟੈਲੀਵਿਜ਼ਨ ਅਤੇ ਹਰ ਸੁੱਖ ਸਹੂਲਤ ਦਾ ਦਿਖਾਵਾ ਕੀਤਾ ਜਾਂਦਾ ਹੈ। ਪੈਸੇ ਵਾਲੇ ਲੋਕ ਤਾਂ ਆਪਣੀ ਛੋਟੀ-ਮੋਟੀ ਬਿਮਾਰੀ ਸਮੇਂ ਇਨ੍ਹਾਂ ਹਸਪਤਾਲਾਂ ਵਿਚ ਇੰਜ ਜਾਂਦੇ ਹਨ, ਜਿਵੇਂ ਪਿਕਨਿਕ ਮਨਾਉਣ ਆਏ ਹੋਣ, ਪਰ ਜਦ ਇੰਨ੍ਹਾਂ ਹਸਪਤਾਲਾਂ ਵਿਚ ਕੋਈ ਸਾਧਾਰਨ ਜਾਂ ਗਰੀਬ ਫਸ ਜਾਂਦਾ ਹੈ ਤਾਂ ਉਸਦੀ ਮੋਟੀ ਛਿੱਲ ਲਾਹੀ ਜਾਂਦੀ ਹੈ। ਸ਼ਹਿਰਾਂ ਦੇ ਨਿੱਜੀ ਹਸਪਤਾਲਾਂ ਵਿਚੋਂ ਆਮ ਵਿਅਕਤੀ ਤਾਂ ਇਲਾਜ ਕਰਵਾ ਹੀ ਨਹੀਂ ਸਕਦਾ। ਜਿੰਨ੍ਹੇ ਪੈਸੇ ਡਾਕਟਰ ਨੇ ਮੂੰਹੋਂ ਮੰਗ ਲਏ ਦੇਣੇ ਪੈਣਗੇ। ਉਪਰੋਂ ਹਰੇਕ ਹਸਪਤਾਲ ਵਿਚ ਖੁੱਲੀਆਂ ਦਵਾਈਆਂ ਦੀਆਂ ਦੁਕਾਨਾਂ 'ਚੋਂ ਵੀ ਡਾਕਟਰਾਂ ਨੂੰ ਮੋਟਾ ਕਮਿਸ਼ਨ ਮਿਲਦਾ ਹੈ। 10 ਰੁਪਏ ਦਵਾਈ ਦਾ ਪੱਤਾ 50 ਰੁਪਏ ਯਾਨਿ ਡਾਕਟਰ ਦੇ ਨਾਲ ਨਾਲ ਮੈਡੀਕਲ ਸਟੋਰਾਂ ਵਾਲੇ ਵੀ ਲੁੱਟ ਕਰਦੇ ਹਨ। ਇਹ ਰੱਬ ਦਾ ਰੂਪ ਸਮਝੇ ਜਾਣ ਵਾਲੇ ਡਾਕਟਰ ਤਾਂ ਕਈ ਵਾਰ ਮਰੇ ਬੰਦੇ ਨੂੰ ਵੀ ਕਈ-ਕਈ ਦਿਨ ਵੈਂਟੀਲੇਟਰ ਸ਼ੀਸ਼ੇ ਵਾਲੇ ਕੈਬਿਨ ਵਿਚ ਰੱਖਕੇ ਪੀੜ੍ਹਤ ਪਰਿਵਾਰ ਦੀ ਚੰਗੀ ਛਿੱਲ ਲਾਹੁੰਦੇ ਹਨ। ਅਨੇਕਾਂ ਵਾਰ ਡਾਕਟਰਾਂ ਦੀ ਅਣਗਹਿਲੀ ਕਾਰਨ ਮਰੇ ਵਿਅਕਤੀਆਂ ਦੇ ਪਰਿਵਾਰ ਹਸਪਤਾਲਾਂ ਅੱਗੇ ਧਰਨੇ ਲਾਉਂਦੇ ਹਨ ਡਾਕਟਰ ਦਾ ਪਿੱਟ ਸਿਆਪਾ ਕਰਦੇ ਦੇਖੇ ਹਨ। ਪਰ ਡਾਕਟਰ ਆਪਣੇ ਅਸਰ ਰਸੂਖ ਨਾਲ ਸਾਫ਼ ਬਰੀ ਹੋ ਜਾਂਦਾ ਹੈ ਕਿਉਂਕਿ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਅਧਿਕਾਰੀਆਂ ਨੂੰ ਵੀ ਐਸੇ ਡਾਕਟਰਾਂ ਦੀ ਲੋੜ ਹੁੰਦੀ ਹੈ। ਇੰਨ੍ਹਾਂ ਡਾਕਟਰਾਂ ਨੇ ਆਪਣੀ ਯੂਨੀਅਨ ਵੀ ਬਣਾਈ ਹੋਈ ਹੈ। ਵੈਸੇ ਤਾਂ ਪੰਜਾਬ ਦੇ ਹਰ ਸ਼ਹਿਰ ਵਿਚਲੇ ਵੱਡੇ-ਵੱਡੇ ਹਸਪਤਾਲ ਆਮ ਲੋਕਾਂ ਦੀ ਲੁੱਟ ਦੇ ਅੱਡੇ ਬਣੇ ਹੋਏ ਹਨ ਪਰ ਬਠਿੰਡਾ ਵਿਚ ਵੀ ਕੁਝ ਐਸੇ ਹਸਪਤਾਲ ਹਨ ਜਿਨ੍ਹਾਂ ਦੇ ਮੁੱਖੀਆਂ ਉਪਰ ਕਈ ਵਾਰ ਮਰੀਜ਼ਾਂ ਨੂੰ ਅਣਗਹਿਲੀ ਕਰਕੇ ਮਾਰਨ ਦੀਆਂ ਖ਼ਬਰਾਂ ਮੀਡੀਏ ਵਿਚ ਨਸ਼ਰ ਹੋਈਆਂ ਹਨ। ਮੈਂ ਉਨ੍ਹਾਂ ਲੋਕਾਂ ਪਾਸੋਂ ਪੁੱਛਣਾ ਚਾਹੁੰਦਾ ਹਾਂ ਜੋ ਡਾਕਟਰ ਨੂੰ ਰੱਬ ਦੀ ਉਪਾਧੀ ਦਿੰਦੇ ਹਨ ਕਿ ਡਾਕਟਰ ਤਾਂ ਮਰੀਜ਼ ਦਾ ਇਲਾਜ, ਅਪਰੇਸ਼ਨ, ਮੋਟੇ ਪੈਸੇ ਲੈ ਕੇ ਕਰਦਾ ਹੈ ਫੇਰ ਵੀ ਅਸੀਂ ਉਸਦਾ ਧੰਨਵਾਦ ਕਰਦੇ ਹਾਂ ਕਿ ਅਕਾਲ ਪੁਰਖ, ਅੱਲਾ, ਰਾਮ ਦਾ ਸ਼ੁਕਰ ਕੀਤਾ ਹੈ ਜਿਸਨੇ ਸਾਨੂੰ ਮਨੁੱਖਾ ਦੇਹੀ ਜਿਸ ਵਿਚ ਹੱਥ, ਪੈਰ, ਨੱਕ, ਕੰਨ, ਮੂੰਹ ਬਲਕਿ ਸਰੀਰ ਨੂੰ ਚਲਾਉਣ ਵਾਲਾ ਹਰੇਕ ਅੰਗ ਦੇ ਕੇ ਦੁਨੀਆਂ ਵਿਚ ਭੇਜਿਆ ਹੈ। ਸਵਾਸਥ, ਸਰੀਰ, ਮਾਨਵਤਾ ਦੀ ਸੇਵਾ ਕਰਨ ਲਈ ਹੱਥ ਪੈਰ, ਚੰਗਾ ਕਰਨ ਲਈ ਦਿਮਾਗ, ਚੰਗਾ ਸੁਣਨ ਲਈ ਕੰਨ ਅਤੇ ਚੰਗਾ ਬੋਲਣ ਲਈ ਮੂੰਹ ਦਿੱਤਾ ਹੈ। ਕੀ ਕਦੇ ਉਸ ਅਕਾਲ ਪੁਰਖ ਦਾ ਦੋ ਪਲ ਸ਼ੁਕਰੀਆ ਅਦਾ ਕੀਤਾ ਹੈ। ਜਿਸ ਨੇ ਬਿਨ੍ਹਾਂ ਪੈਸੇ, ਬਿਨ੍ਹਾਂ ਕਿਸੇ ਸਵਾਰਥ ਲਈ ਇਸ ਸੰਸਾਰ ਵਿਚ ਭੇਜਿਆ ਹੈ। ਫੇਰ ਉਸ ਡਾਕਟਰ ਦਾ ਧੰਨਵਾਦ ਜਾਂ ਡਾਕਟਰ ਰੱਬ ਦਾ ਰੂਪ ਕਿਉਂ ? ਜੋ ਸਾਡੇ ਇਲਾਜ ਦੇ ਨਾਂਅ 'ਤੇ ਅੰਨ੍ਹੀ ਲੁੱਟ ਕਰਦਾ ਹੈ।



ਹੁਣ ਮੈਂ ਆਪਣੇ ਪਾਠਕਾਂ ਨਾਲ ਰੱਬ ਦਾ ਰੂਪ ਸਮਝੇ ਜਾਣ ਵਾਲੇ ਡਾਕਟਰ ਬਾਰੇ ਆਪਣੀ ਹੱਡਬੀਤੀ ਸਾਂਝੀ ਕਰਨ ਜਾ ਰਿਹਾ ਹਾਂ। ਇਸ ਰੱਬ ਦੇ ਰੂਪ ਡਾਕਟਰ ਨੇ ਜਿੱਥੇ ਮੇਰੀ ਇਲਾਜ ਦੇ ਨਾਂਅ 'ਤੇ ਮੋਟੀ ਛਿੱਲ ਲਾਹੀ ਉਥੇ ਮੈਨੂੰ ਨਕਾਰਾ ਬਣਾ ਦਿੱਤਾ। ਘਟਨਾ 2 ਦਸੰਬਰ 2011 ਦੀ ਹੈ ਜਦੋਂ ਮੈਨੂੰ ਰਾਤ ਦੇ ਦੋ ਵਜੇ ਅਟੈਕ ਹੋ ਗਿਆ ਸੀ, ਮੈਨੂੰ ਰਾਤ ਸਮੇਂ ਬਠਿੰਡਾ ਦੇ ਇਕ ਨਿੱਜੀ ਹਸਪਤਾਲ ਵਿਚ ਦਾਖ਼ਲ ਕਰਵਾ ਦਿੱਤਾ। ਪਹਿਲਾਂ ਤਾਂ ਡਾਕਟਰ ਨੇ ਮੇਰੀ ਨਾਜ਼ੁਕ ਹਾਲਤ ਦੇਖਕੇ ਜ਼ਿੰਮੇਵਾਰੀ ਨਾ ਲਈ ਪਰ ਫੇਰ ਇਲਾਜ ਸ਼ੁਰੂ ਕਰ ਦਿੱਤਾ। ਮੈਨੂੰ ਕੋਈ ਸੁਰਤ ਨਹੀਂ ਸੀ ਮੇਰੇ ਪਰਿਵਾਰਿਕ ਮੈਂਬਰਾਂ ਦੇ ਦੱਸਣ ਮੁਤਾਬਿਕ ਮੈਨੂੰ ਐਮਰਜੈਂਸੀ ਰੂਮ ਵਿਚ ਆਈ. ਸੀ. ਯੂ. ਵਿਚ ਆਕਸੀਜਨ ਦੇ ਕੇ ਪਾਇਆ ਗਿਆ। 16 ਘੰਟਿਆਂ ਬਾਅਦ ਮੈਨੂੰ ਹੋਸ਼ ਆਵੁਣੀ ਸ਼ੁਰੂ ਹੋਈ ਤਾਂ ਮੇਰੇ ਮੋਢੇ ਤੋਂ ਪੀੜ੍ਹਾਂ ਸ਼ੁਰੂ ਹੋ ਗਈਆਂ। ਬਠਿੰਡਾ ਦੇ ਹੀ ਗੁਰਦੇਵ ਹੱਡੀਆਂ ਦੇ ਮਾਹਿਰ ਡਾਕਟਰ ਨੂੰ ਦਿਖਾਇਆ ਤਾਂ ਉਸਨੇ ਮੇਰਾ ਮੋਢਾ ਟੋਹਕੇ ਕਿਹਾ ਕਿ ਮੋਢੇ ਦੀ ਹੱਡੀ ਟੁੱਟਕੇ ਅੰਦਰ ਧਸ ਗਈ ਹੈ। ਅਪਰੇਸ਼ਨ ਹੋਵੇਗਾ। ਪਰ ਇਸ ਦਾ ਦਿਲ ਦੀ ਬਿਮਾਰੀ ਦਾ ਇਲਾਜ ਚੱਲ ਰਿਹਾ ਹੈ ਪਹਿਲਾਂ ਉਧਰੋਂ ਇਲਾਜ ਕਰਵਾਓ। 4 ਦਸੰਬਰ ਨੂੰ ਮੈਨੂੰ ਦਿਲ ਦੀਆਂ ਬਿਮਾਰੀਆਂ ਦੇ ਮਾਹਿਰ ਡਾਕਟਰ ਨੇ ਛੁੱਟੀ ਦੇ ਦਿੱਤੀ ਤਾਂ ਬਠਿੰਡਾ ਦੇ ਗਣੇਸ਼ਾ ਬਸਤੀ ਨੇੜਲੇ ਗੁਰਦੇਵ ਹੱਡੀਆਂ ਅਤੇ ਜੋੜਾਂ ਦੇ ਹਸਪਤਾਲ ਵਿਚ ਦਾਖ਼ਲ ਕਰਵਾ ਦਿੱਤਾ। ਕਿਉਂਕਿ ਡਾਕਟਰ ਨੂੰ ਪਤਾ ਸੀ ਕਿ ਮਰੀਜ਼ ਪੱਤਰਕਾਰ ਹੈ ਉਸਨੇ ਆਨਾ ਕਾਨੀ ਕਰਨੀ ਸ਼ੁਰੂ ਕਰ ਦਿੱਤੀ। ਮੇਰੀ ਮਾਤਾ ਅਤੇ ਮੇਰੀ ਪਤਨੀ ਨੇ ਡਾਕਟਰ ਅੱਗੇ ਤਰਲੇ ਕੀਤੇ ਤਾਂ ਡਾਕਟਰ ਅਪਰੇਸ਼ਨ ਲਈ ਮੰਨ ਗਿਆ। ਡਾਕਟਰ ਨੇ ਆਪਣੇ ਕਮਰੇ ਜਿੱਥੇ ਮਰੀਜ਼ਾਂ ਦੀ ਜਾਂਚ ਕਰਦਾ ਸੀ ਵਿਚ ਗੁਰਬਾਣੀ ਦੇ ਪਵਿੱਤਰ ਵਾਕ ਅਤੇ ਗੁਰੂ ਸਾਹਿਬਾਨਾਂ ਦੀਆਂ ਵੱਡ ਅਕਾਰੀ ਤਸਵੀਰਾਂ ਲਾ ਰੱਖੀਆਂ ਸਨ ਤਾਂ ਕਿ ਮਰੀਜ਼ ਨੂੰ ਪਹਿਲੀ ਨਜ਼ਰੇ ਪਤਾ ਲੱਗ ਸਕੇ ਕਿ ਡਾਕਟਰ ਧਾਰਮਿਕ ਬਿਰਤੀ ਵਾਲਾ ਗੁਰਸਿੱਖ ਬੰਦਾ ਹੈ। ਉਸ ਦਿਨ ਮੇਰੇ ਮੋਢੇ ਦਾ ਚਾਰ ਘੰਟਿਆਂ ਦੀ ਜੱਦੋ ਜਹਿਦ ਬਾਅਦ ਅਪਰੇਸ਼ਨ ਹੋ ਗਿਆ। ਮੈਂ ਆਪਣੀ ਪਹਿਲੀ ਬਿਮਾਰੀ ਕਰਕੇ ਅਤੇ ਅਪਰੇਸ਼ਨ ਦੌਰਾਨ ਲੱਗੀਆਂ ਬੇਹੋਸ਼ੀ ਦੀਆਂ ਦਵਾਈਆਂ ਕਾਰਨ ਜਦੋਂ ਦੂਜੇ ਦਿਨ ਕੁਝ ਹੋਸ਼ ਵਿਚ ਆਇਆ ਤਾਂ ਮੈਂ ਮੇਰੀ ਧਰਮਪਤਨੀ ਕੁਲਦੀਪ ਕੌਰ ਨੂੰ ਕਿਹਾ ਕਿ ਭਾਈ ਘਨੱਈਆ ਸਕੀਮ ਤਹਿਤ ਮੇਰਾ ਬੀਮਾ ਹੋਇਆ ਹੈ ਕੀ ਤੁਸੀਂ ਡਾਕਟਰ ਨੂੰ ਮੇਰਾ ਬੀਮਾ ਕਾਰਡ ਦਿਖਾ ਦਿੱਤਾ ਤਾਂ ਮੇਰੀ ਪਤਨੀ ਅਤੇ ਮੇਰੀ ਬੀਬੀ ਜੀ ਨੇ ਕਿਹਾ ਕਿ ਅਸੀਂ ਤਾਂ ਡਰਦੇ ਮਾਰਿਆ ਨੇ ਡਾਕਟਰ ਨੂੰ ਤੇਰੇ ਬੀਮੇ ਬਾਰੇ ਨਹੀਂ ਦੱਸਿਆ ਕਿ ਡਾਕਟਰ ਕਿਤੇ ਤੇਰੇ ਅਪਰੇਸ਼ਨ ਤੋਂ ਹੀ ਜਵਾਬ ਨਾ ਦੇ ਦੇਵੇ ਜਾਂ ਕਿਤੇ ਇਲਾਜ ਹੀ ਸਹੀ ਢੰਗ ਨਾਲ ਨਾ ਕਰੇ। ਇਸ ਲਈ ਨਹੀਂ ਦੱਸਿਆ। ਮੈਂ ਕਿਹਾ ਕਿ ਮੇਰੇ ਬੀਮੇ ਕਾਰਨ ਡਾਕਟਰ ਦਾ ਕੋਈ ਨੁਕਸਾਨ ਨਹੀਂ ਹੋਣਾ ਸੀ ਸਗੋਂ ਡਾਕਟਰ ਨੂੰ ਤਾਂ ਅਪਰੇਸ਼ਨ ਅਤੇ ਮੇਰੇ ਇਲਾਜ ਕਰਨ ਦੇ ਬੀਮਾ ਕੰਪਨੀ ਤੋਂ ਪੈਸੇ ਮਿਲ ਜਾਣੇ ਸਨ। ਸੋ ਮੈਂ ਬੀਮੇ ਸੰਬੰਧੀ ਡਾਕਟਰ ਗੁਰਦੇਵ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾਕਿ ਤੁਸੀਂ ਆਪਣਾ ਬੀਮਾ ਕਾਰਡ, ਵੋਟ ਕਾਰਡ ਮੈਨੂੰ ਦਿਓ ਮੈਂ ਬੀਮਾ ਕੰਪਨੀ ਨੂੰ ਲਿਖਕੇ ਭੇਜ ਦਿੰਦਾ ਹਾਂ।

> ਕਸਾਈ ਸ਼ਬਦ ਮੈਂ ਸਿਰਫ਼ ਉਨ੍ਹਾਂ ਡਾਕਟਰਾਂ ਲਈ ਵਰਤਿਆ ਜੋ ਸਿਰਫ਼ ਮਰੀਜ਼ ਦੇ ਇਲਾਜ ਦੇ ਨਾਂਅ 'ਤੇ ਸਿਰਫ਼ ਪੈਸਾ ਹੀ ਮੁੱਖ ਰੱਖਦੇ ਹਨ ਨਾ ਕਿ ਮਰੀਜ਼ ਦੀ ਤੰਦਰੁਸਤੀ। ਪਰ ਉਨ੍ਹਾਂ ਡਾਕਟਰਾਂ ਨੂੰ ਮੇਰੀ ਕਲਮ ਸਲਾਮ ਕਰਦੀ ਹੈ ਜੋ ਮਾਨਵਤਾ ਦੀ ਸੇਵਾ ਆਪਣਾ ਫਰਜ਼ ਸਮਝਕੇ ਕਰਦੇ ਹਨ।

ਮੈਂ ਆਪਣੇ ਸਾਰੇ ਕਾਗਜ਼ ਡਾਕਟਰ ਨੂੰ ਫੜਾ ਦਿੱਤੇ। ਡਾਕਟਰ ਦੇ ਕੰਪਾਉਡਰ ਗੁਰਮੇਲ ਸਿੰਘ ਜਿਸਨੂੰ ਮੈਂ ਆਪਣਾ ਵਧੀਆ ਦੋਸਤ ਮੰਨਦਾ ਸੀ ਨੇ ਬੀਮਾ ਕੰਪਨੀ ਨੂੰ ਈਮੇਲ ਕਰ ਦਿੱਤੀ। ਦੂਜੇ-ਤੀਜੇ ਦਿਨ ਬੀਮਾ ਕੰਪਨੀ ਤੋਂ ਇਕ ਮੁਲਾਜ਼ਮ ਆਇਆ ਤਾਂ ਉਸਨੇ ਮੇਰੇ ਅਪਰੇਸ਼ਨ ਵਾਲੇ ਮੋਢੇ ਤੋਂ ਪੱਟੀਆਂ ਲਹਾਕੇ ਫੋਟੋ ਅਤੇ ਪੂਰੀ ਜਾਂਚ ਪੜਤਾਲ ਕਰਨ ਉਪਰੰਤ ਮੈਥੋਂ ਇਕ ਫ਼ਾਰਮ ਤੇ ਦਸਤਖਤ ਕਰਵਾਕੇ ਡਾਕਟਰ ਨੂੰ ਫਾਰਮ ਫੜਾ ਦਿੱਤਾ ਕਿ ਜਲਦੀ ਇਲਾਜ ਦੀ ਸਾਰੀ ਫ਼ਾਇਲ ਬਣਾਕੇ ਸਾਡੀ ਕੰਪਨੀ ਨੂੰ ਭੇਜੀ ਜਾਵੇ। ਪਰ ਮੈਨੂੰ ਬਾਅਦ ਵਿਚ ਪਤਾ ਚੱਲਿਆ ਕਿ ਡਾਕਟਰ ਨੇ ਮੇਰੇ ਪਰਿਵਾਰ ਤੋਂ ਮੈਨੂੰ ਛੁੱਟੀ ਦੇਣ ਤੱਕ ਹਜ਼ਾਰਾਂ ਰੁਪਏ ਲੈ ਲਏ ਹਨ। ਮੈਂ ਡਾਕਟਰ ਨਾਲ ਇਸ ਸਬੰਧੀ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਤੇਰੀ ਬੀਮਾ ਕੰਪਨੀ ਨੂੰ ਫਾਇਲ ਭੇਜ ਦਿੱਤੀ ਹੈ, ਬੀਮਾ ਮਿਲਣ ਤੱਕ ਕਈ ਦਿਨ ਜਾਂ ਮਹੀਨੇ ਵੀ ਲੱਗ ਸਕਦੇ ਹਨ। ਮੈਨੂੰ ਛੁੱਟੀ ਮਿਲਣ ਤੋਂ ਬਾਅਦ ਵੀ ਮੇਰੇ ਮੋਢੇ ਉਪਰ ਹਰ ਹਫ਼ਤੇ ਪੱਟੀ ਬਦਲੀ ਜਾਂਦੀ ਮੈਂ ਹਰ ਵਾਰ ਡਾਕਟਰ ਤੋਂ ਆਪਣੇ ਬੀਮੇ ਦੇ ਪੈਸੇ ਬਾਰੇ ਪੁੱਛਦਾ ਤਾਂ ਦੋ-ਤਿੰਨ ਮਹੀਨਿਆਂ ਬਾਅਦ ਡਾਕਟਰ ਕਹਿਣ ਲੱਗਿਆ ਤੂੰ ਪੱਤਰਕਾਰ ਏ ਬੀਮਾ ਕੰਪਨੀ 'ਤੇ ਕੇਸ ਕਰ ਦੇ, ਮੈਂ ਬੀਮਾ ਕੰਪਨੀ ਤੋਂ ਜਦ ਤਿੰਨ ਕੁ ਮਹੀਨਿਆਂ ਬਾਅਦ ਆਪਣੇ ਬੀਮੇ ਬਾਰੇ ਪਤਾ ਕੀਤਾ ਤਾਂ ਉਨ੍ਹਾਂ ਕਿਹਾ ਕਿ ਸਾਡੇ ਕੋਲ ਅਜੇ ਤੱਕ ਤੇਰੇ ਬੀਮੇ ਦੀ ਡਾਕਟਰ ਨੇ ਫਾਇਲ ਹੀ ਨਹੀਂ ਭੇਜੀ। ਮੈਂ ਜਦ ਡਾਕਟਰ ਦੇ ਸਹਾਇਕ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਤੇਰੀ ਫਾਇਲ ਗੁੰਮ ਹੋ ਗਈ ਹੈ, ਉਹ ਮੈਨੂੰ ਫਾਇਲ ਲੱਭਣ ਕੇ ਕਈ ਮਹੀਨੇ ਲਾਰੇ ਲਾਉਂਦਾ ਰਿਹਾ। ਅਖ਼ੀਰ ਫਾਇਲ ਗੁੰਮ ਹੋਣ ਬਾਰੇ ਮੈਂ ਡਾਕਟਰ ਨੂੰ ਦੱਸ ਦਿੱਤਾ ਤਾਂ ਉਨ੍ਹਾਂ ਕਿਹਾ ਕਿ ਛੱਡ ਯਾਰ ਬੀਮੇ ਦੀ ਗੱਲ, ਬੀਮਾ ਕੰਪਨੀ ਨੇ ਕਿਹੜਾ ਤੈਨੂੰ ਕੁਝ ਦੇਣਾ ਸੀ। ਉਨ੍ਹਾਂ ਅਪਰੇਸ਼ਨ ਅਤੇ ਦਵਾਈਆਂ, ਐਕਸਰੇ, ਪੱਟੀਆਂ ਦੇ ਨਾਂਅ 'ਤੇ ਮੇਰੀ ਪੂਰੀ ਲੁੱਟ ਕੀਤੀ। ਮੇਰੇ ਚਾਚਾ ਜੀ ਜੋ ਡਾਕਟਰ ਦਾ ਚੰਗਾ ਦੋਸਤ ਸੀ, ਉਸਨੇ ਹੀ ਮੈਨੂੰ ਹਸਪਤਾਲ ਵਿਚ ਦਾਖ਼ਲ ਕਰਵਾਇਆ ਸੀ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਡਾਕਟਰ ਨਾਲ 20-25 ਸਾਲਾਂ ਦੀ ਬਣੀ ਹੈ, ਛੱਡ ਪਰੇ ਬੀਮੇ ਬਾਰੇ ਮੇਰਾ ਡਾਕਟਰ ਨਾਲ ਫ਼ਰਕ ਪੈ ਜਾਵੇਗਾ। ਪਰ ਮੈਂ ਚੁੱਪ ਕਰਕੇ ਬੈਠਣ ਵਾਲਾ ਨਹੀਂ ਸੀ। ਇਹ ਗੱਲ ਸਾਫ਼ ਹੋ ਗਈ ਸੀ ਕਿ ਡਾਕਟਰ ਨੇ ਹੀ ਬੇਈਮਾਨੀ ਕਰਕੇ ਮੇਰੀ ਫਾਇਲ ਉਪਰ ਭੇਜੀ ਹੀ ਨਹੀਂ ਸੀ। ਕਿਉਂਕਿ ਉਸ ਨੇ ਸਾਡੇ ਕੋਲੋਂ ਅਪਰੇਸ਼ਨ ਦੇ ਨਾਂਅ 'ਤੇ ਹਜ਼ਾਰਾਂ ਰੁਪਏ ਲੈ ਲਏ ਸਨ। ਮੈਂ ਆਪਣੇ ਪੱਤਰਕਾਰ ਦੋਸਤਾਂਤੱਕ ਇਹ ਮਾਮਲਾ ਡਾਕਟਰ ਤੱਕ ਪਹੁੰਚਾਇਆ ਪਰ ਉਸ ਨੇ ਕਿਹਾ ਕਿ ਮੈਂ ਫਾਇਲ ਉਪਰ ਭੇਜੀ ਹੈ। ਮੈਂ ਕੁਝ ਨਹੀਂ ਕਰ ਸਕਦਾ। ਪਰ ਹੌਲੀ-ਹੌਲੀ ਜਦ ਪੱਤਰਕਾਰਾਂ ਦਾ ਡਾਕਟਰ ਉਪਰ ਦਬਾਅ ਪੈ ਗਿਆ ਤਾਂ ਉਸ ਨੇ ਕਿਹਾ ਕਿ ਫਾਇਲ ਗੁੰਮ ਹੋ ਗਈ ਹੈ ਮੈਂ ਕੁਝ ਨਹੀਂ ਕਰ ਸਕਦਾ। ਡਾਕਟਰ ਨੇ ਫੇਰ ਮੇਰੇ ਚਾਚਾ ਕਿੱਕਰ ਸਿੰਘ ਜੋ ਇਸ ਘਟਨਾ ਤੋਂ ਤਿੰਨ ਸਾਲ ਬਾਅਦ 25 ਦਸੰਬਰ 2013 ਨੂੰ ਕਿਸੇ ਬਿਮਾਰੀ ਕਾਰਨ ਮੌਤ ਦੇ ਮੂੰਹ ਜਾ ਪਿਆ ਨੇ ਮੇਰੇ ਉਪਰ ਦਬਾਅ ਪਵਾਇਆ ਕਿ ਤੂੰ ਡਾਕਟਰ ਖਿਲਾਫ਼ ਕੋਈ ਕਾਰਵਾਈ ਨਾ ਕਰ, ਨਹੀਂ ਤਾਂ ਆਪਣਾ ਕੋਈ ਰਿਸ਼ਤਾ ਨਹੀਂ, ਏਥੋਂ ਤੱਕ ਕਿ ਡਾਕਟਰ ਨੇ ਮੇਰੇ ਰਿਸ਼ਤੇਦਾਰਾਂ ਰਾਂਹੀ ਵੀ ਕੋਈ ਕਾਰਵਾਈ ਨਾ ਕਰਨ ਲਈ ਮੇਰੇ ਉਪਰ ਦਬਾਅ ਪਵਾਇਆ। ਜਦੋਂ ਮੇਰੀ ਬੀਬੀ ਜੀ ਨੂੰ ਇਸ ਬਾਰੇ ਮੇਰੇ ਚਾਚਾ ਜੀ ਨੇ ਦੱਸਿਆ ਤਾਂ ਮੇਰੀ ਬੀਬੀ ਜੀ ਕਹਿਣ ਲੱਗੀ ਕਿ ਤੂੰ ਬਚ ਗਿਆ। ਪੈਸਾ ਬੰਦੇ ਤੋਂ ਵੱਡਾ ਨਹੀਂ ਹੁੰਦਾ। ਜੇਕਰ ਤੈਨੂੰ ਕੁਝ ਹੋ ਜਾਂਦਾ ਫੇਰ ਕੀ ਅਸੀਂ ਕਰ ਲੈਂਦੇ। ਡਾਕਟਰਾਂ ਤੱਕ ਕਦੇ ਵੀ ਕੋਈ ਕੰਮ ਪੈ ਸਕਦਾ ਹੈ। ਤੂੰ ਡਾਕਟਰ ਉਪਰ ਕੋਈ ਕਾਰਵਾਈ ਨਹੀਂ ਕਰਨੀ। ਮੇਰੀ ਧਰਮਪਤਨੀ ਕੁਲਦੀਪ ਕੌਰ ਨੇ ਵੀ ਕਿਹਾ ਕਿ ਡਾਕਟਰ ਉਪਰ ਕੋਈ ਕਾਰਵਾਈ ਨਹੀਂ ਕਰਨੀ ਤੂੰ ਸਹੀ ਸਲਾਮਤ ਏਂ, ਪੈਸੇ ਦਾ ਕੀ ਏ, ਬਥੇਰਾ ਆਈ ਜਾਈ ਜਾ ਰਿਹਾ ਹੈ। ਪਰ ਮੈਨੂੰ ਡਾਕਟਰ ਉਪਰ ਇਸ ਗੱਲ ਦਾ ਗਿਲਾ ਸੀ ਕਿ ਡਾਕਟਰ ਨੇ ਆਪਣੇ ਫਰਜ਼ ਤੋਂ ਕੋਤਾਹੀ ਵਰਤੀ ਹੈ। ਮੇਰੇ ਪਰਿਵਾਰ ਨੇ ਮੇਰੇ ਇਲਾਜ ਲਈ ਕਰਜ਼ਾ ਚੁੱਕ ਕੇ ਡਾਕਟਰ ਨੂੰ ਦਿੱਤਾ ਹੈ। ਡਾਕਟਰ ਉਪਰ ਅਗਲੀ ਕਾਰਵਾਈ ਲਈ ਮੈਂ ਆਪਣੇ ਪੱਤਰਕਾਰ ਦੋਸਤਾਂ ਨਾਲ ਮਿਲਕੇ ਬਠਿੰਡਾ ਦੇ ਐਸ. ਐਸ. ਪੀ. ਅੱਗੇ ਪੇਸ਼ ਹੋ ਗਿਆ ਤਾਂ ਉਸ ਨੇ ਥਾਣਾ ਕੋਤਵਾਲੀ ਇੰਚਾਰਜ ਨੂੰ ਮਾਮਲੇ ਦੀ ਜਾਂਚ ਲਈ ਲਿਖ ਦਿੱਤਾ। ਥਾਣਾ ਮੁੱਖੀ ਨੇ ਮੈਨੂੰ ਮਹੀਨੇ ਬਾਅਦ ਸੱਦਿਆ ਤਾਂ ਕਿਹਾ ਕਿ ਅਸੀਂ ਇਸ ਮਾਮਲੇ 'ਚ ਕੁਝ ਨਹੀਂ ਕਰ ਸਕਦੇ। ਕਿਉਂਕਿ ਤੇਰੀ ਸਾਰੀ ਫਾਇਲ ਡਾਕਟਰ ਕੋਲ ਹੈ, ਤੇਰੇ ਕੋਲ ਕੋਈ ਸਬੂਤ ਨਹੀਂ। ਥਾਣਾ ਮੁੱਖੀ ਨੇ ਡਾਕਟਰ ਨੂੰ ਥਾਣੇ ਸੱਦਿਆ ਤਾਂ ਡਾਕਟਰ ਨੇ ਮਾਮਲਾ ਨਿਬੇੜਨ ਲਈ ਮੇਰੇ ਚਾਚੇ ਉਪਰ ਦਬਾਅ ਪਾਇਆ ਅਤੇ ਬਚਣ ਲਈ ਮੇਰੇ ਅਪਰੇਸ਼ਨ ਅਤੇ ਹੋਰ ਖਰਚੇ ਦੀ ਝੂਠੀ ਰਸੀਦ ਪੇਸ਼ ਕਰ ਦਿੱਤੀ, ਜਿਸ ਵਿਚ ਉਸ ਨੇ ਸਿਰਫ਼ ਸੋਲਾਂ ਹਜ਼ਾਰ ਦੀ ਰਸੀਦ ਦਿੱਤੀ ਹੈ। ਜਦੋਂਕਿ ਡਾਕਟਰ ਨੇ ਮੇਰੇ ਪਰਿਵਾਰ ਤੋਂ ਛੁੱਟੀ ਵਾਲੇ ਦਿਨ ਚਾਲੀ ਹਜ਼ਾਰ ਦੇ ਕਰੀਬ ਨਕਦ ਲਿਆ ਸੀ, ਦਵਾਈਆਂ ਦਾ ਖਰਚਾ ਵੱਖਰਾ, ਇਸ ਤੋਂ ਬਾਅਦ ਤਿੰਨ ਮਹੀਨੇ ਹਸਪਤਾਲ ਵਿਚ ਪੱਟੀ ਅਤੇ ਹੋਰ ਖਰਚੇ ਵੱਖਰੇ। ਚਲੋ ਮੇਰੇ ਮੋਢੇ ਦਾ ਅਪਰੇਸ਼ਨ ਠੀਕ ਹੋ ਜਾਂਦਾ ਤਾਂ ਮੈਂ ਇਹ ਸਭ ਭੁੱਲਜਾਂਦਾ ਪਰ ਡਾਕਟਰ ਨੇ ਮੇਰਾ ਸੱਜਾ ਮੋਢਾ ਨਕਾਰਾ ਕਰ ਦਿੱਤਾ ਹੈ। ਮੇਰਾ ਅਪਰੇਸ਼ਨ ਸਹੀ ਨਾ ਹੋਣ ਕਰਕੇ ਹੁਣ ਲੋਹੜੇ ਦੀ ਪੈ ਰਹੀ ਠੰਡ ਕਰਕੇ ਪੂਰੀ ਬਾਂਹ ਦਰਦ ਕਰਦੀ ਹੈ। ਮੈਂ ਕਿਸੇ ਹੋਰ ਡਾਕਟਰ ਨੂੰ ਅਪਰੇਸ਼ਨ ਵਾਲਾ ਮੋਢਾ ਦਿਖਾਇਆ ਤਾਂ ਉਨ੍ਹਾਂ ਕਿਹਾ ਕਿ ਅਪਰੇਸ਼ਨ ਸਹੀ ਨਹੀਂ ਹੋਇਆ। ਮੋਢੇ ਵਿਚ ਅਪਰੇਸ਼ਨ ਦੌਰਾਨ ਪਏ ਸਕਰਿਊ ਕੱਢਣੇ ਪੈਣੇ ਨੇ, ਪਰ ਫੇਰ ਵੀ ਬਾਂਹ ਠੀਕ ਹੋਵੇ ਇਸ ਦੀ ਕੋਈ ਗਾਰੰਟੀ ਨਹੀਂ। ਮੈਂ ਤਿੰਨ ਸਾਲ ਪਹਿਲਾਂ ਮੋਢੇ ਦੇ ਅਪਰੇਸ਼ਨ ਉਪਰ ਲੱਗੇ ਪੈਸੇ ਵੀ ਨਹੀਂ ਮੋੜ ਸਕਿਆ। ਉਪਰੋਂ ਹੋਰ ਖਰਚਾ ਖੜ੍ਹਾ ਹੈ। ਪੁਲਿਸ ਪ੍ਰਸ਼ਾਸ਼ਨ ਨੇ ਡਾਕਟਰ ਉਪਰ ਕੋਈ ਕਾਰਵਾਈ ਨਹੀਂ ਕੀਤੀ। 25 ਦਸੰਬਰ ਨੂੰ ਮੇਰੇ ਚਾਚਾ ਜੀ ਦੀ ਵੀ ਮੌਤ ਹੋ ਗਈ ਹੈ। ਜੇਕਰ ਮੈਨੂੰ ਬੀਮਾ ਕੰਪਨੀ ਵੱਲੋਂ ਮੇਰੇ ਅਪਰੇਸ਼ਨ ਉੱਪਰ ਲੱਗਿਆ ਪੈਸਾ ਮਿਲ ਜਾਂਦਾ ਤਾਂ ਡਾਕਟਰ ਨੂੰ ਕੀ ਨੁਕਸਾਨ ਸੀ।

ਮੈਂ ਹੁਣ ਡਾਕਟਰ ਨੂੰ ਰੱਬ ਦਾ ਰੂਪ ਨਹੀਂ ਬਲਕਿ ਕਸਾਈ ਦਾ ਦਰਜਾ ਦਿੰਦਾ ਹਾਂ ਜੋ ਮਰੀਜ਼ ਨੂੰ ਜੀਵਨ ਦੇਣ ਦੀ ਥਾਂ ਸਰੀਰਕ ਪੱਖੋਂ ਆਪਣੇ ਸਵਾਰਥ ਲਈ ਨਕਾਰਾ ਬਣਾ ਰਿਹਾ ਹੈ। ਐਸੇ ਡਾਕਟਰ ਵੀ ਹਨ ਜੋ ਆਪਣੇ ਫਰਜ਼ ਪ੍ਰਤੀ ਇਮਾਨਦਾਰ ਹਨ। ਡਾਕਟਰ ਗੁਰਦੇਵ ਸਿੰਘ ਜੋ ਇਕ ਗੁਰਸਿੱਖ ਆਪਣੇ ਆਫ਼ਿਸ ਵਿਚ ਗੁਰੂ ਸਾਹਿਬਾਨਾਂ ਦੀਆਂ ਵੱਡ ਅਕਾਰੀ ਤਸਵੀਰਾਂ ਲਗਾਕੇ ਧਰਮ ਦੀ ਆੜ ਹੇਠ ਮਰੀਜ਼ਾਂ ਦੀ ਲੁੱਟ ਕਰ ਰਿਹਾ ਹੈ। ਐਸੇ ਡਾਕਟਰ ਖਿਲਾਫ਼ ਪੁਲਿਸ ਪ੍ਰਸ਼ਾਸ਼ਨ ਵੱਲੋਂ ਕਾਰਵਾਈ ਨਾ ਕਰਨਾ ਵੀ ਪੁਲਿਸ ਪ੍ਰਸ਼ਾਸ਼ਨ ਅੱਗੇ ਵੀ ਪ੍ਰਸ਼ਨ ਚਿੰਨ੍ਹ ਲੱਗਦਾ ਹੈ। ਮੈਂ ਡਾਕਟਰ ਸਾਹਿਬਾਨ ਨੂੰ ਬੇਨਤੀ ਕਰਦਾ ਹਾਂ ਕਿ ਤੁਹਾਡੇ ਵੀ ਬੱਚੇ ਹੋਣਗੇ, ਜੋ ਤੁਸੀਂ ਮਰੀਜ਼ਾਂ ਤੋਂ ਆਪਣੇ ਫਰਜ਼ ਤੋਂ ਕੋਤਾਹੀ ਕਰਕੇ ਮੋਟਾ ਪੈਸਾ ਲੈ ਕੇ ਉਨ੍ਹਾਂ ਦੀ ਲੁੱਟ ਕਰਦੇ ਹੋ, ਇਹ ਤੁਹਾਡੇ ਬੱਚਿਆਂ ਲਈ ਜ਼ਹਿਰ ਹੈ। ਠੀਕ ਹੈ ਤੁਸੀਂ ਡਾਕਟਰੀ ਪੇਸ਼ੇ ਲਈ ਚੰਗੀ ਪੜ੍ਹਾਈ, ਕੋਰਸ ਉਪਰ ਲੱਖਾਂ ਲਾਏ ਹਨ, ਹਸਪਤਾਲਾਂ ਦੇ ਵੀ ਖਰਚੇ ਹਨ ਪਰ ਕੀ ਕਦੇ ਸੋਚਿਆ ਕਿ ਕਿਸੇ ਗਰੀਬ ਜਾਂ ਕਿਸੇ ਬੇਸਹਾਰਾ ਤੋਂ ਇਲਾਜ ਦੇ ਨਾਂਅ ਹੇਠ ਮੋਟੀ ਕਮਾਈ ਕਰ ਰਹੇ ਹੋ, ਇਸ ਕਮਾਈ ਨਾਲ ਤੁਸੀਂ ਆਪਣੇ ਬੱਚਿਆਂ ਨੂੰ ਚੰਗੀ ਪੜ੍ਹਾਈ ਜਾਂ ਕੋਰਸ ਨਹੀਂ ਕਰ ਰਹੇ ਹੋ, ਇਸ ਕਮਾਈ ਨਾਲ ਤੁਸੀਂ ਆਪਣੇ ਬੱਚਿਆਂ ਨੂੰ ਚੰਗੀ ਪੜ੍ਹਾਈ ਜਾਂ ਕੋਰਸ ਨਹੀਂ ਕਰਵਾ ਸਕਦੇ, ਗਰੀਬਾਂ ਦੀ ਰੱਤ ਚੂਸਨਾ ਜ਼ਹਿਰ ਸਾਮਾਨ ਹੈ। ਲੋਕ ਤੁਹਾਨੂੰ ਰੱਬ ਦਾ ਰੂਪ ਸਮਝਦੇ ਹਨ ਤਾਂ ਉਨ੍ਹਾਂ ਦੀਆਂ ਭਾਵਨਾਵਾਂ ਦੀ ਕਦਰ ਕਰਕੇ ਆਪਣਾ ਫਰਜ਼ ਇਮਾਨਦਾਰੀ ਨਾਲ ਨਿਭਾਓ।



**ਵੇਰਵਾ : ਗੁਰਨੈਬ ਸਾਜਨ ਦਿਓਣ**

# ਦੁਨੀਆਂ ਦਾ ਅਨੋਖਾ ਯੂਰਪੀਅਨ ਦੇਸ਼ 'ਆਸਟਰੀਆ'



- ਹਰਦੀਪ ਸਿੰਘ ਮਾਨ

ਆਓ ਇਕ ਅਜਿਹੇ ਦੇਸ਼ ਦੀ ਕਲਪਨਾ ਕਰੀਏ ਜਿਸ ਵਿਚ ਧਰਮ-ਨਿਰਪੱਖਤਾ, ਇਨਸਾਨੀ-ਬਰਾਬਰੀ, ਕਾਨੂੰਨ ਦੀ ਪਾਲਣਾਂ, ਮਨੁੱਖੀ ਅਜ਼ਾਦੀ ਅਤੇ ਹਰ ਅਦਾਰੇ ਤੇ ਨਿਯੰਤਰਣ ਹੋਵੇ, ਜਿੱਥੇ ਸਰਕਾਰੀ ਜਾਂ ਗ਼ੈਰ-ਸਰਕਾਰੀ ਅਦਾਰੇ ਰੰਗ, ਨਸਲ, ਮਜ਼੍ਹਬ ਅਤੇ ਵੱਖਰੀ ਦਿੱਖ ਦੇ ਆਧਾਰ ਤੋਂ ਬਿਨਾਂ ਕੰਮ ਕਰਨ। ਜੇ ਦੂਜੇ ਸ਼ਬਦਾਂ ਵਿਚ ਕਹੀਏ, ਇਕ ਆਮ ਨਾਗਰਿਕ ਆਪਣੇ ਦੇਸ਼ ਜਾਂ ਸ਼ਹਿਰ ਤੋਂ ਸ਼ੁੱਧ ਹਵਾ-ਪਾਣੀ, ਸੁਰੱਖਿਅਤ-ਜੀਵਨ, ਰੋਜ਼ਗਾਰ, ਸਰਕਾਰੀ ਸਹੂਲਤਾਂ, ਬੁਨਿਆਦੀ ਹੱਕ, ਸ਼ਾਂਤੀ ਅਤੇ ਇਨਸਾਫ਼ ਦੀ ਉਮੀਦ ਰੱਖਦਾ ਹੈ। ਹੁਣ ਦੇਖਦੇ ਹਾਂ, ਕੀ ਇਹ ਸਾਰੀਆਂ ਖ਼ੂਬੀਆਂ ਆਸਟਰੀਆ ਦੇਸ਼ ਵਿਚ ਹਨ?

ਆਸਟਰੀਆ:

ਆਸਟਰੀਆ, ਸੰਸਾਰ ਦੇ ਨਕਸ਼ੇ ਉੱਪਰ ਇਕ ਛੋਟਾ ਜਿਹਾ ਦਿਸਣ ਵਾਲਾ ਦੇਸ਼ ਅੱਜ ਤੋਂ 92 ਸਾਲ ਪਹਿਲਾਂ ਬਹੁਤ ਵੱਡਾ ਹੁੰਦਾ ਸੀ। ਪੂਰੇ ਦੇ ਪੂਰੇ ਦੇਸ਼ ਚੈਕੋ, ਸਲਾਵਾਕੀਆ, ਹੰਗਰੀ, ਸਲਵੇਨੀਆ, ਲਿਖਤਨਸਟਾਈਨ ਅਤੇ ਕੁਝ ਇਲਾਕੇ ਰੁਮਾਨੀਆ, ਇਟਲੀ, ਪੋਲੈਂਡ ਅਤੇ ਯੂਕਰੇਨ ਦੇ ਆਸਟਰੀਆ ਵਿਚ ਸ਼ਾਮਲ ਸਨ। ਆਸਟਰੀਆ ਵਾਰੇ ਬਹੁਤੇ ਲੋਕਾਂ ਨੂੰ ਜਾਣਕਾਰੀ ਨਾ ਹੋਣ ਕਰਕੇ ਉਹ ਇਸ ਨੂੰ ਆਸਟਰੇਲੀਆ ਨਾਂਵ ਤੇ ਬਦਲ ਦਿੰਦੇ ਹਨ। ਆਸਟਰੀਆ ਦਾ ਖ਼ੇਤਰਫਲ 83,858 ਵਰਗ ਕਿਲੋਮੀਟਰ ਹੈ, ਭਾਵ ਭਾਰਤ ਦਾ ਇਕ ਰਾਜ 'ਅਰੁਣਾਚਲ ਪ੍ਰਦੇਸ਼' ਪੂਰੇ ਆਸਟਰੀਆ ਦੇ ਬਰਾਬਰ ਹੈ। ਆਸਟਰੀਆ ਦੇ 9 ਰਾਜ ਹਨ। 'ਵਿਆਨਾ' ਆਸਟਰੀਆ ਦੀ ਰਾਜਧਾਨੀ ਹੈ। ਆਸਟਰੀਆ ਦੇ ਅੱਠ ਗੁਆਢੀ ਦੇਸ਼ਾਂ ਦੇ ਨਾਮ ਜਰਮਨੀ, ਸਵਿਟਜ਼ਰਲੈਂਡ, ਲਿਖਤਨਸਟਾਈਨ, ਇਟਲੀ, ਸਲਵੇਨੀਆ, ਹੰਗਰੀ, ਸਲਾਵਾਕੀਆ ਅਤੇ ਚੈਕੋ ਹਨ। ਇਸ ਦੇਸ਼ ਦਾ ਕਾਨੂੰਨੀ ਕੋਈ ਧਰਮ ਨਹੀਂ। ਵੈਸੇ, ਆਸਟਰੀਆ ਵਿਚ 78% ਕੈਥੋਲਿਕ, 5% ਪ੍ਰੋਟੈਸਟੈਂਟ, 2% ਮੁਸਲਮ ਧਰਮ ਦੇ ਲੋਕ ਰਹਿੰਦੇ ਹਨ। ਇੱਥੋਂ ਦੀ ਬੋਲੀ ਨੂੰ ਅੰਗ੍ਰੇਜ਼ੀ ਵਿਚ 'ਜਰਮਨ' ਅਤੇ ਜਰਮਨ ਵਿਚ 'ਡੁਚ' ਕਹਿੰਦੇ ਹਨ, ਭਾਵ ਇਸ ਦੇਸ਼ ਨੂੰ ਅੰਗ੍ਰੇਜ਼ੀ ਵਿਚ 'ਆਸਟਰੀਆ' ਅਤੇ ਜਰਮਨ ਜਾਂ ਡੁਚ ਵਿਚ 'ਉਸਟਰਾਹੀਖ਼' ਕਹਿੰਦੇ ਹਨ, ਇਸੇ ਤਰ੍ਹਾਂ ਹੀ ਰਾਜਧਾਨੀ ਨੂੰ ਅੰਗ੍ਰੇਜ਼ੀ ਵਿਚ 'ਵਿਆਨਾ' ਅਤੇ ਜਰਮਨ ਜਾਂ ਡੁਚ ਵਿਚ 'ਵੀਨ' ਕਹਿੰਦੇ ਹਨ।

ਸਰਵੇਖਣਾਂ ਅਨੁਸਾਰ ਆਸਟਰੀਆ ਵਿਚ ਜ਼ਿਆਦਾਤਰ ਮਰਦ 75 ਸਾਲ ਅਤੇ ਔਰਤਾਂ 81 ਸਾਲ ਤੱਕ ਉਮਰ ਭੋਗਦੀਆਂ ਹਨ। ਆਸਟਰੀਆ ਵਿਚ ਸਿਰਫ਼ ਚਾਰ ਰਾਜਨੀਤਿਕ ਪਾਰਟੀਆਂ ਤਾਕਤ ਵਿਚ ਹਨ। ਆਸਟਰੀਅਨ ਨਾਗਰਿਕ ਨੂੰ ਆਮ ਤੌਰ ਤੇ 20% ਟੈਕਸ ਦੇਣਾਂ ਪੈਂਦਾ ਹੈ। ਆਸਟਰੀਆ ਦੀ ਤਰੱਕੀ ਦਾ ਰਾਜ ਇੱਥੇ ਵੱਡੀ ਗਿਣਤੀ ਵਿਚ ਸੈਲਾਨੀਆਂ ਦਾ ਆਉਣਾਂ ਹੈ। ਸਾਲ ਦੇ 1.5 ਮਿਲੀਅਨ ਸੈਲਾਨੀ ਇੱਕਲੇ ਵਿਆਨਾ ਨੂੰ ਦੇਖਣ ਆਉਂਦੇ ਹਨ ਅਤੇ ਇਹ ਗਿਣਤੀ ਹਰ ਸਾਲ ਵੱਧ ਵੀ ਜਾਂਦੀ ਹੈ। ਆਸਟਰੀਆ ਵੀ ਦੇਸ਼ ਬਾਰੇ ਮਸ਼ਹੂਰੀ ਅਤੇ ਸੈਲਾਨੀਆਂ ਦੀ ਮੰਗਾਂ ਨੂੰ ਪੂਰੀਆਂ ਕਰਨ ਵਿਚ ਕੋਈ ਕਸਰ ਨਹੀਂ ਛੱਡਦਾ। ਇਸ ਦੇਸ਼ ਨੇ ਹਰ ਤਰ੍ਹਾਂ ਦੇ ਮਹਾਨ ਵਿਅਕਤੀ ਪੈਦਾ ਕੀਤੇ ਜਿਵੇਂ ਅਭਿਨੇਤਾ, ਖਿਡਾਰੀ, ਲੇਖਕ, ਸੰਗੀਤਕਾਰ ਵਗੈਰਾ ਵਗੈਰਾ, ਜਿਨ੍ਹਾਂ ਨੇ ਸੰਸਾਰ ਭਰ ਵਿਚ ਆਸਟਰੀਆ ਦਾ ਨਾਮ ਉੱਚਾ ਕੀਤਾ ਅਤੇ ਕਰ ਰਹੇ ਹਨ। ਮਸ਼ਹੂਰ ਅਭਿਨੇਤਾ 'ਆਰਨੋਲਡ ਸਵਾਰਚੇਨੀਗਰ', ਜਿਸ ਨੇ 'ਕਮਾਡੋ'




ਅਤੇ 'ਦਾ ਟਰਮੀਨੇਟਰ' ਵਰਗੀਆਂ ਅੰਗ੍ਰੇਜ਼ੀ ਫਿਲਮਾਂ ਵਿਚ ਕੰਮ ਕੀਤਾ ਅਤੇ ਹੁਣ ਵੀ ਉਸ ਦੀਆਂ ਨਵੀਆਂ ਫਿਲਮਾਂ ਆ ਰਹੀਆਂ ਹਨ, ਉਸ ਦਾ ਜਨਮ ਆਸਟਰੀਆ ਦੇ ਇਕ ਸ਼ਹਿਰ 'ਗਰਾਸ' ਵਿਚ ਹੀ ਹੋਇਆ ਹੈ। ਆਸਟਰੀਆ ਦੇ ਇਕ ਸੰਸਾਰ ਪ੍ਰਸਿੱਧ ਖਿਡਾਰੀ ਦਾ ਨਾਮ 'ਹਰਮਨ ਮਾਅਰ' ਹੈ, ਜਿਸ ਨੇ ਸਰਦੀ-ਰੁੱਤ ਦੀਆਂ ਖੇਡਾਂ ਵਿਚ ਆਸਟਰੀਆ ਲਈ ਕਈ ਸੋਨੇ ਦੇ ਤਮਗੇ ਜਿੱਤੇ। ਜਿਸ ਤਰ੍ਹਾਂ ਆਰਨੋਲਡ ਨੂੰ ਲੋਕੀਂ ਪਿਆਰ ਨਾਲ 'ਟਰਮੀਨੇਟਰ' ਕਹਿੰਦੇ ਹਨ, ਉਸੇ ਤਰ੍ਹਾਂ ਹਰਮਨ ਨੂੰ 'ਹਰਮੀਨੇਟਰ' ਕਹਿੰਦੇ ਹਨ।

ਆਬਾਦੀ ਘੱਟ ਹੋਣ ਕਰਕੇ ਹਰ ਆਸਟਰੀਅਨ ਨਾਗਰਿਕਤਾ ਪ੍ਰਾਪਤ ਮਰਦ ਨੂੰ 18 ਤੋਂ 35 ਸਾਲ ਦੀ ਉਮਰ ਦੇ ਵਿਚ 8 ਮਹੀਨੇ ਫ਼ੌਜ ਦੀ ਸਿਖਲਾਈ ਲਈ ਜਾਣਾਂ ਪੈਂਦਾ ਹੈ, ਤਾਂਕਿ ਲੜਾਈ ਲੱਗਣ ਤੇ ਸਾਰੇ ਮਰਦ ਆਪਣੇ ਕੰਮ-ਕਾਰ ਛੱਡ ਕੇ ਦੇਸ਼ ਲਈ ਲੜਨ ਲਈ ਪਹਿਲਾਂ ਤੋਂ ਹੀ ਤਿਆਰ ਰਹਿਣ। ਔਰਤਾਂ ਫ਼ੌਜੀ ਸਿਖਲਾਈ ਜਾਂ ਫ਼ੌਜ ਵਿਚ ਭਰਤੀ ਹੋਣ ਲਈ ਸਵੈ-ਇਛੁਕ ਜਾ ਸਕਦੀਆਂ ਹਨ, ਪਰ ਸਰੀਰਕ ਅਤੇ ਮਾਨਸਿਕ ਤੌਰ ਤੇ ਸੰਪੂਰਨ ਮਰਦਾਂ ਨੂੰ ਕਾਨੂੰਨੀ ਜਾਣਾਂ ਪੈਂਦਾ ਹੈ। ਫ਼ੌਜੀ ਸਿਖਲਾਈ ਦੌਰਾਨ ਸਰਕਾਰੀ ਬਿੱਲ ਮਾਫ਼ ਕਰ ਦਿੱਤੇ ਜਾਂਦੇ ਹਨ ਅਤੇ ਫ਼ੌਜੀ ਦੇ ਖਰਚਿਆਂ ਅਨੁਸਾਰ ਮਾਲੀ ਮਦਦ ਵੀ ਦਿੱਤੀ ਜਾਂਦੀ ਹੈ। ਆਸਟਰੀਆ ਵਿਚ 6 ਤੋਂ 15 ਸਾਲ ਦੀ ਉਮਰ ਦੇ ਬੱਚਿਆਂ ਦਾ ਸਕੂਲੇ ਜਾਣਾਂ ਜ਼ਰੂਰੀ ਹੈ। ਇੱਥੇ ਸਰਕਾਰੀ ਸਕੂਲਾਂ ਦੀ ਪੜ੍ਹਾਈ ਮੁਫ਼ਤ ਹੈ, ਸਿਰਫ਼ ਕਿਤਾਬਾਂ ਦੀ 10% ਕੀਮਤ ਦੇਣੀ ਪੈਂਦੀ ਹੈ, ਪਰ ਉਨੀ ਕੁ ਸਰਕਾਰ ਵਲੋਂ ਵੀ ਮਾਲੀ ਮਦਦ ਮਿਲ ਜਾਂਦੀ ਹੈ। ਯੂਨੀਵਰਸਿਟੀ ਵਿਚ ਪੜ੍ਹਨਾਂ ਵੀ ਇਸੇ ਤਰ੍ਹਾਂ ਹੀ ਹੈ, ਸਰਕਾਰ ਪੜ੍ਹਾਈ ਦਾ ਖ਼ਰਚਾ ਇਕ ਹੱਥ ਦੇ ਕੇ ਦੂਜੇ ਹੱਥ ਲੈ ਲੈਂਦੀ ਹੈ। ਵਿਦਿਆਰਥੀਆਂ ਨੂੰ ਹੋਰ ਬਹੁਤ ਸਾਰੀਆਂ ਸਹੂਲਤਾਂ ਮਿਲਦੀਆਂ ਹਨ, ਜਿਵੇਂ ਜਨਤਕ ਗੱਡੀਆਂ ਦੇ ਪਾਸ ਵਿਚ ਛੋਟ।

ਆਸਟਰੀਆ ਵਿਚ ਪਿਛਲੇ ਕੁਝ ਸਾਲਾਂ ਤੋਂ ਬਹੁਤ ਘੱਟ ਬੱਚੇ ਪੈਦਾ ਕੀਤੇ ਜਾ ਰਹੇ ਹਨ, ਸਾਲ 2001 ਵਿਚ ਪਿਛਲੇ ਸਾਲ ਨਾਲੋਂ 3000 ਬੱਚੇ ਘੱਟ ਪੈਦਾ ਹੋਏ, ਇਸ ਲਈ ਸਰਕਾਰ ਦੇਸ਼ ਦੇ ਭਵਿੱਖ ਲਈ ਬਹੁਤ ਚਿੰਤਕ ਹੈ। ਕਿਉਂਕਿ ਜੇ ਦੇਸ਼ ਦੀ ਆਬਾਦੀ ਵਿਚ ਵਾਧਾ ਨਹੀਂ ਹੁੰਦਾ ਜਾਂ ਬਹੁਤ ਹੌਲੀ ਹੁੰਦਾ ਹੈ ਤਾਂ ਪੈਨਸ਼ਨਾਂ ਕੌਣ ਭਰੇਗਾ? ਚਿੰਤਕਾਂ ਨੂੰ ਡਰ ਹੈ ਕਿ ਜੇ ਆਬਾਦੀ ਵਿਚ ਵਾਧਾ ਨਹੀਂ ਹੋਇਆ ਤਾਂ ਸਾਲ 2035 ਵਿਚ ਪੈਨਸ਼ਨਾਂ ਦੇਣੀਆਂ ਅਸੰਭਵ ਹੋ ਜਾਣਗੀਆਂ। ਇਸੇ ਕਰਕੇ ਵੱਧ ਤੋਂ ਵੱਧ ਬੱਚੇ ਪੈਦਾ ਕਰਨ ਦਾ ਲਾਲਚ ਦਿੱਤਾ ਜਾ ਰਿਹਾ ਹੈ, ਜਿਵੇਂ ਸਰਕਾਰ ਵਲੋਂ ਬੱਚਿਆਂ ਦੇ ਪਾਲਣ-ਪੋਸ਼ਣ ਲਈ ਮਾਲੀ ਮਦਦ ਦੇਣੀ, ਮਾਂ ਕੋਲੋਂ ਬੱਚੇ ਦੇ ਬਾਪ ਦਾ ਨਾਮ ਨਾ ਪੁੱਛਣਾਂ। ਹੋਰ ਵਿਕਸਿਤ ਦੇਸ਼ ਵਾਂਗ ਇੱਥੇ ਵੀ ਬੱਚਿਆਂ ਨੂੰ ਮਾਰਨਾ-ਕੁੱਟਣਾਂ ਕਾਨੂੰਨੀ ਜ਼ੁਲਮ ਹੈ। ਸਕੂਲਾਂ ਵਿਚ ਸਮੇਂ ਸਮੇਂ ਤੇ ਬੱਚਿਆਂ ਦੀ ਸਰੀਰਕ ਅਤੇ ਮਾਨਸਿਕ ਜਾਂਚ ਕੀਤੀ ਜਾਂਦੀ ਹੈ। ਮਾਂ-ਬਾਪ ਨੂੰ ਵੀ ਬੱਚੇ ਦੇ ਪਾਲਣ-ਪੋਸ਼ਣ ਲਈ ਸਰਕਾਰ ਵਲੋਂ ਵੀ ਮਾਲੀ ਮਦਦ ਦੇ ਨਾਲ ਨਾਲ ਸਖ਼ਤ ਹਦਾਇਤਾਂ ਵੀ ਦਿੱਤੀਆਂ ਜਾਂਦੀਆਂ ਹਨ। ਰਾਤਾਂ ਨੂੰ ਛੋਟੀ ਉਮਰ ਦੇ ਬੱਚਿਆਂ ਨੂੰ ਨਾਲ ਲੈ ਕੇ ਘੁੰਮਣਾਂ ਮਨ੍ਹਾਂ ਹੈ। ਹੋਰ ਜੋ ਸਭ ਕੁਝ ਬਾਕੀ ਵਿਕਸਿਤ ਦੇਸ਼ਾਂ ਵਿਚ ਹੁੰਦਾ ਹੈ, ਉਹ ਇੱਥੇ ਵੀ ਹੁੰਦਾ ਹੈ। ਇੱਥੇ ਵੀ ਜਵਾਨ ਮੁੰਡੇ-ਕੁੜੀਆਂ ਨੂੰ ਹੱਦੋਂ ਵੱਧ ਆਜ਼ਾਦੀ ਹੈ। ਸੜਕਾਂ ਤੇ ਨੰਗੇਜ਼ਵਾਦ ਅਤੇ ਮੁੰਡੇ-ਕੁੜੀਆਂ ਦੀਆਂ ਅਸ਼ਲੀਲ ਹਰਕਤਾਂ ਆਮ ਦੇਖਣ 'ਚ ਆਉਂਦੀਆਂ ਹਨ। ਕੁੜੀਆਂ 22 ਸਾਲਾਂ ਦੀਆਂ ਹੋ ਕੇ ਪਰਿਵਾਰ ਨਾਲੋਂ ਵੱਖ ਹੋ ਕੇ ਰਹਿਣ ਲੱਗ ਪੈਂਦੀਆਂ ਹਨ ਅਤੇ ਮੁੰਡੇ 24 ਸਾਲ ਦੇ। ਵਿਆਨਾ ਵਿਚ 44.5% ਲੋਕ ਇੱਕਲੇ ਰਹਿ ਰਹੇ ਹਨ। ਇੱਥੇ ਵੀ ਬੰਦੇ ਬੰਦਿਆਂ ਨਾਲ ਵਿਆਹ ਕਰਵਾਈ ਜਾ ਰਹੇ ਹਨ ਅਤੇ ਔਰਤਾਂ ਔਰਤਾਂ ਨਾਲ। ਅਣ-ਵਿਆਹੇ ਇੱਕਠਿਆਂ ਰਹਿਣ ਦਾ ਰੁਝਾਨ ਵੱਧ ਰਿਹਾ ਹੈ। ਆਸਟਰੀਆ ਵਿਚ ਸਾਲ 2001 ਪੈਦਾ ਹੋਏ ਹਰ ਤੀਜੇ ਬੱਚੇ ਦੇ ਮਾਂ-ਬਾਪ ਅਣ-ਵਿਆਹੇ ਹਨ।

ਆਬਾਦੀ: ਇਸ ਦੇਸ਼ ਦੀ ਜਨਸੰਖਿਆ ਸਾਲ 2001 ਦੇ ਸਰਕਾਰੀ ਅੰਕੜਿਆਂ ਅਨੁਸਾਰ 80,65,465 ਸੀ। ਹੈਰਾਨੀ ਦੀ ਗੱਲ ਹੈ ਕਿ ਇਸ ਦੇ ਸਾਰੇ ਹੀ ਰਾਜਾਂ ਵਿਚ ਔਰਤਾਂ ਦੀ ਗਿਣਤੀ ਜ਼ਿਆਦਾ ਹੈ। ਇਕੱਲੇ ਵਿਆਨਾ ਸ਼ਹਿਰ ਵਿਚ ਮਰਦਾਂ ਨਾਲੋਂ 86,000 ਜ਼ਿਆਦਾ ਔਰਤਾਂ ਰਹਿ ਰਹੀਆਂ ਹਨ, ਕੁਝ ਲੋਕਾਂ ਲਈ ਸ਼ਾਇਦ ਇਹ ਸਵਰਗ ਦੀ ਕਲਪਨਾ ਹੋਵੇਗੀ। ਮਰਦਾਂ ਅਤੇ ਔਰਤਾਂ ਦਾ ਵੱਡੀ ਗਿਣਤੀ ਵਿਚ ਇਹ ਅੰਤਰ ਸੰਸਾਰ ਯੁੱਧਾਂ ਵਿਚ ਬਹੁਤੇ ਮਰਦਾਂ ਦਾ ਮਾਰੇ ਜਾਣਾ ਅਤੇ ਵਿਕਸਿਤ ਸਮਾਜ ਵਿਚ ਧੀ-ਪੁੱਤਰ ਨੂੰ ਇਕ ਬਰਾਬਰ ਸਮਝਣਾਂ ਹੈ। ਪਿਛਲੇ ਦਸ ਸਾਲਾਂ ਵਿਚ ਆਸਟਰੀਆ ਦੀ ਆਬਾਦੀ 3.5% ਵਧੀ ਹੈ। ਸਾਰੇ ਆਸਟਰੀਆ ਵਿਚ 9.3% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ, ਜੋ ਕਿ ਯੂਰਪੀਅਨ ਯੂਨੀਅਨ ਦੇਸ਼ਾਂ ਨਾਲੋਂ ਸਭ ਤੋਂ ਵੱਧ ਹੈ। ਪ੍ਰਵਾਸੀਆਂ ਵਿਚ ਜ਼ਿਆਦਾ ਯੂਗੋ, ਸਲਾਵੀਅਨ, ਟੁਰਕੀ ਅਤੇ ਪੋਲੈਂਡੀਅਨ ਹਨ।

ਅਖ਼ਬਾਰਾਂ ਵੇਚਣ ਦੇ ਕੰਮ ਲਈ ਵਿਸ਼ੇਸ਼ ਵੀਜ਼ੇ ਖੁਲ੍ਹਣ ਕਰਕੇ ਸਾਲ 1980 ਵਿਚ ਭਾਰਤੀਆ ਨੇ ਆਸਟਰੀਆ ਆਉਣਾਂ ਸ਼ੁਰੂ ਕੀਤਾ। ਆਸਟਰੀਆ ਵਿਚ ਸਾਲ 2001 ਵਿਚ 5127 ਭਾਰਤੀ ਨਾਗਰਿਕਤਾ ਵਾਲੇ ਦਰਜ ਸਨ। ਪਿਛਲੇ ਸਾਲ 91 ਭਾਰਤੀ ਬੱਚਿਆਂ ਨੇ ਆਸਟਰੀਆ ਵਿਚ ਜਨਮ ਲਿਆ। 678 ਭਾਰਤੀਆਂ ਨੇ ਸਾਲ 2001 ਵਿਚ ਆਸਟਰੀਅਨ ਪਾਸਪੋਰਟ ਲਏ, ਜਿਨ੍ਹਾਂ ਵਿਚੋਂ ਜ਼ਿਆਦਾਤਰ ਔਰਤਾਂ ਅਤੇ ਬੱਚੇ ਸਨ। ਸਰਕਾਰੀ ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ ਆਸਟਰੀਆ ਦੇ ਸਾਰੇ ਰਾਜਾਂ ਵਿਚ ਆਪਣੇ ਭਾਰਤੀ ਹਨ, ਪਰ ਵੱਡੀ ਗਿਣਤੀ, ਸਾਲ 2001 ਵਿਚ 3756 ਭਾਰਤੀ ਨਾਗਰਿਕਤਾ ਵਾਲੇ, ਵਿਆਨਾ ਵਿਚ ਹੀ ਹੈ। ਜੇ ਸਾਰੇ ਆਸਟਰੀਆ ਵਿਚ ਸਾਲ 1979 ਤੋਂ ਲੈ ਕੇ ਸਾਲ 2001 ਤੱਕ ਭਾਰਤੀ ਪਾਸਪੋਰਟਾਂ ਨੂੰ ਦੇ ਕੇ ਆਸਟਰੀਅਨ ਪਾਸਪੋਰਟ ਲੈਣ ਵਾਲਿਆਂ ਦੀ ਗਿਣਤੀ ਦਾ ਕੁਲ ਜੋੜ ਲਾਈਏ ਤਾਂ ਇਹ 5670 ਬਣਦੀ ਹੈ। ਜ਼ਿਆਦਾਤਰ ਪੰਜਾਬ ਅਤੇ ਕੇਰਲਾ ਤੋਂ ਭਾਰਤੀ ਆਸਟਰੀਆ ਵਿਚ ਹਨ। ਦੇਖਣ ਵਿਚ ਆਇਆ ਹੈ ਕਿ ਇੱਥੇ ਹੋਰ ਦੇਸ਼ਾਂ ਦੇ ਨਾਗਰਿਕਾਂ ਨਾਲੋਂ ਭਾਰਤੀਆਂ ਨੂੰ ਵੀਜ਼ੇ ਅਤੇ ਆਸਟਰੀਅਨ ਪਾਸਪੋਰਟ ਸੌਖੇ ਅਤੇ ਛੇਤੀ ਮਿਲ ਜਾਂਦੇ ਹਨ। ਸ਼ਾਇਦ ਇਨ੍ਹਾਂ ਨੂੰ ਭਾਰਤੀਆਂ ਦੇ ਮਿਹਨਤੀ, ਅਮਨਪਸੰਦ ਅਤੇ ਖੁਲ੍ਹੇ ਸੁਭਾਅ ਵਾਰੇ ਪਤਾ ਹੈ। ਸਾਲ 2001 ਵਿਚ 429 ਭਾਰਤੀ ਆਸਟਰੀਆ ਛੱਡ ਕੇ ਚਲੇ ਗਏ। ਸਰਕਾਰੀ ਅੰਕੜਿਆਂ ਅਨੁਸਾਰ ਸਾਲ 1978 ਵਿਚ ਪਹਿਲੀ ਬਾਰ 8 ਭਾਰਤੀਆਂ ਨੇ ਆਸਟਰੀਅਨ ਸਿਆਸੀ-ਪਨਾਹ ਲਈ ਸੀ, ਪਰ ਸਾਲ 2000 ਵਿਚ ਇਹ ਵਧ ਕੇ 2441 ਹੋ ਗਈ। ਸਾਲ 2001 ਵਿਚ 1804 ਭਾਰਤੀ ਸਿਆਸੀ ਪਨਾਹਗੀਰ ਸਨ। ਸਭ ਤੋਂ ਵੱਧ ਇੱਥੇ ਅਫ਼ਗਾਨਿਸਤਾਨ ਅਤੇ ਇਰਾਨ ਤੋਂ ਲੋਕ ਸਿਆਸੀ ਪਨਾਹ ਲਈ ਆਉਂਦੇ ਹਨ।

ਵਿਆਨਾ: ਕਿਉਂਕਿ ਹਰ ਦੇਸ਼ ਦੀ ਰਾਜਧਾਨੀ ਉਸ ਦੇਸ਼ ਦਾ ਕੇਂਦਰੀ ਧੁਰਾ ਹੁੰਦਾ ਹੈ, ਇਸ ਕਰਕੇ 'ਵਿਆਨਾ' ਬਾਰੇ ਵਿਸਥਾਰਪੂਰਕ ਦੱਸਦੇ ਹਾਂ। ਵਿਆਨਾ ਵਿਚ ਰੋਜ਼ਗਾਰ ਦੇ ਸਾਧਨ ਜ਼ਿਆਦਾ ਹੋਣ ਕਰਕੇ ਇੱਥੇ ਸੰਸਾਰ ਦੇ ਸਾਰੇ ਦੇਸ਼ਾਂ ਦੇ ਲੋਕ ਰਹਿੰਦੇ ਹਨ। ਸਾਲ 2001 ਵਿਚ ਸਿਰਫ਼ 6.1% ਨਾਗਰਿਕ ਆਸਟਰੀਆ ਵਿਚ ਬੇਰੁਜ਼ਗਾਰ ਸਨ। ਭਾਵੇਂ ਵਿਆਨਾ ਆਸਟਰੀਆ ਦੇ ਬਾਕੀ ਰਾਜਾਂ ਨਾਲੋਂ ਸਭ ਤੋਂ ਛੋਟਾ ਹੈ, ਪਰ ਰਾਜਧਾਨੀ ਹੋਣ ਕਰਕੇ ਇਸ ਦੀ ਆਬਾਦੀ (15,62,482) ਬਾਕੀ ਰਾਜਾਂ ਨਾਲੋਂ ਜ਼ਿਆਦਾ ਹੈ, ਇਸੇ ਕਰਕੇ ਹੀ ਸਾਰੇ ਰਾਜਾਂ ਨਾਲੋਂ ਵੱਧ ਵਿਆਨਾ ਦੇ 17.7% ਲੋਕਾਂ ਕੋਲ ਆਸਟਰੀਅਨ ਨਾਗਰਿਕਤਾ ਨਹੀਂ ਹੈ।

ਵਿਆਨਾ ਵਿਚ ਜਗ੍ਹਾ ਥੋੜ੍ਹੀ ਅਤੇ ਆਬਾਦੀ ਜ਼ਿਆਦਾ ਹੋਣ ਕਰਕੇ ਜ਼ਿਆਦਾਤਰ ਲੋਕ ਫਲੈਟਾਂ (ਬਿਲਡਿੰਗਾਂ) ਵਿਚ ਰਹਿੰਦੇ ਹਨ, ਸਿਰਫ਼ 8.1% ਲੋਕ ਆਪਣੇ ਘਰਾਂ (ਹਾਊਸ) ਵਿਚ ਰਹਿੰਦੇ ਹਨ। ਵਿਆਨਾ ਦੇ ਫਲੈਟਾਂ ਦੀ ਕੀਮਤ ਲਗਪਗ ਇੰਗਲੈਂਡ ਦੇ ਘਰਾਂ ਜਿੰਨੀ ਹੈ। ਆਸਟਰੀਆ ਵਿਚ ਕੰਮ ਕਰਨ ਵਾਲਿਆਂ ਨੂੰ ਸਾਲ ਦੀਆਂ ਚੌਦਾਂ ਤਨਖ਼ਾਹਾਂ ਮਿਲਦੀਆਂ ਹਨ ਅਤੇ ਸਾਲ ਦੀਆਂ 15 ਸਰਕਾਰੀ ਛੁੱਟੀਆਂ ਹੁੰਦੀਆਂ ਹਨ। ਵਧੇਰੇ ਸਰਕਾਰੀ ਛੁੱਟੀਆਂ ਦੀ ਗਿਣਤੀ ਵਿਚ ਵੀ ਆਸਟਰੀਆ ਮੋਹਰੀ ਦੇਸ਼ਾਂ ਵਿਚ ਆਉਂਦਾ ਹੈ। ਇਸ ਤੋਂ ਇਲਾਵਾ ਕਾਮਾਂ ਤਨਖ਼ਾਹ ਤੇ ਸਾਲ ਵਿਚ ਪੰਜ ਹਫ਼ਤੇ ਦੀਆਂ ਛੁੱਟੀਆਂ ਲੈ ਸਕਦਾ ਹੈ। ਵਿਆਨਾ ਦੀ ਸਫ਼ਾਈ ਦੀ ਗੱਲ ਕਰੀਏ ਤਾਂ ਇੱਥੇ ਹਰ ਤਰ੍ਹਾਂ ਦੇ ਕੂੜੇ ਲਈ ਵੱਖਰਾ ਕੂੜੇਦਾਨ ਹੈ। ਜ਼ਿਆਦਾਤਰ ਬਹੁ-ਮੰਜ਼ਿਲੀ ਇਮਾਰਤਾਂ ਵਿਚ ਦੋ ਤਰ੍ਹਾਂ ਦੇ ਕੂੜੇਦਾਨ ਹੁੰਦੇ ਹਨ। ਇਕ ਵਿਚ ਕਾਗਜ਼ ਅਤੇ ਦੂਸਰੇ ਵਿਚ ਸਭ ਕੁਝ ਸੁੱਟ ਸਕਦੇ ਹੋ। ਬਿਲਡਿੰਗਾਂ ਤੋਂ ਕੁਝ ਦੂਰੀ ਤੇ ਛੇ ਤਰ੍ਹਾਂ ਦੇ ਕੂੜੇਦਾਨ ਰੱਖੇ ਹੁੰਦੇ ਹਨ, ਜਿਨ੍ਹਾਂ ਵਿਚ ਪਲਾਸਟਿਕ, ਫੁੱਲ-ਬੂਟੇ, ਰੰਗੀਨ ਕੱਚ, ਚਿੱਟਾ ਕੱਚ, ਲੋਹਾ ਅਤੇ ਕੱਪੜੇ ਸੁੱਟੇ ਜਾਂਦੇ ਹਨ।



ਕਥਾ ਪ੍ਰਵਾਹ

# ਤਿੰਨ ਬਹਾਦਰ

-ਬਲਦੇਵ ਸਿੰਘ ਸਿੱਧੂ

ਜੇ ਅਸੀਂ ਵਿਸ਼ਵ ਦੇ ਇਤਿਹਾਸ ਦੇ ਪੰਨੇ ਵੇਖੀਏ-ਪੜ੍ਹੀਏ ਤਾਂ ਹਰੇਕ ਦੇਸ਼ ਅਤੇ ਕੌਮ ਦਾ ਇਤਿਹਾਸ ਵੀਰਾਂ-ਬਹਾਦਰਾਂ ਦੀਆਂ ਕਹਾਣੀਆਂ ਨਾਲ ਭਰਿਆ ਹੋਇਆ ਹੈ। ਹਰ ਕਾਲ ਤੇ ਯੁੱਗ ਵਿੱਚ ਅਜਿਹੇ ਸੂਰਮੇ ਹੋਏ ਹਨ ਜਿਨ੍ਹਾਂ ਨੇ ਆਪਣੇ ਸਾਹਸ ਭਰੇ ਕਾਰਨਾਮਿਆਂ ਨਾਲ ਲੋਕਾਂ 'ਚ ਉਤਸ਼ਾਹ ਪੈਦਾ ਕਰ ਕੇ ਉਨ੍ਹਾਂ ਨੂੰ ਪ੍ਰੇਰਨਾ ਦਿੱਤੀ। ਇਹ ਕਹਾਣੀ ਹਜ਼ਾਰਾਂ ਸਾਲ ਪੁਰਾਣੀ ਹੈ। ਕਹਿੰਦੇ ਹਨ ਕਿ ਰੋਮ 'ਤੇ ਟਾਰਕਿਵਨ ਨਾਂ ਦਾ ਰਾਜਾ ਰਾਜ ਕਰਦਾ ਸੀ। ਉਹ ਬਹੁਤ ਹੀ ਜ਼ਾਲਮ ਪ੍ਰਵਿਰਤੀ ਦਾ ਸ਼ਾਸਕ ਸੀ ਜੋ ਜਨਤਾ ਤੋਂ ਭਾਰੀ ਟੈਕਸ ਵਸੂਲ ਕਰਦਾ ਅਤੇ ਉਸ ਆਮਦਨ ਆਮਦਨ ਨੂੰ ਆਪਣੀ ਐਸ਼ੋ-ਇਸ਼ਰਤ 'ਤੇ ਅੰਨ੍ਹੇਵਾਹ ਖਰਚ ਕਰਦਾ ਸੀ। ਲੋਕ ਭਲਾਈ ਨਾਲ ਉਸ ਦਾ ਦੂਰ ਨੇੜੇ ਦਾ ਵਾਸਤਾ ਨਹੀਂ ਸੀ। ਇਸ ਕਰਕੇ ਪਰਜਾ ਉਸ ਦੇ ਤਾਨਾਸ਼ਾਹੀ ਰਵੱਈਏ ਤੋਂ ਪੂਰੀ ਤਰ੍ਹਾਂ ਤੰਗ ਹੋ ਗਈ। ਅੰਤ ਲੋਕਾਂ ਨੇ ਰਾਜੇ ਵਿਰੁੱਧ ਬਗ਼ਾਵਤ ਕਰ ਦਿੱਤੀ। ਰਾਜ ਪਲਟੇ ਤੋਂ ਬਾਅਦ ਪਰਜਾ ਨੇ ਫ਼ੈਸਲਾ ਕੀਤਾ ਕਿ ਦੇਸ਼ ਦਾ ਸ਼ਾਸਨ ਕਿਸੇ ਬਾਦਸ਼ਾਹ ਦੇ ਅਧੀਨ ਨਹੀਂ ਸਗੋਂ ਵਿਦਵਾਨ ਅਤੇ ਬੁੱਧੀਮਾਨ ਲੋਕਾਂ ਦੀ ਇੱਕ ਸਭਾ ਰਾਜ ਦਾ ਪ੍ਰਬੰਧ ਕਰੇਗੀ। ਬਾਦਸ਼ਾਹ ਟਾਰਕਿਵਨ ਦੇ ਮਨ 'ਚ ਰਾਜ ਦੇ ਖੋਹੇ ਜਾਣ ਦਾ ਬਹੁਤ ਦੁੱਖ ਸੀ ਪਰ ਉਹ ਐਨੀ ਆਸਾਨੀ ਨਾਲ ਹਾਰ ਮੰਨਣ ਵਾਲਾ ਨਹੀਂ ਸੀ। ਉਹ ਰਾਜਗੱਦੀ ਦਾ ਬਹੁਤ ਭੁੱਖਾ ਸੀ ਤੇ ਉਸ ਨੂੰ ਪ੍ਰਾਪਤ ਕਰਨ ਲਈ ਕਿਸੇ ਵੀ ਹੱਦ ਤਕ ਜਾ ਸਕਦਾ ਸੀ। ਉਸ ਨੇ ਗੁਆਂਢੀ ਰਾਜੇ ਲਾਰਸ ਪ੍ਰੋਸੇਨ ਤੋਂ ਸਹਾਇਤਾ ਮੰਗੀ। ਟਾਰਕਿਵਨ ਨੇ ਉਸ ਨੂੰ ਭੜਕਾਇਆ ਕਿ ਜਿਵੇਂ ਅੱਜ ਮੇਰਾ ਰਾਜ ਖੋਹ ਲਿਆ ਗਿਆ ਹੈ, ਉਸ ਪ੍ਰਕਾਰ ਹੀ ਦੇਸ਼ ਦੀ ਜਨਤਾ ਕੱਲ੍ਹ ਨੂੰ ਤੈਨੂੰ ਵੀ ਗੱਦੀ ਤੋਂ ਲਾਹ ਸਕਦੀ ਹੈ। ਇਸ ਪ੍ਰਵਿਰਤੀ ਨੂੰ ਰੋਕਣ ਲਈ ਜ਼ਰੂਰੀ ਹੈ ਕਿ ਰੋਮ ਦੀ ਜਨਤਾ ਨੂੰ ਸਬਕ ਸਿਖਾਇਆ ਜਾਵੇ। ਲਾਰਸ ਪ੍ਰੋਸੇਨ ਇਸ ਗੱਲ ਤੋਂ ਬਹੁਤ ਡਰ ਗਿਆ ਅਤੇ ਉਸ ਨੇ ਟਾਰਕਿਵਨ ਦੀ ਸਹਾਇਤਾ ਲਈ ਵਿਸ਼ਾਲ ਸੈਨਾ ਭੇਜ ਦਿੱਤੀ। ਸੈਨਿਕਾਂ ਦੇ ਹੱਥਾਂ 'ਚ ਤਲਵਾਰਾਂ ਅਤੇ ਬਰਛੇ ਚਮਕ ਰਹੇ ਸਨ ਤੇ ਉਨ੍ਹਾਂ ਦੇ ਕਦਮਾਂ ਦੀ ਧੂੜ ਅਸਮਾਨ ਵੱਲ ਉੱਡਦੀ ਸਾਫ਼ ਵਿਖਾਈ ਦੇ ਰਹੀ ਸੀ। ਉਹ ਰਸਤੇ 'ਚ ਆਉਂਦੇ ਪਿੰਡ ਨੂੰ ਲੁੱਟਣ ਤੋਂ ਬਾਅਦ ਅੱਗ ਲਾ ਦਿੰਦੇ ਸਨ। ਇਸ ਤਰ੍ਹਾਂ ਪਿੰਡਾਂ ਦੇ ਲੋਕ ਡਰਦੇ ਹੋਏ ਜਿੰਨਾ ਵੀ ਸਾਮਾਨ ਲਿਜਾ ਸਕਦੇ ਸਨ, ਉਸ ਨੂੰ ਲੈ ਕੇ ਰੋਮ ਵੱਲ ਭੱਜਣ ਲੱਗੇ। ਸਭ ਦੀਆਂ ਅੱਖਾਂ 'ਚ ਡਰ ਸਾਫ਼ ਦਿਖਾਈ ਦੇ ਰਿਹਾ ਸੀ। ਉਹ ਡਿੱਗਦੇ-ਢਹਿੰਦੇ ਰੋਮ ਵੱਲ ਭੱਜ ਰਹੇ ਸਨ। ਰੋਮ ਦਾ ਸੁੰਦਰ ਸ਼ਹਿਰ ਟਾਈਬਰ, ਟਾਈਬਰ ਨਦੀ ਦੇ ਕਿਨਾਰੇ ਵਸਿਆ ਹੋਇਆ ਸੀ ਅਤੇ ਸ਼ਹਿਰ ਵਿੱਚ ਪ੍ਰਵੇਸ਼ ਹੋਣ ਲਈ ਨਦੀ 'ਤੇ ਇੱਕ ਲੱਕੜ ਦਾ ਜ਼ਬਰਦਸਤ ਪੁਲ਼ ਬਣਿਆ ਹੋਇਆ ਸੀ। ਉਹ ਪੁਲ਼ ਆਪਣੇ ਸਮੇਂ ਦਾ ਕਲਾ ਦਾ ਉੱਤਮ ਨਮੂਨਾ ਸੀ ਤੇ ਲੋਕ ਦੂਰੋਂ-ਦੂਰੋਂ ਉਸ ਨੂੰ ਵੇਖਣ ਲਈ ਆਉਂਦੇ ਸਨ। ਉਸ ਪੁਲ਼ ਦੀ ਇੱਕ ਖ਼ਾਸੀਅਤ ਇਹ ਸੀ ਕਿ ਉਹ ਐਨਾ ਤੰਗ ਸੀ ਕਿ ਉਸ ਉੱਤੇ ਇੱਕ ਵਾਰ ਜ਼ਿਆਦਾ ਤੋਂ ਜ਼ਿਆਦਾ ਤਿੰਨ ਆਦਮੀ 'ਕੱਠੇ ਖੜ੍ਹੇ ਹੋ ਸਕਦੇ ਸਨ। ਨਦੀ ਦੇ ਇੱਕ ਪਾਸੇ ਰੋਮ ਅਤੇ ਦੂਜੇ ਪਾਸੇ ਜੈਨਿਕੁਲਮ ਦਾ ਕਿਲ੍ਹਾ ਸੀ। ਉਹ ਕਿਲ੍ਹਾ ਵੈਰੀਆਂ ਨੂੰ ਰੋਕਣ ਲਈ ਬਣਾਇਆ ਗਿਆ ਸੀ। ਕਿਲ੍ਹੇ ਦੇ ਸੈਨਿਕਾਂ ਨੇ ਸ਼ੋਰ ਦੀ ਆਵਾਜ਼ ਸੁਣੀ ਤਾਂ ਉਹ ਬਾਹਰ ਆ ਗਏ। ਹਜ਼ਾਰਾਂ ਦੀ ਗਿਣਤੀ 'ਚ ਲੋਕਾਂ ਨੇ ਰੋ-ਰੋ ਕੇ ਸਾਰਾ ਹਾਲ ਸੁਣਾਇਆ ਕਿ ਕਿਸ ਤਰ੍ਹਾਂ ਉਨ੍ਹਾਂ ਨੂੰ ਲੁੱਟਿਆ ਗਿਆ ਤੇ ਸੰਪਤੀ ਮਚਾ ਦਿੱਤੀ ਗਈ। ਉਨ੍ਹਾਂ ਨੇ ਸੈਨਿਕਾਂ ਤੋਂ ਸੁਰੱਖਿਆ ਲਈ ਬੇਨਤੀ ਕੀਤੀ। ਇਹ ਸਾਰਾ ਹਾਲ ਸੁਣ ਕੇ ਕਿਲ੍ਹੇ ਦੇ ਸੈਨਾਪਤੀ ਨੇ ਕਿਹਾ, "ਹੁਣ ਤੁਹਾਨੂੰ ਡਰਨ ਦੀ ਕੋਈ ਲੋੜ ਨਹੀਂ ਹੈ। ਪੁਲ਼ ਨੂੰ ਪਾਰ ਕਰਦੇ ਹੋਏ ਸ਼ਹਿਰ 'ਚ ਚਲੇ ਜਾਓ। ਸ਼ਹਿਰ ਦੇ ਚਾਰੇ ਪਾਸੇ ਘੇਰਾਬੰਦੀ ਬਹੁਤ ਮਜ਼ਬੂਤ ਹੈ। ਤੁਸੀਂ ਲੋਕ ਅੰਦਰ ਜਾ ਕੇ ਪੂਰੀ ਤਰ੍ਹਾਂ ਸੁਰੱਖਿਅਤ ਰਹੋਗੇ। ਅਸੀਂ ਵੈਰੀਆਂ ਨਾਲ ਮੁਕਾਬਲਾ ਕਰਾਂਗੇ।"

ਇਸ ਤਰ੍ਹਾਂ ਪਿੰਡਾਂ ਦੇ ਲੋਕ ਬੇਫ਼ਿਕਰ ਹੋ ਕੇ ਪੁਅ ਰਾਹੀਂ ਰੋਮ ਦੀ ਮਜ਼ਬੂਤ ਬਣੀ ਹੋਈ ਚਾਰਦੀਵਾਰੀ 'ਚ ਪਹੁੰਚ ਗਏ ਤੇ ਉੱਥੋਂ ਦੇ ਲੋਕਾਂ ਨੂੰ ਹੱਡ-ਬੀਤੀ ਸੁਣਾਉਣ ਲੱਗੇ। ਇਸ ਦੇ ਦੂਜੇ ਪਾਸੇ ਜੈਨਿਕੁਲਮ ਕਿਲ੍ਹੇ ਦੇ ਸੈਨਿਕਾਂ ਨੇ ਜਦੋਂ ਦੁਸ਼ਮਣਾਂ ਦੇ ਕਦਮਾਂ ਨਾਲ ਆਸਮਾਨ ਵੱਲ ਉੱਡਦੀ ਹੋਈ ਧੂੜ ਵੇਖੀ ਤਾਂ ਖ਼ਤਰੇ ਦਾ ਅਲਾਰਮ ਵਜਾਉਂਦੇ ਹੋਏ ਸਭ ਨੂੰ ਸੁਚੇਤ ਰਹਿਣ ਦੇ ਨਿਰਦੇਸ਼ ਦੇ ਦਿੱਤੇ। ਰੋਮ ਦੇ ਨਿਵਾਸੀ ਆਪਣੀਆਂ ਛੱਤਾਂ ਉੱਪਰ ਖੜ੍ਹੇ ਹੋ ਕੇ ਦੁਸ਼ਮਣ ਦੀ ਸੈਨਾ ਨੂੰ ਵੇਖਣ ਲੱਗੇ। ਜ਼ਿਆਦਾਤਰ ਲੋਕਾਂ ਦੀਆਂ ਅੱਖਾਂ 'ਚ ਦਹਿਸ਼ਤ ਦੇ ਚਿੰਨ੍ਹ ਸਾਫ਼ ਦਿਖਾਈ ਦੇ ਰਹੇ ਸਨ ਤੇ ਕੁਝ ਕੁ ਪੂਰੇ ਜੋਸ਼ ਨਾਲ ਗੱਲਾਂ ਕਰਨ ਲੱਗੇ।

ਦੁਸ਼ਮਣ ਦੀ ਸੈਨਾ ਨਜ਼ਦੀਕ ਪਹੁੰਚਣ 'ਤੇ ਕਿਲ੍ਹੇ ਦੇ ਸੈਨਿਕਾਂ ਨੇ ਉਨ੍ਹਾਂ 'ਤੇ ਹਮਲਾ ਬੋਲ ਦਿੱਤਾ। ਦੋਵਾਂ ਵਿਚਕਾਰ ਘਮਸਾਨ ਯੁੱਧ ਛਿੜ ਪਿਆ। ਇਹ ਕਹਾਣੀ ਸੁਣ ਕੇ ਪ੍ਰਧਾਨ ਮੰਤਰੀ ਕੁਝ ਸਮਾਂ ਚਿੰਤਾ ਦੀ ਸਥਿਤੀ 'ਚ ਘੁੰਮਦੇ ਰਹੇ ਅਤੇ ਫਿਰ ਯਕਦਮ ਬੋਲ ਪਏ, "ਰੋਮ ਵਿੱਚ ਪ੍ਰਵੇਸ਼ ਹੋਣ ਲਈ ਇੱਕ ਹੀ ਰਸਤਾ ਹੈ ਤੇ ਉਹ ਲੱਕੜ ਦਾ ਪੁਲ਼ ਹੈ। ਜੇ ਉਸ ਪੁਲ਼ ਨੂੰ ਕਿਸੇ ਤਰੀਕੇ ਨਾਲ ਕੱਟ ਦਿੱਤਾ ਜਾਵੇ ਤਾਂ ਵੈਰੀ ਸ਼ਹਿਰ 'ਚ ਨਹੀਂ ਆ ਸਕਦਾ।" ਸਾਰੇ ਇਸ ਦਲੀਲ ਨਾਲ ਸਹਿਮਤ ਹੋ ਗਏ ਪਰ ਇਹ ਕੰਮ ਇੰਨਾ ਆਸਾਨ ਨਹੀਂ ਸੀ। ਸਿਰ 'ਤੇ ਕਫ਼ਨ ਬੰਨ੍ਹ ਕੇ ਹੀ ਇਹ ਕੰਮ ਹੋ ਸਕਦਾ ਸੀ। ਇਸ ਲਈ ਸਭ ਤੋਂ ਵੱਡੀ ਮੁਸ਼ਕਲ ਇਹ ਸੀ ਕਿ ਪੁਲ਼ ਨੂੰ ਕੱਟਦੇ ਸਮੇਂ ਵੈਰੀ ਸੈਨਾ ਨੂੰ ਬਾਹਰ ਰੋਕਣਾ ਬਹੁਤ ਜ਼ਰੂਰੀ ਸੀ ਅਤੇ ਇਹ ਕੰਮ ਕਹਿਣ ਨਾਲੋਂ ਕਰਨਾ ਬਹੁਤ ਔਖਾ ਸੀ। ਵੈਰੀ ਦੀ ਵਿਸ਼ਾਲ ਸੈਨਾ ਨੂੰ ਪੁਲ਼ ਕੱਟਣ ਤਕ ਬਾਹਰ ਰੋਕ ਕੇ ਕਿਵੇਂ ਰੱਖਿਆ ਜਾ ਸਕਦਾ ਹੈ? ਇੱਕ ਤਰ੍ਹਾਂ ਇਹ ਸੂਲੀ ਦੀ ਉਹ ਛਾਲ ਸੀ ਜਿਸ ਨਾਲ ਕੁਰਬਾਨ ਹੋਣਾ ਬਿਲਕੁਲ ਤੈਅ ਸੀ।

ਉਸ ਸਮੇਂ ਹੀ ਅਚਾਨਕ ਸਭਾ 'ਚੋਂ ਇੱਕ ਸ਼ੇਰ ਵਾਂਗ ਗਰਜਵੀਂ ਆਵਾਜ਼ ਆਈ ਕਿ 'ਦੁਸ਼ਮਣਾਂ ਨੂੰ ਮੈਂ ਰੋਕਾਂਗਾ'। ਭੀੜ ਨੂੰ ਚੀਰ ਕੇ ਜੋ ਆਦਮੀ ਬਾਹਰ ਆਇਆ, ਉਸ ਦਾ ਨਾਂ ਹੋਰੇਸ਼ਸ ਸੀ। ਉਹ ਬਹੁਤ ਹੀ ਕੱਦਾਵਰ ਤੇ ਸੋਹਣਾ ਨੌਜਵਾਨ ਸੀ। ਉਸ ਨੇ ਕਈ ਲੜਾਈਆਂ ਵਿੱਚ ਬੜੀ ਬਹਾਦਰੀ ਵਿਖਾਈ ਸੀ ਤੇ ਭਾਰੀ ਤੋਂ ਭਾਰੀ ਆਫ਼ਤ ਆਉਣ 'ਤੇ ਵੀ ਨਹੀਂ ਸੀ ਘਬਰਾਉਂਦਾ। ਇਸ ਤਰ੍ਹਾਂ ਉਸ ਨੌਜਵਾਨ ਦਾ ਹੌਂਸਲਾ ਵੇਖਦੇ ਹੋਏ ਪ੍ਰਧਾਨ ਮੰਤਰੀ ਨੇ ਬੜੀ ਹੈਰਾਨੀ ਨਾਲ ਪੁੱਛਿਆ, "ਨੌਜਵਾਨ। ਤੁਸੀਂ ਇਹ ਕੰਮ ਇਕੱਲੇ ਕਿਵੇਂ ਕਰੋਗੇ?"

"ਮੈਨੂੰ ਦੋ ਹੋਰ ਅਜਿਹੇ ਬਹਾਦਰਾਂ ਦੀ ਲੋੜ ਹੈ ਜਿਨ੍ਹਾਂ ਨੂੰ ਜ਼ਿੰਦਗੀ ਦੀ ਪਰਵਾਹ ਨਾ ਹੋਵੇ। ਇਸ ਲਈ ਕਿਉਂਕਿ ਪੁਲ਼ 'ਤੇ ਇੱਕ ਬਰਾਬਰ ਸਿਰਫ਼ ਤਿੰਨ ਹੀ ਸੈਨਿਕ ਖੜ੍ਹੇ ਹੋ ਸਕਦੇ ਹਨ। ਅਸੀਂ ਤਿੰਨ ਪੁਲ਼ ਦੇ ਕਿਨਾਰੇ 'ਤੇ ਖੜ੍ਹੇ ਹੋਏ ਵੈਰੀਆਂ ਨੂੰ ਰੋਕਾਂਗੇ ਅਤੇ ਇਧਰ ਆਪ ਪੁਲ਼ ਨੂੰ ਕੱਟਣਾ ਸ਼ੁਰੂ ਕਰ ਦੇਣਾ।" ਉਸ ਨੌਜਵਾਨ ਨੇ ਬੜੀ ਵਜ਼ਨਦਾਰ ਦਲੀਲ ਦਿੱਤੀ।

ਇਸ ਤੋਂ ਕੁਝ ਸਮੇਂ ਬਾਅਦ ਹੀ ਜੈਨਿਕੁਲਮ ਦਾ ਕਿਲ੍ਹਾ ਢਹਿ-ਢੇਰੀ ਹੋ ਗਿਆ ਅਤੇ ਵੈਰੀ ਦੀ ਸੈਨਾ ਰੋਮ ਵਿੱਚ ਦਾਖ਼ਲ ਹੋਣ ਲਈ ਅੱਗੇ ਵਧਣ ਲੱਗੀ। ਦੁਸ਼ਮਣ ਦੇ ਸੈਨਾਪਤੀ ਨੂੰ ਉਸ ਸਮੇਂ ਬੜੀ ਹੈਰਾਨੀ ਹੋਈ, ਜਦੋਂ ਉਸ ਨੇ ਵੇਖਿਆ ਕਿ ਸਿਰਫ਼ ਤਿੰਨ ਸੈਨਿਕ ਐਨੀ ਵਿਸ਼ਾਲ ਸੈਨਾ ਨੂੰ ਰੋਕਣ ਲਈ ਖੜ੍ਹੇ ਹਨ। ਥੋੜ੍ਹਾ ਜਿਹਾ ਅੱਗੇ ਵਧਣ 'ਤੇ ਉਸ ਨੂੰ ਅਸਲੀ ਗੱਲ ਸਮਝ ਆਈ ਕਿ ਹਜ਼ਾਰਾਂ ਰੋਮ ਵਾਸੀ ਪੁਲ਼ ਨੂੰ ਕੱਟਣ ਲੱਗੇ ਹੋਏ ਹਨ। ਉਸ ਨੇ ਆਪਣੇ ਸੈਨਿਕਾਂ ਨੂੰ ਆਦੇਸ਼ ਦਿੱਤਾ ਕਿ ਪੁਲ 'ਤੇ ਖੜ੍ਹੇ ਤਿੰਨਾਂ ਸੈਨਿਕਾਂ ਨੂੰ ਛੇਤੀ ਤੋਂ ਛੇਤੀ ਮਾਰ ਕੇ ਪੁਲ਼ ਨੂੰ ਟੁੱਟਣ ਤੋਂ ਬਚਾਓ। ਉਨ੍ਹਾਂ ਦੇ ਤਿੰਨ ਸੈਨਿਕ ਅੱਗੇ ਵਧੇ। ਹੋਰੇਸ਼ਸ ਅਤੇ ਉਸ ਦੇ ਸਾਥੀਆਂ ਦੇ ਬਰਛੇ ਚਮਕੇ ਅਤੇ ਸੈਨਾ ਦੇ ਤਿੰਨ ਸੈਨਿਕ ਤੜਫਦੇ ਹੋਏ ਹੇਠਾਂ ਡਿੱਗ ਪਏ। ਲੋਕ ਛੱਤਾਂ 'ਤੇ ਦੂਰ ਖੜ੍ਹੇ ਸ਼ੋਰ ਮਚਾ-ਮਚਾ ਕੇ ਆਪਣੇ ਬਹਾਦਰਾਂ ਦਾ ਹੌਸਲਾ ਵਧਾ ਰਹੇ ਸਨ। ਇੱਕ ਵਾਰ ਫਿਰ ਵੈਰੀ ਦੀ ਸੈਨਾ ਦੇ ਤਿੰਨ ਸੈਨਿਕ ਅੱਗੇ ਆਏ ਅਤੇ ਹੋਰੇਸ਼ਸ ਨੇ ਜਾਨ ਦੀ ਬਾਜ਼ੀ ਲਾ ਕੇ ਇੱਕ ਨੂੰ ਨਦੀ ਵਿੱਚ ਸੁੱਟ ਦਿੱਤਾ ਅਤੇ ਬਾਕੀ ਦੋਵਾਂ ਨੂੰ ਮਾਰ ਮੁਕਾਇਆ। ਪੁਲ਼ ਦੇ ਕੱਟੇ ਜਾਣ ਕਾਰਨ ਪਿੱਛੇ ਭਾਰੀ ਸ਼ੋਰ ਸੁਣਾਈ ਦੇ ਰਿਹਾ ਸੀ। ਦੁਸ਼ਮਣ ਦੇ ਸੈਨਾਪਤੀ ਦੀ ਬੁਖਲਾਹਟ ਪਲ-ਪਲ ਵਧਦੀ ਜਾ ਰਹੀ ਸੀ ਕਿਉਂਕਿ ਤਦ ਤਕ ਪੁਲ਼ ਦਾ ਬਹੁਤ ਸਾਰਾ ਹਿੱਸਾ ਵੱਢਿਆ ਜਾ ਚੁੱਕਾ ਸੀ।

ਰੋਮ ਦੇ ਸੈਨਾਪਤੀ ਨੇ ਬਹਾਦਰ ਸੈਨਿਕਾਂ ਨੂੰ ਕਿਹਾ, "ਹੁਣ ਤੁਸੀਂ ਵਾਪਸ ਪਰਤ ਆਓ ਕਿਉਂਕਿ ਪੁਲ਼ ਟੁੱਟ ਕੇ ਡਿੱਗਣ ਵਾਲਾ ਹੈ।"

ਇਹ ਆਵਾਜ਼ ਸੁਣਦੇ ਹੀ ਹਰਮੀ ਨਿਯਸ ਅਤੇ ਸਪੂ ਰਿਯਸ ਦੌੜ ਕੇ ਪੁਲ਼ ਦੇ ਦੂਜੇ ਪਾਸੇ ਪਹੁੰਚ ਗਏ। ਹੋਰੇਸ਼ਸ 'ਕੱਲਾ ਰਹਿ ਗਿਆ ਸੀ। ਲੋਕਾਂ ਨੇ ਸ਼ੋਰ ਮਚਾਉਂਦੇ ਹੋਏ ਕਿਹਾ, "ਹੋਰੇਸ਼ਸ! ਤੁਸੀਂ ਵੀ ਵਾਪਸ ਆ ਜਾਓ। ਹੁਣ ਅਸੀਂ ਖਤਰੇ ਤੋਂ ਬਾਹਰ ਹੋ ਗਏ ਹਾਂ।" ਹੋਰੇਸ਼ਸ ਕਿੱਥੇ ਮੰਨਣ ਵਾਲਾ ਸੀ? ਉਸ ਨੇ ਜਵਾਬ ਦਿੰਦੇ ਹੋਏ ਕਿਹਾ, "ਜਦੋਂ ਤਕ ਪੁਲ਼ ਦਾ ਆਖ਼ਰੀ ਟੁੱਕੜਾ ਟੁੱਟ ਕੇ ਨਦੀ 'ਚ ਨਹੀਂ ਡਿੱਗਦਾ, ਤਦ ਤਕ ਮੈਂ ਪਿੱਛੇ ਨਹੀਂ ਹਟਾਂਗਾ।" ਹੁਣ ਉਹ ਇਕੱਲਾ ਹੀ ਤਿੰਨ-ਤਿੰਨ ਸੈਨਿਕਾਂ ਦਾ ਮੁਕਾਬਲਾ ਕਰ ਰਿਹਾ ਸੀ। ਦੁਸ਼ਮਣ ਦਾ ਸੈਨਾਪਤੀ ਹੋਰੇਸ਼ਸ ਦਾ ਇਹ ਬਹਾਦਰੀ ਭਰਿਆ ਕਾਰਨਾਮਾ ਵੇਖਦੇ ਹੋਏ ਦੰਦਾਂ ਹੇਠਾਂ ਉਂਗਲ ਦੇ ਕੇ ਖੜ੍ਹਾ ਸੀ। ਰੋਮ ਦੀ ਪਰਜਾ ਨਾਅਰੇ ਲਾ ਰਹੀ ਸੀ, "ਹੋਰੇਸ਼ਸ ਜ਼ਿੰਦਾਬਾਦ! ਹੋਰੇਸ਼ਸ ਜ਼ਿੰਦਾਬਾਦ!" ਤਦ ਉਸ ਸਮੇਂ ਭਾਰੀ ਹਿਲਜੁਲ ਨਾਲ ਪੁਲ਼ ਟੁੱਟ ਕੇ ਨਦੀ 'ਚ ਡਿੱਗ ਪਿਆ। ਇਹ ਵੇਖਦੇ ਹੋਏ ਹੋਰੇਸ਼ਸ ਨੇ ਨਦੀ ਵਿੱਚ ਛਾਲ ਮਾਰ ਦਿੱਤੀ। ਰੋਮ ਦੇ ਨਿਵਾਸੀ ਅਸਮਾਨ ਵੱਲ ਨਜ਼ਰਾਂ ਕਰਕੇ ਹੋਰੇਸ਼ਸ ਦੀ ਜ਼ਿੰਦਗੀ ਦੀ ਸਲਾਮਤੀ ਲਈ ਪ੍ਰਾਰਥਨਾ ਕਰ ਰਹੇ ਸਨ। ਇੱਥੋਂ ਤਕ ਕਿ ਪ੍ਰਧਾਨ ਮੰਤਰੀ ਤੇ ਸੈਨਾਪਤੀ ਨੇ ਵੀ ਉਸ ਬਹਾਦਰ ਦੇ ਪ੍ਰਾਣ ਰੱਖਿਆ ਲਈ ਪ੍ਰਾਰਥਨਾ ਕੀਤੀ। ਹੋਰੇਸ਼ਸ ਨੇ ਸਰੀਰ 'ਤੇ ਲੋਹੇ ਦਾ ਭਾਰੀ ਕਵਚ ਪਹਿਨਿਆ ਹੋਇਆ ਸੀ। ਉਸ ਨੂੰ ਤੈਰਨ 'ਚ ਤਕਲੀਫ਼ ਹੋ ਰਹੀ ਸੀ। ਅਚਾਨਕ ਉਹ ਪਾਣੀ 'ਚ ਗੁੰਮ ਹੋ ਗਿਆ। ਰੋਮਨ ਚਿੰਤਾ 'ਚ ਡੁੱਬ ਗਏ। ਕੀ ਟਾਈਬਰ ਨਦੀ ਨੇ ਰੋਮ ਦੇ ਬਹਾਦਰ ਯੋਧੇ ਦੀ ਕੀਮਤ ਵਸੂਲ ਕਰ ਲਈ? ਕੀ ਦੇਸ਼ ਦੇ ਰੱਖਿਅਕ ਦੀ ਰੱਖਿਆ ਟਾਈਬਰ ਨਦੀ ਨਹੀਂ ਕਰੇਗੀ?

ਤਦ ਸਭ ਨੇ ਵੇਖਿਆ ਕਿ ਅਚਾਨਕ ਹੋਰੇਸ਼ਸ ਨਦੀ ਦੇ ਕਿਨਾਰੇ 'ਤੇ ਬਾਹਰ ਆ ਗਿਆ। ਲੋਕਾਂ ਦੀਆਂ ਖ਼ੁਸ਼ੀ ਦਾ ਕੋਈ ਟਿਕਾਣਾ ਨਾ ਰਿਹਾ। ਉਨ੍ਹਾਂ ਨੇ ਹੋਰੇਸ਼ਸ ਨੂੰ ਮੋਢਿਆਂ ਉੱਤੇ ਚੁੱਕ ਲਿਆ ਅਤੇ ਉਸ ਦੀ ਜੈ, ਜੈਕਾਰ ਕਰਨ ਲੱਗੇ।

# ਤੁਹਾਡੀ ਰਸੋਈ

## ਸ਼ਕਰਕੰਦੀ ਦੇ ਗੁਲਾਬ ਜਾਮੁਨ



### ਸਮੱਗਰੀ

- ਸ਼ਕਰਕੰਦੀ ਅੱਧਾ ਕਿੱਲੋ
- ਖੰਡ 500 ਗ੍ਰਾਮ
- ਮੈਦਾ ਅੱਧਾ ਕੱਪ
- ਸੋਡਾ ਬਾਈਕਾਰਬ ਅੱਧਾ ਛੋਟਾ ਚੱਮਚ
- ਦੇਸੀ ਘਿਓ 1 ਵੱਡਾ ਚੱਮਚ
- ਸੌਗੀ (ਕਿਸ਼ਮਿਸ਼) ਥੋੜ੍ਹੀ ਜਿਹੀ
- ਤੇਲ ਤਲਣ ਲਈ

### ਵਿਧੀ

ਸ਼ਕਰਕੰਦੀ ਨੂੰ ਘੱਟ ਪਾਣੀ ਪਾ ਕੇ ਪ੍ਰੈਸ਼ਰ ਕੁੱਕਰ 'ਚ ਉਬਾਲ ਕੇ ਛਿੱਲ ਲਓ। ਕਿਸੇ ਭਾਂਡੇ 'ਚ ਪਾਣੀ ਤੇ ਖੰਡ ਮਿਲਾ ਕੇ ਇਕ ਤਾਰ ਦੀ ਚਾਸ਼ਨੀ ਬਣਾਓ। ਸੋਡੇ ਤੇ ਮੈਦੇ ਨੂੰ ਇਕੱਠਿਆਂ ਛਾਣ ਲਓ ਤੇ ਥੋੜ੍ਹਾ ਜਿਹਾ ਘਿਓ ਪਾ ਕੇ ਉਸ ਨੂੰ ਉੱਬਲੀ ਸ਼ਕਰਕੰਦੀ ਨਾਲ ਗੁੰਨ੍ਹ ਲਓ। ਹੁਣ ਇਸ ਦੇ ਛੋਟੇ-ਛੋਟੇ ਪੇੜੇ ਬਣਾਓ ਤੇ ਹਰ ਪੇੜੇ 'ਚ ਇਕ-ਇਕ ਸੌਗੀ (ਕਿਸ਼ਮਿਸ਼) ਰੱਖ ਦਿਓ। ਕੜਾਹੀ 'ਚ ਤੇਲ ਗਰਮ ਕੇ ਇਨ੍ਹਾਂ ਨੂੰ ਸੁਨਹਿਰਾ ਭੂਰਾ ਹੋਣ ਤਕ ਤਲ ਲਓ ਤੇ ਇਕ ਤਾਰ ਦੀ ਚਾਸ਼ਨੀ 'ਚ ਪਾਉਂਦੇ ਜਾਓ। ਸ਼ਕਰਕੰਦੀ ਦੇ ਗੁਲਾਬ ਜਾਮੁਨ ਤਿਆਰ ਹਨ, ਤੁਸੀਂ ਇਨ੍ਹਾਂ ਨੂੰ ਗਰਮ ਤੇ ਠੰਡਾ ਦੋਵੇਂ ਤਰੀਕੇ ਨਾਲ ਪਰੋਸ ਸਕਦੇ ਹੋ।

## ਅਦਰਕ ਅਤੇ ਗਾਜਰ ਦਾ ਸੂਪ



### ਸਮੱਗਰੀ

- 5 ਗਾਜਰਾਂ
- 2 ਇੰਚ ਲੰਬਾ ਅਦਰਕ ਦਾ ਟੁਕੜਾ
- 2 ਪਿਆਜ਼
- 1 ਕੱਪ ਸਬਜ਼ੀਆਂ ਦਾ ਸ਼ੋਰਬਾ
- ਇਕ ਤਿਹਾਈ ਕੱਪ ਸੰਤਰੇ ਦਾ ਰਸ
- ਨਮਕ ਸਵਾਦ ਅਨੁਸਾਰ
- 2 ਚਮਚ ਪੀਸੀ ਕਾਲੀ ਮਿਰਚ
- 2 ਚਮਚ ਆਲਿਵ ਆਇਲ

### ਵਿਧੀ

ਪੈਨ ਲਓ ਅਤੇ ਉਸ 'ਚ ਤੇਲ ਗਰਮ ਕਰੋ। ਇਸ 'ਚ ਕੱਟੇ ਹੋਏ ਪਿਆਜ਼ ਅਤੇ ਪੀਸਿਆ ਅਦਰਕ ਪਾ ਕੇ ਦੋ ਮਿੰਟ ਦੇ ਲਈ ਮੱਧਮ ਅੱਗ 'ਤੇ ਪਕਾ ਲਓ। ਇਸ 'ਚ ਸਬਜ਼ੀਆਂ ਦਾ ਸ਼ੋਰਬਾ ਪਾਓ ਅਤੇ ਅੱਗ ਨੂੰ ਮੱਧਮ ਕਰ ਦਿਓ, ਇਸ ਨੂੰ 25-30 ਮਿੰਟ ਦੇ ਲਈ ਪੱਕਣ ਦਿਓ ਤਾਂ ਕਿ ਸੂਪ ਗਾੜ੍ਹਾ ਹੋ ਜਾਏ। ਇਸ ਦੇ ਬਾਅਦ ਇਸ 'ਚ ਸੰਤਰੇ ਦਾ ਰਸ ਪਾਓ ਅਤੇ 2-3 ਮਿੰਟ ਦੇ ਲਈ ਮੱਧਮ ਅੱਗ 'ਤੇ ਪਕਾਓ ਅਤੇ ਫਿਰ ਗੈਸ ਬੰਦ ਕਰ ਦਿਓ। ਹੁਣ ਇਸ ਤਿਆਰ ਸੂਪ ਨੂੰ ਇਕ ਬਾਊਲ 'ਚ ਪਾਓ ਅਤੇ ਉਸ 'ਚ ਨਮਕ ਅਤੇ ਕਾਲੀ ਮਿਰਚ ਛਿੜਕ ਕੇ ਪਰੋਸੋ।

### ਘਰੇਲੂ ਟਿਪਸ

ਮਾਹਵਾਰੀ ਤਕਲੀਫ ਤੇ ਦਰਦ ਨਾਲ ਆਉਣੀ : 2 ਚਮਚ ਅਜਵਾਇਣ 2 ਕੱਪ ਪਾਣੀ ਵਿਚ ਪਾ ਕੇ ਉਬਾਲੋ। ਇਕ ਕੱਪ ਬਾਕੀ ਰੱਖ ਲਵੋ। ਇਸ ਵਿਚ ਗੁੜ ਮਿਲਾ ਕੇ ਸਵੇਰੇ ਖਾਲੀ ਪੇਟ ਚਾਹ ਵਾਂਗ ਪੀਓ। ਇਹ ਨੁਸਖਾ ਰੋਜ਼ਾਨਾ ਸਵੇਰੇ-ਸ਼ਾਮ 3 ਦਿਨ ਕਰੋ। ਆਮ ਤੌਰ 'ਤੇ 3 ਮਾਹਵਾਰੀਆਂ ਤਕ ਇਹ ਤਜਰਬਾ ਕਰਨਾ ਠੀਕ ਰਹਿੰਦਾ ਹੈ। ਮਾਹਵਾਰੀ ਆਉਣ ਤੋਂ 3 ਦਿਨ ਪਹਿਲਾਂ ਇਹ ਤਜਰਬਾ ਕਰਨ ਨਾਲ ਮਾਹਵਾਰੀ ਸਮੇਂ 'ਤੇ ਖੁੱਲ੍ਹ ਕੇ ਆਉਂਦੀ ਹੈ।

ਪੇਟ 'ਚ ਗੈਸ : ਅਜਵਾਇਣ ਦੇ ਨਾਲ ਹਰੜ ਤੇ ਕਾਲਾ ਲੂਣ ਲੈਣ ਨਾਲ ਪੇਟ ਫੁੱਲਣ, ਪੇਟ ਦਰਦ, ਡਕਾਰਾਂ ਆਦਿ ਤੋਂ ਤੁਰੰਤ ਆਰਾਮ ਮਿਲਦਾ ਹੈ।

### ਘਰੇਲੂ ਟਿਪਸ

ਸਿਰ ਦੇ ਵਾਲ ਝੜਨੇ : ਬੋਹੜ ਦੇ ਪੱਤਿਆਂ ਨੂੰ ਪੀਸ ਲਵੋ ਅਤੇ ਅਲਸੀ ਦੇ ਤੇਲ ਵਿਚ ਪਕਾਓ। ਪੱਤਿਆਂ ਦੇ ਸੜ ਜਾਣ 'ਤੇ ਤੇਲ ਛਾਣ ਕੇ ਰੱਖ ਲਵੋ। ਇਸ ਤੇਲ ਦੀ ਮਾਲਿਸ਼ ਕਰਨ ਨਾਲ ਕੁਝ ਹੀ ਦਿਨਾਂ ਵਿਚ ਵਾਲ ਝੜਨੇ ਰੁਕ ਜਾਣਗੇ ਅਤੇ ਝੜੇ ਹੋਏ ਵਾਲਾਂ ਦੀ ਥਾਂ 'ਤੇ ਨਵੇਂ ਵਾਲ ਉੱਗਣ ਲੱਗਣਗੇ। ਦੇਸੀ ਘਿਓ ਵਿਚ ਬਾਦਾਮ ਦੀਆਂ 4-5 ਗਿਰੀਆਂ ਪੀਸ ਕੇ ਪਾਓ ਅਤੇ ਇੰਨੀਆਂ ਉਬਾਲੋ ਕਿ ਗਿਰੀਆਂ ਦੇ ਟੁਕੜੇ ਸੜ ਜਾਣ। ਹੁਣ ਘਿਓ ਨੂੰ ਛਾਣ ਕੇ ਸ਼ੀਸ਼ੀ ਵਿਚ ਭਰ ਲਵੋ। ਇਸ ਘਿਓ ਨੂੰ ਕੋਸਾ ਕਰਕੇ ਸਿਰ 'ਤੇ ਮਾਲਿਸ਼ ਕਰਨ ਨਾਲ ਵਾਲਾਂ ਦਾ ਝੜਨਾ ਰੁਕਦਾ ਹੈ ਅਤੇ ਦਿਮਾਗੀ ਕਮਜ਼ੋਰੀ ਵੀ ਦੂਰ ਹੁੰਦੀ ਹੈ।

# 2029 ਤੱਕ ਐਮਬੀਬੀਐਸ ਦੀ ਸੀਟਾਂ ਵਧਾ ਕੇ 3400 ਤੋਂ ਵੱਧ ਕਰਨਾ ਸਰਕਾਰ ਦਾ ਟੀਚਾ: ਮੁੱਖ ਮੰਤਰੀ ਨਾਇਬ ਸਿੰਘ ਸੈਣੀ

## ਨਾਗਰਿਕਾਂ ਨੂੰ ਗੁਣਵੱਤਾਪੂਰਨ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਸਰਕਾਰ ਵਚਨਬੱਧ

**ਚੰਡੀਗੜ੍ਹ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬਾ ਸਰਕਾਰ ਡਾਕਟਰਾਂ ਨੂੰ ਹੋਰ ਬੇਹਤਰ ਸਰੋਤ ਅਤੇ ਨਾਗਰਿਕਾਂ ਨੂੰ ਗੁਣਵੱਤਾਪੂਰਨ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨਸ਼ੀਲ ਹੈ। ਹਰ ਜ਼ਿਲ੍ਹੇ ਵਿੱਚ ਮੇਡੀਕਲ ਕਾਲੇਜ ਦੀ ਸਥਾਪਨਾ ਕੀਤੀ ਜਾ ਰਹੀ ਹੈ। ਸਾਲ 2014 ਵਿੱਚ ਜਿੱਥੇ ਮੇਡੀਕਲ ਕਾਲੇਜਾਂ ਦੀ ਗਿਣਤੀ ਸਿਰਫ਼ 6 ਸੀ, ਉੱਥੇ ਅੱਜ ਇਹ ਗਿਣਤੀ ਵੱਧ ਕੇ 15 ਹੋ ਗਈ ਹੈ ਅਤੇ 9 ਨਵੇਂ ਕਾਲੇਜ ਨਿਰਮਾਣ ਅਧੀਨ ਹਨ। ਇਸ ਦੇ ਨਤੀਜੇ ਵੱਜੋਂ ਐਮਬੀਬੀਐਸ ਦੀ ਸੀਟਾਂ 2014 ਵਿੱਚ 700 ਤੋਂ ਵੱਧ ਕੇ ਹੁਣ 2185 ਹੋ ਚੁੱਕੀ ਹੈ। ਰਾਜ ਸਰਕਾਰ ਦਾ ਸਾਲ 2029 ਤੱਕ ਐਮਬੀਬੀਐਸ ਦੀ ਸੀਟਾਂ 3400 ਤੋਂ ਵੱਧ ਕਰਨ ਦਾ ਟੀਚਾ ਹੈ।

ਮੁੱਖ ਮੰਤਰੀ ਅੱਜ ਚੰਡੀਗੜ੍ਹ ਵਿੱਚ ਡੇਰਾਬਸੀ ਮੇਡੀਕਲ ਏਸੋਸਇਏਸ਼ਨ ਵੱਲੋਂ ਕੌਮੀ ਡਾਕਟਰਸ ਦਿਵਸ 'ਤੇ ਪ੍ਰਬੰਧਿਤ ਪ੍ਰੋਗਰਾਮ ਵਿੱਚ ਬਤੌਰ ਮੁੱਖ ਮਹਿਮਾਨ ਸੰਬੋਧਿਤ ਕਰ ਰਹੇ ਸਨ। ਉਨ੍ਹਾਂ ਨੇ ਕਿਹਾ ਕਿ ਮਨੁੱਖੀ ਸੇਵਾ ਦੀ ਰਾਹ ਵਿੱਚ ਡੇਰਾਬਸੀ ਮੇਡੀਕਲ ਏਸੋਸਇਏਸ਼ਨ ਨੇ ਸਲਾਂਘਾਯੋਗ ਯੋਗਦਾਨ ਕੀਤਾ ਹੈ। ਪਿਛਲੇ 2 ਸਾਲਾਂ ਤੋਂ ਚੌਰਸਿਆ ਅਸਪਤਾਲ ਵਿੱਚ ਫ ?ਰੀ ਡਾਅਲਿਸਿਸ ਸੇਂਟਰ ਚਲਾਇਆ ਜਾ ਰਿਹਾ ਹੈ।

ਸ੍ਰੀ ਨਾਇਬ ਸਿੰਘ ਸੈਣੀ ਨੇ ਡਾਕਟਰਾਂ, ਸਿਹਤ ਕਰਮਿਆਂ ਅਤੇ ਮੇਡੀਕਲ ਸੇਵਾ ਨਾਲ ਜੁੜੇ ਹਰੇਕ ਵਿਅਕਤੀ ਨੂੰ ਕੌਮੀ ਡਾਕਟਰਸ ਦਿਵਸ ਦੀ ਵਧਾਈ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਉਹ ਮਨੁੱਖਤਾ ਦੇ ਸੱਚੇ ਸੇਵਕ ਹਨ ਜਿਸ ਦੀ ਸੇਵਾ ਭਾਵਨਾ, ਤਿਆਗ ਅਤੇ ਸੰਵੇਦਨਸ਼ੀਲਤਾ ਸਮਾਜ ਨੂੰ ਸਿਹਤ, ਸੁਰੱਖਿਅਤ ਅਤੇ ਸਸ਼ਕਤ ਬਨਾਉਣ ਵਿੱਚ ਮੁੱਖ ਭੂਮੀਕਾ ਨਿਭਾਉਂਦੀ ਹੈ।

**ਮੇਡੀਕਲ ਪ੍ਰਣਾਲੀ ਨੂੰ ਮਜਬੂਤ ਕਰਨ ਲਈ ਚੁੱਕੇ ਕਈ ਕਦਮ**

ਮੁੱਖ ਮੰਤਰੀ ਨੇ ਕਿਹਾ ਕਿ ਰਾਜ ਸਰਕਾਰ ਦਾ ਟੀਚਾ ਹੈ ਕਿ ਹਰ ਡਾਕਟਰ ਨੂੰ ਸਹੀ ਸਰੋਤ ਮਿਲਣ ਅਤੇ ਹਰ ਨਾਗਰਿਕ ਨੂੰ ਬੇਹਤਰ ਇਲਾਜ ਮਿਲੇ। ਇਸੇ ਦਿਸ਼ਾ ਵਿੱਚ ਮੇਡੀਕਲ ਪ੍ਰਣਾਲੀ ਨੂੰ



ਮਜਬੂਤ ਕਰਦੇ ਹੋਏ ਸੂਬਾ ਸਰਕਾਰ ਨੇ ਪੀ.ਜੀ. ਦੀਆਂ ਸੀਟਾਂ 289 ਤੋਂ ਵਧਾ ਕੇ 1043 ਕੀਤੀਆਂ ਹਨ। ਇਸ ਦੇ ਇਲਾਵਾ ਪੀ.ਜੀ. ਡਿਪਲੋਮਾ ਦੀ ਵੀ 155 ਸੀਟਾਂ ਹਨ।

ਸੂਬੇ ਵਿੱਚ ਡਾਕਟਰਾਂ ਦੀ ਕਮੀ ਨੂੰ ਪੂਰਾ ਕਰਨ ਲਈ ਸਾਲ 2014 ਤੋਂ ਹੁਣ ਤੱਕ 3798 ਡਾਕਟਰਾਂ ਦੀ ਭਰਤੀ ਕੀਤੀ ਗਈ ਹੈ। ਡਾਕਟਰਾਂ ਦੀ ਰਿਟਾਯਰਮੈਂਟ ਦੀ ਉਮਰ 58 ਸਾਲ ਤੋਂ ਵਧਾ ਕੇ 65 ਸਾਲ ਕਰ ਦਿੱਤੀ ਹੈ।

**ਹਰਿਆਣਾ ਵਿੱਚ ਕਿਡਨੀ ਮਰੀਜਾਂ ਨੂੰ ਫਰੀ ਡਾਅਲਿਸਿਸ ਸਹੂਲਤ**

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਸਰਕਾਰ ਵੱਲੋਂ ਸਰਕਾਰੀ ਹੱਸਪਤਾਲਾਂ, ਮੇਡੀਕਲ ਕਾਲੇਜਾਂ ਅਤੇ ਮੇਡੀਕਲ ਯੂਨਿਵਰਸਿਟੀਆਂ ਵਿੱਚ ਕਿਡਨੀ ਮਰੀਜਾਂ ਨੂੰ ਫ ?ਰੀ ਡਾਅਲਿਸਿਸ ਦੀ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਹਰ ਗਰੀਬ ਵਿਅਕਤੀ ਨੂੰ ਸਿਹਤ ਸੇਵਾਵਾਂ ਦਾ ਲਾਭ ਮਿਲੇ, ਇਸ ਦੇ ਲਈ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਆਯੁਸ਼ਮਾਨ ਭਾਰਤ ਯੋਜਨਾ ਚਲਾਈ, ਜਿਸ ਦੇ ਤਹਿਤ ਗਰੀਬ ਪਰਿਵਾਰ ਨੂੰ ਸਾਲਾਨਾ 5 ਲੱਖ ਰੁਪਏ ਤੱਕ ਦੇ ਫ ?ਰੀ ਇਲਾਜ ਦੀ ਵਿਵਸਥਾ ਕੀਤੀ ਹੈ। ਹਰਿਆਣਾ ਵਿੱਚ ਆਯੁਸ਼ਮਾਨ ਭਾਰਤ ਅਤੇ ਚਿਰਾਯੁ ਯੋਜਨਾ ਵਿੱਚ ਲਗਭਗ 1 ਕਰੋੜ 33 ਲੱਖ ਤੋਂ ਵੱਧ ਗਰੀਬਾਂ ਨੂੰ 5 ਲੱਖ ਰੁਪਏ ਤੱਕ ਦੇ ਫ ?ਰੀ ਇਲਾਜ ਦੀ ਸਹੂਲਤ ਦਿੱਤੀ ਹੈ।

**ਡਾਕਟਰਾਂ ਦੀ ਸੁਰੱਖਿਆ ਸਾਡੀ ਪ੍ਰਾਥਮਿਕਤਾ**

ਮੁੱਖ ਮੰਤਰੀ ਨੇ ਕਿਹਾ ਕਿ ਇਸ ਬਾਰ ਡਾਕਟਰਸ-ਡੇ ਦਾ ਥੀਮ ਹੈ-ਮਾਸਕ ਦੇ ਪਿੱਛੇ ਦੇਖਭਾਲ ਕਰਨ ਵਾਲਿਆਂ ਦੀ ਦੇਖਭਾਲ। ਇਹ ਥੀਮ ਸਾਨੂੰ ਪ੍ਰੇਰਿਤ ਕਰਦੀ ਹੈ ਕਿ ਅਸੀ ਡਾਕਟਰਾਂ ਦੀ ਸਿਰਫ਼ ਪੇਸ਼ੇਵਰ ਸੇਵਾਵਾਂ ਲਈ ਹੀ ਨਹੀਂ, ਸਗੋਂ ਮਨੁੱਖੀ ਭਲਾਈ ਲਈ ਵੀ ਸਲਾਂਘਾ ਕਰਨ। ਉਨ੍ਹਾਂ ਦੀ ਜਰੂਰਤਾਂ ਨੂੰ ਸਮਝਣ ਅਤੇ ਉਨ੍ਹਾਂ ਨੂੰ ਪੂਰਾ ਕਰਨ ਦਾ ਯਤਨ ਕਰਨ।

ਉਨ੍ਹਾਂ ਨੇ ਕਿਹਾ ਕਿ ਕਰੋਨਾ ਕਾਲ ਵਿੱਚ ਜਦੋਂ ਪੂਰਾ ਦੇਸ਼ ਘਰਾਂ ਵਿੱਚ ਬੰਦ ਸੀ, ਉਸ ਸਮੇ ਡਾਕਟਰਾਂ ਨੇ ਪੀਪੀਈ ਕਿਟ ਪਾ ਕੇ ਪਰਿਵਾਰ ਤੋਂ ਦੂਰ ਰਹਿੰਦੇ ਹੋਏ ਮਰੀਜਾਂ ਨਾਲ ਖੜੇ ਸੀ।

ਉਨ੍ਹਾਂ ਨੇ ਕਿਹਾ ਕਿ ਸਾਡੀ ਡਬਲ ਇੰਜਨ ਦੀ ਸਰਕਾਰ ਡਾਕਟਰਾਂ ਦੀ ਸੁਰੱਖਿਆ ਨੂੰ ਸਭ ਤੋਂ ਵੱਧ ਪ੍ਰਾਥਮਿਕਤਾ ਦਿੱਤੀ ਹੈ। ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਡਾਕਟਰ ਅਤੇ ਮੇਡੀਕਲ ਸਟਾਫ਼ 'ਤੇ ਹਮਲਾ ਕਰਨ ਵਾਲਿਆਂ ਨੂੰ 3 ਮਹੀਨੇ ਤੋਂ 5 ਸਾਲ ਤੱਕ ਦੀ ਸਜਾ ਅਤੇ 50 ਹਜ਼ਾਰ ਰੁਪਏ ਤੋਂ 2 ਲੱਖ ਤੱਕ ਦੇ ਜੁਰਮਾਨੇ ਦਾ ਪ੍ਰਾਵਧਾਨ ਕਰਵਾਇਆ ਹੈ। ਇਸ ਮੌਕੇ 'ਤੇ ਮੁੱਖ ਮੰਤਰੀ ਨੇ ਮਨੁੱਖਤਾ ਦੀ ਸੇਵਾ ਲਈ ਵੱਖ ਵੱਖ ਡਾਕਟਰਾਂ ਨੂੰ ਸਨਮਾਨਿਤ ਕੀਤਾ। ਇਸ ਦੇ ਇਲਾਵਾ ਮੁੱਖ ਮੰਤਰੀ ਨੇ ਡੇਰਾਬਸੀ ਮੇਡੀਕਲ ਏਸੋਸਇਏਸ਼ਨ ਦੀ ਮੈਗਜ਼ੀਨ ਦਾ ਵੀ ਵਿਮੋਚਨ ਕੀਤਾ।

ਪ੍ਰੋਗਰਾਮ ਵਿੱਚ ਚੰਡੀਗੜ੍ਹ ਦੀ ਮੇਅਰ ਸ੍ਰੀਮਤੀ ਹਰਪ੍ਰੀਤ ਕੌਰ ਬਾਬਲਾ, ਡੇਰਾਬਸੀ ਮੇਡੀਕਲ ਏਸੋਸਇਏਸ਼ਨ ਦੇ ਚੇਅਰਮੈਨ ਡਾ. ਰਾਜੀਵ ਗੁਪਤਾ, ਸਕੱਤਰ ਡਾ. ਆਕਾਸ਼ ਗੋਸਵਾਮੀ ਸਮੇਤ ਹੋਰ ਪਦਾਧਿਕਾਰੀ, ਵੱਡੀ ਗਿਣਤੀ ਵਿੱਚ ਡਾਕਟਰ ਅਤੇ ਕਈ ਮਾਣਯੋਗ ਵਿਅਕਤੀ ਮੌਜੂਦ ਰਹੇ।

# ਸ਼ੌਰਟਸ ਪਾ ਕੇ ਆਏ ਐਕਸੀਅਨ ਨੇ ਬਦਲਾਖੋਰੀ 'ਚ ਬਿਜਲੀ ਕੱਟਣ 'ਤੇ ਮੰਤਰੀ ਨੇ ਕੀਤਾ ਮੁਅੱਤਲ



**ਅੰਬਾਲਾ , 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਬਾਲਾ ਛਾਉਣੀ ਦੇ ਇੱਕ ਮਸ਼ਹੂਲ ਕਲੱਬ ਨਾਲ ਬਦਲਾਖੋਰੀ ਦੌਰਾਨ ਵਿਭਾਗੀ ਅਹੁਦੇ ਦਾ ਫਾਇਦਾ ਉਠਾਉਣਾ ਬਿਜਲੀ ਵਿਭਾਗ ਦੇ ਐਕਸੀਐਨ ਨੂੰ ਮਹਿੰਗਾ ਪੈ ਗਿਆ। ਬਿਜਲੀ ਮੰਤਰੀ ਅਨਿਲ ਵਿੱਜ ਨੇ ਗੰਭੀਰ ਦੁਰਵਿਵਹਾਰ ਅਤੇ ਅਧਿਕਾਰਾਂ ਦੇ ਦੁਰ ਵਰਤੋਂ ਦੇ ਦੋਸਾਂ ਹੇਠ ਐਕਸੀਐਨ ਹਰੀਸ਼ ਗੋਇਲ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ 30 ਜੂਨ ਦੀ ਸ਼ਾਮ ਨੂੰ ਗੋਇਲ ਫੀਨਿਕਸ ਕਲੱਬ ਦੇ ਬਾਰ 'ਚ ਸ਼ੌਰਟਸ ਪਾ ਕੇ ਆਏ, ਪਰ ਕਲੱਬ ਦੇ ਨਿਯਮਾਂ ਅਨੁਸਾਰ ਅਜਿਹੀ ਪੋਸ਼ਾਕ 'ਚ ਦਾਖਲੇ 'ਤੇ ਮਨਾਹੀ ਹੈ। ਇਸ ਦੌਰਾਨ ਦੋ ਕਰਮਚਾਰੀਆਂ ਨੇ ਉਨ੍ਹਾਂ ਨੂੰ ਨਿਯਮ ਦੱਸੇ ਤੇ ਅੰਦਰ ਜਾਣ ਤੋਂ ਰੋਕ ਦਿੱਤਾ। ਪਰ ਗੋਇਲ ਨੇ ਇੱਥੇ ਗ਼ੁੱਸੇ 'ਚ ਆ ਕੇ ਗ਼ਲਤ ਵਿਹਾਰ ਕੀਤਾ ਤੇ ਨਿਯਮਾਂ ਦੀ ਉਲੰਘਣਾ ਕਰਨ ਲਈ ਸਟਾਫ 'ਤੇ ਹੀ ਨਰਾਜ਼ਗੀ ਜ਼ਾਹਰ ਕੀਤੀ। ਜਾਣਕਾਰੀ ਅਨੁਸਾਰ ਇੰਇਸ ਘਟਨਾ ਤੋਂ ਕੁਝ ਸਮੇਂ ਬਾਅਦ ਉਨ੍ਹਾਂ ਨੇ ਕਲੱਬ ਦੀ ਬਿਜਲੀ ਸਪਲਾਈ ਵੀ ਕੱਟ ਦਿੱਤੀ।

ਇਸ ਬਾਰੇ ਕਲੱਬ ਪ੍ਰਧਾਨ ਸ਼ੈਲੇਂਦਰ ਖੰਨਾ (ਸ਼ੈਲੀ) ਵੱਲੋਂ ਬਿਜਲੀ ਮੰਤਰੀ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਹੈ ਕਿ ਐਕਸੀਅਨ ਨੇ ਬਿਜਲੀ ਕੱਟਣ ਉਪਰੰਤ ਕਲੱਬ ਮੈਨੇਜਰ ਬਲਿੰਦਰ ਸਿੰਘ ਨੂੰ ਫ਼ੋਨ 'ਤੇ ਕਿਹਾ " ਕੀ ਗੱਲ, ਤੁਹਾਡੀ ਲਾਈਟ ਚਲੀ ਗਈ ਅਤੇ ਜਨਰੇਟਰ ਚੱਲ ਰਿਹਾ, ਕਿਵੇਂ ਲੱਗ ਰਿਹੈ ?" ਇਸ 'ਤੇ ਕਾਰਵਾਈ ਕਰਦਿਆਂ ਬਿਜਲੀ ਮੰਤਰੀ ਸ੍ਰੀ ਅਨਿੱਲ ਵਿੱਜ ਨੇ ਐਕਸੀਅਨ ਹਰੀਸ਼ ਗੋਇਲ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰਦਿਆਂ ਜਵਾਬ ਤਲਬ ਕੀਤਾ ਹੈ। ਉਨ੍ਹਾਂ ਕਿਹਾ ਕਿ ਇੱਕ ਲੋਕ ਸੇਵਕ ਵੱਲੋਂ ਅਜਿਹਾ ਵਿਹਾਰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

# ਵਿਨੇਸ਼ ਫੋਗਾਟ ਨੇ ਪੁੱਤਰ ਨੂੰ ਜਨਮ ਦਿੱਤਾ

**ਚੰਡੀਗੜ੍ਹ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੀ ਪਹਿਲਵਾਨ ਤੇ ਜੁਲਾਨਾ ਤੋਂ ਕਾਂਗਰਸ ਵਿਧਾਇਕਾ ਵਿਨੇਸ਼ ਫੋਗਾਟ ਮਾਂ ਬਣ ਗਈ ਹੈ। ਉਸ ਨੇ ਅੱਜ ਸਵੇਰੇ ਲਗਪਗ ਨੌਂ ਵਜੇ ਦਿੱਲੀ ਦੇ ਅਪੋਲੋ ਹਸਪਤਾਲ ਵਿੱਚ ਲੜਕੇ ਨੂੰ ਜਨਮ ਦਿੱਤਾ। ਉਸ ਨੂੰ ਇੱਕ ਦਿਨ ਪਹਿਲਾਂ ਹਸਪਤਾਲ ਦਾਖ਼ਲ ਕਰਵਾਇਆ ਗਿਆ ਸੀ। ਉਸ ਦੀ ਡਿਲਿਵਰੀ ਅਪਰੇਸ਼ਨ ਰਾਹੀਂ ਹੋਈ।

ਜ਼ੱਚਾ-ਬੱਚਾ ਪੂਰੀ ਤਰ੍ਹਾਂ ਤੰਦਰੁਸਤ ਹਨ। ਵਿਨੇਸ਼ ਨੇ ਆਪਣੇ ਗਰਭਵਤੀ ਹੋਣ ਦੀ ਜਾਣਕਾਰੀ ਮਾਰਚ ਮਹੀਨੇ ਆਪਣੇ ਪਤੀ ਸੋਮਵੀਰ ਰਾਠੀ ਨਾਲ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਸੀ। ਵਿਨੇਸ਼ ਤੇ ਸੋਮਵੀਰ ਦਾ ਵਿਆਹ 14 ਦਸੰਬਰ 2018 ਨੂੰ ਹੋਇਆ ਸੀ। ਵਿਨੇਸ਼ ਨੇ 2024 ਦੀਆਂ ਪੈਰਿਸ ਓਲੰਪਿਕ ਖੇਡਾਂ ਦੇ 50 ਕਿਲੋਗ੍ਰਾਮ ਭਾਰ ਵਰਗ ਵਿੱਚ ਇੱਕ ਦਿਨ ਵਿੱਚ ਤਿੰਨ ਮੁਕਾਬਲੇ ਜਿੱਤ ਕੇ ਫਾਈਨਲ ਵਿੱਚ ਥਾਂ ਬਣਾਈ ਸੀ। ਹਾਲਾਂਕਿ, 100 ਗ੍ਰਾਮ



ਭਾਰ ਵੱਧ ਹੋਣ ਕਾਰਨ ਉਹ ਟੂਰਨਾਮੈਂਟ ਵਿੱਚੋਂ ਬਾਹਰ ਹੋ ਗਈ ਸੀ। ਇਸ ਘਟਨਾ ਮਗਰੋਂ ਵਿਨੇਸ਼ ਨੇ ਪਿਛਲੇ ਸਾਲ 8 ਅਗਸਤ ਨੂੰ ਕੁਸ਼ਤੀ ਤੋਂ ਸੰਨਿਆਸ ਲੈਣ ਦਾ ਐਲਾਨ ਕਰ ਦਿੱਤਾ ਸੀ। ਬਾਅਦ ਵਿੱਚ ਉਹ ਕਾਂਗਰਸ ਵਿੱਚ ਸ਼ਾਮਲ ਹੋ ਗਈ। ਵਿਨੇਸ਼ ਫੋਗਾਟ ਨੇ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਤਤਕਾਲੀ ਪ੍ਰਧਾਨ ਬ੍ਰਿਜ ਭੂਸ਼ਨ ਸ਼ਰਨ ਸਿੰਘ ਖ਼ਿਲਾਫ਼ ਵਿਰੋਧ ਪ੍ਰਦਰਸ਼ਨ 'ਚ ਮੋਹਰੀ ਭੂਮਿਕਾ ਨਿਭਾਈ ਸੀ। ਬ੍ਰਿਜ ਭੂਸ਼ਨ 'ਤੇ ਮਹਿਲਾ ਪਹਿਲਵਾਨਾਂ ਦਾ ਕਥਿਤ ਜਿਨਸੀ ਸ਼ੋਸ਼ਣ ਕਰਨ ਦਾ ਦੋਸ਼ ਹੈ।

# ਯਮੁਨਾ ਗਲੀ ਦਾ ਰੇਲਵੇ ਅੰਡਰਪਾਸ ਮੀਂਹ ਦੇ ਪਾਣੀ ਨਾਲ ਭਰਿਆ



**ਯਮੁਨਾਨਗਰ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੀਂਹ ਦਾ ਪਾਣੀ ਯਮੁਨਾਨਗਰ-ਜਗਾਧਰੀ ਰੇਲਵੇ ਸਟੇਸ਼ਨ ਨੇੜੇ ਸਥਿਤ ਯਮੁਨਾ ਗਲੀ ਲਾਗੇ ਬਣੇ ਰੇਲਵੇ ਅੰਡਰਪਾਸ ਵਿੱਚ ਭਰ ਗਿਆ। ਇਸ ਕਾਰਨ ਇਸ ਨੂੰ ਆਮ ਲੋਕਾਂ ਲਈ ਬੰਦ ਕਰ ਦਿੱਤਾ ਗਿਆ ਜਿਸ ਕਾਰਨ ਸ਼ਾਦੀਪੁਰ ਅਤੇ ਹਮੀਦਾ ਇਲਾਕੇ ਦੇ ਲੋਕਾਂ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਰੇਲਵੇ ਕਰਮਚਾਰੀ ਤੇਜਪਾਲ ਨੇ ਦੱਸਿਆ ਕਿ ਕੱਲ੍ਹ ਭਾਰੀ ਮੀਂਹ ਕਾਰਨ ਯਮੁਨਾਨਗਰ-ਜਗਾਧਰੀ ਰੇਲਵੇ ਸਟੇਸ਼ਨ ਦੇ ਯਮੁਨਾ ਗਲੀ 'ਤੇ ਬਣਿਆ ਰੇਲਵੇ ਅੰਡਰਪਾਸ 4 ਫੁੱਟ ਤੋਂ ਵੱਧ ਪਾਣੀ ਨਾਲ ਭਰ ਗਿਆ। ਕੱਲ੍ਹ ਤੋਂ ਟਰੈਕਟਰਾਂ ਦੀ ਮਦਦ ਨਾਲ ਪਾਣੀ ਨੂੰ ਬਾਹਰ ਕੱਢਿਆ ਜਾ ਰਿਹਾ ਹੈ ਅਤੇ ਦੋਵਾਂ ਪਾਸਿਆਂ ਤੋਂ ਆਵਾਜਾਈ ਨੂੰ ਰੋਕ ਦਿੱਤਾ ਗਿਆ ਹੈ ਤਾਂ ਜੋ ਕੋਈ ਹਾਦਸਾ ਨਾ ਵਾਪਰੇ। ਉਨ੍ਹਾਂ ਕਿਹਾ ਕਿ ਉਮੀਦ ਹੈ ਕਿ ਜਲਦੀ ਹੀ ਪਾਣੀ ਨੂੰ ਬਾਹਰ ਕੱਢਣ ਤੋਂ ਬਾਅਦ ਅੰਡਰਪਾਸ ਖੋਲ੍ਹ ਦਿੱਤਾ ਜਾਵੇਗਾ ਪਰ ਫਿਰ ਵੀ ਸਾਵਧਾਨੀ ਵਜੋਂ, ਅੰਡਰਪਾਸ ਦੇ ਦੋਵੇਂ ਪਾਸੇ ਬੈਰੀਕੇਡ ਲਗਾ ਕੇ ਲੋਕਾਂ ਨੂੰ ਅੰਡਰਪਾਸ ਤੋਂ ਲੰਘਣ ਦੀ ਵੀ ਮਨਾਹੀ ਹੈ।

ਇਸ ਦੌਰਾਨ ਮੇਅਰ ਸੁਮਨ ਬਾਹਮਣੀ ਨੇ ਨਗਰ ਨਿਗਮ ਅਧਿਕਾਰੀਆਂ ਨਾਲ ਸ਼ਹਿਰ ਦੇ ਵੱਖ-ਵੱਖ ਖੇਤਰਾਂ ਦਾ ਦੌਰਾ ਕੀਤਾ ਅਤੇ ਮੀਂਹ ਦਾ ਪਾਣੀ ਜਿਨ੍ਹਾਂ ਖੇਤਰਾਂ ਵਿੱਚ ਇੱਕਠਾ ਹੋਇਆ ਸੀ, ਦੇ ਵਸਨੀਕਾਂ ਨਾਲ ਮੁਲਾਕਾਤ ਕੀਤੀ ਅਤੇ ਅਧਿਕਾਰੀਆਂ ਨੂੰ ਪਾਣੀ ਦੀ ਨਿਕਾਸ ਦਾ ਸਥਾਈ ਹਲ ਕੱਢਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਭੱਵਿਖ ਵਿੱਚ ਬਰਸਾਤ ਦਾ ਪਾਣੀ ਕਿਸੇ ਇਲਾਕੇ ਵਿੱਚ ਇਕੱਠਾ ਹੋਇਆ ਤਾਂ ਸਬੰਧਤ ਠੇਕੇਦਾਰ ਅਤੇ ਅਧਿਕਾਰੀ ਦੀ ਜ਼ਿੰਮੇਵਾਰੀ ਹੋਵੇਗੀ। ਮੇਅਰ ਦੇ ਦੌਰੇ ਦੌਰਾਨ ਲੋਕਾਂ ਨੇ ਦੱਸਿਆ ਕਿ ਅੰਡਰਪਾਸ ਵਿੱਚ ਪਾਣੀ ਭਰਨ ਕਾਰਨ ਉਨ੍ਹਾਂ ਨੂੰ ਹੁਣ ਦੂਜੀ ਥਾਂ ਜਾਣ ਲਈ ਲੰਬਾ ਪੈਂਡਾ ਤੈਅ ਕਰਨਾ ਪਵੇਗਾ। ਮੇਅਰ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਜਲਦੀ ਹੀ ਪਾਣੀ ਨੂੰ ਬਾਹਰ ਕੱਢਿਆ ਜਾਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਇਸ ਸਬੰਧੀ ਮੌਕੇ 'ਤੇ ਹੀ ਹਦਾਇਤਾਂ ਜਾਰੀ ਕੀਤੀਆਂ।

# ਨਸ਼ਿਆਂ ਦੇ ਮਾੜੇ ਪ੍ਰਭਾਵ ਬਾਰੇ ਜਾਗਰੂਕ ਕੀਤਾ

**ਸ਼ਾਹਬਾਦ ਮਾਰਕੰਡਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਆਰੀਆ ਕੰਨਿਆ ਕਾਲਜ ਵਿੱਚ ਨਸ਼ਾ ਵਿਰੋਧੀ ਮੁਹਿੰਮ ਦੀ ਕੋਆਰਡੀਨੇਅਰ ਡਾ. ਜੋਤੀ ਸ਼ਰਮਾ ਦੀ ਅਗਵਾਈ ਹੇਠ ਵਿਦਿਆਰਥੀਆਂ ਨੂੰ ਨਸ਼ੇ ਨਾ ਕਰਨ ਦੀ ਸਹੁੰ ਚੁਕਾਈ ਗਈ। ਇਸ ਮੌਕੇ ਕਾਲਜ ਦੀ ਪ੍ਰਿੰਸੀਪਲ ਡਾ. ਆਰਤੀ ਤ੍ਰੇਹਨ ਨੇ ਕਿਹਾ ਕਿ ਸਿਹਤਮੰਦ ਸਮਾਜ ਲਈ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵ ਬਾਰੇ ਜਾਗਰੂਕ ਕਰਨ ਦੀ ਲੋੜ ਹੈ। ਤੰਬਾਕੂ ਵਿਰੋਧੀ ਤੇ ਨਸ਼ਾ ਵਿਰੋਧੀ ਕਮੇਟੀ ਦੀ ਨੋਡਲ ਅਧਿਕਾਰੀ ਕੈਪਟਨ ਡਾ. ਜੋਤੀ ਸ਼ਰਮਾ ਨੇ ਕਿਹਾ ਕਿ ਇਸ ਪ੍ਰੋਗਰਾਮ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰੱਖਣਾ ਤੇ ਚੰਗੇ ਸਮਾਜ ਦੀ ਸਿਰਜਣਾ ਹੈ। ਉਨ੍ਹਾਂ ਕਿਹਾ ਕਿ ਨਸ਼ੇ ਨਾਲ ਕਈ ਘਰ ਤਬਾਹ ਹੋ ਚੁੱਕੇ ਹਨ ਤੇ ਇਸ ਨਸ਼ੇ ਤੋਂ ਦੂਰ ਰਹਿਣਾ ਚਾਹੀਦਾ ਹੈ। ਜੇਕਰ ਕੋਈ ਨਸ਼ਾ ਕਰਦਾ ਹੈ ਤਾਂ ਉਸ ਨੂੰ ਇਸ ਦੇ ਮਾੜੇ ਪ੍ਰਭਾਵ ਬਾਰੇ ਜਾਗਰੂਕ ਕੀਤਾ ਜਾਵੇ। ਪ੍ਰੋਗਰਾਮ ਵਿੱਚ 84 ਵਿਦਿਆਰਥੀਆਂ ਨੇ ਹਿੱਸਾ ਲਿਆ।

# ਸਾਬਕਾ ਵਿਧਾਇਕ ਵੱਲੋਂ ਸਿਵਲ ਹਸਪਤਾਲ ਦਾ ਦੌਰਾ

**ਨਰਾਇਣਗੜ੍ਹ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਬਕਾ ਵਿਧਾਇਕ ਡਾ. ਪਵਨ ਸੈਣੀ ਨੇ ਅੱਜ ਸਿਵਲ ਹਸਪਤਾਲ ਨਰਾਇਣਗੜ੍ਹ ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਹਸਪਤਾਲ ਦੇ ਡਾਕਟਰਾਂ ਅਤੇ ਮਰੀਜ਼ਾਂ ਨਾਲ ਗੱਲਬਾਤ ਕੀਤੀ। ਮਰੀਜ਼ਾਂ ਅਤੇ ਉਨ੍ਹਾਂ ਦੇ ਸਹਾਇਕਾਂ ਨੇ ਸਾਬਕਾ ਵਿਧਾਇਕ ਦੇ ਸਾਹਮਣੇ ਜ਼ੱਚਾ-ਬੱਚਾ ਵਾਰਡ ਵਿੱਚ ਡਾਕਟਰਾਂ ਦੀ ਘਾਟ ਦਾ ਮੁੱਦਾ ਚੁੱਕਿਆ। ਉਨ੍ਹਾਂ ਬੇਨਤੀ ਕੀਤੀ ਕਿ ਡਾਕਟਰਾਂ ਦੀ ਰੋਸਟਰ ਅਨੁਸਾਰ ਜ਼ੱਚਾ-ਬੱਚਾ ਵਾਰਡ ਵਿੱਚ ਡਿਊਟੀ ਲਗਾਈ ਜਾਵੇ ਤਾਂ ਜੋ ਜਾਂਚ ਲਈ ਆਉਣ ਵਾਲੀਆਂ ਗਰਭਵਤੀ ਔਰਤਾਂ ਨੂੰ ਕੋਈ ਮੁਸ਼ਕਲ ਨਾ ਆਵੇ। ਡਾ. ਪਵਨ ਸੈਣੀ ਨੇ ਇਸ ਮਾਮਲੇ 'ਤੇ ਐੱਸਐੱਮਓ ਡਾ. ਪ੍ਰਵੀਨ ਕੁਮਾਰ ਨਾਲ ਚਰਚਾ ਕੀਤੀ ਅਤੇ ਕਿਹਾ ਕਿ ਹਸਪਤਾਲ ਵਿੱਚ ਮੌਜੂਦ ਡਾਕਟਰਾਂ ਅਤੇ ਸਟਾਫ ਦੀ ਰੋਟੇਸ਼ਨ ਅਨੁਸਾਰ ਡਿਊਟੀ ਯਕੀਨੀ ਬਣਾਈ ਜਾਵੇ ਤਾਂ ਜੋ ਮਰੀਜ਼ਾਂ ਨੂੰ ਬਿਹਤਰ ਅਤੇ ਸਮੇਂ ਸਿਰ ਸੇਵਾਵਾਂ ਮਿਲ ਸਕਣ। ਉਨ੍ਹਾਂ ਦੱਸਿਆ ਕਿ ਸਰਕਾਰ ਸਿਹਤ ਸੇਵਾਵਾਂ ਵੱਲ ਵਿਸ਼ੇਸ਼ ਧਿਆਨ ਦੇ ਰਹੀ ਹੈ। ਇਸ



ਤੋਂ ਇਲਾਵਾ, ਈ-ਅਪਚਾਰ ਯੋਜਨਾ ਵੀ ਲਾਗੂ ਕੀਤੀ ਗਈ ਹੈ। ਰਾਜ ਵਿੱਚ ਨਿਰੋਗੀ ਹਰਿਆਣਾ ਯੋਜਨਾ ਚਲਾਈ ਜਾ ਰਹੀ ਹੈ। ਰਾਜ ਵਿੱਚ 24 ਘੰਟੇ ਡਿਲੀਵਰੀ ਸਹੂਲਤਾਂ ਰਾਹੀਂ ਸੰਸਥਾਗਤ ਡਿਲੀਵਰੀ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਡਾ. ਪਵਨ ਸੈਣੀ ਨੇ ਕਿਹਾ ਕਿ ਗਰਭਵਤੀ ਔਰਤਾਂ ਵਿੱਚ ਗੰਭੀਰ ਅਨੀਮੀਆ ਦੇ ਇਲਾਜ ਲਈ ਮੁਫ਼ਤ ਟੀਕਿਆਂ ਦੀ ਉਪਲਬਧਤਾ ਯਕੀਨੀ ਬਣਾਈ ਗਈ ਹੈ। ਇਸ ਤੋਂ ਇਲਾਵਾ ਆਯੂਸ਼ਮਾਨ ਭਾਰਤ ਅਤੇ ਚਿਰਾਯੂ ਯੋਜਨਾ ਰਾਹੀਂ ਵੀ ਰਾਜ ਦੇ ਲੋਕਾਂ ਨੂੰ ਵੱਡੀ ਰਾਹਤ ਅਤੇ ਲਾਭ ਮਿਲਿਆ ਹੈ। ਉਨ੍ਹਾਂ ਕਿਹਾ ਕਿ ਸਿਵਲ ਹਸਪਤਾਲ ਨਰਾਇਣਗੜ੍ਹ ਨੂੰ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੱਲੋਂ 50 ਤੋਂ 100 ਬਿਸਤਰਿਆਂ ਤੱਕ ਵਧਾ ਦਿੱਤਾ ਗਿਆ ਹੈ ਜਿਸ ਦੀ ਇਮਾਰਤ ਲਗਭਗ ਤਿਆਰ ਹੈ। ਉਨ੍ਹਾਂ ਕਿਹਾ ਕਿ ਇੱਕ ਵਾਰ ਇਹ ਕੰਮ ਪੂਰਾ ਹੋ ਜਾਣ 'ਤੇ ਲੋਕਾਂ ਨੂੰ ਇੱਥੇ ਬਿਹਤਰ ਸਹੂਲਤਾਂ ਮਿਲਣਗੀਆਂ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਲਈ ਵਚਨਬੱਧ ਹੈ।

# ਸਾਈਕਲ ਯਾਤਰਾ ਨਾਲ ਨਸ਼ਾ ਛੱਡਣ ਦਾ ਸੁਨੇਹਾ



**ਸ਼ਾਹਬਾਦ ਮਾਰਕੰਡਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਤਰਰਾਸ਼ਟਰੀ ਨਸ਼ਾ ਮੁਕਤ ਦਿਵਸ 'ਤੇ ਕੁਰੂਕਸ਼ੇਤਰ ਵਿੱਚ ਹਰਿਆਣਾ ਰਾਜ ਨਾਰਕੋਟਿਕਸ ਕੰਟਰੋਲ ਬਿਊਰੋ ਦੇ ਜਾਗਰੂਕਤਾ ਪ੍ਰੋਗਰਾਮ ਤੇ ਪੁਨਰਵਾਸ ਇੰਚਾਰਜ ਏਐੱਸਆਈ ਡਾ. ਅਸ਼ੋਕ ਕੁਮਾਰ ਵਰਮਾ ਨੇ ਸਾਈਕਲ ਯਾਤਰਾ ਰਾਹੀਂ ਲੋਕਾਂ ਨੂੰ ਨਸ਼ੇ ਤੋਂ ਦੂਰ ਰਹਿਣ ਲਈ ਜਾਗਰੂਕ ਕੀਤਾ। ਉਨ੍ਹਾਂ ਵੱਖ-ਵੱਖ ਥਾਵਾਂ 'ਤੇ ਰੁਕ ਕੇ ਲੋਕਾਂ ਨੂੰ ਇਕੱਠਾ ਕਰਕੇ ਕਿਹਾ ਕਿ ਹਰਿਆਣਾ ਰਾਜ ਨਾਰਕੋਟਿਕਸ ਕੰਟਰੋਲ ਬਿਊਰੋ ਦਾ ਗਠਨ ਸਿਰਫ ਤੇ ਸਿਰਫ ਸੂਬੇ ਨੂੰ ਨਸ਼ਾ ਮੁਕਤ ਕਰਨ ਦੇ ਉਦੇਸ਼ ਨਾਲ ਕੀਤਾ ਗਿਆ ਹੈ ਤੇ ਇਸ ਦੇ ਉਦੇਸ਼ ਦੀ ਸਫਲਤਾ ਲੋਕਾਂ ਨੂੰ ਨਾਲ ਜੋੜੇ ਬਿਨਾਂ ਸੰਭਵ ਨਹੀਂ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਨੇ ਨਸ਼ੇ ਖ਼ਿਲਾਫ਼ ਯੁੱਧ ਆਰੰਭ ਕੀਤਾ ਹੋਇਆ ਹੈ।

ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਪ੍ਰਤੀਬੰਧਿਤ ਨਸ਼ਿਆਂ ਦੇ ਨਾਲ ਨਾਲ ਹੋਰ ਨਸ਼ਿਆਂ ਦਾ ਵੀ ਤਿਆਗ ਕੀਤਾ ਜਾਏ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਹਰਿਆਣਾ ਕੰਟਰੋਲ ਬਿਊਰੋ ਦੇ ਹੈਲਪ ਲਾਈਨ ਨੰਬਰ 9050891508 ਜਾਂ 1933 'ਤੇ ਨਸ਼ੇ ਖਿਲਾਫ ਗੁਪਤ ਸੂਚਨਾ ਦੇ ਕੇ ਇਕ ਸੱਚੇ ਨਾਗਰਿਕ ਦਾ ਫਰਜ਼ ਨਿਭਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਜਾਣਕਾਰੀ ਨੂੰ ਗੁਪਤ ਰੱਖਿਆ ਜਾਵੇਗਾ। ਭਾਵ ਨਸ਼ੇ ਖ਼ਿਲਾਫ਼ ਜਾਣਕਾਰੀ ਦੇਣ ਵਾਲੇ ਦਾ ਨਾਮ ਉਜਾਗਰ ਨਹੀਂ ਕੀਤਾ ਜਾਵੇਗਾ। ਉਨ੍ਹਾਂ ਲੋਕਾਂ ਨੂੰ ਨਸ਼ੇ ਤਿਆਗਣ ਦੀ ਸਹੁੰ ਵੀ ਚੁਕਾਈ।

# ਬਿਜਲੀ ਮੁਲਾਜ਼ਮਾਂ ਵੱਲੋਂ ਐੱਸਡੀਓ ਖ਼ਿਲਾਫ਼ ਨਾਅਰੇਬਾਜ਼ੀ

**ਪਿਹੋਵਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਬਿਜਲੀ ਵਿਭਾਗ ਨਾਲ ਸਬੰਧਤ ਆਲ ਹਰਿਆਣਾ ਪਾਵਰ ਕਾਰਪੋਰੇਸ਼ਨ ਵਰਕਰ ਯੂਨੀਅਨ ਨੇ ਕਰਮਚਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੰਜਵੇਂ ਦਿਨ ਵੀ ਐੱਸਡੀਓ ਵਿਰੁੱਧ ਗੇਟ ਮੀਟਿੰਗ ਕੀਤੀ। ਇਸ ਦੌਰਾਨ ਕਰਮਚਾਰੀਆਂ ਨੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ। ਯੂਨਿਟ ਸਕੱਤਰ ਗੁਰਚਰਨ ਸੰਧੂ ਨੇ ਕਿਹਾ ਕਿ ਕਰਮਚਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਐੱਸਡੀਓ ਨਾਲ ਕਈ ਮੀਟਿੰਗਾਂ ਕੀਤੀਆਂ ਗਈਆਂ, ਜਿਸ ਵਿੱਚ ਭਰੋਸਾ ਦਿੱਤਾ ਗਿਆ ਸੀ ਕਿ ਕਰਮਚਾਰੀਆਂ ਦੀਆਂ ਮੰਗਾਂ 'ਤੇ ਵਿਚਾਰ ਕੀਤਾ ਜਾਵੇਗਾ। ਅਜੇ ਤੱਕ ਕੋਈ ਵੀ ਮਸਲਾ ਹੱਲ ਨਹੀਂ ਕੀਤਾ। ਕਰਮਚਾਰੀਆਂ ਨੇ ਕਿਹਾ ਕਿ ਸਾਡੀ ਗੇਟ ਮੀਟਿੰਗ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਸਾਡੀਆਂ ਮੰਗਾਂ ਗੱਲਬਾਤ ਰਾਹੀਂ ਹੱਲ ਨਹੀਂ ਹੋ ਜਾਂਦੀਆਂ। ਇਸ ਮੌਕੇ ਪਵਨ, ਫਕੀਰ ਚੰਦ, ਰਮਨ ਹਾਜ਼ਰ ਸਨ।

# ਸਰਕਾਰ ਜਲਦੀ 7500 ਨੌਜਵਾਨਾਂ ਨੂੰ ਨੌਕਰੀ ਦੇਵੇਗੀ: ਸੈਣੀ



**ਸ਼ਾਹਬਾਦ ਮਾਰਕੰਡਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਹੈ ਕਿ ਜਲਦੀ ਹੀ ਸੂਬਾ ਸਰਕਾਰ 7500 ਨੌਜਵਾਨਾਂ ਨੂੰ ਨੌਕਰੀਆਂ ਦੇਣ ਜਾ ਰਹੀ ਹੈ। ਇਨਾਂ ਅਸਾਮੀਆਂ ਲਈ ਪ੍ਰੀਖਿਆ ਤੇ ਹੋਰ ਸਾਰੀਆਂ ਕਿਸਮਾਂ ਦੀਆਂ ਪ੍ਰਕਿਰਿਆਵਾਂ ਪੂਰੀਆਂ ਹੋ ਚੁੱਕੀਆਂ ਹਨ ,ਹੁਣ ਨਤੀਜਾ ਜਲਦੀ ਐਲਾਨਿਆ ਜਾਵੇਗਾ। ਇਸ ਦੇ ਨਾਲ ਹੀ ਸੂਬੇ ਦੇ ਸਾਰੇ ਵਿਭਾਗਾਂ ਵਿਚ ਖਾਲੀ ਅਸਾਮੀਆਂ ਦਾ ਵੇਰਵਾ ਇੱਕਠਾ ਕਰ ਲਿਆ ਗਿਆ ਹੈ ਤੇ ਗਰੁੱਪ ਸੀ ਦੀਆਂ ਅਸਾਮੀਆਂ ਲਈ ਸੀਈਟੀ ਅਰਜ਼ੀਆਂ ਲਈਆਂ ਗਈਆਂ ਹਨ। ਜਲਦ ਹੀ ਪ੍ਰੀਖਿਆ ਲਈ ਜਾਵੇਗੀ ਤੇ ਹੋਰ ਵਿਭਾਗਾਂ ਵਿੱਚ ਖਾਲੀ ਅਸਾਮੀਆਂ ਲਈ ਇਸ਼ਤਿਹਾਰ ਜਾਰੀ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸਰਕਾਰ ਨੇ ਆਪਣੇ ਘੋਸ਼ਣਾ ਪੱਤਰ ਵਿਚ 50 ਹਜ਼ਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦਾ ਵਾਅਦਾ ਕੀਤਾ ਸੀ । ਮੁੱਖ ਮੰਤਰੀ ਬੀਤੀ ਦੇਰ ਸ਼ਾਮ ਪਿੰਡ ਬਨ ਵਿੱਚ ਸੰਬੋਧਨ ਕਰ ਰਹੇ ਸਨ।

ਇਸ ਮੌਕੇ ਉਨ੍ਹਾਂ ਨੇ ਪਿੰਡ ਵਿੱਚ ਪੌਦਾ ਲਾ ਕੇ ਵਾਤਾਵਰਣ ਵਾਤਾਵਰਨ ਬਚਾਉਣ ਦਾ ਸੰਦੇਸ਼ ਵੀ ਦਿੱਤਾ। ਉਨਾਂ ਕਿਹਾ ਕਿ ਚੋਣਾਂ ਦੌਰਾਨ ਕਾਂਗਰਸ ਨੇ 26 ਹਜ਼ਾਰ ਨੌਕਰੀਆਂ ਦੇ ਨਤੀਜੇ ਰੋਕੇ ਸਨ ਤਾਂ ਅਸੀ ਘੋਸ਼ਣਾ ਕੀਤੀ ਸੀ ਕਿ ਸਰਕਾਰ ਬਣਦੇ ਹੀ ਸਹੁੰ ਚੁੱਕਣ ਤੋਂ ਪਹਿਲਾਂ ਨੌਜਵਾਨਾਂ ਨੂੰ ਉਨ੍ਹਾਂ ਦੀਆਂ ਨੌਕਰੀਆਂ ਦੇ ਨਤੀਜੇ ਐਲਾਨ ਕੇ ਅਸਾਮੀਆਂ ਭਰੀਆਂ ਜਾਣਗੀਆਂ ਤੇ ਸਰਕਾਰ ਨੇ ਅਜਿਹਾ ਹੀ ਕੀਤਾ। ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਵਿੱਚ ਸੂਬੇ ਦੇ ਨੌਜਵਾਨਾਂ ਨੂੰ ਬਿਨਾਂ ਪਰਚੀ ਤੇ ਬਿਨਾਂ ਖਰਚੀ ਨੌਕਰੀਆਂ ਮਿਲ ਰਹੀਆਂ ਹਨ ਤੇ ਮਿਲਦੀਆਂ ਰਹਿਣਗੀਆ। ਇਸ ਮੌਕੇ ਮੁੱਖ ਮੰਤਰੀ ਦੇ ਦਫਤਰ ਇੰਚਾਰਜ ਕੈਲਾਸ਼ ਸੈਣੀ, ਡਿਪਟੀ ਕਮਿਸ਼ਨਰ ਨੇਹਾ ਸਿੰਘ, ਐੱਸਐੱਸਪੀ ਨਿਤੀਸ਼ ਅਗਰਵਾਲ, ਭਾਜਪਾ ਜ਼ਿਲ੍ਹਾ ਪ੍ਰਧਾਨ ਤਜਿੰਦਰ ਸਿੰਘ ਗੋਲਡੀ ਮੌਜੂਦ ਸਨ।

ਸ਼ਾਹਬਾਦ ਮਾਰਕੰਡਾ: ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸਾਬਕਾ ਰਾਜ ਮੰਤਰੀ ਸੁਭਾਸ਼ ਸੁਧਾ ਦੇ ਭਤੀਜੇ ਸੁਧਾਂਸ਼ੂ ਸੁਧਾ ਦੀ ਮੌਤ 'ਤੇ ਦੁੱਖ ਪ੍ਰਗਟਾਇਆ। ਉਨ੍ਹਾਂ ਕਿਹਾ ਕਿ ਮ੍ਰਿਤਕ ਦਾ ਦੇਹਾਂਤ ਨਾ ਸਿਰਫ ਪਰਿਵਾਰ ਲਈ ਸਗੋਂ ਸਮਾਜ ਲਈ ਵੀ ਇਕ ਨਾ ਪੂਰਾ ਹੋਣ ਵਾਲਾ ਘਾਟਾ ਹੈ ਤੇ ਇਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਮੁੱਖ ਮੰਤਰੀ ਨੇ ਸਾਬਕਾ ਰਾਜ ਮੰਤਰੀ ਸੁਭਾਸ਼ ਸੁਧਾ ਦੇ ਭਰਾ ਅਸ਼ੋਕ ਸੁਧਾ, ਨਗਰ ਪੰਚਾਇਤ ਦੀ ਸਾਬਕਾ ਚੇਅਰਮੈਨ ਉਮਾ ਸੁਧਾ, ਕੌਂਸਲਰ ਮੁਕੰਦ ਸੁਧਾ ਤੇ ਹੋਰ ਪਰਿਵਾਰਕ ਮੈਂਬਰਾਂ ਨਾਲ ਵੀ ਦੁੱਖ ਪ੍ਰਗਟਾਇਆ। ਇਸ ਮੌਕੇ ਮੁੱਖ ਮੰਤਰੀ ਦੇ ਮੀਡੀਆ ਕੋਆਰਡੀਨੇਟਰ ਤੁਸ਼ਾਰ ਸੈਣੀ, ਭਾਜਪਾ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਗੋਲਡੀ, ਅੰਕੁਰ ਸੁਧਾ, ਜਤਿਨ ਸੁਧਾ ਤੇ ਕਈ ਹੋਰ ਪਤਵੰਤੇ ਮੌਜੂਦ ਸਨ।

# ਗੀਤਾ, ਗੁਰੂ ਗ੍ਰੰਥ ਸਾਹਿਬ ਤੇ ਬਾਈਬਲ ਜਿੰਨਾ ਪਵਿੱਤਰ ਹੈ ਸੰਵਿਧਾਨ: ਬਘੇਲ

**ਸ਼ਾਹਬਾਦ ਮਾਰਕੰਡਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਰਾਜ ਮੰਤਰੀ ਐੱਸਪੀ ਬਘੇਲ ਨੇ ਕਿਹਾ ਹੈ ਕਿ ਭਾਰਤੀ ਸੰਵਿਧਾਨ ਸਾਡੇ ਦੇਸ਼ ਦੀ ਗੀਤਾ, ਗੁਰੂ ਗ੍ਰੰਥ ਸਾਹਿਬ ਤੇ ਬਾਈਬਲ ਜਿੰਨਾ ਪਵਿੱਤਰ ਹੈ। ਸਾਨੂੰ ਸੰਵਿਧਾਨ ਦਾ ਸਤਿਕਾਰ ਕਰਨਾ ਚਾਹੀਦਾ ਹੈ। ਦੇਸ਼ ਦੇ ਹਿੱਤ ਵਿਚ ਸੰਵਿਧਾਨ ਵਿੱਚ ਸੋਧਾਂ ਕੀਤੀਆਂ ਜਾਂਣੀਆਂ ਚਾਹੀਦੀਆਂ ਹਨ , ਪਰ ਨਿੱਜੀ ਜਾਂ ਸੱਤਾ ਲਈ ਸੋਧਾਂ ਕਰਨਾ ਸੰਵਿਧਾਨ ਨੂੰ ਮਾਰਨ ਦੇ ਬਰਾਬਰ ਹੈ। ਭਾਰਤੀ ਜਨਤਾ ਪਾਰਟੀ ਸੰਵਿਧਾਨ ਨੂੰ ਬਚਾਉਣ ਦਾ ਕੰਮ ਕਰ ਰਹੀ ਹੈ। ਇਹ ਵਿਚਾਰ ਉਨ੍ਹਾਂ ਪੰਚਾਇਤ ਭਵਨ ਵਿੱਚ 'ਸੰਵਿਧਾਨ ਹੱਤਿਆ ਦਿਵਸ 2025' ਪ੍ਰੋਗਰਾਮ ਦੌਰਾਨ ਪ੍ਰਗਟ ਕੀਤੇ। ਉਨ੍ਹਾਂ ਸੰਵਿਧਾਨ ਹੱਤਿਆ ਦਿਵਸ ਸਬੰਧੀ ਪ੍ਰਦਰਸ਼ਨੀ ਦਾ ਦੌਰਾ ਵੀ ਕੀਤਾ ਤੇ ਐਮਰਜੈਂਸੀ ਦੌਰਾਨ ਕੈਦ ਹੋਏ ਲੋਕਾਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸ਼ਾਲ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਾਡੇ ਦੇਸ਼ ਵਿੱਚ ਦੋ ਔਰਤਾਂ ਨੂੰ ਰਾਸ਼ਟਰਪਤੀ ਦੇ ਅਹੁਦੇ ਨਾਲ ਨਿਵਾਜਿਆ ਗਿਆ ਹੈ ਪਰ ਅਮਰੀਕਾ ਵਿੱਚ ਅੱਜ ਤਕ ਕਿਸੇ ਔਰਤ ਨੂੰ ਰਾਸ਼ਟਰਪਤੀ ਦਾ ਖਿਤਾਬ ਨਹੀਂ ਦਿੱਤਾ ਗਿਆ।

ਉਨ੍ਹਾਂ ਕਿਹਾ ਕਿ ਐਮਰਜੈਂਸੀ ਦੇ 19 ਮਹੀਨੇ ਸਾਡੇ ਦੇਸ਼ ਦੇ ਲੋਕਤੰਤਰ 'ਤੇ ਇਕ ਕਾਲਾ ਧੱਬਾ ਹੈ। ਭਾਜਪਾ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਦੇਸ਼ 'ਤੇ 25 ਜੂਨ 1975 ਨੂੰ ਸੰਵਿਧਾਨ ਲਾਗੂ ਕੀਤਾ ਗਿਆ ਸੀ ਤੇ ਅੱਜ ਪੂਰੇ 50 ਸਾਲ ਹੋ ਗਏ ਹਨ ਫਿਰ ਲੋਕਾਂ ਨੂੰ ਜੇਲ੍ਹ ਭੇਜਿਆ ਗਿਆ। ਸੰਵਿਧਾਨ ਵਿੱਚ ਸੋਧ ਕਰਕੇ ਇਸ ਨੂੰ ਬਦਲਿਆ ਗਿਆ। ਇਸ ਨੂੰ ਭਾਰਤੀ ਸੰਵਿਧਾਨ ਦਾ ਇਕ ਕਾਲਾ ਅਧਿਆਏ ਮੰਨਿਆ ਜਾਂਦਾ ਹੈ।

# .ਗੈਰਕਾਨੂੰਨੀ ਹਥਿਆਰ ਰੱਖਣ 'ਤੇ ਇੱਕ ਹੋਰ ਗ੍ਰਿਫ਼ਤਾਰ

**ਰਤੀਆ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਥਾਣਾ ਪੁਲੀਸ ਨੇ ਗੈਰ-ਕਾਨੂੰਨੀ ਹਥਿਆਰ ਰੱਖਣ ਦੇ ਮਾਮਲੇ ਵਿੱਚ ਫੜੇ ਗਏ ਮੁਲਜ਼ਮ ਤੋਂ ਪੁੱਛਗਿੱਛ ਦੇ ਆਧਾਰ 'ਤੇ ਉਸ ਦੇ ਇਕ ਹੋਰ ਸਾਥੀ ਵਿਕਰਮ ਉਰਫ਼ ਮਜਨੂੰ ਨੂੰ ਗ੍ਰਿਫ਼ਤਾਰ ਕੀਤਾ ਹੈ। ਥਾਣਾ ਸਿਟੀ ਰਤੀਆ ਦੇ ਇੰਚਾਰਜ ਸਬ-ਇੰਸਪੈਕਟਰ ਰਣਜੀਤ ਨੇ ਦੱਸਿਆ ਕਿ 19 ਜੂਨ ਨੂੰ ਏਐੱਸਆਈ ਮਹਿੰਦਰ ਦੀ ਅਗਵਾਈ ਹੇਠ ਪੁਲੀਸ ਟੀਮ ਟੋਹਾਣਾ ਰੋਡ ਟੀ-ਪੁਆਇੰਟ, ਰਤੀਆ ਵਿੱਚ ਗਸ਼ਤ ਕਰ ਰਹੀ ਸੀ। ਇਸ ਦੌਰਾਨ ਇੱਕ ਨੌਜਵਾਨ ਪੁਲੀਸ ਨੂੰ ਦੇਖ ਕੇ ਪਿੱਛੇ ਮੁੜਨ ਲੱਗਿਆ। ਰੋਕਣ 'ਤੇ ਪੁੱਛਗਿੱਛ ਕੀਤੀ, ਜਿਸ ਵਿੱਚ ਉਸ ਨੇ ਆਪਣਾ ਨਾਮ ਗਗਨਦੀਪ ਉਰਫ਼ ਨਾਗ ਦੱਸਿਆ। ਤਲਾਸ਼ੀ ਦੌਰਾਨ ਉਸ ਦੇ ਕਬਜ਼ੇ ਵਿੱਚੋਂ ਗੈਰ-ਕਾਨੂੰਨੀ 315 ਬੋਰ ਪਿਸਤੌਲ ਬਰਾਮਦ ਹੋਇਆ।

ਪੁਲੀਸ ਵੱਲੋਂ ਪੁੱਛਗਿੱਛ ਦੌਰਾਨ, ਮੁਲਜ਼ਮ ਨੇ ਖੁਲਾਸਾ ਕੀਤਾ ਕਿ ਉਸ ਨੇ ਇਹ ਹਥਿਆਰ ਆਪਣੇ ਸਾਥੀ ਵਿਕਰਮ ਉਰਫ਼ ਮਜਨੂੰ ਤੋਂ ਪ੍ਰਾਪਤ ਕੀਤਾ ਸੀ। ਪੁਲੀਸ ਨੇ ਅੱਜ ਵਿਕਰਮ ਨੂੰ ਵੀ ਗ੍ਰਿਫ਼ਤਾਰ ਕਰ ਲਿਆ।

# ਐੱਨਆਈਏ ਵੱਲੋਂ ਪੰਜਾਬ, ਹਰਿਆਣਾ ਤੇ ਯੂਪੀ ਵਿਚ ਛਾਪੇ

**ਨਵੀਂ ਦਿੱਲੀ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕੌਮੀ ਜਾਂਚ ਏਜੰਸੀ (ਐੱਨਆਈਏ) ਨੇ ਵੀਰਵਾਰ ਨੂੰ ਖਾਲਿਸਤਾਨੀ ਅਤਿਵਾਦੀ ਨੈੱਟਵਰਕ ਦੀ ਜਾਂਚ ਲਈ ਪੰਜਾਬ, ਹਰਿਆਣਾ ਅਤੇ ਉੱਤਰ ਪ੍ਰਦੇਸ਼ ਵਿੱਚ ਕਈ ਥਾਵਾਂ 'ਤੇ ਛਾਪੇ ਮਾਰੇ। ਐੱਨਆਈਏ ਟੀਮਾਂ ਨੇ ਅੱਜ ਸਵੇਰੇ ਤਿੰਨ ਉੱਤਰੀ ਰਾਜਾਂ ਵਿੱਚ 18 ਥਾਵਾਂ 'ਤੇ ਮਾਰੇ ਛਾਪਿਆਂ ਦੌਰਾਨ ਮੋਬਾਈਲ, ਡਿਜੀਟਲ ਡਿਵਾਈਸ ਅਤੇ ਭੜਕਾਊ ਸਮੱਗਰੀ ਜ਼ਬਤ ਕੀਤੀ ਹੈ।

ਜਾਂਚ ਏਜੰਸੀ ਵੱਲੋਂ ਜਾਰੀ ਬਿਆਨ ਅਨੁਸਾਰ ਪਾਬੰਦੀਸ਼ੁਦਾ ਜਥੇਬੰਦੀ ਬੱਬਰ ਖਾਲਸਾ ਇੰਟਰਨੈਸ਼ਨਲ (ਬੀਕੇਆਈ) ਦੇ ਸੰਚਾਲਕ ਕੁਲਬੀਰ ਸਿੱਧੂ, ਅਮਰੀਕਾ ਸਥਿਤ ਗੈਂਗਸਟਰ ਮਨੀਸ਼ ਉਰਫ਼ ਕਾਕਾ ਰਾਣਾ ਅਤੇ ਭਾਰਤ ਅਤੇ ਹੋਰ ਕਈ ਦੇਸ਼ਾਂ ਵਿੱਚ ਸਥਿਤ ਉਨ੍ਹਾਂ ਦੇ ਨੈੱਟਵਰਕ ਨਾਲ ਜੁੜੇ ਸ਼ੱਕੀ ਵਿਅਕਤੀਆਂ ਦੇ ਟਿਕਾਣਿਆਂ 'ਤੇ ਛਾਪੇ ਮਾਰੇ ਗਏ।

ਸਿੱਧੂ, ਮੂਲ ਰੂਪ ਵਿੱਚ ਹਰਿਆਣਾ ਦੇ ਯਮੁਨਾਨਗਰ ਦਾ ਰਹਿਣ ਵਾਲਾ ਹੈ ਅਤੇ ਇਸ ਸਮੇਂ ਜਰਮਨੀ ਵਿੱਚ ਹੈ ਅਤੇ ਨਾਮਜ਼ਦ ਅਤਿਵਾਦੀ ਅਤੇ ਬੀਕੇਆਈ ਮੁਖੀ ਵਧਾਵਾ ਸਿੰਘ ਬੱਬਰ ਦਾ ਮੁੱਖ ਸਾਥੀ ਹੈ। ਸਿੱਧੂ ਅਪਰੈਲ 2024 ਵਿੱਚ ਪੰਜਾਬ ਦੇ ਨੰਗਲ ਵਿੱਚ ਵਿਸ਼ਵ ਹਿੰਦੂ ਪ੍ਰੀਸ਼ਦ (ਵੀਐਚਪੀ) ਦੇ ਨੇਤਾ ਵਿਕਾਸ ਪ੍ਰਭਾਕਰ ਦੀ ਹੱਤਿਆ ਨਾਲ ਸਬੰਧਤ ਐੱਨਆਈਏ ਕੇਸ ਵਿੱਚ ਵੀ ਮੁਲਜ਼ਮ ਹੈ।

ਇਹ ਛਾਪੇ ਪੰਜਾਬ ਦੇ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਦੇ ਘਰ 'ਤੇ ਹਾਲ ਹੀ ਵਿੱਚ ਹੋਏ ਗ੍ਰਨੇਡ ਹਮਲੇ ਦੀ ਐੱਨਆਈਏ ਜਾਂਚ ਦੀ ਕੜੀ ਵਜੋਂ ਮਾਰੇ ਗਏ ਸਨ। ਬਿਆਨ ਵਿਚ ਕਿਹਾ ਗਿਆ, "ਜਲੰਧਰ ਵਿੱਚ ਪੰਜਾਬ ਦੇ ਸਾਬਕਾ ਮੰਤਰੀ ਦੇ ਘਰ 'ਤੇ ਦਹਿਸ਼ਤੀ ਹਮਲਾ 7 ਅਪਰੈਲ 2025 ਦੀ ਰਾਤ ਨੂੰ ਮੁਲਜ਼ਮ ਸੈਦੁਲ ਅਮੀਨ ਵੱਲੋਂ ਕੀਤਾ ਗਿਆ ਸੀ, ਜਿਸ ਨੂੰ ਪੰਜਾਬ ਪੁਲੀਸ ਨੇ 12 ਅਪਰੈਲ ਨੂੰ ਗ੍ਰਿਫਤਾਰ ਕੀਤਾ ਸੀ।" ਪੰਜਾਬ ਵਿਚ ਹੁਸ਼ਿਆਰਪੁਰ, ਗੁਰਦਾਸਪੁਰ, ਤਰਨ ਤਾਰਨ ਤੇ ਮਾਨਸਾ ਜ਼ਿਲ੍ਹਿਆਂ ਜਦੋਂਕਿ ਹਰਿਆਣਾ ਵਿਚ ਕੁਰੂਕਸ਼ੇਤਰ, ਯਮੁਨਾਨਗਰ, ਕਰਨਾਲ ਤੇ ਅੰਬਾਲਾ ਜ਼ਿਲ੍ਹਿਆਂ ਵਿਚ ਐੱਨਆਈਏ ਦੀ ਟੀਮ ਨੇ ਛਾਪੇ ਮਾਰੇ। ਇਸ ਦੇ ਨਾਲ ਹੀ ਯੂਪੀ ਦੇ ਅਮਰੋਹਾ ਜ਼ਿਲ੍ਹੇ ਵਿਚ ਛਾਪੇ ਮਾਰ ਗਏ।

# ਨਿਕਾਸੀ ਨਾ ਹੋਣ ਕਾਰਨ ਹੇਠਲੇ ਖੇਤਰਾਂ ਵਿੱਚ ਪਾਣੀ ਭਰਿਆ

**ਸ਼ਾਹਬਾਦ ਮਾਰਕੰਡਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰੀ ਬਰਸਾਤ ਕਾਰਨ ਬਾਬੈਨ ਦੀ ਸ਼ਨੀ ਮੰਦਰ ਕਲੋਨੀ ਵਿਚ ਪਾਣੀ ਭਰਨ ਕਾਰਨ ਲੋਕ ਪ੍ਰੇਸ਼ਾਨ ਹਨ। ਸਥਾਨਕ ਵਾਸੀ ਦਿਨੇਸ਼ ਕੁਮਾਰ, ਜੈ ਭਗਵਾਨ ਸੈਣੀ, ਮਨੋਜ ਸ਼ਰਮਾ, ਸੁਰੇਸ਼ ਕੁਮਾਰ, ,ਅੰਕੁਸ਼, ਰੋਸ਼ਨੀ ਦੇਵੀ, ਫੂਲ ਚੰਦ ਤੇ ਰਵੀ ਕੁਮਾਰ ਦਾ ਕਹਿਣਾ ਹੈ ਕਿ ਇਲਾਕੇ ਵਿੰਚ ਗੈਰਕਨੂੰਨੀ ਕਲੋਨੀਆਂ ਤੇਜ਼ੀ ਨਾਲ ਉਸਰ ਰਹੀਆਂ ਹਨ। ਕਲੋਨੀਆਂ ਦੀਆਂ ਸੜਕਾਂ ਤੋ ਉੱਚੀ ਮਿੱਟੀ ਭਰਨ ਕਾਰਨ ਮੀਂਹ ਦੇ ਪਾਣੀ ਦਾ ਨਿਕਾਸ ਬੰਦ ਹੋ ਗਿਆ ਹੈ ਤੇ ਹੇਠਲੇ ਇਲਾਕਿਆਂ ਵਿਚ ਪਾਣੀ ਭਰ ਰਿਹਾ ਹੈ। ਜੇ ਹੋਰ ਬਰਸਾਤ ਹੁੰਦੀ ਹੈ ਤਾਂ ਪਾਣੀ ਸ਼ਨੀ ਮੰਦਰ ਕਲੋਨੀ ਦੇ ਘਰਾਂ ਵਿਚ ਦਾਖਲ ਹੋ ਜਾਵੇਗਾ। ਇਧਰ, ਉੱਧਰ ਜਾਣ ਲਈ ਬੱਚਿਆਂ, ਬਜ਼ੁਰਗਾਂ ਤੇ ਆਮ ਲੋਕਾਂ ਨੂੰ ਪਾਣੀ ਵਿੱਚੋਂ ਹੀ ਲੰਘ ਕੇ ਜਾਣਾ ਪੈ ਰਿਹਾ ਹੈ। ਮੀਹ ਦਾ ਪਾਣੀ ਭਰਨ ਕਰਕੇ ਛੱਪੜ ਦਾ ਗੰਦਾ ਪਾਣੀ ਘਰਾਂ ਵਿਚ ਵੜ ਰਿਹਾ ਹੈ ਜਿਸ ਦੇ ਨਾਲ ਪਾਣੀ ਵਿਚ ਰਹਿਣ ਵਾਲੇ ਜ਼ਹਿਰੀਲੇ ਕੀੜੇ ਤੇ ਸੱਪ ਵੀ ਘਰਾਂ ਵਿਚ ਦਾਖਲ ਹੋ ਰਹੇ ਹਨ। ਇਸ ਕਾਰਨ ਜਾਨੀ ਨੁਕਸਾਨ ਦਾ ਖ਼ਦਸ਼ਾ ਹੈ। ਜੈ ਭਗਵਾਨ ਸੈਣੀ ਨੇ ਕਿਹਾ ਕਿ ਉਨ੍ਹਾਂ ਕਈ ਵਾਰ ਪ੍ਰਸ਼ਾਸਨ ਨੂੰ ਇਸ ਬਾਰੇ ਸ਼ਿਕਾਇਤ ਕੀਤੀ ਸੀ ਪਰ ਹੁਣ ਤਕ ਕੋਈ ਸਥਾਈ ਹੱਲ ਨਹੀਂ ਨਿਕਲਿਆ। ਲੋਕਾਂ ਨੇ ਪ੍ਰਸ਼ਾਸ਼ਨ ਤੋਂ ਮੰਗ ਕੀਤੀ ਹੈ ਕਿ ਜਲਦੀ ਤੋਂ ਜਲਦੀ ਇਲਾਕੇ ਦਾ ਸਰਵੇਖਣ ਕਰਵਾ ਕੇ ਪਾਣੀ ਦੀ ਨਿਕਾਸੀ ਲਈ ਨਾਲੀਆਂ ਬਣਾਈਆਂ ਜਾਣ ਤੇ ਗ਼ੈਰਕਾਨੂੰਨੀ ਕਲੋਨੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ ।

# ਰੇਲ ਗੱਡੀ ਹੇਠ ਆਉਣ ਕਾਰਨ ਮੌਤ

**ਫਰੀਦਾਬਾਦ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਰੇਲ ਗੱਡੀ ਹੇਠ ਆਉਣ ਨਾਨ ਇੱਕ ਸੇਵਾਮੁਕਤ ਸਿਪਾਹੀ ਦੀ ਮੌਤ ਹੋ ਗਈ। ਮ੍ਰਿਤਕ ਰਾਜਿੰਦਰ ਭਾਟੀ ਭੀਮਸੇਨ ਕਲੋਨੀ ਦਾ ਰਹਿਣ ਵਾਲਾ ਸੀ। ਉਹ ਮੂਲ ਰੂਪ ਵਿੱਚ ਛਾਇਆਂਸਾ ਪਿੰਡ ਦਾ ਵਾਸੀ ਸੀ। ਰਾਜਿੰਦਰ ਆਪਣੇ ਘਰ ਤੋਂ ਬੱਲਭਗੜ੍ਹ ਰੇਲਵੇ ਸਟੇਸ਼ਨ ਲਈ ਦਿੱਲੀ ਜਾਣ ਵਾਲੀ ਰੇਲਗੱਡੀ ਫੜਨ ਲਈ ਗਿਆ ਸੀ। ਜੀਆਰਪੀ ਚੌਕੀ ਇੰਚਾਰਜ ਨੇ ਦੱਸਿਆ ਕਿ ਸੇਵਾਮੁਕਤ ਸਿਪਾਹੀ ਰਾਜਿੰਦਰ ਪਹਿਲਾਂ ਪਲੇਟਫਾਰਮ ਨੰਬਰ ਚਾਰ 'ਤੇ ਬੈਠਾ ਸੀ।

ਜਿਵੇਂ ਹੀ 64055 ਪਲਵਲ ਗਾਜ਼ੀਆਬਾਦ ਸ਼ਟਲ ਪਲੇਟਫਾਰਮ ਨੰਬਰ ਤਿੰਨ 'ਤੇ ਪਹੁੰਚੀ, ਮ੍ਰਿਤਕ ਨੇ ਪਟੜੀ ਪਾਰ ਕਰਨੀ ਸ਼ੁਰੂ ਕਰ ਦਿੱਤੀ, ਇਸੇ ਦੌਰਾਨ ਮਥੁਰਾ ਵੱਲ ਜਾ ਰਹੀ ਗਤੀਮਾਨ ਐਕਸਪ੍ਰੈੱਸ ਦੂਜੇ ਪਾਸਿਓਂ ਆ ਗਈ। ਉਸ ਦਾ ਹੱਥ ਇੰਜਣ ਵਿੱਚ ਫਸ ਗਿਆ। ਇਸ ਕਾਰਨ ਉਸ ਦੀ ਮੌਤ ਹੋ ਗਈ। ਪਤਾ ਲੱਗਣ 'ਤੇ ਲੋਕੋ ਪਾਇਲਟ ਨੇ ਰੇਲ ਨੂੰ ਲਗਪਗ 300 ਮੀਟਰ ਅੱਗੇ ਰੋਕ ਦਿੱਤਾ ਅਤੇ ਇੱਥੇ ਰੇਲ ਗੱਡੀ ਹੇਠ ਆਉਣ ਨਾਨ ਇੱਕ ਸੇਵਾਮੁਕਤ ਸਿਪਾਹੀ ਦੀ ਮੌਤ ਹੋ ਗਈ। ਮ੍ਰਿਤਕ ਰਾਜਿੰਦਰ ਭਾਟੀ ਭੀਮਸੇਨ ਕਲੋਨੀ ਦਾ ਰਹਿਣ ਵਾਲਾ ਸੀ। ਉਹ ਮੂਲ ਰੂਪ ਵਿੱਚ ਛਾਇਆਂਸਾ ਪਿੰਡ ਦਾ ਵਾਸੀ ਸੀ।

ਰਾਜਿੰਦਰ ਆਪਣੇ ਘਰ ਤੋਂ ਬੱਲਭਗੜ੍ਹ ਰੇਲਵੇ ਸਟੇਸ਼ਨ ਲਈ ਦਿੱਲੀ ਜਾਣ ਵਾਲੀ ਰੇਲਗੱਡੀ ਫੜਨ ਲਈ ਗਿਆ ਸੀ। ਜੀਆਰਪੀ ਚੌਕੀ ਇੰਚਾਰਜ ਨੇ ਦੱਸਿਆ ਕਿ ਸੇਵਾਮੁਕਤ ਸਿਪਾਹੀ ਰਾਜਿੰਦਰ ਪਹਿਲਾਂ ਪਲੇਟਫਾਰਮ ਨੰਬਰ ਚਾਰ 'ਤਰੇਲਵੇ ਅਧਿਕਾਰੀਆਂ ਨੂੰ ਘਟਨਾ ਬਾਰੇ ਜਾਣਕਾਰੀ ਦਿੱਤੀ।

# ਫਿਰੌਤੀ ਮੰਗਣ ਦੇ ਦੋਸ਼ ਹੇਠ ਦੋ ਨੌਜਵਾਨ ਹਥਿਆਰਾਂ ਸਣੇ ਕਾਬੂ

**ਯਮੁਨਾਨਗਰ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡੀਐੱਸਪੀ ਅਸ਼ੀਸ਼ ਚੌਧਰੀ ਨੇ ਦੱਸਿਆ ਕਿ ਪੁਲੀਸ ਸੁਪਰਡੈਂਟ ਸੁਰੇਂਦਰ ਸਿੰਘ ਭੌਰੀਆ ਦੀ ਅਗਵਾਈ ਹੇਠ ਅਪਰਾਧ ਸ਼ਾਖਾ-2 ਦੀ ਟੀਮ ਨੇ ਅਨਾਜ ਮੰਡੀ ਬਿਲਾਸਪੁਰ ਦੇ ਵਪਾਰੀ ਤੋਂ ਵਿਦੇਸ਼ੀ ਫੋਨ ਨੰਬਰਾਂ ਤੋਂ ਲਗਾਤਾਰ ਕਾਲ ਕਰਕੇ ਫਿਰੌਤੀ ਮੰਗਣ ਅਤੇ ਜਾਨੋਂ ਮਾਰਨ ਦੀ ਧਮਕੀ ਦੇਣ ਦੇ ਮਾਮਲੇ ਵਿੱਚ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮਾਂ ਤੋਂ ਗੈਰ-ਕਾਨੂੰਨੀ ਹਥਿਆਰ ਬਰਾਮਦ ਕੀਤੇ ਗਏ ਹਨ ਅਤੇ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ 'ਤੇ ਲਿਆ ਗਿਆ ਹੈ। ਪੁਲੀਸ ਟੀਮ ਨੇ ਸੂਚਨਾ ਦੇ ਆਧਾਰ 'ਤੇ ਦਾਦੂਪੁਰ ਹੈੱਡ ਦੇ ਨੇੜਿਓਂ ਦੋ ਨੌਜਵਾਨਾਂ ਨੂੰ ਗ੍ਰਿਫ਼ਤਾਰ ਕੀਤਾ । ਮੁਲਜ਼ਮਾਂ ਤੋਂ ਤਿੰਨ ਪਿਸਤੌਲ ਅਤੇ 15 ਰੌਂਦ ਬਰਾਮਦ ਕੀਤੇ ਗਏ ਹਨ। ਮੁਲਜ਼ਮਾਂ ਦੀ ਪਛਾਣ ਚੇਤਨ ਸਿੰਘ ਅਤੇ ਸਾਹਿਲ ਖਾਨ ਵਾਸੀ ਪਿੰਡ ਤਾਹਰਪੁਰ ਕਲਾਂ ਥਾਣਾ ਛਛਰੌਲੀ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਪੁੱਛਗਿੱਛ ਮਗਰੋਂ ਹੋਰ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਪੰਜਾਬ ਕੈਬਨਿਟ 'ਚ ਫੇਰਬਦਲ: ਸੰਜੀਵ ਅਰੋੜਾ ਮੰਤਰੀ ਬਣੇ; ਕੁਲਦੀਪ ਧਾਲੀਵਾਲ ਦੀ ਛੁੱਟੀ

## ਅਰੋੜਾ ਨੂੰ ਇੰਡਸਟਰੀ ਤੇ ਐੱਨਆਰਆਈ ਵਿਭਾਗ ਮਿਲੇ; ਮੁੱਖ ਮੰਤਰੀ ਵੱਲੋਂ ਧਾਲੀਵਾਲ ਨੂੰ ਜਲਦੀ ਨਵੀਂ ਜ਼ਿੰਮੇਵਾਰੀ ਸੌਂਪਣ ਦਾ ਭਰੋਸਾ; ਧਾਲੀਵਾਲ ਦੇ ਅਸਤੀਫ਼ੇ ਨਾਲ ਪੰਜਾਬ ਵਜ਼ਾਰਤ 'ਚ ਅਜੇ ਵੀ ਦੋ ਅਹੁਦੇ ਖਾਲੀ




**ਚੰਡੀਗੜ੍ਹ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਨ ਸਭਾ ਹਲਕਾ ਲੁਧਿਆਣਾ ਪੱਛਮੀ ਤੋਂ ਨਵੇਂ ਚੁਣੇ ਗਏ ਵਿਧਾਇਕ ਸੰਜੀਵ ਅਰੋੜਾ ਨੂੰ ਪੰਜਾਬ ਵਜ਼ਾਰਤ ਵਿਚ ਨਵੇਂ ਮੰਤਰੀ ਵਜੋਂ ਸ਼ਾਮਲ ਕੀਤਾ ਗਿਆ ਹੈ ਜਦੋਂਕਿ ਕੁਲਦੀਪ ਸਿੰਘ ਧਾਲੀਵਾਲ ਦੀ ਪੰਜਾਬ ਕੈਬਨਿਟ 'ਚੋਂ ਛੁੱਟੀ ਕਰ ਦਿੱਤੀ ਗਈ ਹੈ। ਅਰੋੜਾ ਨੇ ਪੰਜਾਬ ਰਾਜ ਭਵਨ ਵਿਚ ਸੰਖੇਪ ਸਮਾਗਮ ਦੌਰਾਨ ਨਵੇਂ ਕੈਬਨਿਟ ਮੰਤਰੀ ਵਜੋਂ ਹਲਫ਼ ਲਿਆ ਹੈ। ਉਨ੍ਹਾਂ ਨੂੰ ਇੰਡਸਟਰੀ ਤੇ ਐੱਨਆਰਆਈ ਮਾਮਲੇ ਵਿਭਾਗ ਦਿੱਤੇ ਗਏ ਹਨ।

ਪਤਾ ਲੱਗਾ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਵਜ਼ਾਰਤ ਵਿਚ ਫੇਰਬਦਲ ਤੋਂ ਪਹਿਲਾਂ ਅੱਜ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੂੰ ਆਪਣੀ ਰਿਹਾਇਸ਼ 'ਤੇ ਸੱਦ ਕੇ ਅਸਤੀਫਾ ਦੇਣ ਲਈ ਕਿਹਾ ਸੀ। ਧਾਲੀਵਾਲ ਨੇ ਮੌਕੇ 'ਤੇ ਹੀ ਆਪਣੇ ਅਹੁਦੇ ਤੋਂ ਲਿਖਤੀ ਅਸਤੀਫਾ ਮੁੱਖ ਮੰਤਰੀ ਨੂੰ ਸੌਂਪ ਦਿੱਤਾ। ਇਸ ਤੋਂ ਪਹਿਲਾਂ ਧਾਲੀਵਾਲ ਤੋਂ ਖੇਤੀ ਅਤੇ ਪੰਚਾਇਤ ਵਿਭਾਗ ਵੀ ਵਾਪਸ ਲੈ ਲਿਆ ਗਿਆ ਸੀ। ਮੁੱਖ ਮੰਤਰੀ ਭਗਵੰਤ ਮਾਨ ਨੇ ਇਸ ਮੌਕੇ ਧਾਲੀਵਾਲ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਨੂੰ ਜਲਦ ਨਵੀਂ ਜ਼ਿੰਮੇਵਾਰੀ ਸੌਂਪੀ ਜਾਵੇਗੀ।

ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਰਾਜ ਭਵਨ ਵਿਚ ਰੱਖੇ ਸੰਖੇਪ ਸਮਾਗਮ ਦੌਰਾਨ ਅਰੋੜਾ ਨੂੰ ਅਹੁਦੇ ਦਾ ਹਲਫ਼ ਦਿਵਾਇਆ। ਅਰੋੜਾ ਨੂੰ ਪੰਜਾਬ ਕੈਬਨਿਟ ਵਿਚ ਇੰਡਸਟਰੀ ਤੇ ਐੱਨਆਰਆਈ ਮਾਮਲੇ ਵਿਭਾਗ ਦਿੱਤਾ ਗਿਆ ਹੈ। ਐੱਨਆਰਆਈ ਵਿਭਾਗ ਪਹਿਲਾਂ ਕੁਲਦੀਪ ਧਾਲੀਵਾਲ ਕੋਲ ਸੀ। ਇਸ ਤਰ੍ਹਾਂ ਉਦਯੋਗ ਵਿਭਾਗ ਪਹਿਲਾਂ ਤਰੁਣਪ੍ਰੀਤ ਸਿੰਘ ਸੌਂਦ ਕੋਲ ਸੀ, ਜਿਨ੍ਹਾਂ ਕੋਲ ਪੇਂਡੂ ਵਿਕਾਸ, ਕਿਰਤ ਅਤੇ ਸੈਰ-ਸਪਾਟਾ ਵਿਭਾਗਾਂ ਦਾ ਚਾਰਜ ਜਾਰੀ ਰਹੇਗਾ। ਧਾਲੀਵਾਲ ਦੇ ਅਸਤੀਫ਼ੇ ਨਾਲ ਭਗਵੰਤ ਮਾਨ ਕੈਬਨਿਟ ਵਿੱਚ ਮੰਤਰੀਆਂ ਦੀ ਕੁੱਲ ਗਿਣਤੀ 16 ਰਹਿ ਗਈ ਹੈ। ਕੈਬਨਿਟ ਵਿੱਚ ਅਜੇ ਵੀ ਦੋ ਅਹੁਦੇ ਖਾਲੀ ਹਨ।

ਹਲਫ਼ਦਾਰੀ ਸਮਾਗਮ ਛੇ ਮਿੰਟ ਦੇ ਕਰੀਬ ਚੱਲਿਆ। ਪਿਛਲੇ ਹਫ਼ਤੇ ਵਿਧਾਇਕ ਚੁਣੇ ਜਾਣ ਤੋਂ ਬਾਅਦ ਹੀ ਉਨ੍ਹਾਂ ਦਾ ਮੰਤਰੀ ਮੰਡਲ ਵਿੱਚ ਸ਼ਾਮਲ ਹੋਣਾ ਲਗਪਗ ਤੈਅ ਸੀ। 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਜ਼ਿਮਨੀ ਚੋਣਾਂ ਵਿੱਚ ਪ੍ਰਚਾਰ ਦੌਰਾਨ ਅਰੋੜਾ ਨੂੰ ਮੰਤਰੀ ਬਣਾਉਣ ਦਾ ਐਲਾਨ ਕੀਤਾ ਸੀ ਜਦੋਂ ਕਿ ਪਿਛਲੇ ਹਫ਼ਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਪੁਸ਼ਟੀ ਕੀਤੀ ਸੀ ਕਿ ਉਹ ਅਰੋੜਾ ਨੂੰ ਆਪਣੀ ਕੈਬਨਿਟ ਵਿੱਚ ਲਿਆ ਰਹੇ ਹਨ। ਆਮ ਆਦਮੀ ਪਾਰਟੀ ਦੀ ਸਰਕਾਰ ਦੇ ਤਿੰਨ ਸਾਲਾਂ ਦੇ ਕਾਰਜਕਾਲ ਦੌਰਾਨ ਮੰਤਰੀ ਮੰਡਲ ਵਿੱਚ ਸੱਤਵੀਂ ਵਾਰ ਵਿਸਥਾਰ ਕੀਤਾ ਗਿਆ ਹੈ।

ਪੀਲੇ ਰੰਗ ਦਾ ਕੁੜਤਾ ਪਜਾਮਾ ਪਹਿਨ ਕੇ ਆਏ ਸੰਜੀਵ ਅਰੋੜਾ ਨੇ ਪੰਜਾਬੀ ਵਿੱਚ ਸਹੁੰ ਚੁੱਕੀ। ਹਲਫ਼ਦਾਰੀ ਸਮਾਗਮ ਦੀ ਕਾਰਵਾਈ ਮੁੱਖ ਸਕੱਤਰ, ਪੰਜਾਬ, ਕੇ ਏ ਪੀ ਸਿਨਹਾ ਵੱਲੋਂ ਚਲਾਈ ਗਈ। ਸਮਾਗਮ ਕੌਮੀ ਗੀਤ ਨਾਲ ਸ਼ੁਰੂ ਹੋਇਆ, ਜਿਸ ਤੋਂ ਬਾਅਦ ਰਾਜਪਾਲ ਨੇ ਨਵੇਂ ਮੰਤਰੀ ਨੂੰ ਸਹੁੰ ਚੁਕਾਈ। ਸਮਾਰੋਹ ਕੌਮੀ ਗੀਤ ਦੀ ਪੇਸ਼ਕਾਰੀ ਨਾਲ ਸਮਾਪਤ ਹੋਇਆ। ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ, ਉਨ੍ਹਾਂ ਦੀ ਪਤਨੀ ਗੁਰਪ੍ਰੀਤ ਕੌਰ ਮਾਨ ਅਤੇ ਹੋਰ ਬਹੁਤ ਸਾਰੇ ਮੰਤਰੀ ਅਤੇ ਵਿਧਾਇਕ ਸਹੁੰ ਚੁੱਕ ਸਮਾਗਮ ਵਿੱਚ ਮੌਜੂਦ ਸਨ।

# ਪ੍ਰਧਾਨ ਮੰਤਰੀ ਮੋਦੀ ਦਾ ਘਾਨਾ ਦੇ ਕੌਮੀ ਪੁਰਸਕਾਰ ਨਾਲ ਸਨਮਾਨ

**ਐਕਰਾ(ਘਾਨਾ), 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਉਨ੍ਹਾਂ ਦੇ 'ਉੱਤਮ ਸ਼ਾਸਨ ਹੁਨਰ ਤੇ ਪ੍ਰਭਾਵਸ਼ਾਲੀ ਆਲਮੀ ਅਗਵਾਈ' ਲਈ ਘਾਨਾ ਦੇ ਕੌਮੀ ਸਨਮਾਨ 'ਆਫੀਸਰ ਆਫ਼ ਦ ਆਰਡਰ ਆਫ ਦਿ ਸਟਾਰ ਆਫ ਘਾਨਾ' ਨਾਲ ਨਿਵਾਜਿਆ ਗਿਆ ਹੈ। ਇਸ ਦੌਰਾਨ ਦੋਵਾਂ ਮੁਲਕਾਂ ਨੇ ਦੁਵੱਲੇ ਰਿਸ਼ਤਿਆਂ ਦੀ ਮਜ਼ਬੂਤੀ ਲਈ ਚਾਰ ਸਮਝੌਤਿਆਂ 'ਤੇ ਦਸਤਖ਼ਤ ਕੀਤੇ ਹਨ। ਘਾਨਾ ਦੇ ਰਾਸ਼ਟਰਪਤੀ ਜੌਹਨ ਡਰਾਮਾਨੀ ਮਹਾਮਾ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਬੁੱਧਵਾਰ ਨੂੰ ਇਸ ਪੁਰਸਕਾਰ ਨਾਲ ਸਨਮਾਨਿਤ ਕੀਤਾ।

ਪ੍ਰਧਾਨ ਮੰਤਰੀ ਨੇ ਸੋਸ਼ਲ ਮੀਡੀਆ ਮੰਚ 'ਐਕਸ' ਉੱਤੇ ਲਿਖਿਆ, " ਦਿ ਆਫ਼ੀਸਰ ਆਫ ਦਿ ਆਰਡਰ ਆਫ ਦਿ ਸਟਾਰ ਆਫ ਘਾਨਾ' ਨਾਲ ਸਨਮਾਨਿਤ ਹੋਣ 'ਤੇ ਮਾਣ ਮਹਿਸੂਸ ਕਰ ਰਿਹਾ ਹਾਂ।"



ਸ੍ਰੀ ਮੋਦੀ ਨੇ ਸਨਮਾਨ ਸਵੀਕਾਰ ਕਰਦਿਆਂ ਕਿਹਾ ਕਿ ਇਹ ਪੁਰਸਕਾਰ ਉਨ੍ਹਾਂ ਲਈ ਬਹੁਤ ਮਾਣ ਤੇ ਸਨਮਾਨ ਦੀ ਗੱਲ ਹੈ। ਉਨ੍ਹਾਂ ਕਿਹਾ, "ਮੈਂ 140 ਕਰੋੜ ਭਾਰਤੀਆਂ ਵੱਲੋਂ ਇਹ ਪੁਰਸਕਾਰ ਨਿਮਰਤਾ ਨਾਲ ਸਵੀਕਾਰ ਕਰਦਾ ਹਾਂ।" ਉਨ੍ਹਾਂ ਇਸ ਸਨਮਾਨ ਨੂੰ ਦੋਵਾਂ ਮੁਲਕਾਂ ਦੇ ਨੌਜਵਾਨਾਂ ਦੀਆਂ ਇੱਛਾਵਾਂ ਤੇ ਸੁਨਹਿਰੇ ਭਵਿੱਖ, ਘਾਨਾ ਤੇ ਭਾਰਤ ਦਰਮਿਆਨ ਇਤਿਹਾਸਕ ਰਿਸ਼ਤਿਆਂ ਤੇ ਉਨ੍ਹਾਂ ਦੀਆਂ ਅਮੀਰ ਸਭਿਆਚਾਰਜਕ ਰਵਾਇਤਾਂ ਤੇ ਵੰਨ ਸੁਵੰਨਤਾ ਨੂੰ ਸਮਰਪਿਤ ਕੀਤਾ।

ਪ੍ਰਧਾਨ ਮੰਤਰੀ ਨੇ ਕਿਹਾ, "ਇਹ ਸਨਮਾਨ ਇਕ ਜ਼ਿੰਮੇਵਾਰੀ ਦੀ ਦਿੰਦਾ ਹੈ ਤੇ ਇਹ ਜ਼ਿੰਮੇਵਾਰੀ ਭਾਰਤ-ਘਾਨਾ ਦੋਸਤੀ ਨੂੰ ਹੋਰ ਮਜ਼ਬੂਤ ਕਰਨ ਦਾ ਕੰਮ ਕਰਦੀ ਹੈ। ਭਾਰਤ ਘਾਨਾ ਦੇ ਲੋਕਾਂ ਨਾਲ ਹਮੇਸ਼ਾ ਖੜ੍ਹਾ ਹੈ ਤੇ ਇਕ ਭਰੋਸੇਮੰਦ ਦੋਸਤ ਤੇ ਤਰੱਕੀ ਵਿਚ ਭਾਈਵਾਲ ਵਜੋਂ ਯੋਗਦਾਨ ਪਾਉਣਾ ਜਾਰੀ ਰੱਖੇਗਾ।"

ਪ੍ਰਧਾਨ ਮੰਤਰੀ ਮੋਦੀ ਦੀ ਘਾਨਾ ਦੀ ਇਹ ਪਹਿਲਾ ਦੁਵੱਲੀ ਫੇਰੀ ਹੈ ਤੇ ਤਿੰਨ ਦਹਾਕਿਆਂ ਵਿਚ ਭਾਰਤ ਦੇ ਕਿਸੇ ਪ੍ਰਧਾਨ ਮੰਤਰੀ ਦੀ ਇਹ ਪਹਿਲੀ ਘਾਨਾ ਯਾਤਰਾ ਹੈ।

# ਹਾਈ ਕੋਰਟ ਵੱਲੋਂ ਮਜੀਠੀਆ ਦੀ ਪਟੀਸ਼ਨ 'ਤੇ ਸੁਣਵਾਈ ਇਕ ਦਿਨ ਲਈ ਮੁਲਤਵੀ

**ਚੰਡੀਗੜ੍ਹ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਸੀਨੀਅਰ ਅਕਾਲੀ ਆਗੂ ਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ 'ਵਿਜੀਲੈਂਸ ਵੱਲੋਂ ਆਪਣੀ ਗੈਰਕਾਨੂੰਨੀ ਗ੍ਰਿਫ਼ਤਾਰੀ ਤੇ ਅੱਗੇ ਰਿਮਾਂਡ' ਨੂੰ ਚੁਣੌਤੀ ਦਿੰਦੀ ਪਟੀਸ਼ਨ 'ਤੇ ਸੁਣਵਾਈ ਇਕ ਦਿਨ ਲਈ ਮੁਲਤਵੀ ਕਰ ਦਿੱਤੀ ਹੈ। ਮਜੀਠੀਆ ਦੀ ਪਟੀਸ਼ਨ 'ਤੇ ਹੁਣ ਅੱਜ ਹੋਵੇਗੀ ਸੁਣਵਾਈ ਹੋਵੇਗੀ।

ਕਾਬਿਲੇਗੌਰ ਹੈ ਕਿ ਵਿਜੀਲੈਂਸ ਬਿਊਰੋ ਨੇ ਮਜੀਠੀਆ ਨੂੰ ਡਰੱਗ ਮਨੀ ਤੇ ਆਮਦਨ ਤੋਂ ਵੱਧ ਅਸਾਸੇ ਮਾਮਲੇ ਵਿਚ ਪਿਛਲੇ ਦਿਨੀਂ ਅੰਮ੍ਰਿਤਸਰ ਸਥਿਤ ਰਿਹਾਇਸ਼ ਤੋਂ ਗ੍ਰਿਫ਼ਤਾਰ ਕੀਤਾ ਸੀ। ਵਿਜੀਲੈਂਸ ਬਿਊਰੋ ਨੇ ਮਜੀਠੀਆ ਨੂੰ ਮੁਹਾਲੀ ਕੋਰਟ ਵਿਚ ਪੇਸ਼ ਕਰਕੇ ਪਹਿਲਾਂ ਸੱਤ ਦਿਨਾਂ ਤੇ ਮਗਰੋਂ ਚਾਰ ਦਿਨਾਂ ਦਾ ਰਿਮਾਂਡ ਹਾਸਲ ਕੀਤਾ ਹੈ। ਅਕਾਲੀ ਆਗੂ ਨੂੰ ਹੁਣ 6 ਜੁਲਾਈ ਨੂੰ ਮੁੜ ਮੁਹਾਲੀ ਕੋਰਟ 'ਚ ਪੇਸ਼ ਕੀਤਾ ਜਾਣਾ ਹੈ।

ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਸੁਣਵਾਈ ਇੱਕ ਦਿਨ ਲਈ ਮੁਲਤਵੀ ਕਰ ਦਿੱਤੀ ਤਾਂ ਜੋ ਮਜੀਠੀਆ ਦੇ ਵਕੀਲ ਜਸਟਿਸ ਤ੍ਰਿਭੁਵਨ ਦਹੀਆ ਦੇ ਬੈਂਚ ਅੱਗੇ ਮਾਮਲੇ ਵਿੱਚ ਜਾਰੀ ਕੀਤੇ ਗਏ ਨਵੇਂ ਰਿਮਾਂਡ ਆਦੇਸ਼ ਪੇਸ਼ ਕਰ ਸਕਣ। ਮਜੀਠੀਆ ਨੇ ਪਟੀਸ਼ਨ ਵਿਚ ਆਪਣੀ ਗ੍ਰਿਫ਼ਤਾਰੀ ਦੇ ਨਾਲ ਰਿਮਾਂਡ ਦੇ ਹੁਕਮਾਂ ਨੂੰ ਵੀ ਗੈਰ-ਕਾਨੂੰਨੀ ਦੱਸ ਕੇ ਚੁਣੌਤੀ ਦਿੱਤੀ ਹੈ। ਮਜੀਠੀਆ ਨੇ ਆਪਣੇ ਖਿਲਾਫ਼ ਦਰਜ ਕੇਸ ਨੂੰ ਸਿਆਸੀ ਬਦਲਾਖੋਰੀ ਦਾ ਨਤੀਜਾ ਦੱਸਿਆ ਹੈ, ਜਿਸ ਦਾ ਇੱਕੋ ਇੱਕ ਮੰਤਵ ਉਨ੍ਹਾਂ ਨੂੰ ਬਦਨਾਮ ਅਤੇ ਪ੍ਰੇਸ਼ਾਨ ਕਰਨਾ ਹੈ। ਇਹ ਪਟੀਸ਼ਨ ਸਰਤੇਜ ਸਿੰਘ ਨਰੂਲਾ, ਦਮਨਬੀਰ ਸਿੰਘ ਸੋਬਤੀ ਅਤੇ ਅਰਸ਼ਦੀਪ ਸਿੰਘ ਚੀਮਾ ਰਾਹੀਂ ਦਾਇਰ ਕੀਤੀ ਗਈ ਸੀ। ਮਜੀਠੀਆ ਨੇ ਕਿਹਾ ਕਿ 25 ਜੂਨ ਨੂੰ ਮੁਹਾਲੀ ਦੇ ਵਿਜੀਲੈਂਸ ਬਿਊਰੋ ਪੁਲੀਸ ਥਾਣੇ ਵਿੱਚ ਦਰਜ ਐਫਆਈਆਰ 'ਸਪੱਸ਼ਟ ਤੌਰ 'ਤੇ ਗੈਰ-ਕਾਨੂੰਨੀ' ਸੀ ਅਤੇ ਉਸੇ ਦਿਨ ਉਸ ਦੀ ਰਿਹਾਇਸ਼ ਤੋਂ ਕੀਤੀ ਗਈ ਗ੍ਰਿਫਤਾਰੀ 'ਕਾਨੂੰਨੀ ਪ੍ਰਕਿਰਿਆਵਾਂ ਦੀ ਘੋਰ ਉਲੰਘਣਾ' ਸੀ।

# 'ਆਪ' ਦਾ ਕਾਂਗਰਸ ਨਾਲ ਕੋਈ ਸਬੰਧ ਨਹੀਂ; ਇੰਡੀਆ ਗੱਠਜੋੜ ਸਿਰ.ਫ ਲੋਕ ਸਭਾ ਚੋਣਾਂ ਲਈ ਸੀ: ਕੇਜਰੀਵਾਲ

**ਅਹਿਮਦਾਬਾਦ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਵੀਰਵਾਰ ਨੂੰ ਕਿਹਾ ਕਿ ਉਨ੍ਹਾਂ ਦੀ ਪਾਰਟੀ ਦਾ ਹੁਣ ਕਾਂਗਰਸ ਨਾਲ ਕੋਈ ਗੱਠਜੋੜ ਨਹੀਂ ਹੈ ਅਤੇ ਉਨ੍ਹਾਂ ਨੇ ਕਾਂਗਰਸ 'ਤੇ ਗੁਜਰਾਤ ਵਿੱਚ ਸੱਤਾਧਾਰੀ ਭਾਜਪਾ ਦੀ ਮਦਦ ਕਰਨ ਦਾ ਦੋਸ਼ ਲਗਾਇਆ।

ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਦਾ ਕਾਂਗਰਸ ਦੀ ਅਗਵਾਈ ਵਾਲਾ ਇੰਡੀਆ (ਇੰਡੀਅਨ ਨੈਸ਼ਨਲ ਡਿਵੈਲਪਮੈਂਟਲ ਇਨਕਲੂਜ਼ਿਵ ਅਲਾਇੰਸ) ਗੱਠਜੋੜ ਸਿਰਫ਼ ਪਿਛਲੇ ਸਾਲ ਦੀਆਂ ਲੋਕ ਸਭਾ ਚੋਣਾਂ ਲਈ ਸੀ। ਇੱਥੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦ ੀ ਪਾਰਟੀ 2027 ਦੀਆਂ ਗੁਜਰਾਤ ਵਿਧਾਨ ਸਭਾ ਚੋਣਾਂ ਲੜੇਗੀ ਅਤੇ ਜਿੱਤੇਗੀ। ਰਾਜ ਦੇ ਲੋਕਾਂ ਕੋਲ ਹੁਣ ਭਾਜਪਾ ਅਤੇ ਕਾਂਗਰਸ ਤੋਂ ਇਲਾਵਾ ਇੱਕ ਹੋਰ ਵਿਕਲਪ ਹੈ।

ਕੇਜਰੀਵਾਲ ਨੇ ਕਿਹਾ, "ਸਾਡਾ ਕਾਂਗਰਸ ਨਾਲ ਕੋਈ ਗੱਠਜੋੜ ਨਹੀਂ ਹੈ। ਜੇ ਕੋਈ ਗੱਠਜੋੜ ਸੀ, ਤਾਂ ਉਨ੍ਹਾਂ ਨੇ ਵਿਸਾਵਦਰ ਵਿੱਚ ਜ਼ਿਮਨੀ ਚੋਣ ਕਿਉਂ ਲੜੀ ? ਉਹ ਸਾਨੂੰ ਹਰਾਉਣ ਲਈ ਆਏ ਸਨ। ਭਾਜਪਾ ਨੇ ਕਾਂਗਰਸ ਨੂੰ ਸਾਡੀਆਂ ਵੋਟਾਂ ਕੱਟ ਕੇ 'ਆਪ' ਨੂੰ ਹਰਾਉਣ ਲਈ ਭੇਜਿਆ ਸੀ।"" ਜਦੋਂ ਕਾਂਗਰਸ ਅਸਫਲ ਹੋ ਗਈ, ਤਾਂ ਭਾਜਪਾ ਨੇ ਉਨ੍ਹਾਂ ਨੂੰ ਫਟਕਾਰ ਵੀ ਲਾਈ। ਇੰਡੀਆ ਗੱਠਜੋੜ ਸਿਰਫ਼ ਲੋਕ ਸਭਾ ਚੋਣਾਂ ਲਈ ਸੀ। ਹੁਣ ਸਾਡੇ ਵੱਲੋਂ ਕੋਈ ਗੱਠਜੋੜ ਨਹੀਂ ਹੈ।'' 'ਆਪ' ਆਗੂ ਗੋਪਾਲ ਇਟਾਲੀਆ ਨੇ ਪਿਛਲੇ ਮਹੀਨੇ ਜੂਨਾਗੜ੍ਹ ਜ਼ਿਲ੍ਹੇ ਦੀ ਵਿਸਾਵਦਰ ਸੀਟ 'ਤੇ ਹੋਈ ਜ਼ਿਮਨੀ ਚੋਣ ਵਿੱਚ ਭਾਜਪਾ ਦੇ ਕਿਰਿਤ ਪਟੇਲ ਨੂੰ 17,000 ਤੋਂ ਵੱਧ ਵੋਟਾਂ ਦੇ ਫਰਕ ਨਾਲ ਹਰਾਇਆ ਸੀ। ਕਾਂਗਰਸੀ ਉਮੀਦਵਾਰ ਨਿਤਿਨ ਰਨਪਰੀਆ 5,501 ਵੋਟਾਂ ਨਾਲ ਤੀਜੇ ਸਥਾਨ 'ਤੇ ਰਹੇ। ਕੇਜਰੀਵਾਲ ਨੇ ਦਾਅਵਾ ਕੀਤਾ ਕਿ ਭਾਜਪਾ ਨੇ ਆਪਣੇ 30 ਸਾਲਾਂ ਦੇ ਰਾਜ ਵਿੱਚ ਗੁਜਰਾਤ ਨੂੰ ਬਰਬਾਦ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਇੱਕ ਵਿਰੋਧੀ ਧਿਰ ਵਜੋਂ ਅਸਫਲ ਰਹੀ ਹੈ ਕਿਉਂਕਿ ਇਹ ਭਾਜਪਾ ਨੂੰ ਸੱਤਾ ਵਿੱਚ ਬਣੇ ਰਹਿਣ ਵਿੱਚ ਮਦਦ ਕਰਦੀ ਹੈ। 182 ਮੈਂਬਰੀ ਗੁਜਰਾਤ ਵਿਧਾਨ ਸਭਾ ਵਿੱਚ ਭਾਜਪਾ ਦੇ 162, ਕਾਂਗਰਸ ਦੇ 12 ਅਤੇ 'ਆਪ' ਦੇ 5 ਵਿਧਾਇਕ ਹਨ। ਜਦੋਂ ਕਿ ਇੱਕ ਸੀਟ ਸਮਾਜਵਾਦੀ ਪਾਰਟੀ ਕੋਲ ਹੈ ਅਤੇ ਦੋ ਵਿਧਾਇਕ ਆਜ਼ਾਦ ਹਨ।

# ਮਹਾਰਾਸ਼ਟਰ ਵਿਚ ਤਿੰਨ ਮਹੀਨਿਆਂ 'ਚ 767 ਕਿਸਾਨਾਂ ਵੱਲੋਂ ਖ਼ੁਦਕੁਸ਼ੀ, ਸਰਕਾਰ ਚੁੱਪ: ਰਾਹੁਲ

**ਨਵੀਂ ਦਿੱਲੀ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨੇ ਮਹਾਰਾਸ਼ਟਰ ਵਿਚ ਕਿਸਾਨ ਖ਼ੁਦਕੁਸ਼ੀਆਂ ਨੂੰ ਲੈ ਕੇ ਵੀਰਵਾਰ ਨੂੰ ਕੇਂਦਰ ਤੇ ਸੂਬਾ ਸਰਕਾਰ ਨੂੰ ਲੰਮੇ ਹੱਥੀਂ ਲੈਂਦਿਆਂ ਕਿਹਾ ਕਿ ਸਰਕਾਰ ਇਨ੍ਹਾਂ ਖ਼ੁਦਕੁਸ਼ੀਆਂ ਬਾਰੇ ਚੁੱਪ ਹੈ ਤੇ ਬੇਰੁਖ਼ੀ ਦੇਖਣ ਨੂੰ ਮਿਲ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇਹ 'ਸਿਸਟਮ' ਕਿਸਾਨਾਂ ਨੂੰ ਮਾਰ ਰਿਹਾ ਹੈ, ਪਰ ਪ੍ਰਧਾਨ ਮੰਤਰੀ ਆਪਣੇ 'ਪੀਆਰ' ਦਾ ਤਮਾਸ਼ਾ ਦੇਖ ਰਹੇ ਹਨ।

ਰਾਹੁਲ ਗਾਂਧੀ ਨੇ ਐਕਸ 'ਤੇ ਇਕ ਪੋਸਟ ਵਿਚ ਕਿਹਾ, "ਸੋਚੋ ਸਿਰਫ਼ ਤਿੰਨ ਮਹੀਨਿਆਂ ਵਿਚ ਮਹਾਰਾਸ਼ਟਰ ਵਿੱਚ 767 ਕਿਸਾਨਾਂ ਨੇ ਖ਼ੁਦਕੁਸ਼ੀ ਕੀਤੀ। ਕੀ ਇਹ ਸਿਰਫ਼ ਇੱਕ ਅੰਕੜਾ ਹੈ ? ਨਹੀਂ। ਇਹ 767 ਤਬਾਹ ਹੋਏ ਘਰ ਹਨ। 767 ਪਰਿਵਾਰ ਜੋ ਕਦੇ ਪੈਰਾਂ ਸਿਰ ਨਹੀਂ ਹੋ ਸਕਣਗੇ। ਅਤੇ ਸਰਕਾਰ ਚੁੱਪ ਹੈ। ਬੇਰੁਖ਼ੀ ਨਾਲ ਦੇਖ ਰਹੀ ਹੈ।"

ਗਾਂਧੀ ਨੇ ਦਾਅਵਾ ਕੀਤਾ, "ਕਿਸਾਨ



ਨਿੱਤ ਕਰਜ਼ੇ ਵਿੱਚ ਡੁੱਬਦੇ ਜਾ ਰਹੇ ਹਨ- ਬੀਜ ਮਹਿੰਗੇ ਹਨ, ਖਾਦ ਮਹਿੰਗੀ ਹੈ, ਡੀਜ਼ਲ ਮਹਿੰਗਾ ਹੈ ਪਰ MSP ਦੀ ਕੋਈ ਗਰੰਟੀ ਨਹੀਂ ਹੈ। ਜਦੋਂ ਉਹ ਕਰਜ਼ਾ ਮੁਆਫ਼ੀ ਦੀ ਮੰਗ ਕਰਦੇ ਹਨ, ਤਾਂ ਉਨ੍ਹਾਂ ਨੂੰ ਨਜ਼ਰਅੰਦਾਜ਼ ਕਰ ਦਿੱਤਾ ਜਾਂਦਾ ਹੈ।" ਕਾਂਗਰਸ ਆਗੂ ਨੇ ਕਿਹਾ, "ਪਰ ਜਿਨ੍ਹਾਂ ਕੋਲ ਕਰੋੜਾਂ ਰੁਪਏ ਹਨ ? ਮੋਦੀ ਸਰਕਾਰ ਉਨ੍ਹਾਂ ਦੇ ਕਰਜ਼ੇ ਆਸਾਨੀ ਨਾਲ ਮੁਆਫ਼ ਕਰ ਦਿੰਦੀ ਹੈ।

ਅੱਜ ਦੀਆਂ ਖ਼ਬਰਾਂ 'ਤੇ ਨਜ਼ਰ ਮਾਰੋ - ਅਨਿਲ ਅੰਬਾਨੀ ਦੀ 48,000 ਕਰੋੜ ਰੁਪਏ ਦੀ ਐਸਬੀਆਈ 'ਧੋਖਾਧੜੀ'।"

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਨਿਸ਼ਾਨਾ ਬਣਾਉਂਦਿਆਂ ਉਨ੍ਹਾਂ ਕਿਹਾ, "ਮੋਦੀ ਜੀ ਨੇ ਕਿਹਾ ਸੀ ਕਿ ਉਹ ਕਿਸਾਨ ਦੀ ਆਮਦਨ ਦੁੱਗਣੀ ਕਰ ਦੇਣਗੇ- ਪਰ ਅੱਜ ਹਾਲਾਤ ਇਹ ਹਨ ਕਿ ਅਨਾਜ ਦੇਣ ਵਾਲੇ ਦੀ ਜ਼ਿੰਦਗੀ ਅੱਧੀ ਹੋ ਰਹੀ ਹੈ।" ਗਾਂਧੀ ਨੇ ਕਿਹਾ, "ਇਹ ਸਿਸਟਮ ਕਿਸਾਨਾਂ ਨੂੰ ਮਾਰ ਰਿਹਾ ਹੈ - ਚੁੱਪਚਾਪ, ਪਰ ਲਗਾਤਾਰ ਅਤੇ ਮੋਦੀ ਜੀ ਆਪਣੇ ਪੀਆਰ ਦਾ ਤਮਾਸ਼ਾ ਦੇਖ ਰਹੇ ਹਨ।"

ਉਧਰ ਭਾਜਪਾ ਆਈਟੀ ਸੈੱਲ ਦੇ ਮੁਖੀ ਅਮਿਤ ਮਾਲਵੀਆ ਨੇ ਰਾਹੁਲ ਗਾਂਧੀ 'ਤੇ ਪਲਟਵਾਰ ਕਰਦਿਆਂ 'ਐਕਸ' ਉੱਤੇ ਇੱਕ ਚਾਰਟ ਸਾਂਝਾ ਕੀਤਾ ਜਿਸ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਰਾਸ਼ਟਰਵਾਦੀ ਕਾਂਗਰਸ ਪਾਰਟੀ-ਕਾਂਗਰਸ ਸਰਕਾਰ ਦੇ 15 ਸਾਲਾਂ ਦੇ ਕਾਰਜਕਾਲ ਦੌਰਾਨ ਮਹਾਰਾਸ਼ਟਰ ਵਿੱਚ 55,928 ਕਿਸਾਨਾਂ ਨੇ ਖ਼ੁਦਕੁਸ਼ੀ ਕੀਤੀ।

# ਸੋਨਪ੍ਰਯਾਗ ਨੇੜੇ ਢਿੱਗਾਂ ਡਿੱਗਣ ਕਰਕੇ ਕੇਦਾਰਨਾਥ ਯਾਤਰਾ ਆਰਜ਼ੀ ਤੌਰ 'ਤੇ ਮੁਅੱਤਲ



**ਰੁਦਰਪ੍ਰਯਾਗ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੋਨਪ੍ਰਯਾਗ ਨੇੜੇ ਮਨਕਟੀਆ ਵਿਚ ਮੀਂਹ ਕਰਕੇ ਢਿੱਗਾਂ ਡਿੱਗਣ ਨਾਲ ਵੀਰਵਾਰ ਨੂੰ ਕੇਦਾਰਨਾਥ ਯਾਤਰਾ ਆਰਜ਼ੀ ਤੌਰ 'ਤੇ ਮੁਅੱਤਲ ਕਰ ਦਿੱਤੀ ਗਈ ਹੈ। ਪੁਲੀਸ ਮੁਤਾਬਕ ਮਨਕਟੀਆ ਸਲਾਈਡਿੰਗ ਜ਼ੋਨ ਵਿਖੇ ਢਿੱਗਾਂ ਡਿੱਗਣ ਕਰਕੇ ਸੜਕੀ ਰਸਤਾ ਪੂਰੀ ਤਰ੍ਹਾਂ ਬੰਦ ਹੋ ਗਿਆ ਹੈ, ਜਿਸ ਕਰਕੇ ਪ੍ਰਸ਼ਾਸਨ ਨੂੰ ਯਾਤਰਾ ਆਰਜ਼ੀ ਤੌਰ 'ਤੇ ਮੁਅੱਤਲ ਕਰਨੀ ਪਈ ਹੈ।

ਪੁਲੀਸ ਅਧਿਕਾਰੀਆਂਨੇ ਕਿਹਾ ਕਿ ਕੁਝ ਤੀਰਥ ਯਾਤਰੀ ਜੋ ਗੌਰੀਕੁੰਡ ਤੋਂ ਪਰਤਦੇ ਹੋਏ ਸਲਾਈਡਿੰਗ ਜ਼ੋਨ ਵਿਚ ਫਸ ਗਏ ਸਨ, ਨੂੰ ਰਾਜ ਆਫ਼ਤ ਰਿਸਪੌਂਸ ਫੋਰਸ (SDRF) ਦੇ ਅਮਲੇ ਵੱਲੋਂ ਸੁਰੱਖਿਅਤ ਕੱਢ ਕੇ ਸੋਨਪ੍ਰਯਾਗ ਲਿਆਂਦਾ ਗਿਆ।

ਹਾਲ ਦੀ ਘੜੀ ਇਹਤਿਆਤੀ ਉਪਰਾਲੇ ਵਜੋਂ ਕੇਦਾਰਨਾਥ ਯਾਤਰਾ ਰੋਕੀ ਗਈ ਹੈ।

# ਅਲ-ਕਾਇਦਾ ਨਾਲ ਜੁੜੇ ਦਹਿਸ਼ਤੀ ਹਮਲਿਆਂ ਦੌਰਾਨ ਮਾਲੀ ਵਿੱਚ 3 ਭਾਰਤੀ ਅਗਵਾ; ਰਿਹਾਈ ਲਈ ਕੋਸ਼ਿਸ਼ਾਂ ਜਾਰੀ

## ਭਾਰਤ ਨੇ ਪੱਛਮੀ ਅਫ਼ਰੀਕੀ ਮੁਲਕ ਨੂੰ ਲੋੜੀਂਦੇ ਉਪਾਅ ਯਕੀਨੀ ਬਣਾਉਣ ਲਈ ਕਿਹਾ; ਮਾਲੀ ਵਿਚ ਰਹਿ ਰਹੇ ਹੋਰਨਾਂ ਭਾਰਤੀਆਂ ਨੂੰ ਚੌਕਸ ਰਹਿਣ ਦੀ ਸਲਾਹ

**ਨਵੀਂ ਦਿੱਲੀ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੱਛਮੀ ਅਫ਼ਰੀਕੀ ਮੁਲਕ ਦੇ ਵੱਖ ਵੱਖ ਹਿੱਸਿਆਂ ਵਿਚ ਹੋ ਰਹੇ ਲੜੀਵਾਰ ਦਹਿਸ਼ਤੀ ਹਮਲਿਆਂ ਦਰਮਿਆਨ ਭਾਰਤ ਨੇ ਮਾਲੀ ਵਿਚ ਤਿੰਨ ਭਾਰਤੀ ਨਾਗਰਿਕਾਂ ਨੂੰ ਅਗਵਾ ਕੀਤੇ ਜਾਣ 'ਤੇ ਵੱਡੀ ਚਿੰਤਾ ਜਤਾਈ ਹੈ। ਭਾਰਤੀਆਂ ਦੇ ਅਗਵਾ ਹੋਣ ਤੋਂ ਇੱਕ ਦਿਨ ਬਾਅਦ ਨਵੀਂ ਦਿੱਲੀ ਨੇ ਬੁੱਧਵਾਰ ਨੂੰ ਮਾਲੀ ਸਰਕਾਰ ਨੂੰ ਉਨ੍ਹਾਂ ਦੀ 'ਸੁਰੱਖਿਅਤ ਤੇ ਜਲਦੀ' ਰਿਹਾਈ ਲਈ ਸਾਰੇ ਜ਼ਰੂਰੀ ਉਪਾਅ ਯਕੀਨੀ ਬਣਾਉਣ ਦੀ ਮੰਗ ਕੀਤੀ ਹੈ।

ਵਿਦੇਸ਼ ਮੰਤਰਾਲੇ ਨੇ ਮਾਲੀ ਵਿੱਚ ਰਹਿ ਰਹੇ ਸਾਰੇ ਭਾਰਤੀਆਂ ਨੂੰ ਸਲਾਹ ਦਿੱਤੀ ਹੈ ਕਿ ਉਹ ਬਹੁਤ ਸਾਵਧਾਨੀ ਵਰਤਣ, ਚੌਕਸ ਰਹਿਣ ਅਤੇ ਨਿਯਮਤ ਅਪਡੇਟਸ ਅਤੇ ਜ਼ਰੂਰੀ ਸਹਾਇਤਾ ਲਈ ਬਾਮਾਕੋ ਵਿੱਚ ਦੂਤਾਵਾਸ ਨਾਲ ਰਾਬਤਾ ਬਣਾਈ ਰੱਖਣ। ਮੰਤਰਾਲੇ ਨੇ ਕਿਹਾ ਕਿ ਉਹ ਭਾਰਤੀਆਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰੇਗਾ ਅਤੇ ਅਗਵਾ ਕੀਤੇ ਗਏ ਭਾਰਤੀ ਨਾਗਰਿਕਾਂ ਦੀ ਸੁਰੱਖਿਅਤ ਵਾਪਸੀ ਯਕੀਨੀ ਬਣਾਉਣ ਲਈ ਵਚਨਬੱਧ ਹੈ।

ਵਿਦੇਸ਼ ਮੰਤਰਾਲੇ (MEA) ਨੇ Kayes ਵਿੱਚ ਡਾਇਮੰਡ ਸੀਮੈਂਟ ਫੈਕਟਰੀ ਵਿੱਚ ਕੰਮ ਕਰਨ ਵਾਲੇ ਭਾਰਤੀਆਂ ਨੂੰ ਅਗਵਾ ਕੀਤੇ ਜਾਣ ਨੂੰ ਲੈ ਕੇ 'ਡੂੰਘੀ ਚਿੰਤਾ' ਜ਼ਾਹਿਰ ਕੀਤੀ ਹੈ। ਮੰਤਰਾਲੇ ਨੇ ਕਿਹਾ, "ਇਹ ਘਟਨਾ 1 ਜੁਲਾਈ ਦੀ ਹੈ ਜਦੋਂ ਹਥਿਆਰਬੰਦ ਹਮਲਾਵਰਾਂ ਦੇ ਸਮੂਹ ਨੇ ਫੈਕਟਰੀ ਦੇ ਅਹਾਤੇ 'ਤੇ ਹਮਲਾ ਕੀਤਾ ਅਤੇ ਤਿੰਨ ਭਾਰਤੀ ਨਾਗਰਿਕਾਂ ਨੂੰ ਜ਼ਬਰਦਸਤੀ ਬੰਧਕ ਬਣਾ ਲਿਆ।" ਅਲ-ਕਾਇਦਾ ਨਾਲ ਸਬੰਧਤ ਜਮਾਤ ਨੁਸਰਤ ਅਲ-ਇਸਲਾਮ ਵਲ-ਮੁਸਲਿਮੀਨ (JNIM) ਨੇ ਮੰਗਲਵਾਰ ਨੂੰ ਮਾਲੀ ਵਿੱਚ ਇਨ੍ਹਾਂ ਹਮਲਿਆਂ ਦੀ ਜ਼ਿੰਮੇਵਾਰੀ ਲਈ ਹੈ। ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਬਾਮਾਕੋ ਵਿੱਚ ਭਾਰਤੀ ਦੂਤਾਵਾਸ ਸਬੰਧਤ ਅਧਿਕਾਰੀਆਂ, ਸਥਾਨਕ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦੇ ਨਾਲ-ਨਾਲ ਡਾਇਮੰਡ ਸੀਮੈਂਟ ਫੈਕਟਰੀ ਦੇ ਪ੍ਰਬੰਧਕਾਂ ਦੇ ਸੰਪਰਕ ਵਿੱਚ ਹੈ। ਬਿਆਨ ਵਿੱਚ ਕਿਹਾ ਗਿਆ ਹੈ ਕਿ ਮਿਸ਼ਨ ਨੇ ਅਗਵਾ ਭਾਰਤੀ ਨਾਗਰਿਕਾਂ ਦੇ ਪਰਿਵਾਰਕ ਮੈਂਬਰਾਂ ਨਾਲ ਵੀ ਰਾਬਤਾ ਬਣਾਇਆ ਹੋਇਆ ਹੈ।

ਮੰਤਰਾਲੇ ਨੇ ਬਿਆਨ ਵਿਚ ਕਿਹਾ, ''ਭਾਰਤ ਸਰਕਾਰ ਹਿੰਸਾ ਦੇ ਇਸ ਘਿਨਾਉਣੇ ਕੰਮ ਦੀ ਨਿੰਦਾ ਕਰਦੀ ਹੈ ਅਤੇ ਮਾਲੀ ਗਣਰਾਜ ਦੀ ਸਰਕਾਰ ਨੂੰ ਅਗਵਾ ਕੀਤੇ ਗਏ ਭਾਰਤੀ ਨਾਗਰਿਕਾਂ ਦੀ ਸੁਰੱਖਿਅਤ ਅਤੇ ਜਲਦੀ ਰਿਹਾਈ ਯਕੀਨੀ ਬਣਾਉਣ ਲਈ ਸਾਰੇ ਜ਼ਰੂਰੀ ਉਪਾਅ ਕਰਨ ਦੀ ਮੰਗ ਕਰਦੀ ਹੈ। ਮੰਤਰਾਲੇ ਦੇ ਸੀਨੀਅਰ ਅਧਿਕਾਰੀ ਹਾਲਾਤ 'ਤੇ ਨੇੜਿਓਂ ਨਜ਼ਰ ਰੱਖ ਰਹੇ ਹਨ ਅਤੇ ਭਾਰਤੀ ਨਾਗਰਿਕਾਂ ਦੀ ਸੁਰੱਖਿਅਤ ਅਤੇ ਜਲਦੀ ਰਿਹਾਈ ਲਈ ਵੱਖ-ਵੱਖ ਪੱਧਰਾਂ 'ਤੇ ਕੋਸ਼ਿਸ਼ਾਂ ਕਰ ਰਹੇ ਹਨ।"

# ਯੂਕਰੇਨ ਦੇ ਮਿਜ਼ਾਈਲ ਹਮਲੇ 'ਚ ਰੂਸੀ ਜਲ ਸੈਨਾ ਦੇ ਉਪ ਮੁਖੀ ਦੀ ਮੌਤ

**ਮਾਸਕੋ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰੂਸੀ ਜਲ ਸੈਨਾ ਦਾ ਉਪ ਮੁਖੀ ਤੇ ਮਰੀਨ ਬ੍ਰਿਗੇਡ ਦਾ ਸਾਬਕਾ ਕਮਾਂਡਰ ਮੇਜਰ ਜਨਰਲ ਮਿਖਾਇਲ ਗੁਡਕੋਵ ਯੂਕਰੇਨ ਖਿਲਾਫ ਲੜਾਈ ਵਿਚ ਮਾਰਿਆ ਗਿਆ ਹੈ। ਉਹ ਮਾਸਕੋ ਦੇ ਸਭ ਤੋਂ ਸੀਨੀਅਰ ਅਫਸਰਾਂ ਵਿੱਚੋਂ ਇੱਕ ਸੀ। ਇਹ ਜਾਣਕਾਰੀ ਰੂਸੀ ਫੌਜ ਨੇ ਅੱਜ ਨਸ਼ਰ ਕੀਤੀ ਹੈ। ਰੱਖਿਆ ਮੰਤਰਾਲੇ ਨੇ ਕਿਹਾ ਕਿ ਗੁਡਕੋਵ ਜਿਸ ਨੂੰ ਫਰਵਰੀ ਵਿੱਚ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਵਲੋਂ ਕਰੈਮਲਿਨ ਵਿੱਚ ਸਿਖਰਲਾ ਫੌਜੀ ਸਨਮਾਨ ਦਿੱਤਾ ਗਿਆ ਸੀ, ਬੁੱਧਵਾਰ ਨੂੰ ਕੁਰਸਕ ਖੇਤਰ ਦੇ ਇੱਕ ਸਰਹੱਦੀ ਜ਼ਿਲ੍ਹੇ ਵਿੱਚ ਲੜਾਈ ਦੌਰਾਨ ਮਾਰਿਆ ਗਿਆ। ਗੈਰ-ਅਧਿਕਾਰਤ ਰੂਸੀ



ਅਤੇ ਯੂਕਰੇਨੀ ਫੌਜੀ ਟੈਲੀਗ੍ਰਾਮ ਚੈਨਲਾਂ ਨੇ ਪਹਿਲਾਂ ਰਿਪੋਰਟ ਦਿੱਤੀ ਸੀ ਕਿ ਗੁਡਕੋਵ, ਹੋਰ ਫੌਜੀਆਂ ਅਤੇ ਅਫਸਰਾਂ ਨਾਲ ਰੂਸ ਦੇ ਕੁਰਸਕ ਖੇਤਰ ਵਿੱਚ ਇੱਕ ਕਮਾਂਡ ਪੋਸਟ 'ਤੇ ਇੱਕ ਯੂਕਰੇਨੀ ਮਿਜ਼ਾਈਲ ਹਮਲੇ ਵਿੱਚ ਮਾਰਿਆ ਗਿਆ ਹੈ। ਇਸ ਖੇਤਰ ਦੀ ਹੱਦ ਯੂਕਰੇਨ ਦੀ ਸਰਹੱਦ ਨਾਲ ਲੱਗਦੀ ਹੈ।

## ਕੇਂਦਰੀ ਹਲਕੇ ਦੇ ਪੁਲਿਸ ਅਧਿਕਾਰੀਆਂ ਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਮੁਕਤੀ ਮੋਰਚੇ' ਦੇ ਅਹੁਦੇਦਾਰਾਂ ਨਾਲ ਕੀਤੀ ਮੀਟਿੰਗ

# ਨਸ਼ਾ ਤਸਕਰ ਪੰਜਾਬ ਵਿੱਚ ਨਸ਼ਾ ਵੇਚਣਾ ਬੰਦ ਕਰ ਦੇਣ ਜਾਂ ਪੰਜਾਬ ਦੀਆਂ ਜੂਹਾ ਛੱਡ ਦੇਣ : ਦੀਕਸ਼ਤ ਧਵਨ

**ਅੰਮ੍ਰਿਤਸਰ 4 ਜੁਲਾਈ**
**-ਰਾਕੇਸ਼ ਕੁਮਾਰ ਲੱਕੀ-**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਜਿਲਾ ਪ੍ਰਸ਼ਾਸਨ ਅਤੇ ਪੁਲਿਸ ਦੇ ਸਹਿਯੋਗ ਨਾਲ ÷ਯੁੱਧ ਨਸ਼ਿਆਂ ਵਿਰੁੱਧ÷ ਮੁਹਿੰਮ ਤਹਿਤ ਨਸ਼ਾ ਮੁਕਤੀ ਮੋਰਚਾ ਦੇ ਅਹੁਦੇਦਾਰਾਂ ਨਾਲ ਕੇਂਦਰੀ ਹਲਕੇ ਦੇ ਪੁਲਿਸ ਅਧਿਕਾਰੀਆਂ ਵੱਲੋਂ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਏ:ਡੀ:ਸੀ:ਪੀ ਸ੍ਰ ਵਿਸ਼ਾਲਜੀਤ ਸਿੰਘ, ਏ:ਸੀ:ਪੀ: ਕੇਂਦਰੀ ਸ੍ਰ ਜਸਪਾਲ ਸਿੰਘ, ਮੁੱਖ ਥਾਣਾ ਅਫਸਰ ਡੀ ਡਵੀਜਨ, ਈ: ਡਵੀਜਨ, ਇਸਲਾਮਾਬਾਦ, ਥਾਣਾ ਗੇਟ ਹਕੀਮਾਂ, ਚੌਂਕੀ ਇੰਚਾਰਜ, ਅੰਨਗੜ੍ਹ ਅਤੇ ਫਤਾਹਪੁਰ ਦੇ ਪੁਲਿਸ ਅਧਿਕਾਰੀਆਂ ਤੋਂ ਇਲਾਵਾ ਨਸ਼ਾ ਮੁਕਤੀ ਮੋਰਚਾ ਸ਼ਹਿਰੀ ਦੇ ਇੰਚਾਰਜ ਸ੍ਰੀ ਦੀਕਸ਼ਤ ਧਵਨ ਅਤੇ ਨਸ਼ਾ ਮੁਕਤੀ ਮੋਰਚਾ ਦੇ ਆਹੁਦੇਦਾਰ ਹਨੀ ਨਾਹਰ, ਵਰੁਣ ਭਗਤ, ਰਾਜੇਸ਼ ਕੁਮਾਰ, ਡਾ: ਪੰਕਜ ਸੋਹੀ ਵੀ ਹਾਜਰ ਸਨ। ਇਸ ਮੌਕੇ ਤੇ ਸ਼੍ਰੀ ਦੀਕਸ਼ਤ ਧਵਨ ਵੱਲੋਂ ਕਿਹਾ ਗਿਆ ਕਿ ਨਸ਼ਾ ਮੁਕਤੀ ਮੋਰਚਾ ਵੱਲੋਂ ਨਸ਼ੇ ਵਿਰੋਧੀ ਲੋਕ ਮੁਹਿੰਮ ਚਲਾਈ ਜਾਵੇਗੀ ਅਤੇ ਹੇਠਲੇ ਪੱਧਰ ਤੱਕ ਆਮ ਲੋਕਾਂ ਤੱਕ ਪਹੁੰਚ ਕਰਕੇ ਨਸ਼ਾ ਛੱਡਣ ਵਾਲੇ ਮਰੀਜ਼ਾਂ ਦੀ ਭਾਲ ਕੀਤੀ ਜਾਵੇਗੀ ਅਤੇ ਉਹਨਾਂ ਦੇ ਇਲਾਜ ਲਈ ਢੁਕਵੇ ਪ੍ਰਬੰਧ ਕਰਵਾਏ ਜਾਣਗੇ।ਉਨ੍ਹਾਂ ਨੇ ਨਸ਼ਾ ਵੇਚਣ ਵਾਲਿਆਂ



ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਨਸ਼ਾ ਤਸਕਰ ਪੰਜਾਬ ਵਿੱਚ ਨਸ਼ਾ ਵੇਚਣਾ ਬੰਦ ਕਰ ਦੇਣ ਜਾਂ ਪੰਜਾਬ ਦੀਆਂ ਜੂਹਾ ਛੱਡ ਜਾਣ। ਉਨ੍ਹਾਂ ਕਿਹਾ ਕਿ ਸਰਕਾਰ ਕਿਸੇ ਵੀ ਨਸ਼ਾ ਤਸਕਰ ਨਹੀਂ ਬਖਸ਼ੇਗੀ।

ਸ੍ਰੀ ਦੀਕਸ਼ਤ ਧਵਨ ਨੇ ਦੱਸਿਆ ਕਿ ਸਰਕਾਰ ਵੱਲੋਂ ਨਸ਼ੇ ਤੋਂ ਪੀੜਤ ਲੋਕਾਂ ਦਾ ਨਸ਼ਾ ਛੁਡਾਉ ਕੇਂਦਰਾਂ ਵਿਖੇ ਮੁਫ਼ਤ ਇਲਾਜ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਆਪਣੇ ਪੈਰਾਂ ਤੇ ਖੜ੍ਹਾ ਕਰਨ ਲਈ ਸਕਿੱਲ ਟ ?ਰੇਨਿੰਗ ਵੀ ਮੁਹੱਈਆ ਕਰਵਾਈ ਜਾ ਰਹੀ ਹੈ। ਸ੍ਰੀ ਧਵਨ ਨੇ ਕਿਹਾ ਕਿ ਪਿੰਡਾਂ ਅਤੇ ਸ਼ਹਿਰਾਂ ਵਿੱਚ ਜਿਹੜੇ ਵੀ ਲੋਕ ਨਸ਼ਾ ਵੇਚਣ ਵਾਲੇ ਵਿਅਕਤੀਆਂ ਸਿਫਾਰਸ਼ ਲਈ ਪੁਲਿਸ ਕੋਲ ਜਾਣਗੇ ਜਾਂ ਅਦਾਲਤ ਵਿੱਚ ਜਮਾਨਤ ਲਈ ਜਾਣਗੇ ਦੇ ਨਾਮ ਜਨਤਕ ਕੀਤੇ ਜਾਣਗੇ ਅਤੇ ਲੋਕਾਂ ਨੂੰ ਅਜਿਹੇ ਲੋਕਾਂ ਦੇ ਸਮਾਜਿਕ ਬਾਈਕਾਟ ਦਾ ਸੱਦਾ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ ।

ਮੀਟਿੰਗ ਦੌਰਾਨ ਏ:ਡੀ:ਸੀ:ਪੀ ਸ੍ਰ ਵਿਸ਼ਾਲਜੀਤ ਸਿੰਘ ਨੇ ਕਿਹਾ ਕਿ ਪੁਲਿਸ ਵੱਲੋਂ ਲਗਾਤਾਰ ਨਸ਼ਾ ਤਸਕਰਾਂ ਤੇ ਨਜਰ ਰੱਖੀ ਜਾ ਰਹੀ ਹੈ ਅਤੇ ਕਿਸੇ ਵੀ ਨਸ਼ਾ ਤਸਕਰ ਨੂੰ ਬਖਸ਼ਿਆਂ ਨਹੀਂ ਜਾਵੇਗਾ। ਉਨ੍ਹਾਂ ਨੇ ਆਪਣੇ ਅਧੀਨ ਪੈਂਦੇ ਸਮੂਹ ਪੁਲਿਸ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਸਮਾਜ ਵਿਰੋਧੀ ਅਨਸਰਾਂ ਤੇ ਖਾਸ ਨਜਰ ਰੱਖੀ ਜਾਵੇ। ਉਨ੍ਹਾਂ ਕਿਹਾ ਕਿ ਸਮੂਹ ਪੁਲਿਸ ਅਧਿਕਾਰੀ ਅਤੇ ਕਰਮਚਾਰੀ ਆਪਣੀ ਡਿਊਟੀ ਬਾਖੂਬੀ ਨਿਭਾ ਰਹੇ ਹਨ।

# ਹਰਭਜਨ ਸਿੰਘ ਈ.ਟੀ.ਓ. ਨੇ ਰਾਜਾਸਾਂਸੀ ਵਿੱਖੇ ਸ਼ਹੀਦ ਮਨਿੰਦਰ ਸਿੰਘ ਯਾਦਗਾਰੀ ਗੇਟ ਦਾ ਰੱਖਿਆ ਨੀਂਹ ਪੱਥਰ



**ਅੰਮ੍ਰਿਤਸਰ 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹੀਦ ਦੇਸ਼ ਦਾ ਸਰਮਾਇਆ ਹੁੰਦੇ ਹਨ ਅਤੇ ਇਨਾਂ ਸ਼ਹੀਦਾਂ ਦੇ ਬਦੌਲਤ ਹੀ ਅਸੀਂ ਆਪਣੇ ਘਰਾਂ ਵਿੱਚ ਸੁੱਖ ਦਾ ਸਾਹ ਮਾਣ ਰਹੇ ਹਾਂ ਅਤੇ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਸਰਕਾਰ ਸ਼ਹੀਦਾਂ ਦੇ ਪਰਿਵਾਰਾਂ ਨਾਲ ਡੱਟ ਕੇ ਖੜ੍ਹੀ ਹੈ ਅਤੇ ਉਨਾਂ ਨੂੰ ਕਿਸੇ ਕਿਸਮ ਦੀ ਕੋਈ ਵੀ ਮੁਸ਼ਕਿਲ ਪੇਸ਼ ਨਹੀ ਆਉਣ ਦਿੱਤੀ ਜਾਵੇਗੀ।

ਇਨਾਂ ਸ਼ਬਦਾਂ ਦਾ ਪ੍ਰਗਟਾਵਾ ਲੋਕ ਨਿਰਮਾਣ ਮੰਤਰੀ ਪੰਜਾਬ ਸ: ਹਰਭਜਨ ਸਿੰਘ ਈ.ਟੀ.ਓ. ਅੱਜ ਰਾਜਾਸਾਂਸੀ ਵਿਖੇ ਸ਼ਹੀਦ ਮਨਿੰਦਰ ਸਿੰਘ ਯਾਦਗਾਰੀ ਗੇਟ ਦਾ ਨੀਂਹ ਪੱਥਰ ਰੱਖਣ ਉਪਰੰਤ ਕੀਤਾ। ਉਨਾਂ ਕਿਹਾ ਕਿ ਸ਼ਹੀਦ ਮਨਿੰਦਰ ਸਿੰਘ (ਜਨਮ 24 ਅਗਸਤ 1990) ਉਮਰ 17 ਸਾਲ ਪੁੱਤਰ ਸ਼ਹੀਦ ਸੁਖਦੇਵ ਸਿੰਘ ਫੌਜ ਵਿੱਚ ਭਰਤੀ ਹੋ ਗਿਆ ਸੀ ਅਤੇ ਸਿਆਚਿਨ ਗਲੇਸ਼ੀਅਰ ਵਿੱਚ ਆਪਣੀ ਡਿਊਟੀ ਕਰਦੇ ਹੋਏ ਜਦ ਵਾਪਿਸ ਆ ਰਿਹਾ ਸੀ ਤਾਂ ਅਚਾਨਕ ਐਵੀਲਾਂਚ ਆਉਣ ਕਾਰਨ ਉਹ ਸ਼ਹੀਦ ਹੋ ਗਿਆ ਸੀ ਅਤੇ ਉਸਦੀ ਸ਼ਹੀਦੀ 18 ਨਵੰਬਰ 2019 ਨੂੰ ਹੋਇਆ ਸੀ ਅਤੇ ਉਹ ਆਪਣੇ ਪਿੱਛੇ ਪਤਨੀ ਅਤੇ 3 ਸਾਲ ਦਾ ਬੇਟਾ ਛੱਡ ਗਏ ਸਨ। ਉਨਾਂ ਕਿਹਾ ਕਿ ਉਨਾਂ ਦੇ ਪਾਰਿਵਾਰਿਕ ਮੈਂਬਰਾਂ ਨੇ ਇੱਛਾ ਪ੍ਰਗਟ ਕੀਤੀ ਸੀ ਕਿ ਸ਼ਹੀਦ ਦਾ ਯਾਦਗਾਰੀ ਗੇਟ ਬਣਾਇਆ ਜਾਵੇ ਅਤੇ ਉਨਾਂ ਵਲੋਂ ਮੁੱਖ ਮੰਤਰੀ ਪੰਜਾਬ ਦੇ ਧਿਆਨ ਵਿੱਚ ਲਿਆਂਦਾ ਗਿਆ, ਜਿਨਾਂ ਨੇ ਤੁਰੰਤ ਹੀ ਇਸ ਯਾਦਗਾਰੀ ਗੇਟ ਨੂੰ ਬਣਾਉਣ ਲਈ 42 ਲੱਖ 11 ਹਜ਼ਾਰ ਰੁਪਏ ਦੀ ਰਾਸ਼ੀ ਜਾਰੀ ਕਰ ਦਿੱਤੀ ਹੈ। ਉਨਾਂ ਦੱਸਿਆ ਕਿ ਸਬੰਧਤ ਠੇਕੇਦਾਰ ਨੂੰ ਯਾਗਾਰੀ ਗੇਟ ਬਣਾਉਣ ਦਾ ਕੰਮ ਅਲਾਟ ਕਰ ਦਿੱਤਾ ਗਿਅ ਹੈ ਅਤੇ ਆਉਂਦਿਆਂ ਛੇ ਮਹੀਨਿਆਂ ਦੌਰਾਨ ਇਹ ਗੇਟ ਬਣ ਕੇ ਤਿਆਰ ਹੋ ਜਾਵੇਗਾ।

ਸ: ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਅਗਨੀਵੀਰ ਸਕੀਮ ਅਧੀਨ ਭਰਤੀ ਹੋਏ ਸਾਰੇ ਫੌਜੀਆਂ ਨੂੰ ਬਾਕੀ ਫੌਜੀਆਂ ਵਾਂਗ ਪੂਰੀਆਂ ਸਹੂਲਤਾਂ ਦੇਵੇਗੀ।

ਉਨਾਂ ਕਿਹਾ ਕਿ ਸਾਡੇ ਜਵਾਨ ਆਪਣੀਆਂ ਜਾਨਾਂ ਦੀ ਪਰਵਾਹ ਨਾ ਕਰਦੇ ਹੋਏ ਦੇਸ਼ ਸੁਰੱਖਿਆ ਲਈ ਆਪਣੀ ਜਾਨਾਂ ਵਾਰ ਦਿੰਦੇ ਹਨ ਅਤੇ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਇਨਾਂ ਦੇ ਪਰਿਵਾਰਾਂ ਦਾ ਧਿਆਨ ਰਖੀਏ। ਇਸ ਮੌਕੇ ਰਾਜਾਸਾਂਸੀ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ, ਸ੍ਰੀਮਤੀ ਇਕਵਿੰਦਰ ਕੌਰ ਵੀ ਹਾਜ਼ਰ ਸਨ।

# ਪਾਣੀ ਦਾ ਪੱਧ ਵਧਣ ਕਾਰਨ ਸੁਖਨਾ ਝੀਲ ਦੇ ਫਲੱਡ ਗੇਟ ਖੋਲ੍ਹੇ



**ਮੁਹਾਲੀ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਖਨਾ ਝੀਲ ਦੇ ਫਲੱਡ ਗੇਟ ਅੱਜ ਸਵੇਰੇ 10:30 ਵਜੇ ਖੋਲ੍ਹੇ ਗਏ ਹਨ। ਇਸ ਦੇ ਨਾਲ ਹੀ ਮੁਹਾਲੀ ਪੁਲੀਸ ਨੇ ਵਸਨੀਕਾਂ ਨੂੰ ਘੱਗਰ ਨਦੀ ਦੇ ਨੇੜੇ ਨਾ ਜਾਣ ਦੀ ਅਪੀਲ ਕੀਤੀ ਸੀ ਪਰ ਬਾਅਦ ਵਿੱਚ ਇਹ ਐਡਾਵਾਇਜ਼ਰੀ ਰੱਦ ਕਰ ਦਿੱਤੀ ਗਈ। ਸੂਤਰਾਂ ਨੇ ਦੱਸਿਆ ਕਿ ਝੀਲ ਵਿੱਚ ਪਾਣੀ ਦਾ ਪੱਧਰ 1158 ਫੁੱਟ ਤੱਕ ਪਹੁੰਚ ਗਿਆ ਹੈ, ਜਿਸ ਕਾਰਨ ਹੇਠਾਂ ਵੱਲ ਸਾਵਧਾਨੀ ਦੇ ਉਪਾਅ ਕੀਤੇ ਜਾ ਰਹੇ ਹਨ।

ਮੁਹਾਲੀ ਜ਼ਿਲ੍ਹਾ ਪ੍ਰਸ਼ਾਸਨ ਦੇ ਇੱਕ ਅਧਿਕਾਰੀ ਨੇ ਕਿਹਾ, ''ਯੂਟੀ ਅਧਿਕਾਰੀਆਂ ਵੱਲੋਂ ਡਰੇਨੇਜ ਵਿਭਾਗ ਅਤੇ ਪੁਲੀਸ ਅਧਿਕਾਰੀਆਂ ਨੂੰ ਜ਼ੁਬਾਨੀ ਸੂਚਿਤ ਕੀਤਾ ਗਿਆ ਹੈ ਪਰ ਅਜੇ ਤੱਕ ਲਿਖਤੀ ਨੋਟਿਸ ਪ੍ਰਾਪਤ ਨਹੀਂ ਹੋਇਆ ਹੈ।" ਇਸ ਤੋਂ ਪਹਿਲਾਂ 10 ਜੁਲਾਈ 2023 ਨੂੰ ਯੂਟੀ ਇੰਜੀਨੀਅਰਿੰਗ ਵਿਭਾਗ ਨੂੰ ਸੁਖਨਾ ਝੀਲ ਦੇ ਤਿੰਨ ਫਲੱਡ ਗੇਟਾਂ ਵਿੱਚੋਂ ਦੋ ਖੋਲ੍ਹਣੇ ਪਏ ਸਨ। ਉਸ ਸਮੇਂ ਪਾਣੀ ਦਾ ਪੱਧਰ 1,163 ਫੁੱਟ ਦੇ ਖ਼ਤਰੇ ਦੇ ਨਿਸ਼ਾਨ ਨੂੰ ਪਾਰ ਕਰ ਗਿਆ ਸੀ।

2020 ਵਿੱਚ ਪਾਣੀ ਦਾ ਪੱਧਰ ਖ਼ਤਰੇ ਦੇ ਨਿਸ਼ਾਨ ਨੂੰ ਪਾਰ ਕਰਨ ਤੋਂ ਬਾਅਦ ਸੁਖਨਾ ਚੋਅ ਨੇ ਸੁਖਨਾ ਚੋਅ ਦੇ ਨਾਲ-ਨਾਲ ਜ਼ੀਰਕਪੁਰ ਅਤੇ ਬਲਟਾਣਾ ਦੇ ਨੀਵੇਂ ਇਲਾਕਿਆਂ ਵਿੱਚ ਵਿਆਪਕ ਹੜ੍ਹ ਲਿਆ ਦਿੱਤਾ ਸੀ।

# ਲੈਂਡ ਪੂਲਿੰਗ ਯੋਜਨਾ ਕਿਸਾਨਾਂ ਦੀ ਜ਼ਮੀਨ ਹੜਪਣ ਦੀ ਸਾਜਿਸ਼ ਹੈ, ਕੇਜਰੀਵਾਲ ਦੇ ਇਸ਼ਾਰੇ 'ਤੇ ਪੰਜਾਬ ਨੂੰ ਵੇਚਣ ਦੀ ਕੋਸ਼ਿਸ਼ ਕਦੇ ਵੀ ਬਰਦਾਸ਼ਤ ਨਹੀਂ ਕਰਾਂਗੇ": ਅਜੈਵੀਰ ਸਿੰਘ ਲਾਲਪੁਰਾ

**ਰੂਪਨਗਰ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਦੇ ਦਫ਼ਤਰ, ਰੂਪਨਗਰ ਵਿਖੇ ਅੱਜ ਪਿੰਡ ਰਸੂਲਪੁਰ ਦੇ ਵਾਸੀਆਂ ਨੇ ਮੁਲਾਕਾਤ ਕਰਕੇ ਆਮ ਆਦਮੀ ਪਾਰਟੀ ਦੀ "ਲੈਂਡ ਪੂਲਿੰਗ ਯੋਜਨਾ"ਦੇ ਖ਼ਿਲਾਫ਼ ਆਪਣਾ ਵਿਰੋਧ ਦਰਜ ਕਰਵਾਇਆ। ਪਿੰਡ ਵਾਸੀਆਂ ਨੇ ਦੱਸਿਆ ਕਿ ਇਹ ਯੋਜਨਾ ਕਿਸਾਨਾਂ ਦੀ ਜ਼ਮੀਨ ਲੁੱਟਣ ਲਈ ਰਚੀ ਗਈ ਸਾਜਿਸ਼ ਹੈ, ਜਿਸਨੂੰ ਕਿਸੇ ਵੀ ਹਾਲਤ 'ਚ ਸਵੀਕਾਰ ਨਹੀਂ ਕੀਤਾ ਜਾ ਸਕਦਾ।

ਇਸ ਮੌਕੇ ਤੇ ਲਾਲਪੁਰਾ ਨੇ ਕਿਹਾ ਕਿ ਉਹ ਪੰਜਾਬ ਦੇ ਕਿਸਾਨਾਂ ਦੇ ਨਾਲ ਖੜ੍ਹੇ ਹਨ, ਖਾਸ ਕਰਕੇ ਰੂਪਨਗਰ ਜ਼ਿਲ੍ਹੇ ਦੇ ਕਿਸਾਨਾਂ ਦੇ ਹੱਕ 'ਚ ਆਖਰੀ ਸਾਹਾਂ ਤਕ ਲੜਾਈ ਲੜਣਗੇ। ਉਨ੍ਹਾਂ ਆਮ ਆਦਮੀ ਪਾਰਟੀ ਦੀ ਇਸ 'ਲੈਂਡ ਪੂਲਿੰਗ ਸਕੀਮ' ਨੂੰ ਠੋਸ ਅਲਫ਼ਾਜ਼ਾਂ 'ਚ ਨਕਾਰਦਿਆਂ ਕਰਦਿਆਂ ਕਿਹਾ ਕਿ ਇਸ ਨੂੰ ਕਿਸੇ ਵੀ ਸੂਰਤ ਵਿਚ ਲਾਗੂ ਨਹੀਂ ਹੋਣ ਦਿੰਦੇ। ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇ ਇਹ ਯੋਜਨਾ ਜ਼ਬਰਦਸਤੀ ਥੋਪੀ ਗਈ ਤਾਂ ਭਾਜਪਾ ਰੋਡ ਤੋਂ ਲੈ ਕੇ ਵਿਧਾਨ ਸਭਾ ਤਕ ਸੰਘਰਸ਼ ਕਰੇਗੀ।

ਮੁੱਖ ਮੰਤਰੀ ਭਗਵੰਤ ਮਾਨ ਨੂੰ ਲਲਕਾਰਦੇ ਹੋਏ ਲਾਲਪੁਰਾ ਨੇ ਕਿਹਾ ਕਿ ਉਹ ਕੇਜਰੀਵਾਲ ਦੇ ਹੁਕਮਾਂ 'ਤੇ ਪੰਜਾਬ ਦੀ ਧਰਤੀ ਨੂੰ ਦਿੱਲੀ ਦੇ ਬਿਲਡਰਾਂ ਦੇ ਹਵਾਲੇ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਪਹਿਲਾਂ ਵੀ ਕਿਸਾਨਾਂ ਦੀ ਬੇਇਜ਼ਤੀ ਕਰ ਚੁੱਕੇ ਹਨ, ਹੁਣ ਉਹਨਾਂ ਦੇ ਇਸ਼ਾਰੇ 'ਤੇ ਕਿਸਾਨਾਂ ਦੀ ਪੁਰਖੀ ਜ਼ਮੀਨ ਖੋਹਣ ਦੀ ਸਾਜ਼ਿਸ਼ ਹੋ ਰਹੀ ਹੈ।

ਸਥਾਨਕ ਵਿਧਾਇਕ 'ਤੇ ਤਿੱਖਾ ਹਮਲਾ ਕਰਦਿਆਂ ਲਾਲਪੁਰਾ ਨੇ ਕਿਹਾ ਕਿ ਉਹ ਲੋਕਾਂ ਦੀ ਸੇਵਾ 'ਚ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕੇ ਹਨ ਅਤੇ ਉਨ੍ਹਾਂ ਨੂੰ ਤੁਰੰਤ ਅਸਤੀਫਾ ਦੇ ਦੇਣਾ ਚਾਹੀਦਾ ਹੈ।"ਜਦੋਂ ਕੋਈ ਵਿਧਾਇਕ ਆਪਣੇ ਲੋਕਾਂ ਦੀ ਅਵਾਜ਼ ਹੀ ਨਾ ਸੁਣੇ ਤਾਂ ਅਜਿਹੇ ਵਿਧਾਇਕ ਦਾ ਕੀ ਲਾਭ "ਲਾਲਪੁਰਾ ਨੇ ਦੋ ਟੁੱਕ ਕਿਹਾ।

ਲਾਲਪੁਰਾ ਨੇ ਇਹ ਵੀ ਕਿਹਾ ਕਿ ਇਹ "ਲੈਂਡ ਪੂਲਿੰਗ ਸਕੀਮ"ਅਸਲ ਵਿੱਚ "ਲੈਂਡ ਗ੍ਰੈਬਿੰਗ ਸਕੀਮ"ਹੈ। ਨਾ ਤਾਂ ਕਿਸਾਨਾਂ ਦੀ ਸਹਿਮਤੀ ਲਈ ਗਈ, ਨਾ ਹੀ ਉਚਿਤ ਮੁਆਵਜ਼ਾ ਜਾਂ ਪੁਰਨਵਾਸ ਦੀ ਕੋਈ ਯੋਜਨਾ ਹੈ। ਇਹ ਸਿੱਧਾ ਕਿਸਾਨਾਂ ਦੇ ਹੱਕਾਂ ਉੱਤੇ ਡਾਕਾ ਹੈ।

ਉਨ੍ਹਾਂ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਉਹ ਤੇ ਉਨ੍ਹਾਂ ਦੀ ਪਾਰਟੀ ਹਰੇਕ ਪ੍ਰਭਾਵਿਤ ਪਿੰਡ 'ਚ ਜਾ ਕੇ ਕਿਸਾਨਾਂ ਦੇ ਨਾਲ ਖੜ੍ਹੇ ਹੋਣਗੇ ਅਤੇ ਇਸ ਜਨਵਿਰੋਧੀ ਯੋਜਨਾ ਖਿਲਾਫ਼ ਜਨ ਅੰਦੋਲਨ ਖੜ੍ਹਾ ਕਰਨਗੇ। ਉਨ੍ਹਾਂ ਸਾਰੀਆਂ ਪੰਚਾਇਤਾਂ ਨੂੰ ਵੀ ਅਪੀਲ ਕੀਤੀ ਕਿ ਉਹ ਇਕਜੁਟ ਹੋ ਕੇ ਇਸ ਜ਼ਬਰਦਸਤੀ ਥੋਪੀ ਜਾ ਰਹੀ ਯੋਜਨਾ ਦਾ ਡਟ ਕੇ ਵਿਰੋਧ ਕਰਨ।

ਪਿੰਡ ਵਾਸੀਆਂ ਨੇ ਲਾਲਪੁਰਾ ਨੂੰ ਭਰੋਸਾ ਦਿਵਾਇਆ ਕਿ ਉਹ ਇਸ ਅਨਿਆਇ ਖਿਲਾਫ਼ ਹਰ ਮੋਰਚੇ 'ਤੇ ਉਨ੍ਹਾਂ ਦੇ ਨਾਲ ਖੜ੍ਹੇ ਹਨ।

ਮੀਟਿੰਗ ਵਿੱਚ ਸ਼ਾਮਲ ਲੋਕਾਂ ਨੇ ਭਾਜਪਾ ਨੇਤਾ ਦਾ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਉਹ ਇਸ ਮੁੱਦੇ 'ਤੇ ਇਕਜੁਟ ਹੋ ਕੇ ਸੰਘਰਸ਼ ਕਰਨਗੇ।

**ਸ਼ੁਰੂਆਤੀ ਪੜਾਅ ਵਿੱਚ 583 ਜਾਨਾਂ ਬਚਾਉਣ ਵਾਲੇ ਪੰਜਾਬ ਦੇ ਮਹੱਤਵਪੂਰਨ ਸਟੈਮੀ ਪ੍ਰੋਜੈਕਟ ਨੂੰ ਹੁਣ ਸੂਬਾ ਪੱਧਰ ਤੱਕ ਵਧਾਇਆ**

# ਜ਼ਿਲ੍ਹਾ ਅਤੇ ਤਹਿਸੀਲ ਪੱਧਰ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ 30 ਹਜ਼ਾਰ ਦੀ ਕੀਮਤ ਵਾਲਾ ਕਲਾਟ ਬਸਟਰ ਇੰਜੈਕਸ਼ਨ ਮੁਫ਼ਤ ਲਗਾਇਆ ਜਾਵੇਗਾ : ਡਾ. ਬਲਬੀਰ ਸਿੰਘ



**ਚੰਡੀਗੜ੍ਹ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਸ਼ਟਰੀ ਡਾਕਟਰ ਦਿਵਸ ਮੌਕੇ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਮੰਗਲਵਾਰ ਨੂੰ ਪੰਜਾਬ ਸਟੈਮੀ ਪ੍ਰੋਜੈਕਟ ਦਾ ਸੂਬਾਈ ਪੱਧਰ 'ਤੇ ਵਿਸਥਾਰ ਕਰਨ ਲਈ ਉਦਘਾਟਨ ਕੀਤਾ, ਇਸ ਪ੍ਰੋਜੈਕਟ ਨਾਲ 23 ਜਿਲਿਆਂ ਦੇ ਸਾਰੇ ਜ਼ਿਲ੍ਹਾ ਅਤੇ ਉਪ-ਮੰਡਲ ਹਸਪਤਾਲਾਂ ਨੂੰ ਦਿਲ ਦੇ ਦੌਰੇ ਦੀ ਸਥਿਤੀ ਦੌਰਾਨ ਮਰੀਜ਼ ਦੀ ਜਾਨ ਬਚਾਉਣ ਲਈ ਤੁਰੰਤ ਕਲਾਟ ਬਸਟਰ ਡਰੱਗ ਟੈਨੈਕਟੇਪਲੇਸ ਦੇ ਕੇ ਥਰੋਮੋਲਾਈਸਿਸ ਇਲਾਜ ਦੇਣ ਲਈ ਸਮਰੱਥ ਬਣਾਇਆ ਗਿਆ ਹੈ।

ਇਹ ਮਹੱਤਵਪੂਰਨ ਪਹਿਲ, ਜਿਸਨੂੰ ਮਿਸ਼ਨ ਅੰਮ੍ਰਿਤ (ਐਕਿਊਟ ਮਾਇਓਕਾਰਡੀਅਲ ਰੀਪਰਫਿਊਜ਼ਨ ਇਨ ਟਾਈਮ) ਵੀ ਕਿਹਾ ਜਾਂਦਾ ਹੈ, ਐਸਟੀ—ਸੈਗਮੈਂਟ ਐਲੀਵੇਟਿਡ ਮਾਇਓਕਾਰਡੀਅਲ ਇਨਫਾਰਕਸ਼ਨ (ਸਟੈਮੀ), ਜੋ ਕਿ ਦਿਲ ਦੇ ਦੌਰੇ ਦੀ ਸਭ ਤੋਂ ਗੰਭੀਰ ਕਿਸਮ ਹੈ, ਦਾ ਉਦੇਸ਼ ਮਰੀਜ਼ਾਂ ਨੂੰ ਉਸੇ ਸਮੇਂ ਇਲਾਜ ਮੁਹੱਈਆ ਕਰਵਾਉਣਾ ਹੈ।

ਡਾ. ਬਲਬੀਰ ਸਿੰਘ, ਜੋ ਸਿਹਤ ਵਿਭਾਗ ਦੇ ਪ੍ਰਮੁੱਖ ਸਕੱਤਰ ਕੁਮਾਰ ਰਾਹੁਲ ਅਤੇ ਦਿਆਨੰਦ ਮੈਡੀਕਲ ਕਾਲਜ ਤੇ ਹਸਪਤਾਲ ਦੇ ਕਾਰਡੀਆਲੋਜੀ ਵਿਭਾਗ ਦੇ ਮੁਖੀ ਡਾ. ਬਿਸ਼ਵ ਮੋਹਨ ਨਾਲ, ਇੱਥੇ ਪ੍ਰੋਜੈਕਟ ਦੀ ਸ਼ੁਰੂਆਤ ਕਰਨ ਪੁੱਜੇ ਸਨ, ਨੇ ਕਿਹਾ ਕਿ ਟੈਨੈਕਟੇਪਲੇਸ ਟੀਕਾ, ਜਿਸਦੀ ਕੀਮਤ ਲਗਭਗ 30,000 ਰੁਪਏ ਹੈ, ਇਸ ਪ੍ਰੋਜੈਕਟ ਤਹਿਤ ਮੁਫਤ ਉਪਲਬਧ ਕਰਵਾਇਆ ਜਾ ਰਿਹਾ ਹੈ। ਇਹ ਟੀਕਾ ਦਿਲ ਵਿੱਚ ਖੂਨ ਦੇ ਥੱਕਿਆਂ ਨੂੰ ਖੋਰਨ ਵਿੱਚ ਮਦਦ ਕਰਦਾ ਹੈ।

ਪਾਇਲਟ ਪ੍ਰੋਜੈਕਟ ਵਜੋਂ ਸਫਲ ਹੋਣ ਤੋਂ ਬਾਅਦ ਇਹ ਪ੍ਰੋਜੈਕਟ ਰਾਜ ਭਰ ਵਿੱਚ ਸ਼ੁਰੂ ਕੀਤਾ ਜਾ ਰਿਹਾ ਹੈ, ਪਹਿਲੋਂ ਇਹ ਸਿਰਫ਼ ਦੋ ਜ਼ਿਲ੍ਹਿਆਂ ਲੁਧਿਆਣਾ ਅਤੇ ਪਟਿਆਲਾ ਵਿੱਚ ਲਾਗੂ ਕੀਤਾ ਗਿਆ ਸੀ ਅਤੇ ਬਾਅਦ ਵਿੱਚ ਨੌਂ ਹੋਰ ਜ਼ਿਲ੍ਹਿਆਂ ਵਿੱਚ ਲਾਗੂ ਕਰ ਦਿੱਤਾ ਗਿਆ ਸੀ। ਸ਼ੁਰੂਆਤੀ ਪੜਾਅ ਵਿੱਚ, ਲਗਭਗ 14,000 ਛਾਤੀ ਵਿੱਚ ਦਰਦ ਵਾਲੇ ਮਰੀਜ਼ਾਂ ਨੂੰ ਦਾਖਲ ਕੀਤਾ ਗਿਆ ਅਤੇ 1305 ਸਟੈਮੀ ਮਰੀਜ਼ਾਂ ਦੀ ਪਛਾਣ ਕੀਤੀ ਗਈ , ਜਿਹਨਾਂ ਵਿੱਚੋਂ 583 ਮਰੀਜ਼ਾਂ ਨੂੰ ਜ਼ਿਲ੍ਹਾ ਸਿਹਤ ਸਹੂਲਤਾਂ ਤੇ ਥਰੋਮੋਬੋਲਾਈਸਿਸ ਦਾ ਇਲਾਜ ਮੁਹੱਈਆ ਕਰਵਾ ਕੇ ਉਹਨਾਂ ਦੀ ਜਾਨ ਬਚਾਈ ਗਈ।

ਪ੍ਰੋਜੈਕਟ ਦੀ ਅਹਿਮੀਅਤ ਅਤੇ ਲੋੜ ਬਾਰੇ ਬੋਲਦੇ ਹੋਏ ਡਾ. ਬਲਬੀਰ ਸਿੰਘ ਨੇ ਕਿਹਾ ਕਿ ਆਮ ਤੌਰ 'ਤੇ ਦੇਖਿਆ ਗਿਆ ਹੈ ਕਿ ਪੰਜਾਬ ਵਿੱਚ ਛਾਤੀ ਦੇ ਦਰਦ ਤੋਂ ਪੀੜਤ ਮਰੀਜ਼ਾਂ ਨੂੰ ਕਾਫ਼ੀ ਦੇਰੀ ਦਾ ਸਾਹਮਣਾ ਕਰਨਾ ਪੈਂਦਾ ਹੈ, ਅਕਸਰ ਲੱਛਣ ਸ਼ੁਰੂ ਹੋਣ ਤੋਂ ਲਗਭਗ 2-3 ਘੰਟੇ ਬਾਅਦ ਹੀ ਲੋਕ ਮੁੱਢਲੇ ਡਾਕਟਰੀ ਇਲਾਜ ਤੱਕ ਪਹੁੰਚ ਕਰਦੇ ਹਨ। ਬਹੁਤੇ ਸਥਾਨਕ ਹਸਪਤਾਲਾਂ ਅਤੇ ਨਰਸਿੰਗ ਹੋਮਾਂ ਵਿੱਚ ਸਟੈਮੀ ਲਈ ਤੁਰੰਤ ਨਿਦਾਨ ਅਤੇ ਇਲਾਜ ਸਮਰੱਥਾਵਾਂ ਦੀ ਘਾਟ ਹੁੰਦੀ ਹੈ, ਜਿਸਦੇ ਨਤੀਜੇ ਵਜੋਂ ਮਰੀਜ਼ ਨੂੰ ਅੱਗੇ ਟਰਾਂਸਫਰ ਕਰਨ ਵਿੱਚ ਹੋਰ ਦੇਰੀ ਹੋ ਜਾਂਦੀ ਹੈ। ਜਿਸ ਕਾਰਨ ਅਕਸਰ ਮਰੀਜ਼ ਮਹੱਤਵਪੂਰਨ ਥੈਰਪਿਊਟਿਕ ਵਿੰਡੋ ਪੀਰੀਅਡ ਜਾਂ ਗੋਲਡਨ ਆਵਰ ਦੌਰਾਨ ਥਰੋਮਬੋਲਾਈਸਿਸ (ਖੂਨ ਪ੍ਰਵਾਹ ਨੂੰ ਸੁਚਾਰੂ ਕਰਨ ਵਾਲੀ ਥੈਰੇਪੀ) ਤੋਂ ਵਾਂਝੇ ਰਹਿ ਜਾਂਦੇ ਹਨ।

ਸਟੈਮੀ ਪ੍ਰੋਜੈਕਟ ਬਾਰੇ ਹੋਰ ਵੇਰਵੇ ਸਾਂਝੇ ਕਰਦੇ ਹੋਏ, ਸਿਹਤ ਮੰਤਰੀ ਨੇ ਕਿਹਾ ਕਿ ਇਹ ਪ੍ਰੋਜੈਕਟ ਇੱਕ ਨਵੀਨਤਾਕਾਰੀ ਹੱਬ ਅਤੇ ਸਪੋਕ ਮਾਡਲ ਰਾਹੀਂ ਇਨ੍ਹਾਂ ਚੁਣੌਤੀਆਂ ਨੂੰ ਸਿੱਧੇ ਤੌਰ 'ਤੇ ਹੱਲ ਕਰਦਾ ਹੈ। ਜ਼ਿਲ੍ਹਾ ਅਤੇ ਸਬ—ਡਿਵੀਜ਼ਨਲ ਹਸਪਤਾਲ ਸਪੋਕ ਸੈਂਟਰਾਂ ਵਜੋਂ ਕੰਮ ਕਰਨਗੇ, ਜੋ ਸਟੈਮੀ ਮਰੀਜ਼ਾਂ ਦੇ ਸ਼ੁਰੂਆਤੀ ਨਿਦਾਨ ਅਤੇ ਪ੍ਰਬੰਧਨ ਨੂੰ ਸੰਭਾਲਣ ਲਈ ਲੈਸ ਹਨ। ਇਹ ਸਪੋਕ ਸੈਂਟਰ ਮਾਹਰ ਹੱਬ ਹਸਪਤਾਲਾਂ — ਜਿਸ ਵਿੱਚ ਮੌਜੂਦਾ ਦਿਆਨੰਦ ਮੈਡੀਕਲ ਕਾਲਜ ਤੇ ਹਸਪਤਾਲ ਲੁਧਿਆਣਾ ਅਤੇ ਜੀਐਮਸੀਐਚ—32 ਚੰਡੀਗੜ੍ਹ ਅਤੇ ਚਾਰ ਨਵੇਂ ਹੱਬ ਜਿਨਾਂ ਵਿੱਚ ਪਟਿਆਲਾ, ਫਰੀਦਕੋਟ, ਅੰਮ੍ਰਿਤਸਰ ਅਤੇ ਏਮਜ਼ ਬਠਿੰਡਾ ਦੇ ਸਰਕਾਰੀ ਮੈਡੀਕਲ ਕਾਲਜ ਸ਼ਾਮਲ ਹਨ, ਨਾਲ ਜੁੜੇ ਹਨ।

ਉਹਨਾਂ ਦੱਸਿਆ ਕਿ ਸਪੋਕ ਸੈਂਟਰ ਪਹੁੰਚਣ 'ਤੇ, ਸਟੈਮੀ ਮਰੀਜ਼ਾਂ ਨੂੰ ਟੈਲੀ-ਈਸੀਜੀ ਅਧਾਰਤ ਕੰਸਲਟੇਸ਼ਨ ਰਾਹੀਂ ਨਜ਼ਦੀਕੀ ਹੱਬ ਦੇ ਮਾਹਿਰਾਂ ਦੀ ਸਿੱਧੀ ਅਗਵਾਈ ਹੇਠ ਥ ?ਰੋਮਬੋਲਾਈਸਿਸ ਸਮੇਤ ਮੁੱਢਲੀ ਸਹਾਇਤਾ ਦਿੱਤੀ ਜਾਵੇਗੀ। ਜ਼ਿਲ੍ਹਾ ਸਿਹਤ ਸਹੂਲਤਾਂ 'ਤੇ ਥ ?ਰੋਮਬੋਲਾਈਸਿਸ ਦਵਾਈ, ਇੰਜੈਕਸ਼ਨ ਟੈਨੈਕਟੇਪਲੇਸ 40 ਮਿਲੀਗ੍ਰਾਮ (ਟੀਐਨਕੇ 40 ਮਿਲੀਗ੍ਰਾਮ) ਮੁਫ਼ਤ ਪ੍ਰਦਾਨ ਕੀਤਾ ਜਾ ਰਿਹਾ ਹੈ, ਤਾਂ ਜੋ ਜੀਵਨ-ਰੱਖਿਅਕ ਇਲਾਜ ਲਈ ਮਰੀਜ਼ਾਂ ਦੀਆਂ ਵਿੱਤੀ ਰੁਕਾਵਟਾਂ ਦਾ ਹੱਲ ਕੀਤਾ ਜਾ ਸਕੇ। ਉਹਨਾਂ ਅੱਗੇ ਕਿਹਾ ਠੀਕ ਹੋਣ ਉਪਰੰਤ ਮਰੀਜ਼ਾਂ ਨੂੰ ਮਾਹਰਾਂ ਦੀ ਸਲਾਹ ਅਤੇ ਵਿਆਪਕ ਇਲਾਜ ਲਈ ਹੱਬ ਕੇਂਦਰਾਂ ਵਿੱਚ ਭੇਜਿਆ ਜਾਵੇਗਾ।

ਇਸ ਨੂੰ ਪੰਜਾਬ ਵਿੱਚ ਸਿਹਤ ਸੰਭਾਲ ਲਈ ਇੱਕ ਯਾਦਗਾਰੀ ਦਿਨ ਕਰਾਰ ਦਿੰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਟੈਮੀ ਪ੍ਰੋਜੈਕਟ, ਐਸ.ਏ.ਐਸ. ਨਗਰ ਮੋਹਾਲੀ ਅਤੇ ਲੁਧਿਆਣਾ ਵਿੱਚ ਸਾਡੇ ਆਈਸੀਐਮਆਰ ਸਫਲਤਾ 'ਤੇ ਅਧਾਰਤ ਹੈ, ਜੋ ਹਰ ਨਾਗਰਿਕ, ਭਾਵੇਂ ਉਹ ਕਿਸੇ ਵੀ ਸਥਾਨ 'ਤੇ ਹੋਣ, ਲਈ ਦਿਲ ਦੇ ਦੌਰੇ ਦੌਰਾਨ ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਦੇਖਭਾਲ ਨੂੰ ਯਕੀਨੀ ਬਣਾਉਣ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਦਾ ਪ੍ਰਮਾਣ ਹੈ। ਥ ?ਰੋਮਬੋਲਾਈਸਿਸ ਨੂੰ ਸਿੱਧੇ ਜ਼ਿਲ੍ਹਾ ਪੱਧਰ 'ਤੇ ਲਿਆ ਕੇ, ਸੂਬਾ ਸਰਕਾਰ ਸਮੇਂ ਸਿਰ ਇਲਾਜ ਮੁਹੱਈਆ ਕਰਵਾ ਰਹੀ ਹੈ ਅਤੇ ਮਰੀਜ਼ਾਂ ਦੇ ਬਚਾਅ ਅਤੇ ਰਿਕਵਰੀ ਦੀਆਂ ਸੰਭਾਵਨਾਵਾਂ ਨੂੰ ਵਧਾਇਆ ਜਾ ਰਿਹਾ ਹੈ।

ਇਸ ਪ੍ਰੋਜੈਕਟ ਦੀ ਸਫਲਤਾ ਨੂੰ ਯਕੀਨੀ ਬਣਾਉਣ ਲਈ ਸਿਹਤ ਮੰਤਰੀ ਨੇ ਕਿਹਾ ਕਿ ਸਾਰੇ 23 ਜ਼ਿਲ੍ਹਿਆਂ ਦੇ ਮੈਡੀਕਲ ਸਪੈਸ਼ਲਿਸਟ, ਐਮਰਜੈਂਸੀ ਮੈਡੀਕਲ ਅਫਸਰ (ਈਐਮਓਜ਼) ਅਤੇ ਸਟਾਫ ਨਰਸਾਂ ਸਮੇਤ 700 ਤੋਂ ਵੱਧ ਸਟਾਫ ਮੈਂਬਰਾਂ ਨੇ ਮਾਹਰ ਕਾਰਡੀਓਲੋਜਿਸਟ ਡਾ. ਬਿਸ਼ਵ ਮੋਹਨ ਦੀ ਅਗਵਾਈ ਹੇਠ ਡੀਐਮਸੀਐਚ ਲੁਧਿਆਣਾ ਵਿਖੇ ਸਮਰੱਥਾ-ਨਿਰਮਾਣ ਸਿਖਲਾਈ ਪ੍ਰੋਗਰਾਮਾਂ ਵਿੱਚ ਟ ?ਰੇਨਿੰਗ ਲਈ। ਹਸਪਤਾਲਾਂ ਦੇ ਸਾਰੇ ਐਮਰਜੈਂਸੀ ਕਮਰਿਆਂ ਨੂੰ ਸਟੈਮੀ ਕੇਸਾਂ ਦੇ ਪ੍ਰਬੰਧਨ ਲਈ ਈਸੀਜੀ ਅਤੇ ਡੀਫਿਬ੍ਰਿਲੇਟਰਾਂ ਨਾਲ ਲੈਸ ਕੀਤਾ ਗਿਆ ਹੈ।

ਡੀਐਮਸੀਐਚ ਲੁਧਿਆਣਾ ਦੇ ਪ੍ਰੋਫੈਸਰ ਅਤੇ ਕਾਰਡੀਓਲੋਜੀ ਦੇ ਮੁਖੀ ਡਾ. ਬਿਸ਼ਵ ਮੋਹਨ ਨੇ ਕਿਹਾ ਕਿ ਲੋਕਾਂ ਨੂੰ ਦਿਲ ਦੇ ਦੌਰੇ ਦੇ ਲੱਛਣਾਂ ਬਾਰੇ ਸੰਵੇਦਨਸ਼ੀਲ ਹੋਣ ਦੀ ਜ਼ਰੂਰਤ ਹੈ, ਜਿਨ੍ਹਾਂ ਨੂੰ ਆਮ ਤੌਰ 'ਤੇ ਲੋਕ ਗੈਸਟਰੋਇੰਟੇਸਟਾਈਨਲ ਬੀਮਾਰੀ ਸਮਝ ਕੇ ਅਣਦੇਖਾ ਕਰ ਦਿੰਦੇ ਹਨ। ਉਹਨਾਂ ਅੱਗੇ ਕਿਹਾ ਇਸਕੇਮਿਕ ਦਿਲ ਦੀ ਬਿਮਾਰੀ ਭਾਰਤ ਵਿੱਚ ਮੌਤ ਦਾ ਪ੍ਰਮੁੱਖ ਕਾਰਨ ਹੈ। ਇਹ ਸਹਿਯੋਗੀ ਪਹੁੰਚ ਇਹ ਯਕੀਨੀ ਬਣਾਉਂਦੀ ਹੈ ਕਿ ਮਰੀਜ਼ਾਂ ਨੂੰ ਸਮੇਂ ਸਿਰ ਵਧੀਆ ਇਲਾਜ ਮਿਲੇ, ਜਿਸ ਨਾਲ ਉਨ੍ਹਾਂ ਦੇ ਬਚਣ ਦੀਆਂ ਸੰਭਾਵਨਾਵਾਂ ਵਿੱਚ ਸੁਧਾਰ ਹੋਵੇ।

ਇਸ ਮੌਕੇ ਸਿਹਤ ਮੰਤਰੀ ਵੱਲੋਂ ਰਾਜ ਭਰ ਦੇ 12 ਡਾਕਟਰਾਂ, ਜਿਨ੍ਹਾਂ ਨੇ ਸਮੇਂ ਸਿਰ ਮਰੀਜ਼ਾਂ ਦਾ ਸਫਲਤਾਪੂਰਵਕ ਥ ?ਰੋਮੋਬਲਾਈਸਿਸ ਕੀਤਾ ਹੈ, ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਜ ਸੂਚਨਾ ਕਮਿਸ਼ਨਰ ਐਡਵੋਕੇਟ ਹਰਪ੍ਰੀਤ ਸੰਧੂ, ਵਿਸ਼ੇਸ਼ ਸਕੱਤਰ ਸਿਹਤ-ਕਮ-ਐਮਡੀ ਐਨਐਚਐਮ ਘਨਸ਼ਿਆਮ ਥੋਰੀ, ਐਮਡੀ ਪੀਐਚਐਸਸੀ ਅਮਿਤ ਤਲਵਾੜ, ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਡਾ. ਹਿਤਿੰਦਰ ਕੌਰ, ਡਾਇਰੈਕਟਰ ਈਐਸਆਈ ਡਾ. ਜਸਪ੍ਰੀਤ ਕੌਰ, ਡਾਇਰੈਕਟਰ ਪ੍ਰਿੰਸੀਪਲ ਏਮਜ਼ ਮੋਹਾਲੀ ਡਾ. ਭਵਨੀਤ ਭਾਰਤੀ, ਡਾ. ਭੁਪਿੰਦਰ ਸਿੰਘ, ਪ੍ਰੋਫੈਸਰ ਅਤੇ ਮੁਖੀ, ਕਾਰਡੀਓਲੋਜੀ, ਏਮਜ਼ ਬਠਿੰਡਾ; ਡਾ. ਪਰਮਿੰਦਰ ਸਿੰਘ ਮੰਘੇਰਾ, ਸਹਾਇਕ ਪ੍ਰੋਫੈਸਰ, ਕਾਰਡੀਓਲੋਜੀ, ਜੀਐਮਸੀ ਅੰਮ੍ਰਿਤਸਰ; ਡਾ. ਸੌਰਭ ਸ਼ਰਮਾ, ਸਹਾਇਕ ਪ੍ਰੋਫੈਸਰ, ਕਾਰਡੀਓਲੋਜੀ, ਜੀਐਮਸੀ ਪਟਿਆਲਾ, ਸਹਾਇਕ ਡਾਇਰੈਕਟਰ ਕਮ ਸਟੇਟ ਪ੍ਰੋਗਰਾਮ ਅਫਸਰ ਐਨਪੀ-ਐਨਸੀਡੀ ਡਾ. ਗਗਨਦੀਪ ਸਿੰਘ ਗਰੋਵਰ ਅਤੇ ਮੈਡੀਕਲ ਅਫਸਰ ਡਾ. ਆਸ਼ੂ ਵੀ ਮੌਜੂਦ ਸਨ।

**ਸਟੈਮੀ ਕੀ ਹੈ ?**

ਐਸਟੀ-ਐਲੀਵੇਸ਼ਨ ਮਾਇਓਕਾਰਡੀਅਲ ਇਨਫਾਰਕਸ਼ਨ (ਸਟੈਮੀ) ਇੱਕ ਕਿਸਮ ਦਾ ਦਿਲ ਦਾ ਦੌਰਾ ਹੈ ਜੋ ਕਿ ਬਹੁਤ ਜ਼ਿਆਦਾ ਗੰਭੀਰ ਹੁੰਦਾ ਹੈ ਅਤੇ ਇਸ ਵਿੱਚ ਗੰਭੀਰ ਪੇਚੀਦਗੀਆਂ ਅਤੇ ਮੌਤ ਦਾ ਵਧੇਰੇ ਜੋਖਮ ਹੁੰਦਾ ਹੈ। ਇਨਫਾਰਕਸ਼ਨ ਮਾਇਓਕਾਰਡੀਅਮ ਦਿਲ ਦੀ ਮਾਸਪੇਸ਼ੀ ਵਿੱਚ ਖੂਨ ਦੇ ਪ੍ਰਵਾਹ ਵਿੱਚ ਰੁਕਾਵਟ ਪਾਉਂਦਾ ਹੈ। ਇਸ ਰੁਕਾਵਟ ਕਾਰਨ ਦਿਲ ਦੀ ਮਾਸਪੇਸ਼ੀ ਕੰਮ ਕਰਨਾ ਬੰਦ ਕਰ ਦਿੰਦੀ ਹੈ। ਇਸ ਲਈ ਖੂਨ ਦੇ ਪ੍ਰਵਾਹ ਨੂੰ ਜਲਦ ਬਹਾਲ ਕਰਨ ਨਾਲ ਸਥਾਈ ਨੁਕਸਾਨ ਹੋਣ ਤੋਂ ਬਚਾਇਆ ਜਾ ਸਕਦਾ ਹੈ ਜਾਂ ਘੱਟੋ-ਘੱਟ ਨੁਕਸਾਨ ਦੀ ਗੰਭੀਰਤਾ ਨੂੰ ਘੱਟ ਕੀਤਾ ਜਾ ਸਕਦਾ ਹੈ।

ਹੱਬ ਅਤੇ ਸਪੋਕ ਮਾਡਲ ਦੀ ਵਰਤੋਂ ਕਰਦਿਆਂ ਪ੍ਰੋਜੈਕਟ ਜ਼ਿਲ੍ਹਾ ਸਿਹਤ ਸਹੂਲਤਾਂ ਨੂੰ ਸਮੇਂ ਸਿਰ ਨਿਦਾਨ, ਟੈਲੀ-ਈਸੀਜੀ ਅਧਾਰਤ ਕੰਸਲਟੇਸ਼ਨ ਅਤੇ ਮੁਫਤ ਥ ?ਰੋਮਬੋਲਾਈਟਿਕ ਥੈਰੇਪੀ ਦੇ ਤੁਰੰਤ ਪ੍ਰਬੰਧਨ ਦੀ ਸਹੂਲਤ ਲਈ ਤੀਜੇ ਦਰਜੇ ਦੇ ਦੇਖਭਾਲ ਹਸਪਤਾਲਾਂ ਨਾਲ ਜੋੜਦਾ ਹੈ, ਜਿਸ ਨੂੰ ਬਾਅਦ ਵਿੱਚ ਉਚ-ਪੱਧਰੀ ਦੇਖਭਾਲ ਲਈ ਟ ?ਰਾਂਸਫਰ ਕੀਤਾ ਜਾਂਦਾ ਹੈ।

# ਮੁੱਖ ਮੰਤਰੀ ਵਲੋਂ 15 ਦਿਨਾਂ ਦਾ ਸਮਾਂ ਦੇ ਕੇ ਮੀਟਿੰਗ ਨਾ ਕਰਨ ਤੇ ਨਵੀਆਂ ਕੰਪਨੀਆਂ ਨੂੰ ਲਿਆਉਣ ਤੇ ਪਾਵਰਕੌਮ ਸੀਐਚਬੀ ਕਾਮਿਆਂ ਵਲੋਂ ਸ਼ੁਰੂ ਕੀਤੀ ਹੜਤਾਲ

**ਬਿਜਲੀ ਦਾ ਕਰੰਟ ਲੱਗਣ ਕਾਰਨ ਲਗਾਤਾਰ ਵਾਪਰ ਰਹੇ ਹਨ ਹਾਦਸੇ' ਸਰਕਾਰ ਕੋਲੋਂ ਕੰਪਨੀਆਂ ਨੂੰ ਬਾਹਰ ਕੱਢ ਸਿੱਧਾ ਬਿਜਲੀ ਵਿਭਾਗ 'ਚ ਲੈਣ ਦੀ ਮੰਗ**

**ਸਮਾਣਾ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਵਲੋਂ ਆਪਣੀ ਹੱਕੀ ਅਤੇ ਜਾਇਜ਼ ਮੰਗਾਂ ਦੀ ਪ੍ਰਾਪਤੀ ਲਈ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਹੈ। ਮੀਟਿੰਗ ਦੀ ਜਾਣਕਾਰੀ ਸਾਂਝੀ ਕਰਦਿਆਂ ਸੂਬਾ ਪ੍ਰਧਾਨ ਬਲਿਹਾਰ ਸਿੰਘ ਕਟਾਰੀਆਂ ਸੂਬਾ ਜਨਰਲ ਸਕੱਤਰ ਰਾਜੇਸ਼ ਕੁਮਾਰ ਮੌੜ ਸੂਬਾ ਸਹਾਇਕ ਸਕੱਤਰ ਟੇਕ ਚੰਦ ਦਫਤਰੀ ਸਕੱਤਰ ਸ਼ੇਰ ਸਿੰਘ ਪ੍ਰੈਸ ਸਕੱਤਰ ਇੰਦਰਪ੍ਰੀਤ ਸਿੰਘ ਨੇ ਦੱਸਿਆ ਕਿ ਆਊਟਸੋਰਸਡ ਠੇਕਾ ਕਾਮਿਆਂ ਨੂੰ ਸਿੱਧਾ ਵਿਭਾਗ ਵਿੱਚ ਰੈਗੂਲਰ ਕਰਨ, ਘੱਟੋ ਘੱਟ ਗੁਜ਼ਾਰੇ ਯੋਗ ਤਨਖਾਹ 1948 ਜਾਂ 15ਵੀਂ ਲੇਬਰ ਕਾਨਫਰੰਸ ਤਹਿਤ ਲਾਗੂ ਕਰਨ, ਨਿੱਜੀਕਰਨ ਦੀ ਨੀਤੀ ਨੂੰ ਰੱਦ ਕਰਕੇ ਠੇਕੇਦਾਰੀ ਪ੍ਰਥਾ ਨੂੰ ਬੰਦ ਕਰਨ ਸਮੇਤ ਬਿਜਲੀ ਦਾ ਕਰੰਟ ਲੱਗਣ ਕਾਰਨ ਮੌਤ ਦੇ ਮੂੰਹ ਪਏ ਅਤੇ ਅਪੰਗ ਹੋਏ ਕਾਮਿਆ ਨੂੰ ਪੱਕੀ ਨੌਕਰੀ ਪੈਨਸ਼ਨ ਦੀ ਗਰੰਟੀ ਕਰਵਾਉਣ ਦੀ ਮੰਗ ਨੂੰ ਲੈ ਕੇ ਲਗਾਤਾਰ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ।

ਪਿਛਲੇ ਦਿਨੀ ਵਿੱਤ ਮੰਤਰੀ ਨਾਲ ਹੋਈ ਮੀਟਿੰਗ ਤੋਂ ਬਾਅਦ ਸਮੇਤ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਸਮੇਤ ਬਿਜਲੀ ਮੰਤਰੀ ਹਰਭਜਨ ਸਿੰਘ ਤੇ ਚੀਫ ਸੈਕਟਰੀ ਮੁੱਖ ਮੰਤਰੀ ਅਤੇ ਬਿਜਲੀ ਵਿਭਾਗ ਦੇ ਪ੍ਰਮੁੱਖ ਸਕੱਤਰ/ ਸੀਐਮਡੀ ਸਮੇਤ ਪ੍ਰਮੁੱਖ ਸਕੱਤਰ ਵਿੱਤ ਵਿਭਾਗ ਅਤੇ ਪ੍ਰਮੁੱਖ ਸਕੱਤਰ ਪ੍ਰਸੋਨਲ ਵਿਭਾਗ ਦੇ ਅਧਿਕਾਰੀ ਨਾਲ ਮੀਟਿੰਗ ਪੁਲਿਸ ਅਕੈਡਮੀ ਫਲੋਰ ਵਿਖੇ ਮੀਟਿੰਗ ਹੋਈ ਸੀ। ਮੁੱਖ ਮੰਤਰੀ ਦੀ ਸਿਹਤ ਠੀਕ ਨਾ ਹੋਣ ਕਾਰਨ ਇਹ ਮੀਟਿੰਗ ਪੀਸੀ ਰਾਹੀਂ ਮੀਟਿੰਗ ਕੀਤੀ ਅਤੇ ਬਾਕੀ ਬਿਜਲੀ ਮੰਤਰੀ ਸਮੇਤ ਅਧਿਕਾਰੀ ਮੌਜੂਦ ਰਹੇ ਸਨ। ਮੀਟਿੰਗ ਵਿੱਚ ਲੰਮਾ ਸਮਾਂ ਗੱਲਬਾਤ ਚੱਲਣ ਤੇ ਠੇਕਾ ਕਾਮਿਆਂ ਦੀ ਜਥੇਬੰਦੀ ਆਗੂਆਂ ਨੇ ਮੰਗ ਕੀਤੀ ਕਿ ਆਊਟਸੋਰਸ ਠੇਕਾ ਕਾਮਿਆਂ ਨੂੰ ਸਿੱਧਾ ਵਿਭਾਗ ਵਿੱਚ ਸ਼ਾਮਿਲ ਕਰਨ, ਘੱਟੋ ਘੱਟ ਗੁਜ਼ਾਰੇ ਯੋਗ 1948 ਐਕਟ ਮੁਤਾਬਿਕ ਜਾਂ 15ਵੀਂ ਲੇਬਰ ਕਾਨਫਰੰਸ ਦੀਆਂ ਹਦਾਇਤਾਂ ਅਨੁਸਾਰ ਤਨਖਾਹ ਜਾਰੀ ਕਰਨ ਅਤੇ ਬਿਜਲੀ ਖੇਤਰ ਦਾ ਨਿਜੀਕਰਨ ਰੱਦ ਕਰਨ ਠੇਕੇਦਾਰ ਪ੍ਰਥਾ ਨੂੰ ਰੱਦ ਕਰਨ ਅਤੇ ਬਿਜਲੀ ਦਾ ਕਰੰਟ ਲੱਗਣ ਕਾਰਨ ਜਾਨਾਂ ਗਵਾ ਚੁੱਕੇ ਠੇਕਾ ਕਾਮਿਆਂ ਦੇ ਵਾਰਸਾ ਨੂੰ ਨੌਕਰੀ ਪੈਨਸ਼ਨ ਦੀ ਗਰੰਟੀ ਕਰਨ ਉੱਤੇ ਮੁੱਖ ਮੰਤਰੀ ਨਾਲ ਚਰਚਾ ਹੋਈ ਸੀ। ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਮਾਨ ਵੱਲੋਂ ਭਰੋਸਾ ਦਵਾਇਆ ਗਿਆ ਸੀ ਕਿ ਆਊਟ ਸੋਰਸਡ ਠੇਕਾ ਕਾਮਿਆਂ ਨੂੰ ਸਿੱਧਾ ਵਿਭਾਗ ਵਿੱਚ ਸ਼ਾਮਿਲ ਕਰਨ, ਦਾ ਡਰਾਫਟ ਤਿਆਰ ਕਰਨ ਅਤੇ ਤਨਖਾਹਾਂ ਵਿੱਚ ਵਾਧੇ ਕਰਨ ਸਮੇਤ ਹੋਰ ਮੰਗਾਂ ਲਈ ਮੁੱਖ ਮੰਤਰੀ ਵਲੋਂ ਬਿਜਲੀ ਮੰਤਰੀ ਦੀ ਡਿਊਟੀ ਲਗਾਈ ਗਈ ਮੰਗਾਂ ਦਾ ਨਿਪਟਰਾਂ ਕੀਤਾ ਜਾਵੇ ਅਤੇ 15 ਦਿਨਾਂ ਦੇ ਅੰਦਰ ਅੰਦਰ ਜਥੇਬੰਦੀ ਨਾਲ ਦੁਬਾਰਾ ਮੀਟਿੰਗ ਕੀਤੀ ਜਾਵੇਗੀ ਇਹਨਾਂ ਸਾਰੀਆਂ ਮੰਗਾਂ ਦਾ ਲਿਖਤੀ ਪੱਤਰ ਮੈਨੇਜਰ ਆਈਆਰ ਪੀਐਸਪੀਸੀਐਲ ਵੱਲੋਂ ਜਾਰੀ ਕੀਤਾ ਗਿਆ। ਜਥੇਬੰਦੀ ਵੱਲੋਂ ਆਪਣਾ ਹੜਤਾਲ ਪ੍ਰੋਗਰਾਮ ਨੂੰ ਅੱਗੇ ਪਾ ਦਿੱਤਾ ਗਿਆ ਸੀ ਇਸ ਗੱਲ ਦੀ ਸਰਕਾਰ ਅਤੇ ਬੋਰਡ ਮੈਨੇਜਮੈਂਟ ਨੂੰ ਚੇਤਾਵਨੀ ਦਿੱਤੀ ਕਿ ਜੇਕਰ 15 ਦਿਨ ਦੇ ਅੰਦਰ ਅੰਦਰ ਮਸਲਾ ਹੱਲ ਨਹੀਂ ਹੁੰਦਾ ਤਾਂ ਸਮੂਹ ਸੀਐਚਬੀ ਠੇਕਾ ਕਾਮੇ ਦੁਬਾਰਾ ਹੜਤਾਲ ਕਰਨ ਲਈ ਮਜਬੂਰ ਹੋਣ ਗਏ ਪਰ ਅੱਜ 15 ਦਿਨਾਂ ਤੋਂ ਉਪਰ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਮੁੱਖ ਮੰਤਰੀ ਵਲੋਂ ਟਾਲਾ ਵੱਟਿਆਂ ਗਿਆ ਅਤੇ ਨਵੀਆਂ ਕੰਪਨੀਆਂ ਬਿਜਲੀ ਵਿਭਾਗ ਅੰਦਰ ਨਵੇਂ ਟੈਂਡਰ ਨਿਯੁਕਤ ਕਰ ਦਿੱਤੇ ਗਏ ਅਤੇ ਪੁਰਾਣੀਆਂ ਕੰਪਨੀਆਂ ਵੱਲ ਕਰੋੜਾਂ ਰੁਪਏ ਦੇ ਪੁਰਾਣੇ ਪਏ ਬਕਾਏ ਜਾਰੀ ਨਹੀਂ ਕੀਤੇ ਗਏ ਪੁਰਾਣੇ ਠੇਕੇਦਾਰ ਅਤੇ ਕੰਪਨੀਆਂ ਵੱਲੋਂ ਠੇਕਾ ਕਾਮਿਆਂ ਦੀ ਅੰਨੀ ਲੁੱਟ ਕੀਤੀ ਗਈ ਜਿਸ ਦੇ ਕਾਰਨ ਠੇਕਾ ਕਾਮਿਆਂ ਨੇ ਮੰਗ ਕੀਤੀ ਕਿ ਠੇਕੇਦਾਰ ਕੰਪਨੀਆਂ ਨੂੰ ਬਾਹਰ ਕੱਢ ਠੇਕਾ ਕਾਮਿਆਂ ਨੂੰ ਸਿੱਧਾ ਬਿਜਲੀ ਵਿਭਾਗ ਵਿੱਚ ਰੈਗੂਲਰ ਕੀਤਾ ਜਾਵੇ ਅਤੇ ਘੱਟੋ ਘੱਟ ਗੁਜ਼ਾਰੇ ਜੋ ਤਨਖਾਹ ਲਾਗੂ ਕੀਤੀ ਜਾਵੇ ਅਤੇ ਹਾਦਸਾ ਹੋਣ ਦੀ ਸੁਰਤ ਵਿੱਚ ਪਰਿਵਾਰਿਕ ਮੈਂਬਰ ਨੂੰ ਪੱਕੀ ਨੌਕਰੀ ਪੱਕੀ ਪੈਨਸ਼ਨ ਦੀ ਗਰੰਟੀ ਕੀਤੀ ਜਾਵੇ ਇਹਨਾਂ ਮੰਗਾਂ ਦਾ ਹੱਲ ਨਾ ਹੋਣ ਦੀ ਸੁਰਤ ਠੇਕਾ ਕਾਮਿਆਂ ਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਅੱਜ ਬਿਜਲੀ ਵਿਭਾਗ ਦੇ ਠੇਕਾ ਕਾਮਿਆਂ ਨੇ ਮੁਕੰਮਲ ਹੜਤਾਲ ਕਰ ਮਿਤੀ 3 ਜੁਲਾਈ 2025 ਨੂੰ ਪਾਵਰ ਕੌਮ ਦੇ ਮੁੱਖ ਦਫਤਰ ਅੱਗੇ ਧਰਨਾ ਦੇਣ ਦਾ ਫੈਸਲਾ ਕੀਤਾ ਅਤੇ ਮੰਗਾਂ ਨੂੰ ਹੱਲ ਨਾ ਹੋਣ ਦੀ ਸੁਰਤ ਚ ਲਗਾਤਾਰ ਸੰਘਰਸ਼ ਜਾਰੀ ਰੱਖਣ ਦਾ ਫੈਸਲਾ ਕੀਤਾ।

# ਜਸਵੀਰ ਸਿੰਘ ਸੇਖੋਂ ਨੇ ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਵਜੋਂ ਅਹੁਦਾ ਸੰਭਾਲਿਆ

**ਹਰਪਾਲ ਸਿੰਘ ਚੀਮਾ, ਅਮਨ ਅਰੋੜਾ, ਲਾਲ ਚੰਦ ਕਟਾਰੂਚੱਕ ਅਤੇ ਬਰਿੰਦਰ ਕੁਮਾਰ ਗੋਇਲ ਦੀ ਹਾਜ਼ਰੀ ਵਿੱਚ ਸੰਭਾਲਿਆ ਅਹੁਦਾ**



**ਚੰਡੀਗੜ੍ਹ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟ ?ਰੇਸ਼ਨ (ਮੈਗਸੀਪਾ) ਵਿਖੇ ਸ੍ਰੀ ਜਸਵੀਰ ਸਿੰਘ ਸੇਖੋਂ ਨੂੰ ਰਸਮੀ ਤੌਰ 'ਤੇ ਅੱਜ ਪੰਜਾਬ ਰਾਜ ਖੁਰਾਕ ਕਮਿਸ਼ਨ (ਪੀਐਸਐਫਸੀ) ਦਾ ਨਵਾਂ ਮੈਂਬਰ ਲਗਾਇਆ ਗਿਆ। ਸ੍ਰੀ ਸੇਖੋਂ ਨੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਅਮਨ ਅਰੋੜਾ, ਲਾਲ ਚੰਦ ਕਟਾਰੂਚੱਕ ਅਤੇ ਬਰਿੰਦਰ ਕੁਮਾਰ ਗੋਇਲ ਦੀ ਮੌਜੂਦਗੀ ਵਿੱਚ ਇਹ ਅਹੁਦਾ ਸੰਭਾਲਿਆ।

ਕੈਬਨਿਟ ਮੰਤਰੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਸ੍ਰੀ ਜਸਵੀਰ ਸਿੰਘ ਸੇਖੋਂ ਦੀਆਂ ਯੋਗਤਾਵਾਂ 'ਤੇ ਭਰੋਸਾ ਕਰਨ ਲਈ ਉਹਨਾਂ ਦਾ ਧੰਨਵਾਦ ਕੀਤਾ ਅਤੇ ਵਿਸ਼ਵਾਸ ਪ੍ਰਗਟਾਇਆ ਕਿ ਸ੍ਰੀ ਸੇਖੋਂ ਸੂਬਾ ਵਾਸੀਆਂ ਲਈ ਪੌਸ਼ਟਿਕ ਭੋਜਨ ਯਕੀਨੀ ਬਣਾਉਣ, ਜੈਵਿਕ ਖੇਤੀ ਨੂੰ ਉਤਸ਼ਾਹਿਤ ਕਰਨ ਅਤੇ ਸਾਫ਼ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਵਰਗੀਆਂ ਪਹਿਲਕਦਮੀਆਂ ਨੂੰ ਹੋਰ ਅੱਗੇ ਵਧਾਉਣਗੇ। ਇਸ ਮੌਕੇ ਸ੍ਰੀ ਸੇਖੋਂ ਨੇ ਕਿਹਾ ਕਿ ਉਹ ਉਨ੍ਹਾਂ ਦੀਆਂ ਯੋਗਤਾਵਾਂ ਵਿੱਚ ਪ੍ਰਗਟਾਏ ਗਏ ਵਿਸ਼ਵਾਸ 'ਤੇ ਖੜ੍ਹੇ ਉਤਰਨਗੇ ਅਤੇ ਇਹ ਯਕੀਨੀ ਬਣਾਉਗੇ ਕਿ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਵਿਭਾਗ ਦੁਆਰਾ ਸ਼ੁਰੂ ਕੀਤੀਆਂ ਗਈਆਂ ਯੋਜਨਾਵਾਂ ਸਮਾਜ ਦੇ ਸਾਰੇ ਵਰਗਾਂ, ਖਾਸ ਕਰਕੇ ਖੇਤੀਬਾੜੀ ਖੇਤਰ ਨਾਲ ਇਸ ਨਾਲ ਸਬੰਧਤ ਵਾਸੀਆਂ ਤੱਕ ਪਹੁੰਚਾਈਆਂ ਜਾਣ ਕਿਉਂਕਿ ਇਹ ਖਰੀਦ ਕਾਰਜਾਂ ਦਾ ਮੁੱਖ ਹਿੱਸਾ ਹਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਧਾਇਕ (ਅਮਰਗੜ੍ਹ) ਜਸਵੰਤ ਸਿੰਘ ਗੱਜਣਮਾਜਰਾ, ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਅਤੇ ਵਧੀਕ ਸਕੱਤਰ ਪਨਗ੍ਰੇਨ ਕਮਲ ਕੁਮਾਰ ਗਰਗ ਵੀ ਮੌਜੂਦ ਸਨ।

# ਮੋਹਿੰਦਰ ਭਗਤ ਵੱਲੋਂ ਅਧਿਕਾਰੀਆਂ ਨੂੰ ਸੂਬੇ ਭਰ ਦੇ ਸੈਨਿਕ ਰੈਸਟ ਹਾਊਸਾਂ ਦੇ ਨਵੀਨੀਕਰਨ ਦੇ ਕੰਮ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼

**ਮੰਤਰੀ ਨੇ ਵਿਭਾਗ ਦੀ ਤਿੰਨ ਮਹੀਨਿਆਂ ਦੀ ਪ੍ਰਗਤੀ ਰਿਪੋਰਟ ਦੀ ਕੀਤੀ ਸਮੀਖਿਆ , ਸਾਬਕਾ ਸੈਨਿਕਾਂ ਦੇ ਕੰਮ ਨੂੰ ਤਰਜੀਹ ਦੇਣ ਦੇ ਵੀ ਦਿੱਤੇ ਹੁਕਮ**



**ਚੰਡੀਗੜ੍ਹ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਪੰਜਾਬ ਸਰਕਾਰ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ। ਇਸ ਵਚਨਬੱਧਤਾ ਅਨੁਸਾਰ, ਰੱਖਿਆ ਸੇਵਾਵਾਂ ਭਲਾਈ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ ਵਿਖੇ ਸੀਨੀਅਰ ਅਧਿਕਾਰੀਆਂ ਨਾਲ ਹੋਈ ਮੀਟਿੰਗ ਵਿੱਚ ਵਿਭਾਗ ਅਧੀਨ ਚੱਲ ਰਹੀਆਂ ਯੋਜਨਾਵਾਂ ਅਤੇ ਗਤੀਵਿਧੀਆਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ।

ਮੀਟਿੰਗ ਦੌਰਾਨ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਡਾਇਰੈਕਟਰ ਬ੍ਰਿਗੇਡੀਅਰ ਭੁਪਿੰਦਰ ਸਿੰਘ ਢਿੱਲੋਂ (ਸੇਵਾਮੁਕਤ) ਨੇ ਮੰਤਰੀ ਨੂੰ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਵੱਖ—ਵੱਖ ਯੋਜਨਾਵਾਂ ਅਤੇ ਗਤੀਵਿਧੀਆਂ ਅਧੀਨ ਹੋਈ ਪ੍ਰਗਤੀ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ।

ਸ੍ਰੀ ਭਗਤ ਨੇ ਅਧਿਕਾਰੀਆਂ ਨੂੰ ਸਾਰੀਆਂ ਭਲਾਈ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨਾਲ ਸਬੰਧਤ ਸਾਰੇ ਕੰਮਾਂ ਨੂੰ ਵਧੇਰੇ ਤਰਜੀਹ ਦਿੱਤੀ ਜਾਣੀ ਚਾਹੀਦੀ ਹੈ।

ਮੰਤਰੀ ਨੇ ਵਿਭਾਗ ਨੂੰ ਸੂਬੇ ਭਰ ਦੇ ਸੈਨਿਕ ਰੈਸਟ ਹਾਊਸਾਂ ਦੇ ਨਵੀਨੀਕਰਨ ਦੇ ਕੰਮ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਇਸ ਮੰਤਵ ਲਈ ਫੰਡਾਂ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ ਵੱਖ ਭਲਾਈ ਸਕੀਮਾਂ ਬਾਰੇ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵੱਧ ਤੋਂ ਵੱਧ ਜਾਣੂ ਕਰਵਾਇਆ ਜਾਵੇ ਤਾਂ ਜੋ ਉਹ ਇਨ੍ਹਾਂ ਸਕੀਮਾਂ ਦਾ ਪੂਰਾ ਲਾਭ ਲੈ ਸਕਣ।

ਮੀਟਿੰਗ ਦੌਰਾਨ ਬ੍ਰਿਗੇਡੀਅਰ ਭੁਪਿੰਦਰ ਸਿੰਘ ਢਿੱਲੋਂ (ਸੇਵਾਮੁਕਤ) ਅਤੇ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

# ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਸਹਿਣਸ਼ੀਲਤਾ: 13000 ਰੁਪਏ ਰਿਸ਼ਵਤ ਲੈਂਦਾ ਬਲਾਕ ਅ.ਫਸਰ ਰੰਗੇ ਹੱਥੀਂ ਕਾਬੂ



**ਚੰਡੀਗੜ੍ਹ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਅਪਣਾਈ ਜ਼ੀਰੋ ਸਹਿਣਸ਼ੀਲਤਾ ਨੀਤੀ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਬਲਾਕ ਵਿਕਾਸ ਅਤੇ ਪੰਚਾਇਤ ਦਫ਼ਤਰ (ਬੀ.ਡੀ.ਪੀ.ਓ.) ਅੰਮ੍ਰਿਤਸਰ ਵਿਖੇ ਤਾਇਨਾਤ ਬਲਾਕ ਅਫ਼ਸਰ ਜਾਰਜ ਮਸੀਹ ਨੂੰ 13000 ਰੁਪਏ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਬਕਰੌਰ, ਜ਼ਿਲ੍ਹਾ ਅੰਮ੍ਰਿਤਸਰ ਦੇ ਇੱਕ ਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਹੈ ਕਿ ਉਹ ਸਾਲ 2024 ਵਿੱਚ ਆਪਣੇ ਪਿੰਡ ਤੋਂ ਪੰਚਾਇਤੀ ਚੋਣਾਂ ਲੜਨਾ ਚਾਹੁੰਦਾ ਸੀ ਪਰ ਅਜਿਹਾ ਨਾ ਕਰ ਸਕਿਆ, ਕਿਉਂਕਿ ਬਲਾਕ ਅਫ਼ਸਰ ਅਜਨਾਲਾ ਵੱਲੋਂ ਉਸਨੂੰ ਡਿਫ਼ਾਲਟਰ ਘੋਸ਼ਿਤ ਕਰਨ ਦਾ ਨੋਟਿਸ ਜਾਰੀ ਕੀਤਾ ਗਿਆ ਸੀ, ਜਿਸ ਵਿੱਚ ਕਿਹਾ ਗਿਆ ਸੀ ਕਿ ਉਸਨੇ 4 ਕਨਾਲ ਦੀ ਸਰਕਾਰੀ ਜ਼ਮੀਨ ਦੇ ਬਕਾਏ ਦਾ ਭੁਗਤਾਨ ਨਹੀਂ ਕੀਤਾ ਹੈ ਅਤੇ ਇਸ ਸਬੰਧੀ ਉਸ ਖਿਲਾਫ਼ ਐਫ਼.ਆਈ.ਆਰ. ਦਰਜ ਕੀਤੀ ਜਾਵੇਗੀ। ਸ਼ਿਕਾਇਤ ਅਨੁਸਾਰ ਮੁਲਜ਼ਮ ਨੇ ਸ਼ਿਕਾਇਤਕਰਤਾ ਨੂੰ ਕਿਹਾ ਕਿ ਜੇਕਰ ਉਹ ਆਪਣਾ ਨਾਮ ਡਿਫਾਲਟਰ ਸੂਚੀ ਵਿੱਚੋਂ ਕੱਢਵਾ ਕੇ ਮਾਲ ਰਿਕਾਰਡ ਵਿੱਚ ਸੋਧ ਕਰਵਾਉਣਾ ਚਾਹੁੰਦਾ ਹੈ, ਤਾਂ ਉਸਨੂੰ 13,000 ਰੁਪਏ ਰਿਸ਼ਵਤ ਦੇਣੀ ਪਵੇਗੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਤਸਦੀਕ ਉਪਰੰਤ ਵਿਜੀਲੈਂਸ ਬਿਊਰੋ ਯੂਨਿਟ ਅੰਮ੍ਰਿਤਸਰ ਦੀ ਟੀਮ ਨੇ ਜਾਲ ਵਿਛਾ ਕੇ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 13000 ਰੁਪਏ ਰਿਸ਼ਵਤ ਲੈਂਦਿਆਂ ਕਾਬੂ ਕਰ ਲਿਆ।

ਇਸ ਸਬੰਧੀ ਵਿਜੀਲੈਂਸ ਬਿਊਰੋ ਥਾਣਾ ਅੰਮ੍ਰਿਤਸਰ ਰੇਂਜ ਵਿੱਚ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮ ਨੂੰ ਕੱਲ੍ਹ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

# ਵਿਕਰਮ ਗਰਗ ਵਿੱਕੀ ਨੂੰ ਅਗਰਵਾਲ ਸਭਾ ਦਾ ਪ੍ਰਧਾਨ ਬਣਨ ਤੇ ਕੀਤਾ ਗਿਆ ਸਨਮਾਨਿਤ




**ਸੁਨਾਮ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰੋਟਰੀ ਕਲੱਬ ਸੁਨਾਮ ਵੱਲੋਂ ਕਲੱਬ ਦੇ 50 ਸਾਲ ਪੂਰੇ ਹੋਣ ਤੇ ਕਲੱਬ ਪ੍ਰਧਾਨ ਦਵਿੰਦਰ ਪਾਲ ਸਿੰਘ ਰਿੰਪੀ ਦੀ ਅਗਵਾਈ ਵਿੱਚ ਆਯੋਜਿਤ ਕੀਤੇ ਗਏ ਇੱਕ ਵਿਸ਼ੇਸ਼ ਸਮਾਗਮ ਦੌਰਾਨ ਅਗਰਵਾਲ ਸਭਾ ਸੁਨਾਮ ਦੇ ਨਵੇਂ ਬਣੇ ਪ੍ਰਧਾਨ ਵਿਕਰਮ ਗਰਗ ਵਿੱਕੀ ਨੂੰ ਰੋਟਰੀ ਕਲੱਬ ਵੱਲੋਂ ਸਨਮਾਨਿਤ ਕੀਤਾ ਇਸ ਮੌਕੇ ਪੁਲਿਸ ਪ੍ਰਸ਼ਾਸਨ ਤੋਂ ਪਹੁੰਚੇ ਹੋਏ ਮਹਿਮਾਨ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ ਅਤੇ ਵੱਡੀ ਗਿਣਤੀ ਵਿੱਚ ਰੋਟਰੀ ਕਲੱਬ ਅਹੁਦੇਦਾਰ, ਮੈਂਬਰ ਤੇ ਪੱਤਰਕਾਰ ਭਾਈਚਾਰਾ ਵੀ ਮੌਜੂਦ ਸੀ ਇਸ ਮੌਕੇ ਹਾਜ਼ਰੀ ਨੇ ਆਸ ਪ੍ਰਗਟਾਈ ਕੇ ਅਗਰਵਾਲ ਸਭਾ ਦੇ ਨਵੇਂ ਬਣੇ ਪ੍ਰਧਾਨ ਵਿਕਰਮ ਗਰਗ ਵਿੱਕੀ ਅਗਰਵਾਲ ਸਭਾ ਲਈ ਵਧੀਆ ਕੰਮ ਕਰਦੇ ਹੋਏ ਸਭਾ ਅਤੇ ਆਪਣੀ ਇੱਕ ਵੱਖਰੀ ਪਹਿਚਾਣ ਬਣਾਉਣਗੇ।

# ਆਬਕਾਰੀ ਵਿਭਾਗ ਵਲੋਂ ਸਾਂਝੀ ਕਾਰਵਾਈ 'ਚ 20 ਪੇਟੀਆਂ ਨਜਾਇਜ਼ ਸ਼ਰਾਬ ਸਮੇਤ ਇੱਕ ਗ੍ਰਿਫਤਾਰ



**ਖਰੜ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਥਾਣਾ ਸਦਰ ਖਰੜ ਅਤੇ ਕਰ ਤੇ ਆਬਕਾਰੀ ਵਿਭਾਗ ਵਲੋਂ ਸਾਂਝੀ ਕਾਰਵਾਈ ਕਰਦੇ ਹੋਏ ਗੁਪਤ ਸੂਚਨਾ 'ਤੇ ਸੈਕਟਰ- 123, ਖਰੜ ਵਿਖੇ ਨਾਕਾਬੰਦੀ ਕਰਕੇ ਥਾਣਾ ਸਦਰ ਪੁਲਿਸ ਖਰੜ ਵਲੋਂ ਇੱਕ ਵਿਅਕਤੀ ਨੂੰ 20 ਪੇਟੀਆਂ ਨਜਾਇਜ਼ ਸ਼ਰਾਬ ਬਰਾਮਦ ਕਰਦੇ ਹੋਏ ਗ੍ਰਿਫਤਾਰ ਕੀਤਾ ਹੈ। ਥਾਣਾ ਸਦਰ ਖਰੜ ਦੇ ਏ.ਐਸ.ਆਈ.ਜਸਪਾਲ ਸਿੰਘ ਨੇ ਦਸਿਆ ਕਿ ਕਰ ਤੇ ਅਬਕਾਰੀ ਵਿਭਾਗ ਦੇ ਇੰਸਪੈਕਟਰ ਸ਼੍ਰੀ ਵਿਕਾਸ ਕੁਮਾਰ ਨੇ ਸਥਾਨਕ ਪੁਲਿਸ ਨਾਲ ਤਾਲਮੇਲ ਕਰਕੇ ਟੀਮ ਦੀ ਅਗਵਾਈ ਕਰ ਰਹੇ ਸਨ, ਦੁਆਰਾ ਇੱਕ ਸਲੇਟੀ ਰੰਗ ਦੀ ਟੋਇਟਾ ਇਨੋਵਾ ਨੂੰ ਰੁਕਣ ਦਾ ਇਸ਼ਾਰਾ ਕੀਤਾ ਗਿਆ। ਗੱਡੀ ਦੀ ਜਾਂਚ ਕਰਨ 'ਤੇ ਗੱਡੀ ਦੀ ਡਿੱਕੀ ਤੋਂ ਹੇਠ ਰਾਇਲ ਸਟੈਗ ਵਿਸਕੀ ਦੇ 5 ,ਜ਼ਮੀਆ ਸੰਤਰਾ ਦੇ 10 , ਗੌਡਫਾਦਰ ਬੀਅਰ ਦੀਆਂ 5 ਪੇਟੀਆਂ ਬਰਾਮਦ ਕੀਤੀਆਂ ਗਈਆਂ ਜੋ ਚੰਡੀਗੜ੍ਹ ਵਿਚ ਵਿਕਣਯੋਗ ਹੈ। ਉਨ੍ਹਾਂ ਦਸਿਆ ਕਿ ਕਥਿਤ ਦੋਸ਼ੀ ਦੀ ਪਛਾਣ ਅਮਨਦੀਪ ਸਿੰਘ ਵਾਸੀ ਪਿੰਡ ਨਿਆਂ ਸ਼ਹਿਰ ਬਡਾਲਾ ਵਜੋਂ ਹੋਈ। ਇਸ ਦੇ ਖਿਲਾਫ ਪੰਜਾਬ ਆਬਕਾਰੀ ਐਕਟ, 1914 ਦੀ ਧਾਰਾ 61 ਅਤੇ 78 ਦੇ ਤਹਿਤ ਪੁਲਿਸ ਸਟੇਸ਼ਨ ਸਿਟੀ ਖਰੜ ਸਦਰ ਵਿਖੇ ਮੁਕੱਦਮਾ ਦਰਜ਼ ਕੀਤਾ ਗਿਆ ਹੈ। ਉਨ੍ਹਾਂ ਦਸਿਆ ਕਿ ਉਨ੍ਹਾਂ ਕਥਿਤ ਮੁਲਜ਼ਮ ਨੂੰ ਅਦਾਲਤ ਵਿਚ ਪੇਸ਼ ਕੀਤਾ ਗਿਆ ਜਿਥੋ ਮਾਨਯੋਗ ਅਦਾਲਤ ਵਲੋਂ ਨਿਆਇਕ ਹਿਰਾਸਤ ਵਿਚ ਭੇਜ ਦਿੱਤਾ।

# ਯੁੱਧ ਨਸ਼ਿਆਂ ਵਿਰੁੱਧ: ਅਪਰੇਸ਼ਨ ਕਾਸੋ ਤਹਿਤ ਹੈਰੋਇਨ ਤੇ ਨਸ਼ੀਲੀਆਂ ਗੋਲੀਆਂ ਬਰਾਮਦ



**ਜੰਡਿਆਲਾ ਗੁਰੂ, 4 ਜੁਲਾਈ**
**-ਪ੍ਰੈਸ ਕੀ ਤਾਕਤ ਬਿਊਰ**

ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਬੀਤੇ ਕੱਲ੍ਹ ਐਸਐਸਪੀ ਅੰਮ੍ਰਿਤਸਰ ਦਿਹਾਤੀ ਮਨਿੰਦਰ ਸਿੰਘ ਦੀ ਅਗਵਾਈ ਹੇਠ ਕਾਰਵਾਈ ਕਰਦਿਆਂ ਜੰਡਿਆਲਾ ਗੁਰੂ ਪੁਲੀਸ ਵੱਲੋਂ ਸਥਾਨਕ ਵੱਖ-ਵੱਖ ਜਗ ?ਹਾ ਉੱਪਰ ਛਾਪੇ ਮਾਰੇ ਗਏ। ਇਸ ਛਾਪੇਮਾਰੀ ਦੌਰਾਨ ਜੰਡਿਆਲਾ ਗੁਰੂ ਪੁਲੀਸ ਨੂੰ ਵੱਡੀ ਮਾਤਰਾ ਵਿੱਚ ਹੈਰੋਇਨ, ਨਸ਼ੀਲੀਆਂ ਗੋਲੀਆਂ, ਕੈਪਸੂਲ, ਮੋਟਰਸਾਈਕਲ ਬਰਾਮਦ ਹੋਏ ਹਨ ਅਤੇ ਅੱਠ ਵਿਅਕਤੀਆਂ ਨੂੰ ਇਨ੍ਹਾਂ ਵੱਖ-ਵੱਖ ਮਾਮਲੇ ਵਿੱਚ ਨਾਮਜ਼ਦ ਕੀਤਾ ਗਿਆ ਹੈ ਅਤੇ ਇਨ੍ਹਾਂ ਵਿੱਚੋਂ ਦੋ ਵਿਅਕਤੀ ਕਾਬੂ ਕੀਤੇ ਗਏ। ਇਸ ਸਬੰਧੀ ਡੀਐਸਪੀ ਜੰਡਿਆਲਾ ਗੁਰੂ ਰਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਅਪਰੇਸ਼ਨ ਤਹਿਤ ਪੁਲੀਸ ਵੱਲੋਂ 268 ਗਰਾਮ ਹੈਰੋਇਨ ਬਰਾਮਦ ਕੀਤੀ ਗਈ ਤੇ ਦੋ ਵਿਅਕਤੀ ਕਾਬੂ ਕੀਤੇ ਗਏ ਹਨ। ਇਸ ਦੇ ਨਾਲ ਹੀ ਨਜ਼ਦੀਕੀ ਪਿੰਡ ਬੰਡਾਲਾ ਵਿਖੇ ਸੀਆਈਏ ਸਟਾਫ ਦੀ ਮਦਦ ਨਾਲ ਕੀਤੀ ਕਾਰਵਾਈ ਵਿੱਚ 10 ਹਜ਼ਾਰ ਨਸ਼ੀਲੀਆਂ ਗੋਲੀਆਂ ਤੇ 1 ਹਜ਼ਾਰ ਨਸ਼ੀਲੇ ਕੈਪਸੂਲ ਤੇ ਤਿੰਨ ਵਿਅਕਤੀ ਕਾਬੂ ਕੀਤੇ ਗਏ ਅਤੇ ਚੋਰੀ ਦਾ ਮੋਟਰਸਾਈਕਲ ਬਰਾਮਦ ਕੀਤਾ ਗਿਆ ਹੈ। ਡੀਐਸਪੀ ਨੇ ਦੱਸਿਆ ਕੱਲ ਹੀ ਇੱਕ ਵਿਅਕਤੀ ਪਾਸੋਂ ਤਿੰਨ ਲੁਟੇਰਿਆਂ ਨੇ ਮੋਬਾਈਲ ਖੋਹ ਕੇ ਭੱਜਣ ਦੀ ਕੋਸ਼ਿਸ਼ ਕੀਤੀ ਪਰ ਉਨ੍ਹਾਂ ਵਿੱਚੋਂ ਇੱਕ ਵਿਅਕਤੀ ਪੁਲੀਸ ਨੇ ਕਾਬੂ ਕਰ ਲਿਆ ਅਤੇ ਉਸ ਪਾਸੋਂ ਮੋਬਾਈਲ ਤੇ ਇੱਕ ਮੋਟਰਸਾਈਕਲ ਬਰਾਮਦ ਕੀਤਾ ਜਦੋਂ ਕਿ ਬਾਕੀ ਦੋ ਭੱਜਣ ਵਿੱਚ ਕਾਮਯਾਬ ਹੋ ਗਏ। ਡੀਐਸਪੀ ਨੇ ਜੰਡਿਆਲਾ ਦੇ ਵਪਾਰੀਆਂ ਨੂੰ ਆ ਰਹੀਆਂ ਫਿਰੌਤੀ ਦੀਆਂ ਕਾਲਾਂ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਸਾਰਾ ਮਸਲਾ ਹੱਲ ਹੋ ਗਿਆ ਹੈ ਅਤੇ ਇਸ ਵਿੱਚ ਸਿਰਫ ਦੋ ਵਿਅਕਤੀ ਕਾਬੂ ਕਰਨ ਵਾਲੇ ਰਹਿ ਗਏ ਹਨ ਬਾਕੀ ਸਾਰਾ ਮਸਲਾ ਜੰਡਿਆਲਾ ਪੁਲੀਸ ਵੱਲੋਂ ਹੱਲ ਕਰ ਲਿਆ ਗਿਆ ਹੈ।

# ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਕੈਲੀਫੋਰਨੀਆ 'ਚ ਕੈਂਪਸ ਖੋਲ੍ਹਣ ਦੀ ਪੇਸ਼ਕਸ਼

**ਅੰਮ੍ਰਿਤਸਰ, 4 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਦੇਸ਼ੀ ਯੂਨੀਵਰਸਿਟੀਆਂ ਜਿੱਥੇ ਭਾਰਤ ਵਿਚ ਆਪਣੇ ਕੈਂਪਸ ਸਥਾਪਤ ਕਰ ਰਹੀਆਂ ਹਨ, ਉੱਥੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਕੈਲੀਫੋਰਨੀਆ (ਅਮਰੀਕਾ) ਵਿੱਚ ਆਪਣਾ ਆਫ਼ਸ਼ੋਰ ਕੈਂਪਸ ਸਥਾਪਤ ਕਰਨ ਦੀ ਯੋਜਨਾ ਨੂੰ ਸਿੰਡੀਕੇਟ ਦੀ ਮੀਟਿੰਗ ਵਿਚ ਪ੍ਰਵਾਨਗੀ ਦੇ ਦਿੱਤੀ ਹੈ। ਇਸ ਦਾ ਮੰਤਵ ਭਾਰਤ ਦੀ ਸਿੱਖਿਆ, ਸੰਸਕ੍ਰਿਤੀ ਅਤੇ ਨੈਤਿਕ ਮੂੱਲਾਂ ਨੂੰ ਵਿਸ਼ਵ ਪੱਧਰ 'ਤੇ ਲੈ ਕੇ ਜਾਣਾ ਹੈ । ਇਹ ਯੋਜਨਾ ਭਾਰਤ ਸਰਕਾਰ ਦੀ ਨੈਸ਼ਨਲ ਐਜੂਕੇਸ਼ਨ ਪਾਲਸੀ 2020 ਅਨੁਸਾਰ ਹੈ, ਜਿਸ ਦਾ ਉਦੇਸ਼ ਦੇਸ਼ ਦੀ ਸਿੱਖਿਆ ਤਾਕਤ ਨੂੰ ਵਿਸ਼ਵ ਪੱਧਰ 'ਤੇ ਉਭਾਰਨਾ ਹੈ। ਅੱਜ ਦੀ ਮੀਟਿੰਗ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਕਰਮਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਉਨ੍ਹਾਂ ਪਿਛਲੇ 6 ਮਹੀਨਿਆਂ ਦੀਆਂ ਪ੍ਰਾਪਤੀਆਂ ਸਾਂਝੀਆਂ ਕੀਤੀਆਂ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਕਰਮਜੀਤ ਸਿੰਘ ਨੇ ਵੱਖ-ਵੱਖ ਵਿਭਾਗਾਂ ਵਿਚ ਨਵੇਂ ਸ਼ੁਰੂ ਕੀਤੇ ਗਏ ਕੋਰਸਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕੈਨੇਡਾ ਅਤੇ ਅਮਰੀਕਾ ਵਿਚ ਆਪਣੇ ਵਿਦੇਸ਼ੀ ਦੌਰੇ ਦੌਰਾਨ ਪ੍ਰਾਪਤੀਆਂ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਦੱਸਿਆ ਕਿ ਕੈਲੀਫੋਰਨੀਆ ਵਿਚ ਯੂਨੀਵਰਸਿਟੀ ਦਾ ਕੈਂਪਸ ਗੁਰੂ ਨਾਨਕ ਦੇਵ ਦੇ ਸਿਧਾਂਤਾਂ, ਨਿਮਰਤਾ, ਸੇਵਾ, ਸਮਾਨਤਾ ਅਤੇ ਗਿਆਨ ਉਤੇ ਆਧਾਰਿਤ ਵਿਦਿਆ ਦਾ ਪ੍ਰਸਾਰ ਕਰੇਗਾ ਅਤੇ ਇਹ ਭਾਰਤ ਦੀ ਆਰਥਿਕ, ਸੰਸਕ੍ਰਿਤਕ ਅਤੇ ਅਕਾਦਮਿਕ ਹਾਜ਼ਰੀ ਨੂੰ ਵਿਸ਼ਵ ਪੱਧਰ 'ਤੇ ਮਜ਼ਬੂਤ ਕਰੇਗਾ।

## ਪੰਜਾਬ ਕੈਬਨਿਟ 'ਚੋਂ ਕੁਲਦੀਪ ਸਿੰਘ ਧਾਲੀਵਾਲ ਨੇ ਦਿੱਤਾ ਅਸਤੀਫ਼ਾ

ਚੰਡੀਗੜ੍ਹ 4 ਜੁਲਾਈ। ਪੰਜਾਬ ਤੋਂ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਕੁਲਦੀਪ ਸਿੰਘ ਧਾਲੀਵਾਲ ਹੁਣ ਮੰਤਰੀ ਨਹੀਂ



ਰਹੇ ਹਨ। ਉਨ੍ਹਾਂ ਨੇ ਕੈਬਨਿਟ ਮੰਤਰੀ ਦੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਹੈ। ਕੁਲਦੀਪ ਸਿੰਘ ਧਾਲੀਵਾਲ ਵਲੋਂ ਸੋਸ਼ਲ ਮੀਡੀਆ 'ਤੇ ਇਸ ਤੋਂ ਪਹਿਲਾਂ ਇਕ ਪੋਸਟ ਵੀ ਸਾਂਝੀ ਕੀਤੀ ਗਈ ਸੀ ਕਿ ਉਨ੍ਹਾਂ ਵਲੋਂ ਪੰਜਾਬ ਦੇ ਲੋਕਾਂ ਲਈ ਮਿਹਨਤ ਜਾਰੀ ਹੈ ਉਹ ਪੰਜਾਬ ਦੇ ਲੋਕਾਂ ਦੀ ਭਲਾਈ ਕਰਦੇ ਰਹਿਣਗੇ। ਦੱਸਣਯੋਗ ਹੈ ਕਿ ਪੰਜਾਬ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਲੁਧਿਆਣਾ ਪੱਛਮੀ ਤੋਂ ਚੁਣੇ ਗਏ ਵਿਧਾਇਕ ਸੰਜੀਵ ਅਰੋੜਾ ਨੂੰ ਕੈਬਨਿਟ ਮੰਤਰੀ ਬਣਾ ਦਿੱਤਾ ਹੈ। ਰਾਜਪਾਲ ਗੁਲਾਬ ਚੰਦ ਕਟਾਰੀਆ ਵਲੋਂ ਉਨ੍ਹਾਂ ਨੂੰ ਮੰਤਰੀ ਦੇ ਅਹੁਦੇ ਦੀ ਸਹੁੰ ਚੁਕਾਈ ਗਈ ਹੈ। ਸੂਤਰਾਂ ਦੇ ਮੁਤਾਬਕ ਮੰਤਰੀ ਸੰਜੀਵ ਅਰੋੜਾ ਨੂੰ ਐੱਨ. ਆਰ. ਆਈ. ਅਤੇ ਇੰਡਸਟਰੀ ਵਿਭਾਗ ਸੌਂਪਿਆ ਗਿਆ ਹੈ।

## ਦੋਆਬਾ ਵਾਸੀਆਂ ਲਈ ਦਿੱਲੀ ਦਾ ਸਫ਼ਰ ਹੋਵੇਗਾ ਸੌਖਾਲਾ, ਆਦਮਪੁਰ ਤੋਂ ਸਿੱਧੀ ਫਲਾਈਟ ਜਲਦੀ ਹੋਵੇਗੀ ਸ਼ੁਰੂ

ਜਲੰਧਰ 4 ਜੁਲਾਈ। ਆਦਮਪੁਰ ਸਿਵਲ ਏਅਰਪੋਰਟ ਤੋਂ ਮੁੰਬਈ ਲਈ ਸਿੱਧੀ ਉਡਾਣ ਸ਼ੁਰੂ ਹੋਣ 'ਤੇ ਡੀ. ਸੀ. ਡਾ. ਹਿਮਾਂਸ਼ੂ ਅਗਰਵਾਲ ਨੇ ਜਲੰਧਰ ਅਤੇ ਦੋਆਬਾ ਖੇਤਰ ਦੇ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਵਧਾਈ ਦਿੱਤੀ। ਉਨ੍ਹਾਂ ਨੇ ਇਸ ਨੂੰ ਦੋਆਬਾ ਖੇਤਰ ਲਈ ਗੇਮ ਚੇਂਜਰ ਦੱਸਿਆ ਅਤੇ ਕਿਹਾ ਕਿ ਇਸ ਨਾਲ ਨਾ ਸਿਰਫ਼ ਘਰੇਲੂ ਸਗੋਂ ਅੰਤਰਰਾਸ਼ਟਰੀ ਯਾਤਰਾ ਲਈ ਵੀ ਬਿਹਤਰ ਕੁਨੈਕਟੀਵਿਟੀ ਮਿਲੇਗੀ। ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਹੁਣ ਯਾਤਰੀ ਮੁੰਬਈ ਹੁੰਦੇ ਹੋਏ ਗੋਆ, ਚੇਨਈ ਅਤੇ ਐਮਸਟਰਡਮ ਵਰਗੇ ਘਰੇਲੂ ਅਤੇ ਅੰਤਰਰਾਸ਼ਟਰੀ ਸਥਾਨਾਂ ਲਈ ਆਸਾਨੀ ਨਾਲ ਯਾਤਰਾ ਕਰ ਸਕਣਗੇ। ਇਹ ਉਡਾਣ ਪੰਜਾਬ ਦੇ ਐੱਨ. ਆਰ. ਆਈ. ਅਤੇ ਉਦਯੋਗਿਕ ਖੇਤਰ ਲਈ ਇਕ ਵੱਡੀ ਸੁਵਿਧਾ ਸਾਬਤ ਹੋਵੇਗੀ। ਡੀ. ਸੀ. ਅਗਰਵਾਲ ਨੇ ਦੱਸਿਆ ਕਿ ਹੁਣ ਆਦਮਪੁਰ ਤੋਂ ਨਵੀਂ ਦਿੱਲੀ ਲਈ ਸਿੱਧੀ ਫਲਾਈਟ ਸ਼ੁਰੂ ਕਰਵਾਉਣ ਦੀ ਦਿਸ਼ਾ ਵਿਚ ਵੱਖ-ਵੱਖ ਏਅਰਲਾਈਨ ਕੰਪਨੀਆਂ ਨਾਲ ਗੱਲਬਾਤ ਸ਼ੁਰੂ ਹੋ ਚੁੱਕੀ ਹੈ। ਜਲਦ ਹੀ ਇਸ ਦੇ ਸਕਾਰਾਤਮਕ ਨਤੀਜੇ ਸਾਹਮਣੇ ਆਉਣ ਦੀ ਉਮੀਦ ਹੈ। ਉਨ੍ਹਾਂ ਨੇ ਪ੍ਰਵਾਸੀ ਭਾਰਤੀਆਂ ਅਤੇ ਵਪਾਰੀ ਵਰਗ ਨੂੰ ਅਪੀਲ ਕੀਤੀ ਕਿ ਉਹ ਮੁੰਬਈ ਉਡਾਣ ਦਾ ਵੱਧ ਤੋਂ ਵੱਧ ਲਾਭ ਉਠਾਉਣ। ਡਾ. ਅਗਰਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਹੁਣ ਆਦਮਪੁਰ ਏਅਰਪੋਰਟ ਤਕ ਸੜਕ ਮਾਰਗ ਨੂੰ ਹੋਰ ਬਿਹਤਰ ਬਣਾਉਣ ਦੀ ਦਿਸ਼ਾ ਵਿਚ ਵੀ ਯਤਨ ਕੀਤੇ ਜਾਣਗੇ ਤਾਂ ਜੋ ਯਾਤਰੀਆਂ ਨੂੰ ਜ਼ਿਆਦਾ ਸੁਵਿਧਾ ਮਿਲ ਸਕੇ। ਇਸ ਮੌਕੇ ਐੱਸ. ਡੀ. ਐੱਮ. ਆਦਮਪੁਰ ਵਿਵੇਕ ਮੋਦੀ ਨੇ ਬੁੱਧਵਾਰ ਨੂੰ ਆਦਮਪੁਰ ਸਿਵਲ ਏਅਰਪੋਰਟ ਪਹੁੰਚ ਕੇ ਪਹਿਲੀ ਉਡਾਣ ਦੇ ਸ਼ੁੱਭਆਰੰਭ 'ਤੇ ਖੁਸ਼ੀ ਜਤਾਈ ਅਤੇ ਵਿਸ਼ਵਾਸ ਦਿਵਾਇਆ ਕਿ ਇਸ ਨਵੀਂ ਹਵਾਈ ਸੇਵਾ ਨਾਲ ਇਲਾਕੇ ਦੇ ਲੋਕਾਂ ਦਾ ਸਫ਼ਰ ਆਸਾਨ ਹੋਵੇਗਾ ਅਤੇ ਆਰਥਿਕ ਵਿਕਾਸ ਨੂੰ ਵੀ ਬੜ੍ਹਾਵਾ ਮਿਲੇਗਾ।

## ਨੌਜਵਾਨਾਂ ਨੂੰ ਵੱਡਾ ਝਟਕਾ ! 8,653 ਅਸਾਮੀਆਂ ਲਈ ਭਰਤੀ ਰੱਦ, ਇਹ ਕਾਰਨ ਆਇਆ ਸਾਹਮਣੇ

ਨੈਸ਼ਨਲ ਡੈਸਕ 4 ਜੁਲਾਈ। ਹਰਿਆਣਾ ਸਟਾਫ ਸਿਲੈਕਸ਼ਨ ਕਮਿਸ਼ਨ (HSSC) ਨੇ 8,653 Group ਅਸਾਮੀਆਂ ਲਈ ਸਰਕਾਰੀ ਭਰਤੀ ਰੱਦ ਕਰ ਦਿੱਤੀ ਹੈ। ਕਮਿਸ਼ਨ ਨੇ ਇਨ੍ਹਾਂ ਭਰਤੀਆਂ ਦੇ ਇਸ਼ਤਿਹਾਰ ਵਾਪਸ ਲੈਣ ਲਈ ਇੱਕ ਅਧਿਕਾਰਤ ਨੋਟੀਫਿਕੇਸ਼ਨ ਵੀ ਜਾਰੀ ਕੀਤਾ ਹੈ। ਹਰਿਆਣਾ ਸਰਕਾਰ ਦੇ 16 ਮਈ ਦੇ ਹੁਕਮ ਅਨੁਸਾਰ ਇਹ ਭਰਤੀ ਇਸ਼ਤਿਹਾਰ ਵਾਪਸ ਲੈ ਲਏ ਗਏ ਹਨ ਅਤੇ 35“-2025 ਪ੍ਰੀਖਿਆ ਤੋਂ ਬਾਅਦ ਇਨ੍ਹਾਂ ਅਸਾਮੀਆਂ ਲਈ ਇੱਕ ਨਵਾਂ ਇਸ਼ਤਿਹਾਰ ਜਾਰੀ ਕੀਤਾ ਜਾਵੇਗਾ। ਕਮਿਸ਼ਨ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਰੱਦ ਕੀਤੀਆਂ ਭਰਤੀਆਂ ਲਈ ਪਹਿਲਾਂ ਤੋਂ ਯੋਗ ਮੰਨੇ ਗਏ ਉਮੀਦਵਾਰਾਂ ਨੂੰ ਵੀ ਨਵੇਂ ਇਸ਼ਤਿਹਾਰ ਵਿੱਚ ਯੋਗ ਮੰਨਿਆ ਜਾਵੇਗਾ। ਇਸ ਦੇ ਨਾਲ ਹੀ, ACC Group 3 ਅਸਾਮੀਆਂ ਲਈ ਭਰਤੀ ਜਾਰੀ ਰਹੇਗੀ। ਵਿਧਾਨ ਸਭਾ ਚੋਣਾਂ ਤੋਂ ਠੀਕ ਪਹਿਲਾਂ 2024 ਵਿੱਚ ਲਗਭਗ 8,653 ਅਸਾਮੀਆਂ ਲਈ ਭਰਤੀ ਦਾ ਐਲਾਨ ਕੀਤਾ ਗਿਆ ਸੀ। ਵਿਰੋਧੀ ਪਾਰਟੀਆਂ ਨੇ ਇਸ 'ਤੇ ਸਵਾਲ ਉਠਾਏ ਅਤੇ ਮਾਮਲਾ ਵਿਵਾਦ ਵਿੱਚ ਆ ਗਿਆ। ਇਸ ਕਾਰਨ ਕਰਕੇ, ਸਰਕਾਰ ਨੇ ਇਨ੍ਹਾਂ ਭਰਤੀਆਂ ਨੂੰ ਰੱਦ ਕਰਨ ਦਾ ਫੈਸਲਾ ਕੀਤਾ ਹੈ। ਸਰਕਾਰ ਨੇ 35“-2025 ਪ੍ਰੀਖਿਆ ਲਈ ਨਿਯਮਾਂ ਵਿੱਚ ਸੋਧ ਕੀਤੀ ਹੈ। ਪਹਿਲਾਂ ਜਿੱਥੇ 4 ਵਾਰ ਉਮੀਦਵਾਰਾਂ ਨੂੰ ਸ਼ਾਰਟਲਿਸਟ ਕੀਤਾ ਗਿਆ ਸੀ, ਹੁਣ ਇਹ ਗਿਣਤੀ ਵਧਾ ਕੇ 10 ਗੁਣਾ ਕਰ ਦਿੱਤੀ ਗਈ ਹੈ।

# "ਇੱਥੇ ਆਓ ਤੇ ਆ ਕੇ ਕਸ਼ਮੀਰ ਦੇਖੋ" ਕੇਂਦਰੀ ਮੰਤਰੀ ਸ਼ਿਵਰਾਜ ਚੌਹਾਨ ਨੇ ਲੋਕਾਂ ਨੂੰ ਕੀਤੀ ਅਪੀਲ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 4 ਜੁਲਾਈ। ਪਹਿਲਗਾਮ ਹਮਲੇ ਮਗਰੋਂ ਟੂਰਿਸਟ ਜੰਮੂ-ਕਸ਼ਮੀਰ ਜਾਣ ਤੋਂ ਕੁਝ ਕੰਨੀ ਕਤਰਾ ਰਹੇ ਹਨ। ਇਸੇ ਦੌਰਾਨ ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਲੋਕਾਂ ਨੂੰ ਜੰਮੂ-ਕਸ਼ਮੀਰ ਦਾ ਦੌਰਾ ਕਰਨ ਦੀ ਅਪੀਲ ਕੀਤੀ। ਚੌਹਾਨ ਨੇ ਕਿਹਾ, ਮੈਂ ਜਨਤਾ ਨੂੰ ਦੱਸਣਾ ਚਾਹੁੰਦਾ ਹਾਂ ਕਿ ਇੱਥੋਂ ਦੇ ਲੋਕ ਪਿਆਰ ਅਤੇ ਨਿੱਘ ਨਾਲ ਤੁਹਾਡਾ ਸਵਾਗਤ ਕਰਨ ਦੀ ਉਡੀਕ ਕਰ ਰਹੇ ਹਨ। ਇਸ ਲਈ ਬਿਨਾਂ ਕਿਸੇ ਡਰ ਦੇ ਇੱਥੇ ਆਓ ਅਤੇ ਪਿਆਰ ਅਤੇ ਭਾਈਚਾਰੇ ਦੀ ਇੱਕ ਨਵੀਂ ਉਦਾਹਰਣ ਕਾਇਮ ਕਰੋ। ਖੇਤੀਬਾੜੀ ਅਤੇ ਪੇਂਡੂ ਵਿਕਾਸ ਮੰਤਰੀ ਸ਼ੇਰ-ਏ-ਕਸ਼ਮੀਰ ਯੂਨੀਵਰਸਿਟੀ ਆਫ਼ ਐਗਰੀਕਲਚਰਲ ਸਾਇੰਸਜ਼ ਐਂਡ ਟੈਕਨਾਲੋਜੀ ਦੇ 6ਵੇਂ ਕਨਵੋਕੇਸ਼ਨ ਦੇ ਮੌਕੇ ਗੱਲਬਾਤ ਕਰ ਰਹੇ ਸਨ। ਉਨ੍ਹਾਂ ਨੇ ਇਹ ਅਪੀਲ 22 ਅਪ੍ਰੈਲ ਨੂੰ ਪਹਿਲਗਾਮ ਹਮਲੇ ਦੇ ਪਿਛੋਕੜ ਵਿੱਚ ਸੈਰ-ਸਪਾਟੇ ਵਿੱਚ ਗਿਰਾਵਟ ਤੋਂ ਬਾਅਦ ਕੀਤੀ, ਜਿਸ ਵਿੱਚ ਅੱਤਵਾਦੀਆਂ ਨੇ 25 ਸੈਲਾਨੀਆਂ ਅਤੇ ਇੱਕ ਸਥਾਨਕ ਪੋਨੀ ਆਪਰੇਟਰ ਨੂੰ ਗੋਲੀ ਮਾਰ ਦਿੱਤੀ ਸੀ। ਉਨ੍ਹਾਂ ਕਿਹਾ, ਮੈਂ ਕੱਲ੍ਹ ਤੋਂ ਸ੍ਰੀਨਗਰ ਵਿੱਚ ਹਾਂ ਅਤੇ ਲੋਕਾਂ ਵਿੱਚ ਲਗਾਤਾਰ ਰਿਹਾ ਹਾਂ। ਹਵਾ ਦੀ ਸ਼ਾਂਤੀ, ਮਿੱਟੀ ਦੀ ਖੁਸ਼ਬੂ, ਕੁਦਰਤੀ ਸੁੰਦਰਤਾ ਅਤੇ ਲੋਕਾਂ ਦੇ ਪਿਆਰ ਨੇ ਮੇਰਾ ਦਿਲ ਜਿੱਤ ਲਿਆ ਹੈ। ਇਹ ਸੱਚਮੁੱਚ ਭਾਰਤ ਦਾ ਤਾਜ ਗਹਿਣਾ ਅਤੇ ਧਰਤੀ 'ਤੇ ਸਵਰਗ ਹੈ। ਮੈਂ ਡੱਲ ਝੀਲ ਦਾ ਵੀ ਦੌਰਾ ਕੀਤਾ ਅਤੇ ਉੱਥੇ ਸ਼ਿਕਾਰਾ ਸਵਾਰੀ ਕੀਤੀ। ਇੱਕ ਭਾਵਨਾਤਮਕ ਘਟਨਾ ਜਿਸਨੇ ਮੇਰੇ ਦਿਲ ਨੂੰ ਛੂਹ ਲਿਆ ਉਹ ਸੀ ਜਦੋਂ ਇੱਕ ਸ਼ਿਕਾਰਾ ਵਾਲੇ ਨੇ ਮੈਨੂੰ ਕਿਹਾ, 'ਮਾਂ, ਲੋਕਾਂ ਨੂੰ ਇੱਥੇ ਆਉਣ ਲਈ ਕਹੋ। ਸਾਡੇ ਦਿਲ ਉਨ੍ਹਾਂ ਲਈ ਪਿਆਰ ਨਾਲ ਭਰੇ ਹੋਏ ਹਨ।' ਚੌਹਾਨ ਨੇ ਕਿਹਾ ਕਿ ਉਨ੍ਹਾਂ ਨੇ ਜੰਮੂ ਅਤੇ ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨਾਲ ਇੱਕ ਮੀਟਿੰਗ ਕੀਤੀ ਅਤੇ ਉਨ੍ਹਾਂ ਨਾਲ ਖੇਤੀਬਾੜੀ ਅਤੇ ਪੇਂਡੂ ਵਿਕਾਸ ਪਹਿਲਕਦਮੀਆਂ 'ਤੇ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਜੰਮੂ ਅਤੇ ਕਸ਼ਮੀਰ ਨੂੰ ਬਾਗਬਾਨੀ ਦਾ ਕੇਂਦਰ ਬਣਾਉਣ ਲਈ ਯਤਨਸ਼ੀਲ ਹੈ ਅਤੇ ਇਸ ਉਦੇਸ਼ ਲਈ ਉਨ੍ਹਾਂ ਨੇ 150 ਕਰੋੜ ਰੁਪਏ ਦੀ ਲਾਗਤ ਨਾਲ ਸੇਬ, ਬਦਾਮ ਅਤੇ ਅਖਰੋਟ ਲਈ ਇੱਕ ਪਲਾਂਟੇਸ਼ਨ ਸੈਂਟਰ ਸਥਾਪਤ ਕਰਨ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ, ਕਿਸਾਨਾਂ ਨੂੰ ਚੰਗੀ ਗੁਣਵੱਤਾ ਵਾਲੇ, ਬਿਮਾਰੀ-ਮੁਕਤ ਬੂਟੇ ਚਾਹੀਦੇ ਹਨ ਅਤੇ ਇਹ ਕੇਂਦਰ ਉਨ੍ਹਾਂ ਨੂੰ ਇਹ ਪ੍ਰਦਾਨ ਕਰੇਗਾ। ਨਿੱਜੀ ਨਰਸਰੀਆਂ ਸਥਾਪਤ ਕਰਨ ਵਾਲਿਆਂ ਨੂੰ ਸਬਸਿਡੀ ਵੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ, ਕੇਸਰ ਲਈ ਇੱਕ ਟਿਸ਼ੂ ਕਲਚਰ ਲੈਬ ਵੀ ਸਥਾਪਤ ਕੀਤੀ ਜਾਵੇਗੀ।" ਟਿਸ਼ੂ ਕਲਚਰ ਲੈਬ' ਇੱਕ ਅਜਿਹੀ ਸਹੂਲਤ ਹੈ ਜਿੱਥੇ ਪੌਦਿਆਂ ਦੇ ਟਿਸ਼ੂਆਂ ਨੂੰ ਇੱਕ ਨਿਯੰਤਰਿਤ ਵਾਤਾਵਰਣ ਵਿੱਚ ਉਗਾਇਆ ਜਾਂਦਾ ਹੈ। ਇਹ ਇੱਕ ਤਕਨੀਕ ਹੈ ਜੋ ਜੈਵਿਕ ਖੋਜ, ਪੌਦਿਆਂ ਦੇ ਪ੍ਰਸਾਰ ਅਤੇ ਬਿਮਾਰੀ-ਮੁਕਤ ਸੈਂਪਲਾਂ ਦੇ ਉਤਪਾਦਨ ਵਿੱਚ ਮਦਦ ਕਰਦੀ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ ਦੇ ਤਹਿਤ ਪੰਜ ਲੱਖ ਲੋਕਾਂ ਦਾ ਸਰਵੇਖਣ ਕੀਤਾ



ਗਿਆ ਹੈ ਅਤੇ ਤਸਦੀਕ ਤੋਂ ਬਾਅਦ, ਉਨ੍ਹਾਂ ਨੂੰ ਘਰ ਦਿੱਤੇ ਜਾਣਗੇ। ਇਸ ਤੋਂ ਪਹਿਲਾਂ, ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ, ਉਨ੍ਹਾਂ ਕਿਹਾ, ਅਸੀਂ ਰਾਜ ਯੂਨੀਵਰਸਿਟੀਆਂ ਦੀ ਰੈਂਕਿੰਗ ਵਿੱਚ ਪੰਜਵੇਂ ਸਥਾਨ 'ਤੇ ਹਾਂ ਅਤੇ ਮੇਰਾ ਮੰਨਣਾ ਹੈ ਕਿ ਅਸੀਂ ਜਲਦੀ ਹੀ ਪਹਿਲੇ ਸਥਾਨ 'ਤੇ ਪਹੁੰਚ ਜਾਵਾਂਗੇ। ਮੱਧ ਪ੍ਰਦੇਸ਼ ਦੇ ਸਾਬਕਾ ਮੁੱਖ ਮੰਤਰੀ ਨੇ ਕਿਹਾ ਕਿ ਉਹ ਕਸ਼ਮੀਰੀ ਸੇਬਾਂ ਨੂੰ ਦੁਨੀਆ ਦੇ ਹਰ ਕੋਨੇ ਵਿੱਚ ਪਹੁੰਚਦੇ ਦੇਖਣਾ ਚਾਹੁੰਦੇ ਹਨ। ਉਨ੍ਹਾਂ ਕਿਹਾ, ਸਾਨੂੰ ਭਾਰਤ ਨੂੰ ਦੁਨੀਆ ਦਾ ਅਨਾਜ ਭੰਡਾਰ ਬਣਾਉਣਾ ਹੈ। ਜੰਮੂ ਅਤੇ ਕਸ਼ਮੀਰ ਦੇ ਲੈਫਟੀਨੈਂਟ ਗਵਰਨਰ ਮਨੋਜ ਸਿਨਹਾ, ਜੋ ਯੂਨੀਵਰਸਿਟੀ ਦੇ ਚਾਂਸਲਰ ਵੀ ਹਨ, ਨੇ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਖੇਤੀਬਾੜੀ ਖੇਤਰ ਨੂੰ ਆਕਾਰ ਦੇਣ ਵਿੱਚ SKUAST ਦੀ ਭੂਮਿਕਾ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਯੂਨੀਵਰਸਿਟੀ ਨੂੰ ਰੈਂਕਿੰਗ ਵਿੱਚ ਸ਼ਾਨਦਾਰ ਸੁਧਾਰ ਲਈ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ, ਸੋਨੇ ਦੇ ਤਗਮੇ ਪ੍ਰਾਪਤ ਕਰਨ ਵਾਲੇ 150 ਵਿਦਿਆਰਥੀਆਂ ਵਿੱਚੋਂ 115 ਕੁੜੀਆਂ ਹਨ। 445 ਮੈਰਿਟ ਸਰਟੀਫਿਕੇਟਾਂ ਵਿੱਚੋਂ 334 ਕੁੜੀਆਂ ਨੂੰ ਦਿੱਤੇ ਜਾ ਰਹੇ ਹਨ। ਇਹ ਜੰਮੂ-ਕਸ਼ਮੀਰ ਅਤੇ ਦੇਸ਼ ਦੇ ਉੱਜਵਲ ਭਵਿੱਖ ਨੂੰ ਦਰਸਾਉਂਦਾ ਹੈ। ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ SKUAST ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਹ ਨਾ ਸਿਰਫ਼ ਗ੍ਰੈਜੂਏਟਾਂ ਦੀ ਫੈਕਟਰੀ ਹੈ ਬਲਕਿ ਜ਼ਮੀਨੀ ਪੱਧਰ 'ਤੇ ਸਮੱਸਿਆਵਾਂ ਦਾ ਹੱਲ ਵੀ ਪ੍ਰਦਾਨ ਕਰਦੀ ਹੈ। ਅਬਦੁੱਲਾ ਨੇ ਕਿਹਾ ਕਿ ਜੰਮੂ-ਕਸ਼ਮੀਰ ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਤਬਦੀਲੀ ਦੇ ਰਾਹ 'ਤੇ ਹੈ ਅਤੇ ਵਿਦਿਆਰਥੀਆਂ ਨੂੰ ਇਸ ਤਬਦੀਲੀ ਨੂੰ ਰੂਪ ਦੇਣ ਵਿੱਚ ਸਰਕਾਰ ਦੀ ਮਦਦ ਕਰਨ ਦਾ ਸੱਦਾ ਦਿੱਤਾ।

# 12 ਮੈਡੀਕਲ ਕਾਲਜਾਂ 'ਚ ਭ੍ਰਿਸ਼ਟਾਚਾਰ ਦਾ ਪਰਦਾਫਾਸ਼ !

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 4 ਜੁਲਾਈ। ਸੀਬੀਆਈ ਨੇ ਦੇਸ਼ ਭਰ ਦੇ ਮੈਡੀਕਲ ਕਾਲਜਾਂ 'ਚ ਭ੍ਰਿਸ਼ਟਾਚਾਰ ਤੇ ਰਿਸ਼ਵਤਖੋਰੀ ਨੂੰ ਲੈ ਕੇ ਵੱਡੀ ਕਾਰਵਾਈ ਕੀਤੀ ਹੈ। ਜਾਂਚ ਏਜੰਸੀ ਨੇ 9 ਰਾਜਾਂ ਦੇ 12 ਨਿੱਜੀ ਮੈਡੀਕਲ ਕਾਲਜਾਂ ਵਿਰੁੱਧ ਕੇਸ ਦਰਜ ਕੀਤਾ ਹੈ ਤੇ 40 ਤੋਂ ਵੱਧ




ਥਾਵਾਂ 'ਤੇ ਛਾਪੇਮਾਰੀ ਕੀਤੀ ਹੈ। ਮੇਰਠ ਦਾ ਐਨਸੀਆਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ (ਐਨਸੀਆਰਆਈਐਮਐਸ) ਵੀ ਇਸ ਕਾਰਵਾਈ ਦੇ ਦਾਇਰੇ 'ਚ ਆਇਆ ਹੈ, ਜਿਸਦੀ ਚੇਅਰਪਰਸਨ ਭਾਜਪਾ ਆਗੂ ਅਤੇ ਸਮਾਜਵਾਦੀ ਪਾਰਟੀ ਦੀ ਸਾਬਕਾ ਐਮਐਲਸੀ ਡਾ. ਸਰੋਜਨੀ ਅਗਰਵਾਲ ਹੈ। ਸੀਬੀਆਈ ਨੇ ਡਾ. ਸਰੋਜਨੀ ਦੀ ਧੀ ਸ਼ਿਵਾਨੀ ਅਗਰਵਾਲ, ਜੋ ਕਿ ਕਾਲਜ ਦੀ ਸਹਾਇਕ ਪ੍ਰਬੰਧ ਨਿਰਦੇਸ਼ਕ ਹੈ, ਵਿਰੁੱਧ ਵੀ ਭ੍ਰਿਸ਼ਟਾਚਾਰ ਦਾ ਕੇਸ ਦਰਜ ਕੀਤਾ ਹੈ। ਸੀਬੀਆਈ ਦੀ ਸ਼ੁਰੂਆਤੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਐਨਸੀਆਰ ਮੈਡੀਕਲ ਕਾਲਜ ਨੇ ਨੈਸ਼ਨਲ ਮੈਡੀਕਲ ਕਮਿਸ਼ਨ (ਐਨਐਮਸੀ) ਤੋਂ ਮਾਨਤਾ ਪ੍ਰਾਪਤ ਕਰਨ ਲਈ ਧੋਖਾਧੜੀ ਕੀਤੀ ਸੀ। ਜਾਂਚ ਵਿੱਚ ਸਾਹਮਣੇ ਆਇਆ ਕਿ ਨਕਲੀ ਫੈਕਲਟੀ (ਪ੍ਰੌਕਸੀ ਸਟਾਫ) ਦਿਖਾਏ ਗਏ। ਮਰੀਜ਼ਾਂ ਦੇ ਰਿਕਾਰਡ ਤਿਆਰ ਕੀਤੇ ਗਏ ਜੋ ਕਦੇ ਹਸਪਤਾਲ ਨਹੀਂ ਆਏ। ਫੈਕਲਟੀ ਵੱਲੋਂ ਇਲਾਜ ਦੇ ਜਾਅਲੀ ਰਿਕਾਰਡ ਤਿਆਰ ਕੀਤੇ ਗਏ। ਬਾਇਓਮੈਟ੍ਰਿਕ ਸਿਸਟਮ ਨਾਲ ਛੇੜਛਾੜ ਕਰ ਕੇ ਫੈਕਲਟੀ ਦੀ ਮੌਜੂਦਗੀ ਦਿਖਾਈ ਗਈ। ਮੈਡੀਕਲ ਕੌਂਸਲ ਆਫ਼ ਇੰਡੀਆ (ਐਮਸੀਆਈ) ਦੇ ਅਧਿਕਾਰੀਆਂ ਨੂੰ ਮਾਨਤਾ ਪ੍ਰਾਪਤ ਕਰਨ ਲਈ ਲੱਖਾਂ ਰੁਪਏ ਰਿਸ਼ਵਤ ਦਿੱਤੀ ਗਈ। ਸੀਬੀਆਈ ਨੇ ਮੰਗਲਵਾਰ ਨੂੰ ਮੇਰਠ ਦੇ ਬੇਗਮਪੁਲ ਵਿੱਚ ਜਵਾਹਰ ਕੁਆਰਟਰਜ਼ ਵਿਖੇ ਐਨਸੀਆਰ ਮੈਡੀਕਲ ਕਾਲਜ ਅਤੇ ਡਾ. ਸਰੋਜਨੀ ਅਗਰਵਾਲ ਦੇ ਘਰ 'ਤੇ ਲਗਭਗ 9 ਘੰਟੇ ਛਾਪਾ ਮਾਰਿਆ। ਇਸ ਦੌਰਾਨ ਓਪੀਡੀ ਰਜਿਸਟਰ, ਵਿਦਿਆਰਥੀ ਰਜਿਸਟ?ਰੇਸ਼ਨ ਡੇਟਾ, ਕੰਪਿਊਟਰ ਅਤੇ ਮਹੱਤਵਪੂਰਨ ਦਸਤਾਵੇਜ਼ ਜ਼ਬਤ ਕੀਤੇ ਗਏ। ਡਾ. ਸਰੋਜਨੀ ਨਾਲ ਜੁੜੇ ਕਾਲਜ ਸਟਾਫ ਅਤੇ ਡਾਕਟਰਾਂ ਤੋਂ ਵੀ ਪੁੱਛਗਿੱਛ ਕੀਤੀ ਗਈ। ਸੀਬੀਆਈ ਰਿਪੋਰਟ ਦੇ ਅਨੁਸਾਰ ਸ਼ਿਵਾਨੀ ਅਗਰਵਾਲ, ਜੋ ਕਿ ਕਾਲਜ ਦੀ ਸਹਾਇਕ ਪ੍ਰਬੰਧ ਨਿਰਦੇਸ਼ਕ ਹੈ। ਇਸ ਪੂਰੇ ਘੁਟਾਲੇ ਵਿੱਚ ਸਰਗਰਮੀ ਨਾਲ ਸ਼ਾਮਲ ਸੀ। ਉਸਨੇ ਜਾਅਲੀ ਦਸਤਾਵੇਜ਼ ਤਿਆਰ ਕਰਵਾਏ ਤੇ ਜਾਂਚ ਟੀਮ ਤੋਂ ਅਨੁਕੂਲ ਰਿਪੋਰਟ ਪ੍ਰਾਪਤ ਕਰਨ ਲਈ ਰਿਸ਼ਵਤ ਦੇਣ ਦੀ ਯੋਜਨਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਸੀਬੀਆਈ ਦੀ ਇਹ ਕਾਰਵਾਈ ਸਿਰਫ਼ ਮੇਰਠ ਤੱਕ ਸੀਮਤ ਨਹੀਂ ਸੀ। ਜਿਨ੍ਹਾਂ 9 ਰਾਜਾਂ ਵਿੱਚ ਛਾਪੇਮਾਰੀ ਕੀਤੀ ਗਈ ਉਨ੍ਹਾਂ ਵਿੱਚ ਸ਼ਾਮਲ ਹਨ: ਉੱਤਰ ਪ੍ਰਦੇਸ਼, ਕਰਨਾਟਕ, ਰਾਜਸਥਾਨ, ਦਿੱਲੀ, ਛੱਤੀਸਗੜ੍ਹ, ਮੱਧ ਪ੍ਰਦੇਸ਼ ਤੇ ਹੋਰ ਰਾਜ। ਛੱਤੀਸਗੜ੍ਹ ਦੇ ਸ਼੍ਰੀ ਰਾਵਤਪੁਰਾ ਸਰਕਾਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਚ 3 ਡਾਕਟਰਾਂ ਸਮੇਤ 6 ਲੋਕਾਂ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਫੜਿਆ ਗਿਆ, ਜਿਨ੍ਹਾਂ ਤੋਂ ਮੌਕੇ 'ਤੇ ਹੀ 55 ਲੱਖ ਰੁਪਏ ਦੀ ਰਿਸ਼ਵਤ ਬਰਾਮਦ ਕੀਤੀ ਗਈ। ਸੀਬੀਆਈ ਨੇ ਇਸ ਮਾਮਲੇ ਵਿੱਚ ਹੁਣ ਤੱਕ 35 ਲੋਕਾਂ ਵਿਰੁੱਧ ਗੰਭੀਰ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਏਜੰਸੀ ਦਾ ਕਹਿਣਾ ਹੈ ਕਿ ਜਾਂਚ ਜਾਰੀ ਹੈ ਅਤੇ ਜਲਦੀ ਹੀ ਹੋਰ ਗ੍ਰਿਫ਼ਤਾਰੀਆਂ ਹੋ ਸਕਦੀਆਂ ਹਨ।

## ਖੇਤੀਬਾੜੀ ਦੌਰਾਨ ਹਾਦਸੇ ਦਾ ਸ਼ਿਕਾਰ ਹੋਏ ਵਿਅਕਤੀ ਨੂੰ ਵਿਧਾਇਕ ਨੇ ਦਿੱਤਾ ਚੈੱਕ

ਬੁਢਲਾਡਾ 4 ਜੁਲਾਈ। ਖੇਤੀਬਾੜੀ ਦਾ ਕਾਰੋਬਾਰ ਕਰਨ ਸਮੇਂ ਹਾਦਸੇ ਦਾ ਸ਼ਿਕਾਰ ਹੋਏ ਵਿਅਕਤੀਆਂ ਨੂੰ ਪੰਜਾਬ ਸਰਕਾਰ ਅਤੇ ਮੰਡੀ ਬੋਰਡ ਵੱਲੋਂ ਸਮੇਂ-ਸਮੇਂ 'ਤੇ ਸਹਾਇਤਾ ਕੀਤੀ ਜਾ ਰਹੀ ਹੈ। ਇਸੇ ਮੁਹਿੰਮ ਤਹਿਤ ਅੱਜ ਪਿੰਡ ਧਰਮਪੁਰਾ ਦੇ ਵਾਸੀ ਗੁਰਤੇਜ ਸਿੰਘ ਪੁੱਤਰ ਨਰਾਤਾ ਸਿੰਘ ਨੂੰ 48 ਹਜ਼ਾਰ ਰੁਪਏ ਦਾ ਚੈੱਕ ਮਾਰਕਿਟ ਕਮੇਟੀ ਬੁਢਲਾਡਾ ਦੇ ਦਫਤਰ ਵਿਖੇ ਹਲਕਾ ਬੁਢਲਾਡਾ ਦੇ ਵਿਧਾਇਕ ਪ੍ਰਿੰ: ਬੁੱਧ ਰਾਮ ਨੇ ਸੌਂਪਿਆ। ਮਾਰਕਿਟ ਕਮੇਟੀ ਬੁਢਲਾਡਾ ਦੇ ਚੇਅਰਮੈਨ ਸਤੀਸ਼ ਕੁਮਾਰ ਸਿੰਗਲਾ, ਜ਼ਿਲ੍ਹਾ ਮੰਡੀ ਅਫਸਰ ਅਮਨ ਮੰਗਲਾ, ਮਾਰਕਿਟ ਕਮੇਟੀ ਦੇ ਸਕੱਤਰ ਗੁਰਲਾਲ ਸਿੰਘ, ਦਿਨੇਸ਼ ਕੁਮਾਰ, ਕਾਲਾ ਸਤੋਜੀਆ, ਰਿੰਕੂ ਆੜ੍ਹਤੀਆ ਵੀ ਮੌਜੂਦ ਸਨ। ਹਲਕਾ ਬੁਢਲਾਡਾ ਦੇ ਵਿਧਾਇਕ ਪ੍ਰਿੰ: ਬੁੱਧ ਰਾਮ ਨੇ ਗੱਲਬਾਤ ਕਰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਸਮੇਂ-ਸਮੇਂ 'ਤੇ ਖੇਤੀ ਹਾਦਸਿਆਂ ਦੌਰਾਨ ਸ਼ਿਕਾਰ ਹੋਏ ਬੁਢਲਾਡਾ, ਬੋਹਾ ਦੇ ਵਿਅਕਤੀਆਂ ਨੂੰ ਸਹਾਇਤਾ ਰਾਸ਼ੀ ਦਿੱਤੀ ਗਈ ਹੈ। ਇਸੇ ਕੜੀ ਤਹਿਤ ਅੱਜ ਗੁਰਤੇਜ ਸਿੰਘ ਪੁੱਤਰ ਨਰਾਤਾ ਸਿੰਘ ਧਰਮਪੁਰਾ ਨੂੰ 48 ਹਜ਼ਾਰ ਰੁਪਏ ਦਾ ਚੈੱਕ ਸੌਂਪਿਆ ਗਿਆ ਹੈ ਤਾਂ ਉਸ ਵੱਲੋਂ ਕਰਵਾਏ ਇਲਾਜ ਦੀ ਆਰਥਿਕ ਪੱਖੋਂ ਭਰਪਾਈ ਹੋ ਸਕੇ।

## ਨਾਜਾਇਜ਼ ਸ਼ਰਾਬ ਦੀਆਂ 69 ਬੋਤਲਾਂ ਬਰਾਮਦ, ਮੁਲਜ਼ਮ ਫਰਾਰ

ਗੜ੍ਹਦੀਵਾਲਾ 4 ਜੁਲਾਈ। ਗੜ੍ਹਦੀਵਾਲਾ ਪੁਲਸ ਨੇ ਨਾਜਾਇਜ਼ ਸ਼ਰਾਬ ਦੀਆਂ 69 ਬੋਤਲਾਂ ਬਰਾਮਦ ਕੀਤੀਆਂ ਹਨ, ਜਦਕਿ ਮੁਲਜ਼ਮ ਪੁਲਸ ਪਾਰਟੀ ਨੂੰ ਵੇਖ ਕੇ ਮੌਕੇ ਤੋਂ ਫਰਾਰ ਹੋ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਐੱਸ. ਐੱਚ. ਓ. ਸਤਪਾਲ ਸਿੰਘ ਬਾਜਵਾ ਨੇ ਦੱਸਿਆ ਕਿ ਏ. ਐੱਸ. ਆਈ. ਜੱਗਾ ਰਾਮ ਪੁਲਸ ਪਾਰਟੀ ਸਮੇਤ ਪਿੰਡ ਜੀਆਂ ਸਹੋਤਾ, ਥੇਂਦਾ ਚਿਪੜਾ, ਧੁੱਗਾ ਕਲਾਂ, ਅੰਬਾਲਾ ਜੱਟਾਂ ਅਤੇ ਜੌਹਲਾਂ ਆਦਿ ਪਿੰਡਾਂ ਵੱਲ ਗਸ਼ਤ 'ਤੇ ਜਾ ਰਹੇ ਸਨ। ਜਦੋਂ ਪੁਲਸ ਪਾਰਟੀ ਗੜ੍ਹਦੀਵਾਲਾ ਤਹਿਸੀਲ ਕੰਪਲੈਕਸ ਦੇ ਨਜ਼ਦੀਕ ਪਹੁੰਚੀ ਤਾਂ ਮੁਖਬਰ ਖ਼ਾਸ ਨੇ ਇਤਲਾਹ ਦਿੱਤੀ ਕਿ ਗੰਦੇ ਨਾਲੇ ਦੇ ਨਜ਼ਦੀਕ ਝਾੜੀਆਂ 'ਚ ਸੁਰਿੰਦਰ ਪਾਲ ਉਰਫ਼ ਭੀਮਾ ਪੁੱਤਰ ਰਮੇਸ਼ ਲਾਲ ਨਿਵਾਸੀ ਵਾਰਡ ਨੰਬਰ-11 ਮੁਹੱਲਾ ਵਾਲਮੀਕਿ ਥਾਣਾ ਗੜ੍ਹਦੀਵਾਲਾ ਸ਼ਰਾਬ ਦੀਆਂ ਪੇਟੀਆਂ ਰੱਖ ਕੇ ਆਪਣੇ ਗਾਹਕਾਂ ਨੂੰ ਵੇਚ ਰਿਹਾ ਹੈ। ਪੁਲਸ ਪਾਰਟੀ ਨੇ ਜਦੋਂ ਉਕਤ ਜਗ?ਹਾ 'ਤੇ ਰੇਡ ਕੀਤੀ ਤਾਂ ਮੁਲਜ਼ਮ ਪੁਲਸ ਪਾਰਟੀ ਨੂੰ ਵੇਖ ਕੇ ਮੌਕੇ ਤੋਂ ਫ਼ਰਾਰ ਹੋ ਗਿਆ। ਜਦੋਂ ਪੁਲਸ ਪਾਰਟੀ ਨੇ ਭੰਗ ਅਤੇ ਝਾੜੀਆਂ ਦੀ ਤਲਾਸ਼ੀ ਲਈ ਤਾਂ ਉੱਥੋਂ ਨਾਜਾਇਜ਼ ਸ਼ਰਾਬ ਦੀਆਂ 69 ਬੋਤਲਾਂ ਬਰਾਮਦ ਹੋਈਆਂ।

# ਲੋਕਾਂ ਦੀ ਖੱਜਲ-ਖੁਆਰੀ ਖਤਮ ਕਰਨ ਲਈ ਅੰਮ੍ਰਿਤਸਰ ਵਿੱਚ ਈਜੀ? ਰਜਿਸਟਰੇਸ਼ਨ ਪ੍ਰਣਾਲੀ ਦੀ ਸ਼ੁਰੂਆਤ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ, 4 ਜੁਲਾਈ: ਆਮ ਲੋਕਾਂ ਨੂੰ ਨਾਗਰਿਕ ਕੇਂਦਰਿਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਅੱਜ 'ਈਜ਼ੀ ਰਜਿਸਟਰੀ' ਪ੍ਰਣਾਲੀ (ਜ਼ਮੀਨ-ਜਾਇਦਾਦ ਦੀ ਰਜਿਸਟਰੀ ਸੌਖੇ ਢੰਗ ਨਾਲ ਕਰਨ) ਦੀ ਸ਼ੁਰੂਆਤ ਅੰਮ੍ਰਿਤਸਰ ਵਿਖੇ ਕਰ ਦਿੱਤੀ ਹੈ। ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਇਸ ਮੌਕੇ ਮੁਖਾਤਿਬ ਹੁੰਦੇ ਕਿਹਾ ਕਿ "ਪੰਜਾਬ ਦੇ ਇਤਿਹਾਸ ਵਿੱਚ ਇਹ ਇਨਕਲਾਬੀ ਕਦਮ ਹੈ। ਲੋਕਾਂ ਨੂੰ ਹੁਣ ਦਫ਼ਤਰਾਂ ਵਿੱਚ ਖੱਜਲ-ਖੁਆਰ ਨਹੀਂ ਹੋਣਾ ਪਵੇਗਾ ਅਤੇ ਨਾ ਹੀ ਏਜੰਟਾਂ ਜਾਂ ਵਿਚੋਲਿਆਂ ਨਾਲ ਵਾਹ ਪਵੇਗਾ ਕਿਉਂਕਿ ਹੁਣ ਸ਼ੁਰੂ ਤੋਂ ਲੈ ਕੇ ਅੰਤ ਤੱਕ ਹਰ ਜਾਣਕਾਰੀ ਮੋਬਾਈਲ 'ਤੇ ਮਿਲਿਆ ਕਰੇਗੀ ਅਤੇ ਇਹ ਪ੍ਰਣਾਲੀ ਤੇਜ਼ ਅਤੇ ਪਾਰਦਰਸ਼ੀ ਹੋਵੇਗੀ। ਉਹਨਾਂ ਨੇ ਕਿਹਾ ਕਿ ਲੋਕਾਂ ਨੂੰ ਜ਼ਮੀਨ-ਜਾਇਦਾਦ ਦੀ ਰਜਿਸਟਰੀ ਲਈ ਹੁਣ ਸਥਾਨਕ ਸਬ-ਰਜਿਸਟਰਾਰ ਦਫ਼ਤਰ ਵਿੱਚ ਜਾਣ ਦੀ ਲੋੜ ਨਹੀਂ ਸਗੋਂ ਜਿੱਥੇ ਚਾਹੁਣ, ਜ਼ਿਲ੍ਹੇ ਦੇ ਕਿਸੇ ਵੀ ਸਬ-ਰਜਿਸਟਰਾਰ ਦਫ਼ਤਰ ਵਿੱਚ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਦਸਤਾਵੇਜ਼ ਤਿਆਰ ਕਰਨ ਲਈ ਹੈਲਪਲਾਈਨ ਨੰਬਰ 1076 ਰਾਹੀਂ ਸੇਵਾ ਸਹਾਇਕਾਂ ਨੂੰ ਘਰ ਵੀ ਬੁਲਾਇਆ ਜਾ ਸਕਦਾ ਹੈ। ਇਸ ਨਾਲ ਪੇਂਡੂ ਪਰਿਵਾਰਾਂ, ਸੀਨੀਅਰ ਨਾਗਰਿਕਾਂ, ਕੰਮਕਾਜ ਵਾਲੇ ਪੇਸ਼ੇਵਰਾਂ ਅਤੇ ਬਾਹਰ ਨਾ ਜਾ ਸਕਣ ਵਾਲਿਆਂ ਨੂੰ ਵੱਡੀ ਸਹੂਲਤ ਮਿਲੇਗੀ। ਉਹਨਾਂ ਨੇ ਦੱਸਿਆ ਕਿ ਨਵੀਂ ਪ੍ਰਣਾਲੀ ਤਹਿਤ ਲੋਕਾਂ ਨੂੰ ਰਜਿਸਟਰੀ ਲਈ ਦਸਤਾਵੇਜ਼ ਜਮ?ਹਾਂ ਕਰਵਾਉਣ, ਪ੍ਰਵਾਨਗੀ, ਅਦਾਇਗੀ ਅਤੇ ਦਫਤਰ ਆਉਣ ਦਾ ਸਮਾਂ ਲੈਣ ਜਿਹੀ ਸਾਰੀ ਜਾਣਕਾਰੀ ਵਟਸਐਪ ਰਾਹੀਂ ਮਿਲਿਆ ਕਰੇਗੀ ਤਾਂ ਕਿ ਉਹ ਪਲ-ਪਲ ਦੀ ਸੂਚਨਾ ਬਾਰੇ ਜਾਣੂੰ ਹੋ ਸਕਣ। ਉਨ੍ਹਾਂ ਕਿਹਾ ਕਿ ਆਨਲਾਈਨ ਦਸਤਾਵੇਜ਼ ਜਮ?ਹਾਂ ਕਰਵਾਉਣ, ਡਿਜੀਟਲ ਵਿਧੀ ਨਾਲ ਅਗਾਊਂ ਪੜਤਾਲ ਕਰਨ ਅਤੇ ਰਜਿਸਟਰੀ ਲਈ ਸਬ-ਰਜਿਸਟਰਾਰ ਦਫ਼ਤਰ ਜਾਣ ਲਈ ਖੁਦ ਹੀ ਸਮੇਂ ਦੀ ਚੋਣ ਕਰਨ ਵਰਗੀਆਂ ਸਹੂਲਤਾਂ ਹੋਣਗੀਆਂ ਅਤੇ ਕਿਸੇ ਵੀ ਨਾਗਰਿਕ ਨੂੰ ਹੁਣ ਲੰਮੀਆਂ ਲਾਈਨਾਂ ਵਿੱਚ ਲੱਗਣ ਅਤੇ ਦਫ਼ਤਰਾਂ ਦੇ ਵਾਰ-ਵਾਰ ਗੇੜੇ ਮਾਰਨ ਦੀ ਲੋੜ ਨਹੀਂ ਹੈ। ਓਨਾਂ ਨੇ ਕਿਹਾ ਕਿ 48 ਘੰਟਿਆਂ ਦੇ ਅੰਦਰ ਅਗਾਊਂ ਪੜਤਾਲ ਕਰਨੀ ਹੋਵੇਗੀ ਅਤੇ ਰਜਿਸਟਰੀ ਕਰਵਾਉਣ ਲਈ ਉਡੀਕ ਨਹੀਂ ਕਰਨੀ ਪੇਵਗੀ ਸਗੋਂ ਰਜਿਸਟਰੀ ਪਹਿਲਾਂ ਤੋਂ ਨਿਰਧਾਰਤ ਸਮੇਂ 'ਤੇ ਹੋਵੇਗੀ ਜਿਸ ਨਾਲ ਲੋਕਾਂ ਦਾ ਸਮਾਂ ਬਚੇਗਾ। ਉਨਾਂ ਨੇ ਕਿਹਾ ਕਿ ਇਸ ਵਿਵਸਥਾ ਨਾਲ ਏਜੰਟ ਕਲਚਰ ਦਾ ਖਾਤਮਾ ਹੋ ਗਿਆ ਹੈ ਕਿਉਂਕਿ ਹੁਣ ਨਗਦੀ ਦੀ ਬਜਾਏ ਆਨਲਾਈਨ ਫੀਸ ਦਾ ਭੁਗਤਾਨ ਹੋਵੇਗਾ ਅਤੇ ਰਿਸ਼ਵਤ ਮੰਗਣ ਬਾਰੇ ਸ਼ਿਕਾਇਤ ਦੇਣ ਲਈ ਵਟਸਐਪ ਨੰਬਰ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸੇਲ ਡੀਡ ਦਾ ਖਰੜਾ ਖੁਦ ਤਿਆਰ ਕਰਨ ਦੀ ਵਿਵਸਥਾ ਕੀਤੀ ਗਈ ਹੈ। ਇਸ ਤੋਂ ਇਲਾਵਾ ਸੇਵਾ ਸਹਾਇਕਾਂ ਰਾਹੀਂ ਘਰ ਬੈਠਿਆਂ ਰਜਿਸਟਰੀ ਦੇ ਦਸਤਾਵੇਜ਼ ਤਿਆਰ ਕਰਨ ਲਈ ਸੇਵਾਵਾਂ ਹਾਸਲ ਹੋਣਗੀਆਂ ਜਿਸ ਨਾਲ ਲੋਕਾਂ ਨੂੰ ਸੇਲ ਡੀਡ ਤਿਆਰ ਕਰਨ ਲਈ ਪ੍ਰਾਈਵੇਟ ਲੋਕਾਂ ਅਤੇ ਵਿਚੋਲਿਆਂ ਰਾਹੀਂ ਵਸੂਲੀਆਂ ਜਾਂਦੀਆਂ ਮੋਟੀਆਂ ਫੀਸਾਂ ਨਹੀਂ ਦੇਣੀਆਂ ਪੈਣਗੀਆਂ। ਉਨ੍ਹਾਂ ਦੱਸਿਆ ਕਿ ਆਨਲਾਈਨ ਭੁਗਤਾਨ ਲਈ ਵਿਸ਼ੇਐਸ਼ ਗੇਟਵੇ ਨਾਗਰਿਕਾਂ ਨੂੰ ਡਿਜੀਟਲ ਲੈਣ-ਦੇਣ ਵਿੱਚ ਸਾਰੀਆਂ ਫੀਸਾਂ (ਜਿਵੇਂ ਸਟੈਂਪ ਡਿਊਟੀ, ਰਜਿਸਟ?ਰੇਸ਼ਨ ਫੀਸ) ਦਾ ਭੁਗਤਾਨ ਕਰਨ ਦੀ ਆਗਿਆ ਦਿੰਦਾ ਹੈ ਜਿਸ ਨਾਲ ਬੈਂਕਾਂ ਵਿੱਚ ਆ ਕੇ ਡਿਮਾਂਡ ਡਰਾਫਟ ਤਿਆਰ ਕਰਨ ਦੀ ਲੋੜ ਨਹੀਂ ਰਹੀ ਅਤੇ ਨਗਦੀ ਕੋਲ ਹੋਣ ਕਰਕੇ ਸੁਰੱਖਿਆ ਦੀ ਚਿੰਤਾ ਵੀ ਨਹੀਂ ਰਹੇਗੀ।

## ਸ਼ਹਿਰਾਂ ਅਤੇ ਕਸਬਿਆਂ ਦੀਆਂ ਸੜਕਾਂ ਅਡਾਪਟ ਕਰਨਗੇ ਜ਼ਿਲੇ ਵਿੱਚ ਤੈਨਾਤ ਅਧਿਕਾਰੀ: ਡਿਪਟੀ ਕਮਿਸ਼ਨਰ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ , 4 ਜੁਲਾਈ: ਸ਼ਹਿਰਾਂ ਅਤੇ ਕਸਬਿਆਂ ਦੀਆਂ ਸੜਕਾਂ ਉੱਤੇ ਆਉਂਦੀਆਂ ਸਮੱਸਿਆਵਾਂ ਨੂੰ ਦੂਰ ਕਰਨ, ਉਹਨਾਂ ਨੂੰ ਸੁਰੱਖਿਅਤ ਅਤੇ ਸੋਹਣਾ ਬਣਾਉਣ ਲਈ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਵੱਲੋਂ ਦਿੱਤੀ ਗਈ ਅਗਵਾਈ ਤਹਿਤ ਪਹਿਲਕਦਮੀ ਕਰਦੇ ਹੋਏ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਜ਼ਿਲ੍ਹੇ ਵਿੱਚ ਤੈਨਾਤ ਵੱਖ ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ, ਵਧੀਕ ਡਿਪਟੀ ਕਮਿਸ਼ਨਰਾਂ , ਐਸਡੀਐਮਜ਼, ਤਹਿਸੀਲਦਾਰ ਨੂੰ ਜ਼ਿਲ੍ਹੇ ਦੇ ਸ਼ਹਿਰਾਂ ਅਤੇ ਕਸਬਿਆਂ ਦੀਆਂ ਸੜਕਾਂ ਅਡਾਪਟ ਕਰਵਾਉਣ ਦੀ ਮੁਹਿੰਮ ਸ਼ੁਰੂ ਕੀਤੀ ਹੈ। ਇਹ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀਮਤੀ ਸਾਹਨੀ ਨੇ ਦੱਸਿਆ ਕਿ ਸਰਕਾਰ ਦੀ ਕੋਸ਼ਿਸ਼ ਹੈ ਕਿ ਸ਼ਹਿਰਾਂ ਤੇ ਕਸਬਿਆਂ ਦੀਆਂ ਸੜਕਾਂ ਜਿੱਥੇ ਆਉਣ ਜਾਣ ਲਈ ਸੁਰੱਖਿਤ ਹੋਣ ਉੱਥੇ ਉਹਨਾਂ ਦਾ ਆਲਾ ਦੁਆਲਾ ਵੀ ਸੋਹਣਾ ਹੋਵੇ, ਇਸ ਲਈ ਅਸੀਂ ਹਰੇਕ ਸ਼ਹਿਰ ਅਤੇ ਕਸਬੇ ਦਾ 10-10 ਕਿਲੋਮੀਟਰ ਦਾ ਹਿੱਸਾ ਵੱਖ-ਵੱਖ ਅਧਿਕਾਰੀਆਂ ਨੂੰ ਦੇਣ ਜਾ ਰਹੇ ਹਾਂ। ਉਹਨਾਂ ਦੱਸਿਆ ਕਿ ਇਹ ਅਧਿਕਾਰੀ ਆਪਣੇ ਆਪਣੇ 10 ਕਿਲੋਮੀਟਰ ਦੇ ਹਿੱਸੇ ਵਿੱਚ ਸੜਕ ਦੀ ਟੁੱਟ ਭੱਜ, ਪਲਾਂਟੇਸ਼ਨ, ਰੈਡ ਲਾਈਟਾਂ, ਚੌਂਕਾਂ, ਸੂਚਨਾ ਬੋਰਡ, ਰਿਫਲੈਕਟਰਾਂ, ਸਟਰੀਟ ਲਾਈਟਾਂ ਆਦਿ ਲਈ ਜਿੰਮੇਵਾਰ ਹੋਣਗੇ। ਉਹ ਇਸ ਇਲਾਕੇ ਵਿੱਚ ਜੋ ਵੀ ਲੋਕਾਂ ਦੀ ਸੁਰੱਖਿਆ ਨੂੰ ਲੈ ਕੇ ਮਹਿਸੂਸ ਕਰਨਗੇ ਉਹ ਸੰਬੰਧਿਤ ਵਿਭਾਗ ਕੋਲੋਂ ਕਰਵਾਉਣਗੇ। ਇਸ ਦੇ ਨਾਲ ਹੀ ਉਹ ਅਜਿਹੇ ਸਥਾਨ ਜਿੱਥੇ ਸੜਕ ਦੁਰਘਟਨਾਵਾਂ ਵੱਧ ਹੁੰਦੀਆਂ ਹਨ ਦੀ ਸ਼ਨਾਖਤ ਕਰਕੇ ਉੱਥੇ ਕੀਤੀ ਜਾਣ ਵਾਲੀ ਤਬਦੀਲੀ ਟਰੈਫਿਕ ਪੁਲਿਸ ਨਾਲ ਸਲਾਹ ਕਰਕੇ ਕਰਵਾਉਣਗੇ ਤਾਂ ਜੋ ਲੋਕਾਂ ਦਾ ਸਫਰ ਸੁਰੱਖਿਤ ਹੋ ਸਕੇ। ਉਨਾਂ ਦੱਸਿਆ ਕਿ ਫਿਲਹਾਲ ਅਸੀਂ ਜ਼ਿਲ੍ਹੇ ਵਿੱਚ ਪਹਿਲੇ ਪੜਾਅ ਅਧੀਨ 41 ਅਜਿਹੀਆਂ ਸੜਕਾਂ ਦੀ ਸਨਾਖਤ ਕਰ ਲਈ ਹੈ, ਜਿਨਾਂ ਨੂੰ ਆਉਂਦੇ ਇੱਕ ਦੋ ਦਿਨਾਂ ਵਿੱਚ ਅਡੋਪਟ ਕਰ ਲਿਆ ਜਾਵੇਗਾ। ਉਨਾਂ ਆਸ ਪ੍ਰਗਟਾਈ ਕਿ ਸਾਡਾ ਇਹ ਤਜ਼ਰਬਾ ਸਫਲ ਰਹੇਗਾ ਅਤੇ ਅਸੀਂ ਇਸ ਪਹਿਲੇ ਪੜਾਅ ਨੂੰ ਸਾਰੇ ਸ਼ਹਿਰਾਂ ਅਤੇ ਕਸਬਿਆਂ ਵਿੱਚ ਲਾਗੂ ਕਰਕੇ ਲੋਕਾਂ ਲਈ ਸੁਰੱਖਿਆ ਅਤੇ ਸੋਹਣਾ ਰਸਤਾ ਵਿਕਸਿਤ ਕਰ ਸਕਾਂਗੇ। ਉਹਨੂੰ ਦੱਸਿਆ ਕਿ ਮੈਂ ਵੀ ਇਸ ਲਈ ਸ਼ਹਿਰ ਦੀ ਇੱਕ ਸੜਕ ਅਡੋਪਟ ਕਰਾਂਗੀ ਅਤੇ ਮੇਰੇ ਨਾਲ ਸਾਰੇ ਅਧਿਕਾਰੀ ਵੀ 10-10 ਕਿਲੋਮੀਟਰ ਦਾ ਹਿੱਸਾ ਲੈਣਗੇ।

# 40 ਹਜ਼ਾਰ ਏਕੜ ਜ਼ਮੀਨ ਦੀ ਰਾਖੀ ਵਾਸਤੇ ਕਰਾਂਗੇ 'ਸੰਘਰਸ਼' : ਸੁਖਬੀਰ ਬਾਦਲ

**ਕੌਮੀ ਪਤ੍ਰਿਕਾ**

ਚੰਡੀਗੜ੍ਹ 4 ਜੁਲਾਈ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਐਲਾਨ ਕੀਤਾ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਵੱਲੋਂ 1995 ਦੇ ਕਾਨੂੰਨ ਤਹਿਤ 40 ਹਜ਼ਾਰ ਏਕੜ ਜ਼ਮੀਨ ਐਕਵਾਇਰ ਕਰਨ ਦੇ ਖਿਲਾਫ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਵਾਸਤੇ ਉਹ 15 ਜੁਲਾਈ ਤੋਂ ਲੁਧਿਆਣਾ ਵਿਚ ਵੱਡੇ ਰੋਸ ਵਿਖਾਵੇ ਰਾਹੀਂ ਲੜੀਵਾਰ ਰੋਸ ਵਿਖਾਵੇ ਸ਼ੁਰੂ ਕਰਨਗੇ ਅਤੇ ਕਿਸਾਨਾਂ ਦੀ ਲੁੱਟ ਕਰ ਕੇ ਆਪ ਦੇ ਖ਼ਜ਼ਾਨੇ ਭਰਨ ਦਾ ਵਿਰੋਧ ਕਰਨਗੇ। ਇਥੇ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ 158 ਪਿੰਡਾਂ ਦੀ 40 ਹਜ਼ਾਰ ਏਕੜ ਜ਼ਮੀਨ ਲੈਂਡ ਪੂਲਿੰਗ ਸਕੀਮ ਤਹਿਤ ਐਕਵਾਇਰ ਕੀਤੀ ਜਾ ਰਹੀ ਹੈ ਜਦਕਿ ਅਸਲ ਵਿਚ ਇਹ ਸਕੀਮ ਜ਼ਮੀਨ ਹਥਿਆਉਣ ਦੀ ਸਕੀਮ ਹੈ। ਉਹਨਾਂ ਕਿਹਾ ਕਿ ਆਪ ਦੀ ਦਿੱਲੀ ਲੀਡਰਸ਼ਿਪ ਇਸ ਸਕੀਮ ਰਾਹੀਂ ਪਾਰਟੀ ਵਾਸਤੇ 10 ਹਜ਼ਾਰ ਕਰੋੜ ਰੁਪਏ ਇਕੱਠਾ ਕਰਨਾ ਚਾਹੁੰਦੀ ਹੈ। ਉਹਨਾਂ ਕਿਹਾ ਕਿ ਇਹੀ ਕਾਰਨ ਹੈ ਕਿ ਸਰਕਾਰ ਨੇ ਪੰਜਾਬ ਰੀਜਨਲ ਟਾਊਨ ਪਲੈਨਿੰਗ ਐਂਡ ਡਵੈਲਪਮੈਂਟ ਐਕਟ 1995 ਤਹਿਤ ਇਹ ਜ਼ਮੀਨ ਐਕਵਾਇਰ ਕਰਨ ਦਾ ਫੈਸਲਾ ਕੀਤਾ ਤੇ ਸੈਂਟਰਲ ਲੈਂਡ ਐਕਵੀਜ਼ੀਸ਼ਨ ਐਕਟ 2013 ਨੂੰ ਦਰਕਿਨਾਰ ਕੀਤਾ। ਸਰਦਾਰ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸੈਂਟਰਲ ਲੈਂਡ ਐਕਵੀਜ਼ੀਸ਼ਨ ਐਕਟ 2013 ਦੇ ਤਹਿਤ ਕਿਸਾਨਾਂ ਨੂੰ ਕਲੈਕਟਰ ਰੇਟ ਨਾਲੋਂ 4 ਗੁਣਾ ਰੇਟ 'ਤੇ ਮੁਆਵਜ਼ਾ ਮਿਲਦਾ ਹੈ ਜਦੋਂ ਕਿ 1995 ਦੇ ਐਕਟ ਤਹਿਤ ਆਪ ਸਰਕਾਰ ਇਹ ਜ਼ਮੀਨ ਕਿਸੇ ਨੂੰ ਵੀ ਲੀਜ਼, ਬੋਲੀ ਜਾਂ ਅਲਾਟਮੈਂਟ ਰਾਹੀਂ ਦੇ ਸਕਦੀ ਹੈ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਅਜਿਹਾ ਇਸ ਕਰ ਕੇ ਕੀਤਾ ਜਾ ਰਿਹਾ ਹੈ ਤਾਂ ਜੋ 10 ਹਜ਼ਾਰ ਕਰੋੜ ਰੁਪਏ ਰਿਸ਼ਵਤ ਵਜੋਂ ਲਿਆ ਜਾ ਸਕੇ। ਸਰਦਾਰ ਬਾਦਲ ਨੇ ਕਿਹਾ ਕਿ ਦਿੱਲੀ ਦੇ ਬਿਲਡਰਾਂ ਨਾਲ ਮੀ?ਟਿੰਗਾਂ ਕਰਨ ਉਪਰੰਤ ਇਹ ਜ਼ਮੀਨ ਐਕਵਾਇਰ ਕਰਨ ਦੀ ਸਕੀਮ ਉਲੀਕੀ ਗਈ ਜਿਹਨਾਂ ਨੇ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿਚ ਆਪਣੀ ਲੋੜ ਦੀਆਂ ਸ਼ਰਤਾਂ 'ਆਪ' ਸਰਕਾਰ ਨੂੰ ਦੱਸੀਆਂ। ਉਹਨਾਂ ਕਿਹਾ ਕਿ ਹੁਣ ਸਰਕਾਰ ਇਹ ਲੋੜਾਂ ਪੂਰੀਆਂ ਕਰ ਰਹੀ ਹੈ ਜਿਹਨਾਂ ਵਿਚ ਜ਼ਮੀਨ ਨੂੰ 1995 ਦੇ ਪੰਜਾਬ ਐਕਟ ਦੀ ਧਾਰਾ 56 ਤਹਿਤ ਛੋਟ ਦੇਣਾ ਜਾਂ ਸਟੇਟ ਐਕਟ ਦੀ ਧਾਰਾ 43 ਤਹਿਤ ਨਿਲਾਮੀ, ਲੀਜ਼ ਜਾਂ ਅਲਾਟਮੈਂਟ ਤੋਂ ਛੋਟ ਦੇਣਾ ਵੀ ਸ਼ਾਮਲ ਹੈ। ਸਰਦਾਰ ਬਾਦਲ ਨੇ ਕਿਹਾ ਕਿ ਇਹਨਾਂ ਹਾਲਾਤਾਂ ਲਈ ਮੁੱਖ ਮੰਤਰੀ ਸਰਦਾਰ ਭਗਵੰਤ ਮਾਨ ਸਿੱਧੇ ਤੌਰ 'ਤੇ ਜ਼ਿੰਮੇਵਾਰ ਹਨ। ਉਹਨਾਂ ਕਿਹਾ ਕਿ ਮੁੱਖ ਮੰਤਰੀ ਨੇ ਸੂਬੇ ਵਿਚ ਕਿਸਾਨਾਂ ਤੇ ਗਰੀਬਾਂ ਦੇ ਹਿੱਤਾਂ ਦੀ ਰਾਖੀ ਕਰਨ ਦੀ ਥਾਂ ਇਸਨੂੰ ਲੁਟੇਰਿਆਂ ਹੱਥ ਸੌਂਪ ਦਿੱਤਾ ਜਿਸ ਕਾਰਨ ਜ਼ਮੀਨ ਐਕਵਾਇਰ ਕਰਨ ਕਾਰਨ ਕਿਸਾਨ ਤੇ ਗਰੀਬ ਦੋਵੇਂ ਸੰਤਾਪ ਹੰਢਾ ਰਹੇ ਹਨ। ਉਹਨਾਂ ਕਿਹਾ ਕਿ ਇਹ ਬਹੁਤ ਹੀ ਸ਼ਰਮ ਵਾਲੀ ਗੱਲ ਹੈ ਕਿ ਮੁੱਖ ਮੰਤਰੀ ਨੇ ਸੂਬੇ ਵਿਚ ਜ਼ਮੀਨ ਵਿਕਸਤ ਕਰਨ ਵਾਲੀਆਂ ਸਾਰੀਆਂ ਅਥਾਰਟੀਆਂ ਦੀ ਚੇਅਰਮੈਨਸ਼ਿਪ ਛੱਡ ਦਿੱਤੀ ਅਤੇ ਇਹ ਤਾਕਤ ਮੁੱਖ ਸਕੱਤਰ ਦੇ ਹਵਾਲੇ ਕਰ ਦਿੱਤੀ। ਸਰਦਾਰ ਬਾਦਲ ਨੇ ਕਿਹਾ




ਕਿ 'ਆਪ' ਸਰਕਾਰ ਪ੍ਰਾਈਵੇਟ ਲੈਂਡ ਡਵੈਲਪਰਾਂ ਨੂੰ ਗੈਰ ਕਾਨੂੰਨੀ ਲਾਭ ਦੇਣਾ ਚਾਹੁੰਦੀ ਹੈ, ਇਹ ਗੱਲ ਇੱਥੋਂ ਵੀ ਸਪਸ਼ਟ ਹੈ ਕਿ ਡਵੈਲਪਮੈਂਟ ਅਥਾਰਟੀਆਂ ਦੇ ਚਾਰ ਮੈਂਬਰ ਬਾਹਰਲੇ ਹਨ। ਉਹਨਾਂ ਕਿਹਾ ਕਿ ਇਸਦਾ ਮਤਲਬ ਹੈ ਕਿ ਇਹ ਅਥਾਰਟੀ ਦਿੱਲੀ ਤੋਂ ਚਲਾਈ ਜਾਵੇਗੀ। ਉਹਨਾਂ ਨੇ ਮੁੱਖ ਸਕੱਤਰ ਨੂੰ ਇਹ ਵੀ ਆਖਿਆ ਕਿ ਉਹ ਇਸ ਗੈਰ ਕਾਨੂੰਨੀ ਕਾਰਵਾਈ ਦਾ ਹਿੱਸਾ ਨਾ ਬਣਨ ਅਤੇ ਕਿਹਾ ਕਿ ਉਹਨਾਂ ਨੂੰ ਜਵਾਬਦੇਹ ਠਹਿਰਾਇਆ ਜਾਵੇਗਾ ਤੇ ਉਹਨਾਂ ਨੇ ਕੈਬਨਿਟ ਨੂੰ ਬੇਨਤੀ ਕੀਤੀ ਕਿ ਉਹ ਪ੍ਰਸ਼ਾਸਨ ਵਿਚ ਪਾਰਦਰਸ਼ਤਾ ਵਾਸਤੇ ਇਸ ਨਵੀਂ ਕਮੇਟੀ ਨੂੰ ਖਾਰਜ ਕਰੇ। ਸਰਦਾਰ ਬਾਦਲ ਨੇ ਇਹ ਵੀ ਦੱਸਿਆ ਕਿ ਕਿਵੇਂ ਜ਼ਮੀਨ ਐਕਵਾਇਰ ਕਰਨ ਦੀ ਨੀਤੀ ਵਿਚ ਛੋਟੇ ਕਿਸਾਨਾਂ ਨੂੰ ਸਭ ਤੋਂ ਵੱਧ ਮਾਰ ਪਵੇਗੀ। ਉਹਨਾਂ ਕਿਹਾ ਕਿ ਜਿਹੜੇ ਕਿਸਾਨਾਂ ਕੋਲ 50 ਏਕੜ ਜ਼ਮੀਨ ਹੋਵੇਗੀ, ਉਹਨਾਂ ਨੂੰ 60 ਫੀਸਦੀ ਹਿੱਸਾ ਵਾਪਸ ਮਿਲ ਜਾਵੇਗਾ ਜਦੋਂ ਕਿ ਜਿਹਨਾਂ ਕੋਲ 9 ਏਕੜ ਜ਼ਮੀਨ ਹੋਵੇਗੀ ਨੂੰ ਸਿਰਫ 33 ਫੀਸਦੀ ਹਿੱਸਾ ਮਿਲੇਗਾ। ਉਹਨਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਜ਼ਮੀਨ ਵੇਚਣ, ਇਸ 'ਤੇ ਕਰਜ਼ਾ ਲੈਣ ਜਾਂ ਸੀ ਐਲ ਯੂ ਲੈਣ ਦੀ ਆਗਿਆ ਨਹੀਂ ਮਿਲੇਗੀ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਅਕਾਲੀ ਸਰਕਾਰ ਵੇਲੇ ਜ਼ਮੀਨ ਐਕਵਾਇਰ ਕਰਨ ਵੇਲੇ ਕਿਸਾਨਾਂ ਦੇ ਹਿੱਤ ਸਭ ਤੋਂ ਉਪਰ ਹਨ। ਉਹਨਾਂ ਕਿਹਾ ਕਿ ਪਹਿਲਾਂ ਜ਼ਮੀਨ ਕਿਸੇ ਵਿਸ਼ੇਸ਼ ਪ੍ਰਾਜੈਕਟ ਵਾਸਤੇ ਐਕਵਾਇਰ ਕੀਤੀ ਜਾਂਦੀ ਸੀ ਭਾਵੇਂ ਉਹ ਮੁਹਾਲੀ ਕੌਮਾਂਤਰੀ ਹਵਾਈ ਅੱਡੇ ਵਾਸਤੇ ਹੋਵੇ ਜਿਸ ਵਾਸਤੇ ਕਿਸਾਨਾਂ ਨੂੰ 2 ਕਰੋੜ ਰੁਪਏ ਪ੍ਰਤੀ ਏਕੜ ਮੁਆਵਜ਼ਾ ਮਿਲਿਆ ਜਾਂ ਥਰਮਲ ਪਲਾਂਟਾਂ ਜਾਂ ਕਿਸੇ ਹੋਰ ਪ੍ਰਾਜੈਕਟ ਵਾਸਤੇ ਮਿਲਿਆ। ਉਹਨਾਂ ਕਿਹਾ ਕਿ ਹੁਣ ਇਹ ਕੰਮ ਰਿਸ਼ਵਤ ਹਾਸਲ ਕਰਨ ਵਾਸਤੇ ਜਾਂ ਦਿੱਲੀ ਦੇ ਆਪ ਗੈਂਗ ਵਾਸਤੇ ਪੈਸੇ ਇਕੱਠੇ ਕਰਨ ਵਾਸਤੇ ਕੀਤਾ ਜਾ ਰਿਹਾ ਹੈ। ਸਰਦਾਰ ਬਾਦਲ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ 'ਆਪ' ਸਰਕਾਰ ਦੇ ਜਾਲ ਵਿਚ ਨਾ ਫਸਣ ਤੇ ਜ਼ਮੀਨ ਐਕਵਾਇਰ ਕਰਨ ਦੀ ਤਜਵੀਜ਼ ਰੱਦ ਕਰ ਦੇਣ। ਉਹਨਾਂ ਨੇ ਕਿਹਾ ਕਿ ਸਰਕਾਰ ਦਾ ਮਕਸਦ ਜ਼ਮੀਨ ਵਿਕਸਤ ਕਰਨ ਜਾਂ ਬੁਨਿਆਦੀ ਢਾਂਚਾ ਸਿਰਜਣਾ ਨਹੀਂ ਹੈ। ਉਹਨਾਂ ਨੇ ਉਦਾਹਰਣ ਦਿੱਤੀ ਕਿ ਕਿਵੇਂ 2021 ਵਿਚ ਮੁਹਾਲੀ ਵਿਚ 2100 ਏਕੜ ਜ਼ਮੀਨ ਐਕਵਾਇਰ ਕੀਤੀ ਗਈ ਪਰ ਉਸ ਵਿਚ ਕੋਈ ਵੀ ਬਿਜਲਈ ਕੰਮ ਨਹੀਂ ਕੀਤਾ ਗਿਆ ਤੇ ਨਾ ਹੀ ਸਰਕਾਰ ਦਾ ਮੁਹਾਲੀ ਵਿਚ 3535 ਏਕੜ ਜ਼ਮੀਨ ਐਕਵਾਇਰ ਕਰਨ ਵਿਚ ਅਜਿਹਾ ਕੋਈ ਕੰਮ ਕਰਨ ਦਾ ਇਰਾਦਾ ਹੈ। ਸਰਦਾਰ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਅਕਾਲੀ ਦਲ ਕਿਸੇ ਵੀ ਕੀਮਤ 'ਤੇ ਇਹ ਜ਼ਮੀਨ ਐਕਵਾਇਰ ਨਹੀਂ ਕਰਨ ਦੇਵੇਗਾ। ਉਹਨਾਂ ਕਿਹਾ ਕਿ ਅਸੀਂ ਇਹ ਲੁੱਟ ਕਿਸੇ ਵੀ ਕੀਮਤ 'ਤੇ ਨਹੀਂ ਹੋਣ ਦੇਵਾਂਗੇ। ਉਹਨਾਂ ਕਿਹਾ ਕਿ ਜਿਹਨਾਂ ਸ਼ਹਿਰਾਂ ਵਿਚ ਇਹ ਜ਼ਮੀਨ ਐਕਵਾਇਰ ਹੋਣੀ ਹੈ, ਉਹਨਾਂ ਵਿਚ ਰੋਸ ਪ੍ਰਦਰਸ਼ਨ ਜਾਰੀ ਰਹਿਣਗੇ।